ਵੀਰਵਾਰ, 4 ਅਪ੍ਰੈਲ, 2024
22 ਚੇਤ { ਨਾਨਕਸ਼ਾਹੀ 556
ਬਿਕਰਮੀ 2080
ਜਿਲਦ/VOL. : 72
ਅੰਕ/NO. : 304

# ਨਵਾਂ ਜ਼ਮਾਨਾ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

DAILY NAWAN ZAMANA • THURSDAY, 4 APRIL, 2024 ਜਲੰਧਰ

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਰਾਹੁਲ ਵੱਲੋਂ ਕਾਗਜ਼ ਦਾਖਲ



**ਵਾਇਨਾਡ** : ਰਾਹੁਲ ਗਾਂਧੀ ਨੇ ਬੁੱਧਵਾਰ ਲੋਕ ਸਭਾ ਚੋਣਾਂ ਲਈ ਵਾਇਨਾਡ ਵਿਚ ਨਾਮਜ਼ਦਗੀ ਕਾਗਜ਼ ਦਾਖ਼ਲ ਕਰ ਦਿੱਤੇ। ਉਨ੍ਹਾ ਰੋਡ ਸ਼ੋਅ ਕੀਤਾ, ਜਿਸ ਦੌਰਾਨ ਭੈਣ ਪ੍ਰਿਅੰਕਾ ਗਾਂਧੀ ਵੀ ਨਾਲ ਸੀ। ਰਾਹੁਲ ਵਾਇਨਾਡ ਤੋਂ 2019 ਦੀਆਂ ਆਮ ਚੋਣਾਂ 'ਚ ਜਿੱਤੇ ਸਨ।

## ਫਾਰੂਕ ਚੋਣ ਨਹੀਂ ਲੜਨਗੇ

**ਸ੍ਰੀਨਗਰ** : ਜੰਮੂ-ਕਸ਼ਮੀਰ ਨੈਸ਼ਨਲ ਕਾਨਫਰੰਸ ਦੇ ਪ੍ਰਧਾਨ ਅਤੇ ਸ੍ਰੀਨਗਰ ਤੋਂ ਮੌਜੂਦਾ ਸਾਂਸਦ ਫਾਰੂਕ ਅਬਦੁੱਲਾ ਸਿਹਤ ਕਾਰਨਾਂ ਕਰਕੇ ਲੋਕ ਸਭਾ ਚੋਣਾਂ ਨਹੀਂ ਲੜਨਗੇ। ਇਸ ਦਾ ਐਲਾਨ ਉਨ੍ਹਾ ਦੇ ਬੇਟੇ ਤੇ ਸਾਬਕਾ ਮੁੱਖ ਮੰਤਰੀ ਉਮਰ ਅਬਦੁੱਲਾ ਨੇ ਕੀਤਾ।

## ਸੁਸ਼ੀਲ ਮੋਦੀ ਨੂੰ ਕੈਂਸਰ

**ਪਟਨਾ** : ਬਿਹਾਰ ਦੇ ਸਾਬਕਾ ਉਪ ਮੁੱਖ ਮੰਤਰੀ ਅਤੇ ਰਾਜ ਸਭਾ ਮੈਂਬਰ ਸੁਸ਼ੀਲ ਕੁਮਾਰ ਮੋਦੀ ਕੈਂਸਰ ਨਾਲ ਜੂਝ ਰਹੇ ਹਨ। ਉਨ੍ਹਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਕਿਹਾ ਹੈ ਕਿ ਉਹ ਲੋਕ ਸਭਾ ਚੋਣਾਂ ਵਿਚ ਕੁੱਝ ਨਹੀਂ ਕਰ ਸਕਣਗੇ।

## ਬੱਚੇ ਦੀ ਮਾਂ ਹਿਰਾਸਤ 'ਚ



**ਮਾਨਸਾ** : ਇੱਥੋਂ ਦੇ ਬੱਸ ਅੱਡੇ ਵਿੱਚੋਂ ਬੱਚੇ ਦੀ ਲਾਸ਼ ਮਿਲਣ ਦੇ ਮਾਮਲੇ 'ਚ ਪੁਲਸ ਨੇ ਬੱਚੇ ਦੀ ਮਾਂ ਨੂੰ ਹਿਰਾਸਤ 'ਚ ਲਿਆ ਹੈ। ਬੱਚੇ ਦੀ ਪਛਾਣ ਅਗਮਜੋਤ ਸਿੰਘ ਵਜੋਂ ਹੋਈ ਹੈ। ਬੱਚੇ ਦੇ ਚਾਚਾ ਅਮਨਦੀਪ ਸਿੰਘ ਨੇ ਆਪਣੀ ਭਰਜਾਈ ਵੱਲੋਂ ਬੱਚੇ ਦਾ ਕਤਲ ਕਰਨ ਬਾਰੇ ਪੁਲਸ ਕੋਲ ਸ਼ੱਕ ਪ੍ਰਗਟ ਕੀਤਾ ਸੀ। ਉਸ ਤੋਂ ਬਾਅਦ ਪੁਲਸ ਉਸ ਨੂੰ ਹਿਰਾਸਤ ਵਿਚ ਲੈ ਕੇ ਪੁੱਛ-ਪੜਤਾਲ ਕਰ ਰਹੀ ਹੈ।

## ਵਿਜੇਂਦਰ ਭਾਜਪਾ 'ਚ

**ਨਵੀਂ ਦਿੱਲੀ** : ਉਲੰਪਿਕ ਤਮਗਾ ਜੇਤੂ ਮੁੱਕੇਬਾਜ਼ ਵਿਜੇਂਦਰ ਸਿੰਘ ਬੁੱਧਵਾਰ ਕਾਂਗਰਸ ਛੱਡ ਕੇ ਭਾਜਪਾ ਵਿਚ ਸ਼ਾਮਲ ਹੋ ਗਿਆ। ਕਾਂਗਰਸ ਨੇ 2019 ਦੀਆਂ ਚੋਣਾਂ ਵਿਚ ਉਸ ਨੂੰ ਦੱਖਣੀ ਦਿੱਲੀ ਤੋਂ ਲੜਾਇਆ ਸੀ, ਪਰ ਉਹ ਹਾਰ ਗਿਆ ਸੀ। ਕੁਝ ਦਿਨ ਪਹਿਲਾਂ ਚਰਚਾ ਸੀ ਕਿ ਕਾਂਗਰਸ ਉਸ ਨੂੰ ਮਥੁਰਾ ਵਿਚ ਹੇਮਾ ਮਾਲਿਨੀ ਦੇ ਖਿਲਾਫ ਖੜ੍ਹਾ ਕਰੇਗੀ।

# ਕੇਜਰੀਵਾਲ ਬਾਰੇ ਫੈਸਲਾ ਰਾਖਵਾਂ

## ਗ੍ਰਿਫਤਾਰੀ ਨੂੰ ਚੈਲੰਜ ਕਰਦੀ ਪਟੀਸ਼ਨ 'ਤੇ ਪੰਜ ਘੰਟੇ ਬਹਿਸ



ਨਵੀਂ ਦਿੱਲੀ : ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੀ ਕਥਿਤ ਆਬਕਾਰੀ ਨੀਤੀ ਸਕੈਂਡਲ ਨਾਲ ਸੰਬੰਧਤ ਮਨੀ ਲਾਂਡਰਿੰਗ ਮਾਮਲੇ ਵਿਚ ਗ੍ਰਿਫਤਾਰੀ ਤੇ ਰਿਮਾਂਡ ਨੂੰ ਚੈਲੰਜ ਕਰਦੀ ਪਟੀਸ਼ਨ 'ਤੇ ਬੁੱਧਵਾਰ ਪੰਜ ਘੰਟੇ ਚੱਲੀ ਬਹਿਸ ਤੋਂ ਬਾਅਦ ਦਿੱਲੀ ਹਾਈ ਕੋਰਟ ਦੀ ਜਸਟਿਸ ਸਵਰਨਕਾਂਤਾ ਸ਼ਰਮਾ ਨੇ ਫੈਸਲਾ ਰਾਖਵਾਂ ਰੱਖ ਲਿਆ। ਕੇਜਰੀਵਾਲ ਵੱਲੋਂ ਪੇਸ਼ ਹੋਏ ਸੀਨੀਅਰ ਵਕੀਲ ਅਭਿਸ਼ੇਕ ਮਨੂੰ ਸਿੰਘਵੀ ਨੇ ਕਿਹਾ—ਲੋਕ ਸਭਾ ਚੋਣਾਂ ਵਿਚ ਸਭ ਨੂੰ ਬਰਾਬਰ ਮੌਕੇ ਮਿਲਣ ਦੇ ਲਿਹਾਜ਼ ਨਾਲ ਇਹ ਇਕ ਅਹਿਮ ਕੇਸ ਹੈ। ਆਜ਼ਾਦ ਤੇ ਨਿਰਪੱਖ ਲੋਕ ਸਭਾ ਚੋਣਾਂ ਜਮਹੂਰੀਅਤ ਦਾ ਹਿੱਸਾ ਹਨ। ਇਸ ਨਾਲ ਸਾਡਾ ਬੁਨਿਆਦੀ ਢਾਂਚਾ ਬਣਦਾ ਹੈ। ਕੇਜਰੀਵਾਲ ਦੀ ਗ੍ਰਿਫਤਾਰੀ ਨਾਲ ਇਹ ਯਕੀਨੀ ਹੋ ਗਿਆ ਹੈ ਕਿ ਉਹ ਜਮਹੂਰੀ ਸਰਗਰਮੀਆਂ ਵਿਚ ਸ਼ਾਮਲ ਨਹੀਂ ਹੋ ਸਕਣਗੇ। ਮੈਂ ਇਹ ਇਸ ਕਰਕੇ ਕਹਿ ਰਿਹਾ ਹਾਂ, ਕਿਉਂਕਿ ਪਹਿਲਾ ਸੰਮਨ ਅਕਤੂਬਰ 2023 ਵਿਚ ਭੇਜਿਆ ਗਿਆ ਸੀ ਤੇ ਗ੍ਰਿਫਤਾਰੀ 21 ਮਾਰਚ ਨੂੰ ਹੋਈ। ਇਸ ਵਿਚ ਦੁਰਭਾਵਨਾ ਦੀ ਬੋਅ ਆਉਂਦੀ ਹੈ ਅਤੇ ਇਸ ਨਾਲ ਸਾਡੇ ਬੁਨਿਆਦੀ ਢਾਂਚੇ ਨੂੰ ਨੁਕਸਾਨ ਪੁੱਜ ਰਿਹਾ ਹੈ। ਮੈਂ ਇੱਥੇ ਸਿਆਸਤ ਦੀ ਨਹੀਂ, ਸਗੋਂ ਕਾਨੂੰਨ ਦੀ ਗੱਲ ਕਰ ਰਿਹਾ ਹਾਂ। ਗ੍ਰਿਫਤਾਰੀ ਦੀ ਟਾਈਮਿੰਗ ਇਸ਼ਾਰਾ ਕਰਦੀ ਹੈ ਕਿ ਇਹ ਅਸੰਵਿਧਾਨਕ ਹੈ।

ਈ ਡੀ ਦੇ ਵਕੀਲ ਐਡੀਸ਼ਨਲ ਸਾਲੀਸਿਟਰ ਜਨਰਲ ਏ ਐੱਸ ਰਾਜੂ ਨੇ ਕਿਹਾ—ਅਪਰਾਧੀ ਤੇ ਮੁਲਜ਼ਮ ਇਹ ਨਹੀਂ ਕਹਿ ਸਕਦੇ ਕਿ ਅਸੀਂ ਗੁਨਾਹ ਕਰਾਂਗੇ ਤੇ ਸਾਨੂੰ ਇਸ ਲਈ ਗ੍ਰਿਫਤਾਰ ਨਹੀਂ ਕੀਤਾ ਜਾਵੇਗਾ ਕਿਉਂਕਿ ਚੋਣਾਂ ਹਨ। ਇਹ ਹਾਸੋਹੀਣੀ ਗੱਲ ਹੈ। ਇਸ ਨਾਲ ਤਾਂ ਅਪਰਾਧੀਆਂ ਨੂੰ ਖੁੱਲ੍ਹੇਆਮ ਘੁੰਮਣ ਦਾ ਲਸੰਸ ਮਿਲ ਜਾਵੇਗਾ। ਅਸੀਂ ਹਨੇਰੇ ਵਿਚ ਤੀਰ ਨਹੀਂ ਚਲਾ ਰਹੇ। ਸਾਡੇ ਕੋਲ ਵਟਸਐਪ ਚੈਟ, ਹਵਾਲਾ ਅਪਰੇਟਰਾਂ ਦੇ ਬਿਆਨ ਤੇ ਇਨਕਮ ਟੈਕਸ ਦਾ ਡਾਟਾ ਵੀ ਹੈ।

## ਕੇਜਰੀਵਾਲ ਦਾ ਭਾਰ ਸਾਢੇ ਚਾਰ ਕਿੱਲੋ ਘਟਿਆ : ਆਤਿਸ਼ੀ

**ਨਵੀਂ ਦਿੱਲੀ** : ਆਪ ਦੀ ਸੀਨੀਅਰ ਆਗੂ ਆਤਿਸ਼ੀ ਨੇ ਬੁੱਧਵਾਰ ਕਿਹਾ ਕਿ 21 ਮਾਰਚ ਨੂੰ ਗ੍ਰਿਫਤਾਰੀ ਤੋਂ ਬਾਅਦ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦਾ ਭਾਰ 4.5 ਕਿੱਲੋ ਘਟ ਗਿਆ ਹੈ। ਆਤਿਸ਼ੀ ਨੇ ਭਾਜਪਾ 'ਤੇ ਕੇਜਰੀਵਾਲ ਦੀ ਸਿਹਤ ਨੂੰ ਖਤਰੇ 'ਚ ਪਾਉਣ ਦਾ ਵੀ ਦੋਸ਼ ਲਗਾਇਆ ਹੈ। ਤਿਹਾੜ ਜੇਲ੍ਹ ਪ੍ਰਸ਼ਾਸਨ ਨੇ ਕਿਹਾ ਹੈ ਕਿ ਕੇਜਰੀਵਾਲ ਇਕ ਅਪ੍ਰੈਲ ਤੋਂ ਜੇਲ੍ਹ ਵਿਚ ਆਏ ਤੇ ਉਨ੍ਹਾ ਦਾ ਭਾਰ ਉਸ ਦਿਨ ਤੋਂ 65 ਕਿੱਲੋ ਹੀ ਹੈ। ਆਤਿਸ਼ੀ ਨੇ ਭਾਰ 21 ਮਾਰਚ ਤੋਂ ਘਟਣ ਦੀ ਗੱਲ ਕਹੀ ਹੈ। ਜੇਲ੍ਹ ਪੁੱਜਣ ਤੋਂ ਪਹਿਲਾਂ ਉਹ ਈ ਡੀ ਦੀ ਹਿਰਾਸਤ 'ਚ ਸਨ।

## ਵੀ ਵੀ ਪੀ ਏ ਟੀ ਬਾਰੇ ਸੁਣਵਾਈ ਅਗਲੇ ਹਫਤੇ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਬੁੱਧਵਾਰ ਕਿਹਾ ਕਿ ਉਹ ਵੋਟਰ ਵੈਰੀਫਾਈਏਬਲ ਪੇਪਰ ਆਡਿਟ ਟ੍ਰੇਲ (ਵੀ ਵੀ ਪੀ ਏ ਟੀ) ਤੇ ਈ ਵੀ ਐੱਮ ਰਾਹੀਂ ਪਈ ਵੋਟ ਦੀ ਤਸਦੀਕ (ਕਰਾਸ ਵੈਰੀਫਿਕੇਸ਼ਨ) ਦੀ ਮੰਗ ਕਰਨ ਵਾਲੀ ਐੱਨ ਜੀ ਓ ਦੀ ਪਟੀਸ਼ਨ 'ਤੇ ਅਗਲੇ ਹਫਤੇ ਸੁਣਵਾਈ ਕਰੇਗੀ। ਜਸਟਿਸ ਸੰਜੀਵ ਖੰਨਾ ਦੀ ਅਗਵਾਈ ਵਾਲੀ ਬੈਂਚ ਨੇ ਕਿਹਾ ਕਿ ਪਟੀਸ਼ਨ ਨੂੰ ਅਗਲੇ ਮੰਗਲਵਾਰ ਜਾਂ ਬੁੱਧਵਾਰ ਨੂੰ ਸੂਚੀਬੱਧ ਕੀਤਾ ਜਾਵੇਗਾ। ਐੱਨ ਜੀ ਓ ਵੱਲੋਂ ਪੇਸ਼ ਹੋਏ ਵਕੀਲ ਪ੍ਰਸ਼ਾਂਤ ਭੂਸ਼ਣ ਨੇ ਅਦਾਲਤ ਨੂੰ ਕਿਹਾ ਸੀ ਕਿ ਇਸ ਮਾਮਲੇ ਦੀ ਤੁਰੰਤ ਸੁਣਵਾਈ ਹੋਣੀ ਚਾਹੀਦੀ ਹੈ। ਸੀਨੀਅਰ ਵਕੀਲ ਗੋਪਾਲ ਸ਼ੰਕਰਨਰਾਇਣਨ ਨੇ ਵੀ ਕਿਹਾ ਕਿ ਚੋਣਾਂ ਨੇੜੇ ਹਨ ਅਤੇ ਜੇ ਕੇਸ ਦੀ ਸੁਣਵਾਈ ਨਾ ਹੋਈ ਤਾਂ ਪਟੀਸ਼ਨ ਬੇਅਰਥ ਹੋ ਜਾਵੇਗੀ।

# ਸੀ ਪੀ ਆਈ ਨੂੰ ਚੋਣ ਪ੍ਰਚਾਰ ਲਈ ਪੈਸੇ ਦੀ ਘਾਟ



ਐਨੀ ਰਾਜਾ ਵਾਇਨਾਡ ਵਿਚ ਚੋਣ ਪ੍ਰਚਾਰ ਕਰਦੇ ਹੋਏ।

**ਤਿਰੂਅਨੰਤਪੁਰਮ** : ਜਦਕਿ ਭਾਜਪਾ ਤੇ ਤ੍ਰਿਣਮੂਲ ਕਾਂਗਰਸ ਵਰਗੀਆਂ ਪਾਰਟੀਆਂ ਕੋਲ ਚੋਣ ਬਾਂਡਾਂ ਦੇ ਕਰੋੜਾਂ ਰੁਪਏ ਹਨ, ਸੀ ਪੀ ਆਈ ਨੂੰ ਕੇਰਲਾ ਦੀਆਂ ਚਾਰ ਲੋਕ ਸਭਾ ਸੀਟਾਂ ਲਈ ਚੋਣ ਪ੍ਰਚਾਰ ਕਰਨ ਲਈ ਪੈਸੇ ਦੀ ਤੰਗੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਪਾਰਟੀ ਕੋਲ ਚੋਣ ਪ੍ਰਚਾਰ ਕਰਨ ਲਈ ਮਨੁੱਖਾ ਸ਼ਕਤੀ ਤਾਂ ਹੈ, ਪਰ ਪੈਸੇ ਦੀ ਕਾਫੀ ਘਾਟ ਹੈ। ਇਸ ਨੇ ਆਪਣੇ ਮੈਂਬਰਾਂ ਨੂੰ ਬੇਨਤੀ ਕੀਤੀ ਹੈ ਕਿ ਉਹ ਦੋ-ਦੋ ਸੌ ਰੁਪਏ ਦੀ ਮਦਦ ਕਰਨ। ਰਾਜ ਸਭਾ ਦੇ ਮੈਂਬਰ ਪੀ ਸੰਦੋਸ਼ ਕੁਮਾਰ, ਜਿਹੜੇ ਵਾਇਨਾਡ ਵਿਚ ਰਾਹੁਲ ਗਾਂਧੀ ਦੇ ਮੁਕਾਬਲੇ ਵਿਚ ਨਿੱਤਰੀ ਐਨੀ ਰਾਜਾ ਦੀ ਚੋਣ ਮੁਹਿੰਮ ਦੇ ਇੰਚਾਰਜ ਹਨ, ਨੇ ਕਿਹਾ ਕਿ ਪਾਰਟੀ ਨੂੰ ਇਕ-ਇਕ ਰੁਪਏ ਲਈ ਸੰਘਰਸ਼ ਕਰਨਾ ਪੈ ਰਿਹਾ ਹੈ। ਪਾਰਟੀ ਦੇ ਵਾਇਨਾਡ ਤੋਂ ਇਲਾਵਾ ਤਿਰੂਅਨੰਤਪੁਰਮ ਵਿਚ ਕਾਂਗਰਸ ਦੇ ਸ਼ਸ਼ੀ ਥਰੂਰ ਦੇ ਮੁਕਾਬਲੇ ਪਨਯਨ ਰਵੀਂਦਰਨ, ਕੋਡੀਕੁਨਿਲ ਵਿਚ ਕਾਂਗਰਸ ਦੇ ਸੁਰੇਸ਼ ਦੇ ਮੁਕਾਬਲੇ ਅਰੁਣ ਕੁਮਾਰ ਤੇ ਤ੍ਰਿਸੂਰ ਵਿਚ ਸੁਨੀਲ ਕੁਮਾਰ ਕਾਂਗਰਸ ਦੇ ਕੇ ਮੁਰਲੀਧਰਨ ਦੇ ਮੁਕਾਬਲੇ ਚੋਣ ਮੈਦਾਨ ਵਿਚ ਹਨ। ਪਾਰਟੀ ਨੂੰ ਇਸ ਗੱਲ ਦੀ ਖੁਸ਼ੀ ਹੈ ਕਿ ਖੱਬੇ-ਜਮਹੂਰੀ ਮੁਹਾਜ਼ ਦੀ ਮੁੱਖ ਪਾਰਟੀ ਸੀ ਪੀ ਆਈ (ਐੱਮ) ਤੇ ਹੋਰ ਪਾਰਟੀਆਂ ਚੋਣ ਪ੍ਰਚਾਰ ਵਿਚ ਉਸ ਦਾ ਜੋਸ਼ੋ-ਖਰੋਸ਼ ਨਾਲ ਸਾਥ ਦੇ ਰਹੀਆਂ ਹਨ।

## ਜਗਦੀਸ਼ ਪਾਲ ਕੌਰ ਨੂੰ ਭਰਪੂਰ ਸ਼ਰਧਾਂਜਲੀ



**ਮੰਡੀ ਗੋਬਿੰਦਗੜ੍ਹ** : ਇੱਥੋਂ ਤਿੰਨ ਕਿਲੋਮੀਟਰ ਦੂਰ ਪਿੰਡ ਤੂਰਾਂ ਦੇ ਗੁਰਦਵਾਰੇ ਵਿਚ ਕਾਮਰੇਡ ਮਾਸਟਰ ਅਜੈਬ ਸਿੰਘ ਦੀ ਪਤਨੀ, ਜਿਨ੍ਹਾ ਦਾ ਬੀਤੀ 20 ਮਾਰਚ ਨੂੰ ਦਿਹਾਂਤ ਹੋ ਗਿਆ ਸੀ, ਨਮਿਤ ਅੰਤਮ ਅਰਦਾਸ ਮੌਕੇ ਉਨ੍ਹਾ ਨੂੰ ਸੈਂਕੜੇ ਲੋਕਾਂ ਨੇ ਸ਼ਰਧਾਂਜਲੀ ਅਰਪਿਤ ਕੀਤੀ। ਇਹਨਾਂ ਵਿਚ ਜਗਦੀਸ਼ ਪਾਲ ਕੌਰ ਅਤੇ ਅਜੈਬ ਸਿੰਘ ਦੇ ਰਿਸ਼ਤੇਦਾਰ, ਸਨੇਹੀ ਅਤੇ ਕੁਲੀਗ, ਪੈਨਸ਼ਨਰ ਯੂਨੀਅਨ, ਟੀਚਰ ਯੂਨੀਅਨ ਅਤੇ ਏਟਕ ਦੇ ਆਗੂ ਸਨ। ਪੰਜਾਬ ਏਟਕ ਦੇ ਜਨਰਲ ਸਕੱਤਰ ਨਿਰਮਲ ਸਿੰਘ ਧਾਲੀਵਾਲ ਨੇ ਆਪਣੇ ਵੱਲੋਂ ਅਤੇ ਪ੍ਰਧਾਨ ਬੰਤ ਸਿੰਘ ਬਰਾੜ ਵੱਲੋਂ ਬੀਬੀ ਜਗਦੀਸ਼ ਪਾਲ ਕੌਰ ਨੂੰ ਸ਼ਰਧਾਂਜਲੀ ਅਰਪਿਤ ਕੀਤੀ। ਜਰਨੈਲ ਸਿੰਘ ਨੇ ਬੀਬੀ ਦੀ ਸੰਖੇਪ ਜੀਵਨੀ ਸਾਂਝੀ ਕੀਤੀ। ਗੁਰਨਾਮ ਕੰਵਰ ਨੇ ਪਰਵਾਰ ਵੱਲੋਂ ਧੰਨਵਾਦ ਕੀਤਾ। ਸਾਥੀ ਹਰਦੇਵ ਅਰਸ਼ੀ, ਜਗਰੂਪ ਸਿੰਘ, ਹਰਭਜਨ ਸਿੰਘ, ਡਾ. ਗੁਲਜ਼ਾਰ ਪੰਧੇਰ, ਰਿਪੁਦਮਨ ਸਿੰਘ ਰੂਪ, ਏਟਕ ਆਗੂ ਸੁਖਦੇਵ ਸੁੱਖੀ ਅਤੇ ਰਿਟਾਇਰਡ ਪ੍ਰਿੰਸੀਪਲ ਸਰਵਣ ਸਿੰਘ ਨੇ ਸ਼ੋਕ ਸੁਨੇਹੇ ਭੇਜੇ। ਪੰਜਾਬ ਇਪਟਾ ਦੇ ਪ੍ਰਧਾਨ ਸੰਜੀਵਨ ਸਿੰਘ ਅਤੇ ਐਡਵੋਕੇਟ ਰੰਜੀਵਨ ਸਿੰਘ ਨੇ ਸ਼ਰਧਾ ਦੇ ਫੁੱਲ ਅਰਪਿਤ ਕੀਤੇ।ਇਸ ਮੌਕੇ ਪਰਵਾਰ ਨੇ ਗੁਰਦਵਾਰਾ ਸਾਹਿਬ, ਸਕੂਲ, ਪੈਨਸ਼ਨਰ ਯੂਨੀਅਨ ਤੋਂ ਇਲਾਵਾ ਪੰਜਾਬ ਏਟਕ, ਪੰਜਾਬ ਸੂਬਾ ਪਾਰਟੀ, 'ਨਵਾਂ ਜ਼ਮਾਨਾ' ਅਤੇ ਦੇਸ਼ ਸੇਵਕ ਨੂੰ ਦੋ-ਦੋ ਹਜ਼ਾਰ ਰੁਪਏ ਅਤੇ ਪੰਜਾਬ ਇਪਟਾ, ਪ੍ਰਗਤੀਸ਼ੀਲ ਲੇਖਕ ਸੰਘ, ਪੰਜਾਬੀ ਲੇਖਕ ਸਭਾ ਚੰਡੀਗੜ੍ਹ, 'ਸਾਡਾ ਜੁਗ' ਅਤੇ ਕਰਮਚਾਰੀ ਲਹਿਰ ਨੂੰ ਇੱਕ-ਇੱਕ ਹਜ਼ਾਰ ਰੁਪਏ ਸਹਾਇਤਾ ਦਿੱਤੀ।

## ਪੰਜ ਐੱਨ ਜੀ ਓਜ਼ ਦੀ ਰਜਿਸਟ੍ਰੇਸ਼ਨ ਰੱਦ

**ਨਵੀਂ ਦਿੱਲੀ** : ਕੇਂਦਰੀ ਗ੍ਰਹਿ ਮੰਤਰਾਲੇ ਨੇ ਵਿਦੇਸ਼ੀ ਯੋਗਦਾਨ ਰੈਗੂਲੇਸ਼ਨ ਐਕਟ (ਐੱਫ ਸੀ ਆਰ ਏ) ਦੀਆਂ ਵੱਖ-ਵੱਖ ਧਾਰਾਵਾਂ ਦੀ ਕਥਿਤ ਉਲੰਘਣਾ ਲਈ ਪੰਜ ਗੈਰ-ਸਰਕਾਰੀ ਸੰਸਥਾਵਾਂ (ਐੱਨ ਜੀ ਓਜ਼) ਦੀ ਰਜਿਸਟ੍ਰੇਸ਼ਨ ਰੱਦ ਕਰ ਦਿੱਤੀ ਹੈ। ਇਨ੍ਹਾਂ 'ਚ ਸੀ ਐੱਨ ਆਈ ਸਾਇਨੋਡੀਕਲ ਬੋਰਡ ਆਫ ਸੋਸ਼ਲ ਸਰਵਿਸ, ਵਲੰਟਰੀ ਹੈੱਲਥ ਐਸੋਸੀਏਸ਼ਨ ਆਫ ਇੰਡੀਆ, ਇੰਡੋ-ਗਲੋਬਲ ਸੋਸ਼ਲ ਸਰਵਿਸ ਸੁਸਾਇਟੀ, ਚਰਚ ਔਗਜ਼ਿਲਰੀ ਫਾਰ ਸੋਸ਼ਲ ਐਕਸ਼ਨ ਅਤੇ ਇਵੈਨਜੈਲੀਕਲ ਫੈਲੋਸ਼ਿਪ ਆਫ ਇੰਡੀਆ ਸ਼ਾਮਲ ਹਨ। ਐੱਫ ਸੀ ਆਰ ਏ ਰਜਿਸਟ੍ਰੇਸ਼ਨ ਰੱਦ ਹੋਣ ਨਾਲ ਇਨ੍ਹਾਂ ਐੱਨ ਜੀ ਓਜ਼ ਨੂੰ ਨਾ ਤਾਂ ਵਿਦੇਸ਼ ਤੋਂ ਦਾਨ ਲੈਣ ਦਾ ਹੱਕ ਹੋਵੇਗਾ ਅਤੇ ਨਾ ਹੀ ਮੌਜੂਦਾ ਫੰਡਾਂ ਦੀ ਵਰਤੋਂ ਕਰ ਸਕਣਗੀਆਂ।

## ਤਾਇਵਾਨ 'ਚ ਭੁਚਾਲ



**ਤਾਇਪੇ** : ਤਾਇਵਾਨ 'ਚ ਬੁੱਧਵਾਰ ਸਵੇਰੇ 25 ਸਾਲਾਂ 'ਚ ਸਭ ਤੋਂ ਸ਼ਕਤੀਸ਼ਾਲੀ ਭੁਚਾਲ ਦੇ ਝਟਕੇ ਮਹਿਸੂਸ ਕੀਤੇ ਗਏ, ਜਿਸ ਕਾਰਨ 7 ਵਿਅਕਤੀਆਂ ਦੀ ਮੌਤ ਹੋ ਗਈ ਤੇ 700 ਤੋਂ ਵੱਧ ਜ਼ਖਮੀ ਹੋ ਗਏ। ਭੁਚਾਲ ਦੀ ਸ਼ਿਦਤ 7.2 ਨਾਪੀ ਗਈ। ਭੁਚਾਲ ਕਾਰਨ ਦੱਖਣ-ਪੂਰਬੀ ਸ਼ਹਿਰ ਹੁਆਲੀਅਨ ਦੇ ਇਲਾਕੇ 'ਚ ਸਥਿਤ ਪੰਜ ਮੰਜ਼ਲਾ ਇਮਾਰਤ ਬੁਰੀ ਤਰ੍ਹਾਂ ਨੁਕਸਾਨੀ ਗਈ। ਇਸ ਦੀ ਪਹਿਲੀ ਮੰਜ਼ਲ ਢਹਿ ਗਈ ਹੈ ਅਤੇ ਬਾਕੀ ਇਮਾਰਤ ਝੁਕ ਗਈ ਹੈ। ਕੁਝ ਬੱਚੇ ਉੱਪਰੋਂ ਡਿੱਗਣ ਵਾਲੀਆਂ ਚੀਜ਼ਾਂ ਤੋਂ ਆਪਣੇ-ਆਪ ਨੂੰ ਬਚਾਉਣ ਲਈ ਕਿਤਾਬਾਂ ਨਾਲ ਸਿਰ ਢਕਦੇ ਦੇਖੇ ਗਏ। ਦੇਸ਼ ਦੀ ਆਬਾਦੀ 2.3 ਕਰੋੜ ਹੈ। ਇਸ ਤੋਂ ਪਹਿਲਾਂ ਸਭ ਤੋਂ ਤਾਕਤਵਰ ਭੁਚਾਲ 21 ਸਤੰਬਰ 1999 ਨੂੰ ਆਇਆ ਸੀ, ਜਿਸ ਦੀ ਸ਼ਿਦਤ 7.7 ਸੀ। ਇਸ ਵਿੱਚ 2400 ਵਿਅਕਤੀ ਮਾਰੇ ਗਏ ਸਨ ਤੇ ਲੱਖਾਂ ਜ਼ਖਮੀ ਹੋਏ ਸਨ ਅਤੇ ਹਜ਼ਾਰਾਂ ਇਮਾਰਤਾਂ ਤਬਾਹ ਹੋ ਗਈਆਂ ਸਨ।




ਇਤਿਹਾਸਕ ਦਮੜੀ ਸ਼ੋਭਾ ਯਾਤਰਾ ਚੂਹੜਵਾਲੀ, ਖੁਰਾਲਗੜ੍ਹ ਸਾਹਿਬ ਤੋਂ ਹਰਿਦੁਆਰ



4 ਅਪ੍ਰੈਲ ਸਵੇਰੇ 9.00 ਵਜੇ ਸ੍ਰੀ ਗੁਰੂ ਰਵਿਦਾਸ ਪਬਲਿਕ ਸਕੂਲ ਚੂਹੜਵਾਲੀ ਤੋਂ ਆਦਮਪੁਰ, ਭੋਗਪੁਰ, ਬੁੱਲੋਵਾਲ, ਹੁਸ਼ਿਆਰਪੁਰ, ਮਾਹਿਲਪੁਰ, ਗੜ੍ਹਸ਼ੰਕਰ ਤੋਂ ਸ੍ਰੀ ਚਰਨ ਛੋਹ ਗੰਗਾ ਖੁਰਾਲਗੜ੍ਹ ਸਾਹਿਬ

5 ਅਪ੍ਰੈਲ ਸਵੇਰੇ 8 ਵਜੇ ਸ੍ਰੀ ਗੁਰੂ ਰਵਿਦਾਸ ਸਦਨ ਖੁਰਾਲਗੜ੍ਹ ਸਾਹਿਬ ਤੋਂ ਆਨੰਦਪੁਰ ਸਾਹਿਬ, ਮੋਹਾਲੀ ਤੋਂ ਹਰਿਦੁਆਰ ਤੱਕ

ਗੁਰੂ ਰਵਿਦਾਸ ਸਾਧੂ ਸੰਪ੍ਰਦਾਇ ਸੁਸਾਇਟੀ (ਰਜਿ.) ਪੰਜਾਬ



ਸੰਤ ਸਰਵਣ ਦਾਸ ਜੀ ਬੋਹਣ ਚੇਅਰਮੈਨ
ਸੰਤ ਇੰਦਰ ਦਾਸ ਸ਼ੇਖੇ ਜਨਰਲ ਸਕੱਤਰ
ਸੰਤ ਪ੍ਰਮਜੀਤ ਦਾਸ ਨਗਰ ਕੈਸ਼ੀਅਰ
ਸੰਤ ਸਰਵਣ ਦਾਸ ਸੀਨੀ. ਮੀਤ ਪ੍ਰਧਾਨ
ਸੰਤ ਕ੍ਰਿਪਾਲ ਦਾਸ ਭਾਰਟਾ ਪ੍ਰਚਾਰ ਸਕੱਤਰ
ਸੰਤ ਨਿਰਮਲ ਦਾਸ ਜੀ ਬਾਬੇ ਜੌੜੇ ਪ੍ਰਧਾਨ



ਮਹੰਤ ਪ੍ਰਸ਼ੋਤਮ ਲਾਲ ਸਹਾਇਕ ਕੈਸ਼ੀਅਰ
ਸੰਤ ਬਲਵੰਤ ਸਿੰਘ ਮੀਤ ਪ੍ਰਧਾਨ
ਸੰਤ ਧਰਮ ਪਾਲ ਸਟੇਜ ਸਕੱਤਰ
ਸੰਤ ਰਮੇਸ਼ ਦਾਸ ਪ੍ਰਚਾਰ ਸਕੱਤਰ
ਸੰਤ ਜਸਵੰਤ ਦਾਸ ਰਾਵਲਪਿੰਡੀ
ਸੰਤ ਪ੍ਰਦੀਪ ਦਾਸ ਕੂਪੁਰ ਕਠਾਰ
ਸੰਤ ਬੀਬੀ ਕੁਲਦੀਪ ਕੌਰ ਮੈਹਨਾ
ਸੰਤ ਬੀਬੀ ਪੂਨਮ ਹੀਰਾ
ਭੈਣ ਸੰਤੋਸ਼ ਕੁਮਾਰੀ ਬਿਲਡਿੰਗ ਇੰਚਾਰਜ



ਸੰਤ ਜਗੀਰ ਸਿੰਘ
ਸੰਤ ਮਨਜੀਤ ਦਾਸ ਹਿਮਾਚਲ
ਸੰਤ ਪ੍ਰਮੇਸ਼ਵਰੀ ਦਾਸ
ਸੰਤ ਰਾਜੇਸ਼ ਦਾਸ
ਬਾਬਾ ਬਲਕਾਰ ਸਿੰਘ
ਸੰਤ ਕੁਲਦੀਪ ਦਾਸ
ਸੰਤ ਮਨਜੀਤ ਦਾਸ
ਸੰਤ ਸੰਤੋਖ ਦਾਸ
ਸੰਤ ਰਾਮ ਸੇਵਕ
ਸੰਤ ਗੁਰਮੀਤ ਦਾਸ
ਸੰਤ ਬੀਬੀ ਕਮਲੇਸ਼ ਕੌਰ
ਗਿਆਨੀ ਰਵਿੰਦਰ ਪਾਲ ਸਿੰਘ
ਲਵਪ੍ਰੀਤ ਲੱਭਾ
ਓਮ ਪ੍ਰਕਾਸ਼ ਰਾਣਾ

ਸ੍ਰੀ ਗੁਰੂ ਰਵਿਦਾਸ ਪਬਲਿਕ ਸਕੂਲ (ਰਜਿ.) ਚੂਹੜਵਾਲੀ (ਜਲੰਧਰ) (ਸੀ ਬੀ ਐੱਸ ਈ ਮਾਨਤਾ ਪ੍ਰਾਪਤ)

# ਮਨਰੇਗਾ ਕਾਮਿਆਂ ਨੇ ਡੀ ਸੀ ਦਫ਼ਤਰ ਅੱਗੇ ਕੀਤਾ ਰੋਹ ਭਰਪੂਰ ਮੁਜ਼ਾਹਰਾ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ/ਕੁਲਭੂਸ਼ਨ ਚਾਵਲਾ/ਪਰਮਜੀਤ ਸਿੰਘ)** ਮਨਰੇਗਾ ਵਰਕਰਜ ਯੂਨੀਅਨ ਪੰਜਾਬ ਦੀ ਲੋਕ ਲਹਿਰ ਉਸਾਰੋ ਮੁਹਿੰਮ ਤਹਿਤ ਮਜ਼ਦੂਰਾਂ ਦੀਆਂ ਭਖਦੀਆਂ ਮੰਗਾਂ ਤੇ ਮਸਲਿਆਂ ਨੂੰ ਹੱਲ ਕਰਾਉਣ ਲਈ ਮੁਕਤਸਰ ਸਾਹਿਬ ਦੇ ਦਰਜਨਾਂ ਪਿੰਡਾਂ ’ਚੋਂ ਮਨਰੇਗਾ ਮਜ਼ਦੂਰਾਂ ਨੇ ਸੈਂਕੜਿਆਂ ਤਾਦਾਦ ਵਿੱਚ ਡੀਸੀ ਦਫ਼ਤਰ ਸਾਹਮਣੇ ਰੋਹ ਭਰਪੂਰ ਧਰਨਾ ਮਾਰਿਆ ਤੇ ਰੋਸ ਮੁਜ਼ਾਹਰਾ ਕੀਤਾ।



ਧਰਨੇ ਵਿੱਚ ਮਨਰੇਗਾ ਮਜ਼ਦੂਰ ਮਰਦ-ਔਰਤਾਂ ਨੇ ਪਰਵਾਰਾਂ ਸਮੇਤ ਸ਼ਮੂਲੀਅਤ ਕੀਤੀ। ਧਰਨੇ ਦੀ ਪ੍ਰਧਾਨਗੀ ਗੁਰਦੀਪ ਸਿੰਘ ਕਾਨਿਆਂਵਾਲੀ ਤੇ ਜਗਸੀਰ ਜੱਗਾ ਪਿੰਡ ਬਾਜਾ ਨੇ ਕੀਤੀ। ਇਸ ਸਮੇਂ ਮਨਰੇਗਾ ਮਜ਼ਦੂਰਾਂ ਦੇ ਪ੍ਰਭਾਵਸ਼ਾਲੀ ਇਕੱਠ ਨੂੰ ਮਨਰੇਗਾ ਵਰਕਰਜ਼ ਯੂਨੀਅਨ ਦੇ ਸੂਬਾ ਆਗੂ ਜਸਵਿੰਦਰ ਸਿੰਘ ਵੱਟੂ ਨੇ ਧਰਨੇ ਦੀਆਂ ਮਜ਼ਦੂਰ ਮੰਗਾਂ ਦੀ ਵਿਸਥਾਰ ਨਾਲ ਵਿਆਖਿਆ ਕੀਤੀ ਤੇ ਉਨ੍ਹਾਂ ਕਿਹਾ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਪ੍ਰਧਾਨ ਮੰਤਰੀ ਅਵਾਸ ਯੋਜਨਾ ਸਮੇਤ ਤੇ ਕੇਂਦਰ ਦੀਆਂ ਹੋਰ ਭਲਾਈ ਸਕੀਮਾਂ ਦਾ ਭੋਗ ਪਾਇਆ ਜਾ ਰਿਹਾ ਹੈ, ਜੋ ਅਤਿ ਨਿੰਦਣਯੋਗ ਹੈ।

ਸਾਥੀ ਵੱਟੂ ਨੇ ਅੱਗੇ ਕਿਹਾ ਕਿ ਮੋਦੀ ਸਰਕਾਰ ਨੇ ਨਰੇਗਾ ਦਾ ਬੱਜਟ ਵਿੱਚ ਕਟੌਤੀ ਕਰਕੇ ਨਰੇਗਾ ਨੂੰ ਬਹੁਤ ਕਮਜ਼ੋਰ ਕਰ ਦਿੱਤਾ ਹੈ ਤੇ ਇਸ ਸਰਕਾਰ ਨੇ ਮਨਰੇਗਾ ਮਜ਼ਦੂਰਾਂ ਦੀ ਦਿਹਾੜੀ ਵਿੱਚ ਇੱਕ ਰੁਪਏ ਦਾ ਵੀ ਵਾਧਾ ਨਹੀਂ ਕੀਤਾ, ਜੋ ਅਤਿ ਨਿੰਦਣਯੋਗ ਹੈ। ਉਨ੍ਹਾਂ ਮਜ਼ਦੂਰਾਂ ਦੀਆਂ ਮੰਗਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਮਜ਼ਦੂਰ ਦੀ ਦਿਹਾੜੀ ਦਾ ਸਮਾਂ 8 ਘੰਟੇ ਤੋਂ 12 ਘੰਟੇ ਕਰਨ ਦਾ ਨੋਟੀਫਿਕੇਸ਼ਨ ਵਾਪਸ ਲਵੇ ਤੇ ਮਜ਼ਦੂਰਾਂ ਨਾਲ ਚੋਣਾਂ ਸਮੇਂ ਕੀਤੇ ਵਾਅਦੇ ਤੇ ਗਰੰਟੀਆਂ ਲਾਗੂ ਕਰੇ। ਮਾਈਕ੍ਰੋ ਫਾਇਨਾਂਸ ਕੰਪਨੀਆਂ ਸਮੇਤ ਸਰਕਾਰੀ ਤੇ ਗ਼ੈਰ ਸਰਕਾਰੀ ਕਰਜ਼ੇ ਮੁਆਫ਼ ਕੀਤੇ ਜਾਣ ਤੇ ਅੱਗੇ ਤੋਂ ਸਸਤੀ ਦਰ ਤੇ ਮਜ਼ਦੂਰਾਂ ਨੂੰ ਕਰਜ਼ੇ ਦਿੱਤੇ ਜਾਣ।

ਮਨਰੇਗਾ ਵਰਕਰਜ ਯੂਨੀਅਨ ਦੇ ਜ਼ਿਲ੍ਹਾ ਆਗੂ ਗੁਰਲਾਲ ਸਿੰਘ ਫੱਤਣਵਾਲਾ ਨੇ ਕਿਹਾ ਕਿ ਰਾਸ਼ਨ ਡਿਪੂਆਂ ਉਪਰ ਨਿੱਤ ਵਰਤੋਂ ਦੀਆਂ ਖਾਣ-ਪੀਣ ਵਾਲੀਆਂ ਸਾਰੀਆਂ ਚੀਜ਼ਾਂ ਅੱਧੀ ਕੀਮਤ ’ਤੇ ਸਪਲਾਈ ਕੀਤੀਆਂ ਜਾਣ। ਕੱਟੇ ਕਾਰਡ ਬਹਾਲ ਕੀਤੇ ਜਾਣ, ਮਜ਼ਦੂਰਾਂ ਨੂੰ ਦਸ-ਦਸ ਮਰਲੇ ਦੇ ਰਿਹਾਇਸ਼ੀ ਪਲਾਟ ਅਲਾਟ ਕੀਤੇ ਜਾਣ ਤੇ ਘਰ ਬਣਾਉਣ ਲਈ ਪੰਜ-ਪੰਜ ਲੱਖ ਰੁਪਏ ਦੀਆਂ ਗ੍ਰਾਂਟਾਂ ਜਾਰੀ ਕੀਤੀਆਂ ਜਾਣ, ਬੁਢਾਪਾ ਵਿਧਵਾ ਤੇ ਅੰਗਹੀਣ ਵਿਅਕਤੀਆਂ ਦੀ ਪੈਨਸ਼ਨਾਂ ਵਿੱਚ ਵਾਧਾ ਕਰਕੇ ਇਸ ਦੀ ਰਾਸ਼ੀ ਪੰਜ ਹਜ਼ਾਰ ਮਹੀਨਾ ਕੀਤੀਆਂ ਜਾਣ, ਮਜ਼ਦੂਰਾਂ ਦੇ ਬਿਜਲੀ ਦੇ ਬਿੱਲ ਮੁਆਫ਼ ਕੀਤੇ ਜਾਣ, ਵੱਡੀਆਂ-ਵੱਡੀਆਂ ਕਰਮਾਂ ਵਾਲ਼ੇ ਬਿੱਲਾਂ ਤੇ ਲਕੀਰ ਫੇਰੀ ਜਾਵੇ, ਪੁੱਟੇ ਮੀਟਰ ਦੁਬਾਰਾ ਲਾਏ ਜਾਣ, ਮੀਟਰ ਪੁੱਟਣੇ ਕੁਨੈਕਸ਼ਨ ਕੱਟਣੇ ਬੰਦ ਕੀਤੇ ਜਾਣ।

ਇਸ ਸਮੇਂ ਜਸਵਿੰਦਰ ਸਿੰਘ ਵੱਟੂ ਨੇ ਕੇਂਦਰ ਦੀ ਤਾਨਾਸ਼ਾਹੀ ਮੋਦੀ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਬਾਬਾ ਸਾਹਿਬ ਵੱਲੋਂ ਮਜ਼ਦੂਰਾਂ ਨੂੰ ਹੱਕ ਹਕੂਕ ਦੇਣ ਵਾਲੇ ਭਾਰਤੀ ਸੰਵਿਧਾਨ ਨਾਲ ਖਿਲਵਾੜ ਨਹੀਂ ਕਰਨ ਦਿੱਤਾ ਜਾਵੇਗਾ ਤੇ ਜੇਕਰ ਅਜਿਹਾ ਹੋਇਆ ਤਾਂ ਮਜ਼ਦੂਰ ਵਰਗ ਚੁੱਪ ਨਾਲ ਨਹੀਂ ਬੈਠੇਗਾ ਤੇ ਮੋਦੀ ਨੂੰ ਮੂੰਹ ਤੋੜਵਾਂ ਜਵਾਬ ਦਿੱਤਾ ਜਾਵੇਗਾ। ਇਸ ਸਮੇਂ ਮਨਰੇਗਾ ਮਜ਼ਦੂਰਾਂ ਨੇ ਡੀਸੀ ਦਫ਼ਤਰ ਤੱਕ ਰੋਸ ਮੁਜ਼ਾਹਰਾ ਵੀ ਕੀਤਾ।

## ਸ਼੍ਰੋਮਣੀ ਸ੍ਰੀ ਗੁਰੂ ਰਵਿਦਾਸ ਸਭਾ ਵੱਲੋਂ ਸਿਲਾਈ ਸੈਂਟਰ ਤੇ ਕੰਪਿਊਟਰ ਕੋਰਸ ਹੋਣਗੇ ਜਲਦ ਸ਼ੁਰੂ



**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)** ਸ਼੍ਰੋਮਣੀ ਸ੍ਰੀ ਗੁਰੂ ਰਵਿਦਾਸ ਸਭਾ (ਰਜਿ.) ਪੰਜਾਬ ਵੱਲੋਂ ਜਲਦ ਹੀ ਲੜਕੀਆਂ ਲਈ ਸਿਲਾਈ ਸੈਂਟਰ ਅਤੇ ਕਮਪਿਊਟਰ ਟ੍ਰੇਨਿਗ ਸੈਂਟਰ ਖੋਲ੍ਹਿਆ ਜਾਵੇਗਾ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਸ਼੍ਰੋਮਣੀ ਸ੍ਰੀ ਗੁਰੂ ਰਵਿਦਾਸ ਸਭਾ ਦੇ ਚੇਅਰਮੈਨ ਇੰਜੀ ਸੁਰਿੰਦਰ ਸੰਧੂ, ਪ੍ਰਧਾਨ ਇੰਜੀ ਜਗਦੀਸ਼ ਬੱਧਣ, ਜਨਰਲ ਸਕੱਤਰ ਠੇਕੇਦਾਰ ਭਗਵਾਨ ਦਾਸ ਸਿੱਧੂ ਨੇ ਕਿਹਾ ਕਿ ਸਭਾ ਦੇ ਮੁੱਖ ਦਫਤਰ ਪੰਜਾਬ ਇਨਕਲੇਬ ਪਿੱਪਲਾਂਵਾਲਾ ਵਾਲਾ ਵਿਖੇ ਲੜਕੀਆਂ ਲਈ ਟ੍ਰੇਨਿਗ ਸੈਂਟਰ ਖੋਲ੍ਹਿਆ ਜਾ ਰਿਹਾ ਹੈ, ਜਿਸ ’ਚ ਲੜਕੀਆਂ ਲਈ ਸਿਲਾਈ, ਕਢਾਈ, ਕੰਪਿਊਟਰ ਦੀ ਟ੍ਰੇਨਿਗ ਦਿੱਤੀ ਜਾਵੇਗੀ।ਉਨ੍ਹਾਂ ਕਿਹਾ ਕਿ ਸਭਾ ਵੱਲੋਂ ਚੈਰੀਟੇਬਲ ਦੇ ਸਮਾਜਿਕ ਧਾਰਮਿਕ ਕਾਰਜਾਂ ਲਈ ਜਲਦ ਹੀ ਇਕ ਉੱਚ ਪੱਧਰੀ ਮੀਟਿੰਗ ਬੁਲਾਈ ਜਾਵੇਗੀ ਜਿਸ ਵਿਚ ਦੇਸ਼ ਵਿਦੇਸ਼ ਦੇ ਬੁੱਧੀਜੀਵੀਆਂ ਤੋਂ ਵਿਚਾਰ ਲਏ ਜਾਣਗੇ ਅਤੇ ਕਾਰਜਾਂ ਦੀ ਆਰੰਭਤਾ ਕੀਤੀ ਜਾਵੇਗੀ ।

## ਅੱਜ-ਨਾਮਾ

ਪੁੱਛਿਆ ਸੁਬਹਾ ਸੀ ਆਗੂ ਨੂੰ ਕਿਸੇ ਬੇਲੀ,
ਪਾਰਟੀ ਕਹਿੰਦੇ ਤੁਸੀਂ ਜਾਓਗੇ ਛੱਡ ਬੇਲੀ।
ਪੱਠਾ ਉੱਲੂ ਦਾ ਕੌਣ ਆਹ ਕਹਿਣ ਵਾਲਾ,
ਅੱਗੋਂ ਪਿਆ ਲੀਡਰ ਅੱਖੀਆਂ ਟੱਡ ਬੇਲੀ।
ਕਹਿੰਦਾ ਆਪਾਂ ਨਹੀਂ ਹਿੱਲਾਂਗੇ ਪੈਂਤੜੇ ਤੋਂ,
ਦਿੱਤੀ ਲੱਤ ਜਿਸ ਥਾਂ ਇਕੇਰਾਂ ਗੱਡ ਬੇਲੀ।
ਚੋਲੇ ਬਦਲਣ ਦਾ ਸਾਨੂੰ ਨਹੀਂ ਸ਼ੌਕ ਬੇਲੀ,
ਚੂਸਣਾ ਕਿਸੇ ਦਾ ਦਿੱਤਾ ਨਹੀਂ ਹੱਡ ਬੇਲੀ।
ਸ਼ਾਮ ਤੀਕ ਉਹ ਲਾ ਗਿਆ ਉਲਟਬਾਜ਼ੀ,
ਰੱਖੀ ਯਾਦ ਕੁਝ ਲੱਜ ਨਹੀਂ ਸ਼ਰਮ ਬੇਲੀ।
ਪੁੱਛਿਆ ਯਾਰਾਂ ਕਿ ਮਿੱਤਰ ਜੀ ਕੀ ਕੀਤਾ,
ਕਹਿੰਦਾ ਇਹੀ ਹਨ ਰਾਜਸੀ ਕਰਮ ਬੇਲੀ।

-ਤੀਸ ਮਾਰ ਖਾਂ

## ਮੁਫ਼ਤ ਚੈੱਕਅੱਪ ਕੈਂਪ 7 ਨੂੰ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)** ਸ਼੍ਰੀ ਮਹੰਤ ਰਾਮ ਨਰਾਇਣ ਗਿਰ ਜੀ, ਤ੍ਰਿਵੈਣੀ ਗਿਰੀ ਆਸ਼ਰਮ ਦੇ ਅਸ਼ੀਰਵਾਦ ਨਾਲ ਪੁਨਰਜੋਤੀ ਆਈ ਡੋਨੇਸ਼ਨ ਸੁਸਾਇਟੀ ਦੁਆਰਾ ਤੇ ਡਾ. ਕੁਲਵੰਤ ਸਿੰਘ ਧਾਲੀਵਾਲ ਗਲੋਬਲ ਅੰਡਰ ਵਰਲਡ ਕੈਂਸਰ ਕੇਅਰ ਤੇ ਸੁਖਪਾਲ ਸਿੰਘ ਮਾਲਵਾ ਡਾਇਰੈਕਟਰ ਵਰਲਡ ਕੈਂਸ਼ਰ ਕੇਅਰ ਦੀ ਰਹਿਨੁਮਾਈ ਹੇਠ ਐਸ.ਬੀ.ਆਈ ਤੇ ਵਰਲਡ ਕੈਂਸਰ ਕੇਅਰ ਦੇ ਸਹਿਯੋਗ ਨਾਲ ਫ੍ਰੀ ਕੈਂਸਰ ਚੈੱਕਅਪ ਕੈਂਪ ਸੰਤ ਤ੍ਰਿਵੈਣੀ ਗਿਰੀ ਪੁਨਰਜੋਤੀ ਆਈ ਹਸਪਤਾਲ ਵਿਖੇ 7 ਅਪ੍ਰੈਲ ਨੂੰ ਸਵੇਰੇ 9 ਵਜੇ ਤੋਂ ਲੈ ਕੇ ਸ਼ਾਮ 4 ਵਜੇ ਤੱਕ ਲਾਇਆ ਜਾ ਰਿਹਾ ਹੈ।

ਸੁਸਾਇਟੀ ਪ੍ਰਧਾਨ ਰਾਕੇਸ਼ ਤਾਇਲ ਨੇ ਦੱਸਿਆ ਕਿ ਇਸ ਕੈਂਪ ਦੌਰਾਨ ਔਰਤਾਂ ਤੇ ਮਰਦਾਂ ਦੇ ਕੈਂਸਰ ਦੀ ਸਰੀਰਕ ਜਾਂਚ, ਔਰਤਾਂ ਦੇ ਛਾਤੀ ਦੇ ਕੈਂਸਰ ਦੀ ਜਾਂਚ ਲਈ (ਮੈਮੋਗ੍ਰਾਫ਼ੀ) ਟੈਂਸਟ, ਔਰਤਾਂ ਦੇ ਬੱਚੇਦਾਨੀ ਦੇ ਕੈਂਸਰ ਦੀ ਜਾਂਚ ਲਈ (ਪੈਪ ਸਮੀਅਰ), ਮਰਦਾਂ ਦੇ ਗਦੂਦਾਂ ਦੇ ਕੈਂਸਰ ਲਈ (ਪੀਐਸਏ) ਟੈਸਟ, ਔਰਤਾਂ ਤੇ ਮਰਦਾਂ ਦੇ ਮੂੰਹ ਦੇ ਕੈਂਸਰ ਦੀ ਜਾਂਚ, ਔਰਤਾਂ ਤੇ ਮਰਦਾਂ ਦੇ ਬਲੱਡ ਕੈਂਸ਼ਰ ਦੀ ਜਾਂਚ, ਔਰਤਾਂ ’ਤੇ ਮਰਦਾਂ ਦੇ ਸ਼ੂਗਰ ਅਤੇ ਬਲੱਡ ਪ੍ਰੈਸ਼ਰ ਟੈਸਟ, ਸ਼ੂਗਰ, ਬਲੱਡ ਪ੍ਰੈਸ਼ਰ ਸਬੰਧੀ ਮੁਫਤ ਦਵਾਈਆਂ, ਹੱਡੀਆਂ ਦੇ ਟੈਂਸਟ, ਕੈਂਸਰ ਦੇ ਮਰੀਜ਼ਾਂ ਦੇ ਇਲਾਜ ਲਈ ਸਹੀ ਸਲਾਹ ਤੇ ਆਮ ਬਿਮਾਰੀਆਂ ਸਬੰਧੀ ਸਿਹਤ ਲੋੜਵੰਦਾਂ ਨੂੰ ਮੁਫ਼ਤ ਦਵਾਈਆਂ ਦਿੱਤੀਆਂ ਜਾਣਗੀਆਂ।

# ਮੁੱਖ ਮੰਤਰੀ ਮਾਨ ਵੱਲੋਂ ਸੰਗਰੂਰ ਦੇ ਸਾਰੇ ਵਿਧਾਇਕਾਂ ਨਾਲ ਮੀਟਿੰਗ



**ਚੰਡੀਗੜ੍ਹ, (ਗੁਰਜੀਤ ਬਿੱਲਾ)** -ਮੁੱਖ ਮੰਤਰੀ ਭਗਵੰਤ ਮਾਨ ਲੋਕ ਸਭਾ ਚੋਣਾਂ ਨੂੰ ਲੈ ਕੇ ਰਣਨੀਤਕ ਮੋਡ ਵਿੱਚ ਹਨ, ਕਿਉਂਕਿ ‘ਆਪ’ ਦੀ 2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਇਤਿਹਾਸਕ ਜਿੱਤ ਅਤੇ ਪਿਛਲੇ ਦੋ ਸਾਲਾਂ ਦੀ ਪੰਜਾਬ ਵਿੱਚ ਕਾਰਗੁਜ਼ਾਰੀ ਦੇ ਅਧਾਰ ’ਤੇ ਪੰਜਾਬ ਦੀਆਂ ਸਾਰੀਆਂ 13 ਸੀਟਾਂ ’ਤੇ ਨਜ਼ਰ ਹੈ। ਪਾਰਟੀ ਆਪਣੀ ਰਵਾਇਤੀ ਲੋਕ ਸਭਾ ਸੀਟ ਸੰਗਰੂਰ ਲਈ ਜ਼ੋਰਦਾਰ ਤਿਆਰੀ ਕਰ ਰਹੀ ਹੈ। ਬੁੱਧਵਾਰ ਨੂੰ ਮੁੱਖ ਮੰਤਰੀ ਭਗਵੰਤ ਮਾਨ ਨੇ ਸੰਗਰੂਰ ਦੇ ਸਾਰੇ ਵਿਧਾਇਕਾਂ ਨਾਲ ਮੀਟਿੰਗ ਕੀਤੀ। ਮਾਨ ਨੇ ਉਨ੍ਹਾਂ ਨੂੰ ਇੱਕ ਸਕਾਰਾਤਮਕ ਮੁਹਿੰਮ ਚਲਾਉਣ ਲਈ ਕਿਹਾ, ਜਿੱਥੇ ‘ਆਪ’ ਆਗੂ ਲੋਕਾਂ ਵਿੱਚ ਜਾਣਗੇ ਅਤੇ ਉਨ੍ਹਾਂ ਨੂੰ ‘ਆਪ’ ਸਰਕਾਰ ਦੇ ਪਿਛਲੇ ਦੋ ਸਾਲਾਂ ਦੇ ਕੰਮਾਂ ਅਤੇ ਪ੍ਰਾਪਤੀਆਂ ਤੋਂ ਜਾਣੂ ਕਰਵਾਉਣਗੇ।ਭਗਵੰਤ ਮਾਨ 2014 ਅਤੇ 2019 ਵਿੱਚ ਦੋ ਵਾਰ ਸੰਗਰੂਰ ਤੋਂ ਮੈਂਬਰ ਪਾਰਲੀਮੈਂਟ ਚੁਣੇ ਗਏ ਸਨ, ਫਿਰ 2022 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਉਹ ਧੂਰੀ (ਸੰਗਰੂਰ) ਤੋਂ ਜਿੱਤ ਕੇ ਪੰਜਾਬ ਦੇ ਮੁੱਖ ਮੰਤਰੀ ਬਣੇ ਸੰਗਰੂਰ ਲੋਕ ਸਭਾ ਸੀਟ ਦੇ ਸਾਰੇ ਨੌਂ ਵਿਧਾਇਕ ਆਮ ਆਦਮੀ ਪਾਰਟੀ ਦੇ ਹਨ। ਮੀਤ ਹੇਅਰ ਨੂੰ ਵੀ ਭਰੋਸਾ ਹੈ ਕਿ ਪਾਰਟੀ ਇੱਕ ਵਾਰ ਫਿਰ ਸੰਗਰੂਰ ਵਿੱਚ ਵੱਡੀ ਜਿੱਤ ਦਰਜ ਕਰੇਗੀ।ਮੀਟਿੰਗ ’ਚ ਸੰਗਰੂਰ ਤੋਂ ‘ਆਪ’ ਦੇ ਉਮੀਦਵਾਰ ਬਰਨਾਲਾ ਤੋਂ ਵਿਧਾਇਕ ਗੁਰਮੀਤ ਸਿੰਘ ਮੀਤ ਹੇਅਰ, ਪੰਜਾਬ ਦੇ ਵਿੱਤ ਮੰਤਰੀ ਤੇ ਦਿੜ੍ਹਬਾ ਦੇ ਵਿਧਾਇਕ ਹਰਪਾਲ ਸਿੰਘ ਚੀਮਾ, ਮੰਤਰੀ ਤੇ ਸੁਨਾਮ ਤੋਂ ਵਿਧਾਇਕ ਅਮਨ ਅਰੋੜਾ, ਹਲਕਾ ਲਹਿਰਾਗਾਗਾ ਦੇ ਵਿਧਾਇਕ ਬਰਿੰਦਰ ਕੁਮਾਰ ਗੋਇਲ, ਹਲਕਾ ਭਦੌੜ ਦੇ ਵਿਧਾਇਕ ਲਾਭ ਸਿੰਘ ਉਗੋਕੇ, ਮਹਿਲ ਕਲਾਂ ਦੇ ਵਿਧਾਇਕ ਡਾ. ਕੁਲਵੰਤ ਪੰਡੋਰੀ, ਮਾਲੇਰਕੋਟਲਾ ਦੇ ਵਿਧਾਇਕ ਮੁਹੰਮਦ ਜਮੀਲ ਉਰ ਰਹਿਮਾਨ ਅਤੇ ਸੰਗਰੂਰ ਤੋਂ ਵਿਧਾਇਕ ਨਰਿੰਦਰ ਕੌਰ ਭਰਾਜ ਸ਼ਾਮਲ ਸਨ।

## ਸ੍ਰੀ ਰਾਮ ਭਵਨ ਵਿਖੇ ਹਨੂੰਮਾਨ ਚਾਲੀਸਾ ਪਾਠਾਂ ’ਚ ਉਮੜ ਰਹੇ ਸ਼ਰਧਾਲੂ

**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ/ਪੂਜਾ/ਚਾਵਲਾ/ ਪਰਮਜੀਤ ਸਿੰਘ)** ਸ਼ਹਿਰ ਦੇ ਟਿੱਬੀ ਸਾਹਿਬ ਰੋਡ ਸਥਿਤ ਸ੍ਰੀ ਰਾਮ ਭਵਨ ਵਿਖੇ ਦੇਵਭੂਮੀ ਹਰਿਦੁਆਰ ਦੇ ਅਨੰਤ ਸ੍ਰੀ ਵਿਭੂਸ਼ਤ 1008 ਮਹਾਮੰਡਲੇਸ਼ਵਰ ਸਵਾਮੀ ਸ੍ਰੀ ਕਮਲਾਨੰਦ ਗਿਰੀ ਜੀ ਮਹਾਰਾਜ ਦੀ ਪ੍ਰੇਰਣਾ ਸਦਕਾ ਹੋ ਰਹੇ ਸ੍ਰੀ ਹਨੂੰਮਾਨ ਚਾਲੀਸਾ ਪਾਠਾਂ ’ਚ ਰੋਜ਼ਾਨਾ ਵੱਡੀ ਗਿਣਤੀ ’ਚ ਧਾਰਮਿਕ, ਸਮਾਜਿਕ ਸੰਸਥਾਵਾਂ ਨਾਲ ਜੁੜੇ ਆਗੂ ਤੇ ਸਿਆਸੀ ਪਾਰਟੀਆਂ ਦੇ ਨੇਤਾ ਹਾਜ਼ਰੀ ਲਵਾ ਰਹੇ ਹਨ ਤੇ ਵੀਰ ਬਜਰੰਗ ਬਲੀ ਦਾ ਆਸ਼ੀਰਵਾਦ ਪ੍ਰਾਪਤ ਕਰ ਰਹੇ ਨੇ ਮੰਗਲਵਾਰ ਦੀ ਰਾਤ ਸਾਢੇ ਅੱਠ ਤੋਂ ਸਾਢੇ ਨੌਂ ਵਜੇ ਤੱਕ ਉਤਸਵ ਮੌਕੇ ਕੱਚਾ ਆੜ੍ਹਤੀਆ ਐਸੋਸੀਏਸ਼ਨ ਦੇ ਚੇਅਰਮੈਨ ਮੇਘਰਾਜ ਗਰਗ ਦੋਦਾ ਵਾਲੇ, ਉਨ੍ਹਾਂ ਦੇ ਬੇਟੇ ਸੁਮਿਤ ਗਰਗ, ਕਾਂਗਰਸ ਦੇ ਸਾਬਕਾ ਪ੍ਰਧਾਨ ਸੁਸ਼ੀਲ ਕੁਮਾਰ ਹੈਪੀ ਗਰਗ, ਰਾਜੇਸ਼ ਗਰਗ, ਸੁਰਿੰਦਰ ਕੁਮਾਰ ਸਮੇਤ ਹੋਰ ਆਗੂ ਵੀ ਪਹੁੰਚੇ ਤੇ ਵੀਰ ਬਜਰੰਗ ਬਲੀ ਦਾ ਅਸ਼ੀਰਵਾਦ ਪ੍ਰਾਪਤ ਕੀਤਾ।

ਇਸ ਮੌਕੇ ਸ੍ਰੀ ਹਨੂੰਮਾਨ ਚਾਲੀਸਾ ਮੰਡਲ ਵੱਲੋਂ ਚੇਅਰਮੈਨ ਡਾ. ਸੁਭਾਸ਼ ਖੁਰਾਣਾ, ਪ੍ਰਧਾਨ ਅਨਿਲ ਵਾਟਸ, ਕੈਸ਼ੀਅਰ ਦਵਿੰਦਰ ਤਾਇਲ, ਸੈਕਟਰੀ ਮੋਨੂੰ ਧਵਨ ਸਮੇਤ ਹੋਰ ਅਹੁਦੇਦਾਰਾਂ ਨੇ ਆਏ ਹੋਏ ਮਹਿਮਾਨਾਂ ਨੂੰ ਸਨਮਾਨਤ ਕੀਤਾ।ਮੰਦਰ ਦਾ ਵਿਹੜਾ ਪ੍ਰਭੂ ਸ੍ਰੀ ਰਾਮ ਚੰਦਰ ਤੇ ਵੀਰ ਬਜਰੰਗੀ ਦੇ ਜੈਕਾਰਿਆਂ ਨਾਲ ਗੂੰਜ ਉਠਿਆ।

# ਜਗਤਜੀਤ ਗਰੁੱਪ ਦਾ ਅਮਰੀਕੀ ਕੰਪਨੀ ਨਾਲ ਹੋਇਆ ਮੈਨੂਫੈਕਚਰਿੰਗ ਐਗਰੀਮੈਂਟ

**ਚੀਮਾ ਮੰਡੀ (ਰਵਿੰਦਰ ਚੀਮਾ)** ਭਾਰਤ ਹੀ ਨਹੀਂ, ਸਗੋਂ ਵਿਦੇਸ਼ਾਂ ਵਿੱਚ ਆਪਣਾ ਨਾਂਅ ਦਰਜ ਕਰਾਉਣ ਵਾਲ਼ੇ ਜਗਤਜੀਤ ਗਰੁੱਪ ਨੇ ਅਨੇਕਾਂ ਨਵੀਂ ਤਕਨੀਕ ਦੇ ਖੇਤੀਬਾੜੀ ਔਜਾਰ ਤਿਆਰ ਕਰਨ ਵਿੱਚ ਪ੍ਰਸਿੱਧੀ ਹਾਸਲ ਕੀਤੀ ਹੈ। ਲੰਘੇ ਦਿਨੀਂ ਯੂਐਸਏ ਦੀ ਐਗਰੀਕਲਚਰ ਫਰਮ ਦੇ ਇੱਕ ਵਫ਼ਦ ਨੇ ਦੌਰਾ ਕੀਤਾ, ਜਿਨ੍ਹਾਂ ਦਾ ਜਗਤਜੀਤ ਗਰੁੱਪ ਦੇ ਚੇਅਰਮੈਨ ਧਰਮ ਸਿੰਘ ਤੇ ਐਮਡੀ ਜਗਤਜੀਤ ਸਿੰਘ ਨੇ ਸਵਾਗਤ ਕੀਤਾ।ਅਮਰੀਕਾ ਤੋਂ ਆਏ ਵਫ਼ਦ ਨੇ ਜਗਤਜੀਤ ਗਰੁੱਪ ਵੱਲੋਂ ਨਵੀਂ ਤਕਨੀਕ ਨਾਲ ਕੀਤੀ ਜਾ ਰਹੀ ਵੱਖ-ਵੱਖ ਤਰ੍ਹਾਂ ਦੀ ਮਸ਼ੀਨਰੀ ਦਾ ਪੂਰੀ ਤਰ੍ਹਾਂ ਨਿਰੀਖਣ ਕੀਤਾ ਤੇ ਇਸ ਬਾਰੇ ਗਰੁੱਪ ਦੇ ਕਰਮਚਾਰੀਆਂ ਤੋਂ ਜਾਣਕਾਰੀ ਵੀ ਪ੍ਰਾਪਤ ਕੀਤੀ। ਗਰੁੱਪ ਦੇ ਜਨਰਲ ਮੈਨੇਜਰ (ਐਕਸਪੋਰਟ) ਮਿਸਟਰ ਸੂਰਜ ਨੇ ਦੱਸਿਆ ਕਿ ਅਮਰੀਕੀ ਵਫ਼ਦ ਵੱਲੋਂ ਜਗਤਜੀਤ ਗਰੁੱਪ ਵੱਲੋਂ ਕੀਤੇ ਜਾ ਰਹੇ ਕੰਮ ਨੂੰ ਦੇਖਦਿਆਂ ਭਵਿੱਖ ’ਚ ਜੁਆਇੰਟ ਵੈਂਚਰ ਭਾਵ ਆਪਸੀ ਮੈਨੂਫੈਕਚਰਿੰਗ ਐਗਰੀਮੈਂਟ ਕੀਤਾ ਗਿਆ ਹੈ।ਅਮਰੀਕੀ ਵਫ਼ਦ ਨੇ ਪੰਜਾਬ ਵਿੱਚ ਪੁੱਜਣ ’ਤੇ ਪੰਜਾਬੀਆਂ ਵੱਲੋਂ ਕੀਤੀ ਗਈ ਪ੍ਰਾਹੁਣਾਚਾਰੀ ਦੀ ਭਰਪੂਰ ਸ਼ਲਾਘਾ ਕੀਤੀ।ਇਸ ਮੌਕੇ ਜਗਤਜੀਤ ਗਰੁੱਪ ਦੇ ਸੀਈਓ ਰਾਜੇਸ਼ ਮਲਿਕ, ਜਨਰਲ ਮੈਨੇਜਰ (ਪ੍ਰਚੇਜ) ਰਾਹੁਲ ਸ਼ਰਮਾ, ਸ਼ਸ਼ੀ ਭੂਸ਼ਨ ਪਲਾਂਟ ਹੈਡ, ਅਸ਼ੋਕ ਮੈਣੀ ਸਰਵਿਸ ਹੈੱਡ ਤੇ ਕੁਲਵਿੰਦਰ ਸਿੰਘ ਪ੍ਰੋਡਕਸ਼ਨ ਹੈਡ ਤੋਂ ਇਲਾਵਾ ਹੋਰ ਕ੍ਰਮਚਾਰੀ ਵੀ ਮੌਜੂਦ ਸਨ।



# ਡਾ. ਪ੍ਰਿਤਪਾਲ ਸਿੰਘ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ’ਵਰਸਿਟੀ ਦਾ ਪ੍ਰਾਸਪੈਕਟਸ ਕੀਤਾ ਜਾਰੀ

**ਸ੍ਰੀ ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਡਾ. ਪ੍ਰਿਤਪਾਲ ਸਿੰਘ ਨੇ ਅਕਾਦਮਿਕ ਸੈਸ਼ਨ 2024-25 ਲਈ ਯੂਨੀਵਰਸਿਟੀ ਪ੍ਰਾਸਪੈਕਟਸ ਜਾਰੀ ਕੀਤਾ।ਉਨ੍ਹਾਂ ਇਸ ਗੱਲ ਦੀ ਪ੍ਰਸ਼ੰਸਾ ਕੀਤੀ ਕਿ ਯੂਨੀਵਰਸਿਟੀ ਦੇ ਅਧਿਕਾਰੀਆਂ ਤੇ ਸਟਾਫ਼ ਮੈਂਬਰਾਂ ਦੀ ਲਗਨ ਸਦਕਾ ਯੂਨੀਵਰਸਿਟੀ ਨੇ ਉੱਤਰੀ ਭਾਰਤ ਵਿੱਚ ਮਿਆਰੀ ਸਿੱਖਿਆ ਤੇ ਖੋਜ ਦੇ ਖੇਤਰ ਵਿੱਚ ਆਪਣੀ ਪਛਾਣ ਬਣਾਈ ਹੈ ਤੇ ਉੱਚ ਸਿੱਖਿਆ ਦੀ ਪ੍ਰਮੁੱਖ ਸੰਸਥਾ ਵਜੋਂ ਉੱਭਰਿਆ ਹੈ। ਉਨ੍ਹਾਂ ਨੇ ਮੁੱਲ ਆਧਾਰਤ ਮਿਆਰੀ ਸਿੱਖਿਆ ਅਤੇ ਖੋਜ ਨੂੰ ਉਤਸ਼ਾਹਤ ਕਰਨ ਲਈ ਯੂਨੀਵਰਸਿਟੀ ਦੇ ਯਤਨਾਂ ’ਤੇ ਖ਼ੁਸ਼ੀ ਪ੍ਰਗਟਾਈ।ਉਨ੍ਹਾਂ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਯੂਨੀਵਰਸਿਟੀ ਦੇ ਚਾਂਸਲਰ ਵਜੋਂ ਸਹਿਯੋਗ ਤੇ ਸਰਪ੍ਰਸਤੀ ਲਈ ਧੰਨਵਾਦ ਵੀ ਕੀਤਾ।ਡਾ. ਸਿੰਘ ਨੇ ਕਿਹਾ ਕਿ ਯੂਨੀਵਰਸਿਟੀ ਸ਼੍ਰੋਮਣੀ ਕਮੇਟੀ ਦੀ ਵਿਰਾਸਤ ਦੀ ਪਾਲਣਾ ਕਰਦੀ ਹੈ।ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਦੇ ਪ੍ਰੋ-ਚਾਂਸਲਰ ਪ੍ਰੋ. ਅਜਾਇਬ ਸਿੰਘ ਬਰਾੜ ਵਰਗੀ ਪ੍ਰੇਰਨਾਦਾਇਕ ਸ਼ਖ਼ਸੀਅਤ ਦੀ ਮੌਜੂਦਗੀ, ਅਨੁਸ਼ਾਸਨ ਤੇ ਸਖ਼ਤ ਮਿਹਨਤ ਯੂਨੀਵਰਸਿਟੀ ਦੇ ਜੀਵਨ ਦਾ ਜ਼ਰੀਆ ਬਣ ਗਈ ਹੈ।



ਡਾ. ਐਸ.ਐਸ. ਬਿਲਿੰਗ, ਡੀਨ ਅਕਾਦਮਿਕ ਮਾਮਲੇ ਨੇ ਦੱਸਿਆ ਕਿ ਅਕਾਦਮਿਕ ਉੱਤਮਤਾ ਨੂੰ ਉਤਸ਼ਾਹਿਤ ਕਰਨ ਲਈ, ਯੂਨੀਵਰਸਿਟੀ ਦੇ ਅਕਾਦਮਿਕ ਢਾਂਚੇ ਨੂੰ ਫੈਕਲਟੀ ਪ੍ਰਨਾਲੀ ’ਚ ਵੰਡਿਆ ਗਿਆ ਹੈ, ਜਿਵੇਂ ਸ੍ਰੀ ਗੁਰੂ ਗ੍ਰੰਥ ਸਾਹਿਬ ਅਧਿਐਨ, ਖੇਤੀਬਾੜੀ, ਬੇਸਿਕ ਤੇ ਅਪਲਾਈਡ ਸਾਇੰਸਜ਼, ਕਾਮਰਸ ਤੇ ਮੈਨੇਜਮੈਂਟ, ਸਿੱਖਿਆ ਅਤੇ ਸੂਚਨਾ ਵਿਗਿਆਨ, ਇੰਜਨੀਅਰਿੰਗ ਅਤੇ ਤਕਨਾਲੋਜੀ, ਭਾਸ਼ਾਵਾਂ, ਕਾਨੂੰਨ, ਪ੍ਰਦਰਸ਼ਨ ਕਲਾ, ਮੈਡੀਕਲ ਵਿਗਿਆਨ ਤੇ ਸਮਾਜਿਕ ਵਿਗਿਆਨ। ਯੂਨੀਵਰਸਿਟੀ ਦੇ ਵਿਦਿਆਰਥੀਆਂ ਨੂੰ ਆਧੁਨਿਕ ਤਕਨਾਲੋਜੀ ਲੈਸ ਲੈਬਾਂ ਰਾਹੀਂ ਅਤਿ ਆਧੁਨਿਕ ਤਕਨੀਕੀ ਬੁਨਿਆਦੀ ਢਾਂਚਾ ਪ੍ਰਦਾਨ ਕੀਤਾ ਜਾਂਦਾ ਹੈ।ਹਰ ਵਿਦਿਆਰਥੀ ਲਈ ਵਿੱਦਿਆ ਨੂੰ ਪਹੁੰਚਯੋਗ ਬਣਾਉਣ ਲਈ, ਯੂਨੀਵਰਸਿਟੀ ਸ੍ਰੀ ਗੁਰੂ ਗ੍ਰੰਥ ਸਾਹਿਬ ਸਕਾਲਰਸ਼ਿਪ ਸਕੀਮ ਤੇ ਰਾਜ ਅਤੇ ਕੇਂਦਰ ਸਰਕਾਰ ਦੀਆਂ ਵੱਖ-ਵੱਖ ਸਕਾਲਰਸ਼ਿਪ ਸਕੀਮਾਂ ਤਹਿਤ ਕਰੋੜਾਂ ਰੁਪਏ ਦੇ ਵਜ਼ੀਫੇ ਪ੍ਰਦਾਨ ਕਰਦੀ ਹੈ।

ਯੂਨੀਵਰਸਿਟੀ ਦੇ ਦਾਖਲਾ ਸੈੱਲ ਦੇ ਇੰਚਾਰਜ ਡਾ. ਸੁਰਪ੍ਰੀਤ ਸਿੰਘ ਨੇ ਆਏ ਪਤਵੰਤਿਆਂ ਦਾ ਸਹਿਯੋਗ ਅਤੇ ਹੌਸਲਾ ਅਫ਼ਜ਼ਾਈ ਲਈ ਧੰਨਵਾਦ ਕੀਤਾ।ਉਨ੍ਹਾਂ ਮੀਡੀਆ ਨੂੰ ਯੂਨੀਵਰਸਿਟੀ ਵਿੱਚ ਦਾਖ਼ਲੇ ਪ੍ਰਤੀ ਵਿਦਿਆਰਥੀਆਂ ਦੇ ਸਕਾਰਾਤਮਕ ਤੇ ਉਤਸ਼ਾਹੀ ਹੁੰਗਾਰੇ ਬਾਰੇ ਜਾਣਕਾਰੀ ਦਿੱਤੀ।

ਉਹ ਇਸ ਗੱਲ ’ਤੇ ਖੁਸ਼ ਸੀ ਕਿ ਫੈਕਲਟੀ ਦੀ ਲਗਨ ਤੇ ਸਖ਼ਤ ਮਿਹਨਤ ਦੇ ਕਾਰਨ, ਯੂਨੀਵਰਸਿਟੀ ਅਕਾਦਮਿਕ ਉੱਤਮਤਾ ਲਈ ਇੱਕ ਸ਼ਾਨਦਾਰ ਵੱਕਾਰ ਦਾ ਮਾਣ ਪ੍ਰਾਪਤ ਕਰ ਸਕਦੀ ਹੈ। ਚੋਟੀ ਦੇ ਵਿਦਿਆਰਥੀਆਂ ਤੇ ਫੈਕਲਟੀ ਮੈਂਬਰਾਂ ਨੂੰ ਆਕਰਸ਼ਤ ਕਰ ਸਕਦੀ ਹੈ।

ਰਿਲੀਜ਼ ਸਮਾਰੋਹ ਦੌਰਾਨ ਯੂਨੀਵਰਸਿਟੀ ਦੇ ਰਜਿਸਟਰਾਰ ਪ੍ਰੋ. ਤੇਜਬੀਰ ਸਿੰਘ, ਅੰਗਰੇਜ਼ੀ ਵਿਭਾਗ ਦੇ ਮੁਖੀ ਡਾ. ਅੰਕਦੀਪ ਕੌਰ ਅਟਵਾਲ ਤੇ ਸ੍ਰੀ ਜਗਜੀਤ ਸਿੰਘ ਡਿਪਟੀ ਰਜਿਸਟਰਾਰ ਹਾਜ਼ਰ ਸਨ ।

## ਜ਼ਿਲ੍ਹਾ ਫ਼ਰੀਦਕੋਟ ’ਚ ਕਣਕ ਦੀ ਸਰਕਾਰੀ ਖਰੀਦ ਦੇ ਪ੍ਰਬੰਧ ਮੁਕੰਮਲ : ਡਿਪਟੀ ਕਮਿਸ਼ਨਰ

**ਫਰੀਦਕੋਟ (ਐਲਿਗਜੈਂਡਰ ਡਿਸੂਜਾ)** ਪੰਜਾਬ ਵਿੱਚ ਕਣਕ ਦੀ ਸਰਕਾਰੀ ਖਰੀਦ 1 ਅਪ੍ਰੈਲ ਤੋਂ ਸ਼ੁਰੂ ਹੋ ਗਈ ਹੈ ਤੇ ਇਸ ਸਬੰਧੀ ਜ਼ਿਲ੍ਹੇ ਵਿੱਚ ਖਰੀਦ ਪ੍ਰਬੰਧ ਨੇਪਰੇ ਚਾੜ੍ਹੇ ਜਾ ਚੁੱਕੇ ਹਨ।ਇਸ ਸੰਬੰਧ ’ਚ ਸ੍ਰੀ ਵਿਨੀਤ ਕੁਮਾਰ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਾਲ 2023-24 ਦੌਰਾਨ 4,63,508 ਮੀਟਰਕ ਟਨ ਕਣਕ ਦੀ ਆਮਦ ਹੋਈ ਸੀ।ਉਨ੍ਹਾਂ ਦੱਸਿਆ ਕਿ ਇਸ ਵਾਰ ਵੀ ਜ਼ਿਲ੍ਹੇ ਦੀਆਂ ਕੁੱਲ 70 ਮੰਡੀਆਂ ਵਿੱਚ ਸਾਲ 2024-25 ਦੌਰਾਨ ਅੰਦਾਜ਼ਨ 4,55,000 ਮੀਟਰਕ ਟਨ ਕਣਕ ਆਮਦ ਆਉਣ ਦੀ ਹੀ ਸੰਭਾਵਨਾ ਹੈ।ਉਨ੍ਹਾਂ ਦੱਸਿਆ ਕਿ ਸਮੂਹ ਖਰੀਦ ਏਜੰਸੀਆਂ ਵਿਚਕਾਰ ਇਨ੍ਹਾਂ ਮੰਡੀਆਂ ਦੀ ਅਲਾਟਮੈਂਟ ਕਰ ਦਿੱਤੀ ਗਈ ਹੈ।ਉਨ੍ਹਾਂ ਕਿਹਾ ਕਿ ਰੱਬੀ ਸੀਜ਼ਨ 2024-25 ਦੌਰਾਨ ਖਰੀਦ ਦਾ ਸਮਾਂ 01 ਅਪ੍ਰੈਲ ਤੋਂ 31 ਮਈ ਤੱਕ ਨਿਰਧਾਰਤ ਕੀਤਾ ਹੈ।ਵਿਭਾਗ ਵੱਲੋਂ 2,275 ਰੁਪਏ ਪ੍ਰਤੀ ਕੁਇੰਟਲ ਮੁੱਲ ਨਿਰਧਾਰਿਤ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਕਣਕ ਦੀ ਖਰੀਦ ਸਬੰਧੀ ਸਾਰੇ ਪ੍ਰਬੰਧ ਮੁਕੰਮਲ ਕੀਤੇ ਜਾ ਚੁੱਕੇ ਹਨ। ਡਿਪਟੀ ਕਮਿਸ਼ਨਰ ਵੱਲੋਂ ਕਿਸਾਨਾਂ ਨੂੰ ਸੁੱਕੀ ਕਣਕ ਮੰਡੀਆਂ ਵਿੱਚ ਲਿਆਉਣ ਦੀ ਅਪੀਲ ਕਰਦਿਆਂ ਉਨ੍ਹਾਂ ਕਿਹਾ ਕਿ ਕਣਕ ਵਿੱਚ 12 ਫੀਸਦੀ ਤੋਂ ਵੱਧ ਨਮੀ ਨਹੀਂ ਹੋਣੀ ਚਾਹੀਦੀ।

## ਸਿਵਲ ਸਰਜਨ ਨੇ ਕੀਤਾ ਨੰਗਲ ਹਸਪਤਾਲ ਦਾ ਅਚਨਚੇਤ ਨਿਰੀਖਣ

**ਨੰਗਲ (ਸੁਰਜੀਤ ਸਿੰਘ)**-ਸਿਵਲ ਸਰਜਨ ਰੂਪਨਗਰ ਡਾ. ਮਨੂ ਵਿੱਜ ਵੱਲੋਂ ਸਬ ਡਵੀਜ਼ਨਲ ਹਸਪਤਾਲ ਨੰਗਲ ਦਾ ਅਚਨਚੇਤ ਨਿਰੀਖਣ ਕੀਤਾ ਗਿਆ। ਇਸ ਮੌਕੇ ਉਨ੍ਹਾ ਨਾਲ ਜ਼ਿਲ੍ਹਾ ਪਰਵਾਰ ਭਲਾਈ ਅਫ਼ਸਰ ਡਾ. ਗਾਇਤਰੀ ਦੇਵੀ ਅਤੇ ਐਸ ਐਮ ਓ ਡਾਕਟਰ ਵਿਧਾਨ ਚੰਦਰ ਮੌਜੂਦ ਸਨ।ਇਸ ਦੌਰਾਨ ਡਾ. ਮਨੂ ਵਿਜ ਵੱਲੋਂ ਜੱਚਾ ਬੱਚਾ ਵਾਰਡ ਲੇਬਰ ਰੂਮ, ਰਿਕਾਰਡ ਰੂਮ, ਲੈਬੋਰਟਰੀ, ਆਈ ਸੀ ਟੀ ਸੀ ਸੈਂਟਰ, ਓ ਪੀ ਡੀ ਵਾਰਡ ਦਾ ਦੌਰਾ ਕੀਤਾ ਗਿਆ। ਉਨ੍ਹਾ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਹਦਾਇਤ ਕੀਤੀ ਕਿ ਡਿਊਟੀ ਰੋਸਟਰ ਅਨੁਸਾਰ ਹੀ ਡਿਊਟੀ ਕੀਤੀ ਜਾਵੇ ਅਤੇ ਹਸਪਤਾਲ ਵਿੱਚ ਆਉਣ ਵਾਲੇ ਮਰੀਜ਼ਾਂ ਨਾਲ ਨਰਮੀ ਭਰਿਆ ਵਤੀਰਾ ਵਰਤਿਆ ਜਾਵੇ। ਉਨ੍ਹਾ ਹਦਾਇਤ ਕਰਦਿਆਂ ਕਿਹਾ ਕਿ ਦਵਾਈਆਂ ਅਤੇ ਹੋਰ ਜ਼ਰੂਰੀ ਵਸਤਾਂ ਦੀ ਡਿਮਾਂਡ ਜ਼ਰੂਰਤ ਅਨੁਸਾਰ ਸਬੰਧਤ ਦਫਤਰ ਨੂੰ ਭੇਜਣੀ ਸੁਨਿਸਚਿਤ ਕੀਤੀ ਜਾਵੇ। ਇਸ ਤੋਂ ਇਲਾਵਾ ਹਸਪਤਾਲ ਵਿੱਚ ਸਾਫ-ਸਫਾਈ ਦਾ ਵਿਸ਼ੇਸ਼ ਧਿਆਨ ਰੱਖਿਆ ਜਾਵੇ।ਇਸ ਮੌਕੇ ਡਾ. ਨੇਹਾ ਔਰਤਾਂ ਦੇ ਰੋਗਾਂ ਦੇ ਮਾਹਰ, ਡਾ. ਸਤਵਿੰਦਰ ਪਾਲ ਸਿੰਘ ਬੱਚਿਆਂ ਦੇ ਰੋਗਾਂ ਦੇ ਮਾਹਰ ਅਤੇ ਹਸਪਤਾਲ ਸਟਾਫ ਮੈਂਬਰ ਮੌਜੂਦ ਸਨ।

## ਮਨੂੰ ਸ਼ਰਮਾ ਵੱਲੋਂ ਦਾਦੇ ਦੀ ਯਾਦ ’ਚ ਟਰਾਲੀ ਗਊਸ਼ਾਲਾ ਨੂੰ ਭੇਟ

**ਸਮਾਣਾ (ਇਕਬਾਲ ਸਿੰਘ ਬੱਲ ਗੁਰਪਿਆਰ ਸਿੰਘ ਬੱਲ)** ਦਾਨੀ ਸੱਜਣਾਂ ਕਰਕੇ ਸਮਾਣਾ ਵਿੱਚ ਤਿੰਨ ਗਊਸ਼ਾਲਾਵਾਂ ਚੱਲ ਰਹੀਆਂ ਹਨ। ਗਊਸ਼ਾਲਾਵਾਂ ਬਹੁਤ ਸੁੰਦਰ ਬਣੀਆਂ ਹੋਈਆਂ ਹਨ।ਗਊ ਭਗਤ ਵੀ ਬਹੁਤ ਹਨ, ਜੋ ਗਊਆਂ ਦੀ ਸੇਵਾ ਲਈ ਹਮੇਸ਼ਾ ਤਤਪਰ ਰਹਿੰਦੇ ਹਨ। ਇਨ੍ਹਾਂ ਗਊ ਭਗਤਾਂ ਵਿੱਚੋਂ ਗਊ ਭਗਤ ਪੰਡਿਤ ਪਰਮਾਨੰਦ ਵੀ ਸਨ, ਜਿਨ੍ਹਾਂ ਦੀ ਯਾਦ ਵਿੱਚ ਉਨ੍ਹਾਂ ਦੇ ਪੋਤੇ ਮਨੂੰ ਸ਼ਰਮਾ ਵੱਲੋਂ ਗਾਜੀਪੁਰ ਗਊਸ਼ਾਲਾ ਦੀ ਸੇਵਾ ਵਿੱਚ ਇੱਕ ਟਰਾਲੀ ਇੱਟਾਂ ਦੀ ਭੇਟ ਕੀਤੀ।ਇਸ ਮੌਕੇ ਐਮ ਸੀ ਟਿੰਕਾ ਗਾਜੇਵਾਸ, ਲਵਲੀ ਸਾਂਦਰ, ਸੁਰਿੰਦਰ ਚਾਵਲਾ, ਅਜੇ ਬੇਕਰੀ, ਵਿੱਕੀ ਘਾਰੂ ਆਦਿ ਹਾਜ਼ਰ ਸਨ।


### ਉੱਤਰ ਰੇਲਵੇ

ਆਜ਼ਾਦੀ ਕਾ ਅੰਮ੍ਰਿਤ ਮਹੋਤਸਵ

**ਇਲੈਕਟ੍ਰੋਨਿਕ ਨਿਵਿਦਾ ਈ ਪ੍ਰਣਾਲੀ ਦੇ ਤਹਿਤ ਮਦਾਂ ਦੀ ਸਪਲਾਈ ਲਈ ਨਿਵਿਦਾ ਮੰਗ**

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਪ੍ਰਮੁਖ ਮੁੱਖ ਸਮਗਰੀ ਪ੍ਰਬੰਧਕ ਉਤਰ ਰੇਲਵੇ ਨਵੀਂ ਦਿੱਲੀ-110001 ਦੁਆਰਾ ਇਛੁਕ ਫਰਮਾਂ ਤੋਂ ਹੇਠਾਂ ਲਿਖਤ ਮਦਾਂ ਦੇ ਲਈ ਈ-ਨਿਵਿਦਾ ਦੀ ਮੰਗ ਕੀਤੀ ਜਾਂਦੀ ਹੈ:-

| ਲ. ਨੰ. | ਨਿਵਿਦਾ ਨੰ. | ਸੰਖੇਪ ਵੇਰਵਾ | ਮਾਤਰਾ | ਅੰਤਮ ਮਿਤੀ |
|---|---|---|---|---|
| 01 | 01245003 | ਡਿਜ਼ਾਈਨ, ਸਪਲਾਈ, ਇਰੀਕੇਸ਼ਨ, ਟੈਸਟਿੰਗ ਐਂਡ ਕਮਿਸ਼ਨਿੰਗ ਆਫ ਸੁਪਰਵਾਈਜ਼ਰੀ ਕੰਟ੍ਰੋਲ ਐਂਡ ਡਾਟਾ ਅਕਵੀਜੀਸ਼ਨ | 01 ਸੇਟ | 29-04-24 |
| 02 | 16244269 | ਸਿਪਨ-ਆਨ ਫਯੂਲ ਫਿਲਟਰ | 3615 ਨਗ | 02-05-04 |
| 03 | 07234075 | ਫਾਰਜਡ ਸਟੀਲ ਵਹੀਲ | 637 ਨਗ | 03-06-04 |

ਨਿਵਿਦਾ ਸ਼ਰਤਾਂ-1. ਵਿਸਤ੍ਰਿਤ ਜਾਣਕਾਰੀ IREPS ਵੈਬਸਾਈਟ ਯਾਨੀ www.ireps.gov.in’ਤੇ ਦੇਖੀ ਜਾ ਸਕਦੀ ਹੈ। 2. ਮੈਨੂੰਅਲ ਨਿਵਿਦਾ ਸਵੀਕ੍ਰਿਤ ਨਹੀਂ ਕੀਤੀ ਜਾਵੇਗੀ।

ਟੈਂਡਰ ਨੋਟਿਸ ਨੰਬਰ 01 / 2024–2025 ਤਾਰੀਕ 03.04.2024 990/2024

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


# ਦੇਸੀ ਕੱਪੜੇ ’ਤੇ ਬਰਾਂਡਿਡ ਸਟਿੱਕਰ ਲਾ ਕੇ ਠੱਗੀ ਮਾਰਨ ਵਾਲਿਆਂ ਦੀ ਭਾਲ ਜਾਰੀ

**ਧਰਮਕੋਟ (ਗੁਰਦੀਪ ਸਿੰਘ ਭੁੱਲਰ)** ਮੀਡੀਆ ਸਾਫਟਵੇਅਰ ਸਲਿਊਸ਼ਨ ਐਂਟਰੀ ਪਾਰਸੀ ਕੰਸਲਟੈਂਟ ਰਾਹੀਂ ਕਸਬਾ ਧਰਮਕੋਟ ਵਿੱਚ ਕੱਪੜਾ ਵੇਚਣ ਵਾਲੇ ਦੋ ਹਿੱਸੇਦਾਰਾਂ ਰਾਹੀਂ ਬਰਾਂਡ ਕੰਪਨੀਆਂ ਦੇ ਟੈਗ ਜਾਅਲੀ ਕੱਪੜਿਆਂ ਉੱਪਰ ਲਾ ਕੇ ਵੇਚਣ ਦੇ ਆਰੋਪ ਵਿੱਚ ਪੁਲਸ ਨੇ ਕੇਸ ਦਰਜ ਕਰਕੇ ਅੱਗੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਦੋਸ਼ੀਆਂ ਦੀ ਗ੍ਰਿਫ਼ਤਾਰੀ ਦੇ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ। ਦੋਸ਼ੀ ਗੁਦਾਮ ਤੇ ਦੁਕਾਨ ਬੰਦ ਕਰਕੇ ਫ਼ਰਾਰ ਹੋ ਗਏ ਤੇ ਗੁਦਾਮ ਦੁਕਾਨ ਦੀ ਜਾਂਚ ਕਰਨ ਤੋਂ ਬਾਅਦ ਹੀ ਪਤਾ ਚੱਲੇਗਾ ਕਿ ਕਿੰਨਾ ਨਕਲੀ ਸਮਾਨ ਦੁਕਾਨ ਤੇ ਗੁਦਾਮਾਂ ਦੇ ਅੰਦਰ ਤਿਆਰ ਕਰਕੇ ਇਨ੍ਹਾਂ ਠੱਗਾਂ ਨੇ ਰੱਖਿਆ ਹੋਇਆ ਹੈ।

ਥਾਣਾ ਧਰਮਕੋਟ ਦੇ ਏ ਐਸ ਆਈ ਜਸਵਿੰਦਰ ਸਿੰਘ ਨੇ ਦੱਸਿਆ ਕਿ ਲੁਧਿਆਣਾ ਨਿਵਾਸੀ ਹਰਮਿੰਦਰ ਸਿੰਘ ਨੇ ਪੁਲਸ ਨੂੰ ਦਿੱਤੇ ਬਿਆਨ ਵਿੱਚ ਕਿਹਾ ਕਿ ਮੀਡੀਆ ਸਾਫ਼ਟਵੇਅਰ ਸਲਿਊਸ਼ਨ ਐਂਟੀ ਪਾਰਸੀ ਕੰਸਲਟੈਂਟ ਦੇ ਬਤੌਰ ਮੈਨੇਜਰ ਦੇ ਤੌਰ ’ਤੇ ਉਹ ਕੰਮ ਕਰਦੇ ਹਨ। ਉਨ੍ਹਾਂ ਦੱਸਿਆ ਕਿ ਬਰਾਂਡਿਡ ਕੰਪਨੀਆਂ ਜ਼ਿਆਦਾ ਹੁੱਗੋਬਾਸ ਟਾਮੀ ਹੈਲ ਫਿਗਰ ਕੈਲਵਨ ਕੈਲਨ ਸੀਕੇ ਤੇ ਯੂ ਐਸ ਦੀ ਪੋਲੋ ਅਤੇ ਲਿਵਿਸ ਆਦੀ ਕੰਪਨੀ ਚੈੱਕ ਕਰਨ ਅਤੇ ਕਾਨੂੰਨੀ ਕਾਰਵਾਈ ਕਰਨ ਦਾ ਅਧਿਕਾਰ ਉਹ ਰੱਖਦੇ ਹਨ। ਉਨ੍ਹਾਂ ਦੱਸਿਆ ਕਿ 28 ਮਾਰਚ ਨੂੰ ਕਸਬਾ ਧਰਮਕੋਟ ਵਿੱਚ ਚੈਕਿੰਗ ਦੌਰਾਨ ਉਨ੍ਹਾਂ ਨੂੰ ਪਤਾ ਚੱਲਿਆ ਕਿ ਗੈਰੀ ਕਲੈਕਸ਼ਨ ਦੇ ਸੰਚਾਲਕ ਗੁਰਪ੍ਰੀਤ ਸਿੰਘ ਗੈਰੀ ਤੇ ਲਵ ਨਾਮ ਦੇ ਹਿੱਸੇਦਾਰਾਂ ਦੁਆਰਾ ਬਰਾਂਡ ਕੰਪਨੀਆਂ ਦੇ ਟੈਗ ਲਾ ਕੇ ਸ਼ਰਟ ਜੀਨ ਪਜਾਮੀ ਟਰੈਕ ਸੂਟ ਲੋਕਾਂ ਨੂੰ ਨਕਲੀ ਮਾਲ ਅਸਲੀ ਦੱਸ ਕੇ ਵੇਚਿਆ ਜਾ ਰਿਹਾ ਸੀ। ਦੁਕਾਨ ਅਤੇ ਗੋਦਾਮ ਵਿੱਚ ਛਾਪੇਮਾਰੀ ਕਰਨ ਤੇ ਵੱਡੀ ਤਾਦਾਦ ਵਿੱਚ ਨਕਲੀ ਸਮਾਨ ਬਰਾਮਦ ਹੋ ਸਕਦਾ ਹੈ, ਜਿਸ ਨੂੰ ਇਨ੍ਹਾਂ ਹਿੱਸੇਦਾਰਾਂ ਦੁਆਰਾ ਬਰਾਂਡਿਡ ਕੰਪਨੀਆਂ ਦੇ ਟੈਗ ਲਾ ਕੇ ਜਿੱਥੇ ਹਲਕੇ ਦੇ ਲੋਕਾਂ ਨਾਲ ਧੋਖਾ ਕੀਤਾ ਜਾ ਰਿਹਾ ਸੀ ਉਥੇ ਹੀ ਵਿਦੇਸ਼ਾਂ ਵਿੱਚ ਬੈਠੇ ਹਲਕੇ ਦੇ ਨੌਜਵਾਨਾਂ ਨੂੰ ਆਨਲਾਈਨ ਵੀ ਇਹਨਾਂ ਠੱਗਾਂ ਵੱਲੋਂ ਇਹੀ ਨਕਲੀ ਮਾਲ ਅਸਲੀ ਦੱਸ ਕੇ ਵਿਦੇਸ਼ਾਂ ਵਿੱਚ ਕੋਰੀਅਰ ਰਾਹੀਂ ਲਗਾਤਾਰ ਭੇਜਿਆ ਜਾ ਰਿਹਾ ਸੀ, ਜਿਸ ਨੂੰ ਦੇਖਦੇ ਹੋਏ ਪੁਲਿਸ ਨੇ ਹਰਮਿੰਦਰ ਸਿੰਘ ਦੀ ਸ਼ਿਕਾਇਤ ਉੱਤੇ 30 ਮਾਰਚ ਨੂੰ ਅਰੋਪੀ ਗੁਰਪ੍ਰੀਤ ਸਿੰਘ ਗੈਰੀ ਦੇ ਖਿਲਾਫ਼ ਧਾਰਾ 63 65 ਕਾਪੀਰਾਈਟ ਐਕਟ 1957 ਦੇ ਤਹਿਤ ਕੇਸ ਦਰਜ ਕਰ ਲਿਆ।

ਜਾਂਚ ਅਧਿਕਾਰੀਆਂ ਦਾ ਕਹਿਣਾ ਹੈ ਕਿ ਦੋਸ਼ੀਆਂ ਦੀ ਗ੍ਰਿਫ਼ਤਾਰੀ ਤੋਂ ਬਾਅਦ ਹੀ ਉਨ੍ਹਾਂ ਦੀ ਦੁਕਾਨ ਤੇ ਗਦਾਮ ਦੀ ਤਲਾਸ਼ੀ ਲੈਣ ’ਤੇ ਪਤਾ ਚੱਲ ਸਕੇਗਾ ਕਿ ਉਨ੍ਹਾਂ ਨੇ ਹੋਰ ਕਿੰਨਾ ਨਕਲੀ ਮਾਲ ਨਾਮੀ ਕੰਪਨੀਆਂ ਦੇ ਟੈਗ ਲਾ ਕੇ ਬਰਾਂਡਿਡ ਬਣਾ ਕੇ ਦੁਕਾਨਾਂ ਵਿੱਚ ਰੱਖਿਆ ਹੋਇਆ ਹੈ ਅਤੇ ਇਹ ਲੋਕ ਕਿੰਨੇ ਸਮੇਂ ਤੋਂ ਇਹ ਧੰਦਾ ਕਰ ਰਹੇ ਹਨ।ਗੈਰੀ ਕਲੈਕਸ਼ਨ ਵਾਲਿਆਂ ਦਾ ਅਸਲੀ ਸੱਚ ਸਾਹਮਣੇ ਆਉਣ ਤੇ ਹਲਕੇ ਦੇ ਲੋਕ ਖਾਸ ਕਰਕੇ ਵਿਦੇਸ਼ਾਂ ਵਿੱਚ ਬੈਠੇ ਨੌਜਵਾਨ ਵੀ ਆਪਣਾ ਮੱਥਾ ਫੜ ਕੇ ਬਹਿ ਗਏ ਹਨ, ਜਿਨ੍ਹਾਂ ਨਾਲ ਇਨ੍ਹਾਂ ਠੱਗਾਂ ਵੱਲੋਂ ਲੰਮੇ ਸਮੇਂ ਤੋਂ ਇਹ ਧੋਖਾਧੜੀ ਕੀਤੀ ਜਾ ਰਹੀ ਸੀ। ਸੁਨੀਤਾ ਰਾਣੀ ਚਾਨਣਾ ਨੂੰ ਸੁਯੋਗ ਸੇਵਾਵਾਂ ਦੀ ਵਿਦਾਇਗੀ ਦਿੱਤੀ

**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)** ਬਾਬਾ ਫ਼ਰੀਦ ਜੀ ਦੀ ਅਪਾਰ ਬਖਸ਼ਿਸ਼ ਤੇ ਸ: ਇੰਦਰਜੀਤ ਸਿੰਘ ਖਾਲਸਾ ਦੁਆਰਾ ਸੰਸਥਾਪਕ ਸੰਸਥਾ ਬਾਬਾ ਫਰੀਦ ਪਬਲਿਕ ਸਕੂਲ ਦੇ ਨਵੇਂ ਸੈਸ਼ਨ ਦੀ ਸ਼ਾਨਦਾਰ ਸ਼ੁਰੂਆਤ ਵਿੱਚ ਸਵੇਰ ਦੀ ਪ੍ਰਾਰਥਨਾ ਸਭਾ ਵਿੱਚ ਬੱਚਿਆਂ ਨੂੰ ਉਨ੍ਹਾਂ ਦੇ ਭਵਿੱਖ ਲਈ ਅਦਾਰੇ ਦੀ ਸਮੁੱਚੀ ਮੈਨੇਜਮੈਂਟ ਕਮੇਟੀ, ਪ੍ਰਿੰਸੀਪਲ ਤੇ ਅਧਿਆਪਕ ਸਾਹਿਬਾਨਾਂ ਵੱਲੋਂ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।

ਬੱਚਿਆਂ ਨਾਲ ਰੂਬਰੂ ਹੁੰਦੇ ਹੋਏ ਸੰਸਥਾ ਦੇ ਪ੍ਰਧਾਨ ਡਾ. ਗੁਰਇੰਦਰ ਮੋਹਨ ਸਿੰਘ ਤੇ ਸਿਮਰਜੀਤ ਸਿੰਘ ਸੇਖੋਂ ਨੇ ਬੱਚਿਆਂ ਨੂੰ ਮੁਬਾਰਕਬਾਦ ਦਿੰਦੇ ਹੋਏ ਕਿਹਾ ਕਿ ਅਸੀਂ ਬੱਚਿਆਂ ਦੇ ਸਰਵ-ਪੱਖੀ ਵਿਕਾਸ ਤਹਿਤ ਉਨ੍ਹਾਂ ਨੂੰ ਹਰ ਸਹੂਲਤ ਦੇਣ ਲਈ ਵਚਨਬੱਧ ਹਾਂ। ਇਸ ਤਹਿਤ ਨੌਂਵੀਂ ਤੋਂ ਬਾਰ੍ਹਵੀਂ ਜਮਾਤ ਤੱਕ ਦੀਆਂ ਜਮਾਤਾਂ ਵਿੱਚ ਨਵੇਂ ਸੈਸ਼ਨ ਵਿੱਚ ਸਮਾਰਟ ਬੋਰਡ ਮੁਹੱਈਆ ਕਰਾਏ ਗਏ ਹਨ। ਹੁਣ ਜਲਦ ਹੀ ਬੀਬੀ ਫ਼ਾਤਿਮਾ ਬਲਾਕ ਵਿੱਚ ਅਤੇ ਭਗਤ ਪੂਰਨ ਸਿੰਘ ਬਲਾਕ ਵਿੱਚ ਲਿਫ਼ਟ ਲਗਵਾਈ ਜਾ ਰਹੀ ਹੈ। ਨਾਲ ਹੀ ਉਨ੍ਹਾਂ ਕਿਹਾ ਕਿ ਉਹ ਪੂਰੀ ਕੋਸ਼ਿਸ਼ ਕਰਦੇ ਹਨ ਕਿ ਸਕੂਲ ਨੂੰ ਹੋਰ ਵੀ ਬੁਲੰਦੀਆਂ ਤੇ ਪੁਚਾਇਆ ਜਾਵੇ।ਇਸ ਤੋਂ ਇਲਾਵਾ ਵਿਦਿਆਰਥੀਆਂ ਨੂੰ ਆਰਥਿਕ ਪੱਖ ਤੋਂ ਸਹੂਲਤ ਦੇਣ ਲਈ ਉਹਨਾਂ ਦੀਆਂ ਕਿਤਾਬਾਂ ਵਿੱਚ 25% ਦੀ ਕੀਮਤ ਦੀ ਕਟੌਤੀ ਦਿੱਤੀ ਗਈ ਤਾਂ ਜੁ ਹਰੇਕ ਵਰਗ ਦਾ ਵਿਦਿਆਰਥੀ ਇਹਨਾਂ ਨੂੰ ਆਸਾਨੀ ਨਾਲ ਖ਼ਰੀਦ ਸਕੇ। ਅੱਜ ਦੀ ਇਸ ਸਭਾ ਵਿੱਚ ਸ੍ਰੀਮਤੀ ਸੁਨੀਤਾ ਰਾਣੀ ਚਾਨਣਾ, ਹਿੰਦੀ ਅਧਿਆਪਕਾਂ ਨੂੰ ਉਨ੍ਹਾਂ ਦੀਆਂ ਸੇਵਾਵਾਂ ਤੋਂ ਰਿਟਾਇਰਡ ਕਰਦੇ ਹੋਏ ਸਮੁੱਚੀ ਮੈਨੇਜਮੈਂਟ ਕਮੇਟੀ ਅਤੇ ਪ੍ਰਿੰਸੀਪਲ ਦੁਆਰਾ ਦੁਸ਼ਾਲੇ ਤੇ ਟਰਾਫ਼ੀ ਨਾਲ ਸਨਮਾਨਤ ਕੀਤਾ ਗਿਆ।

ਪ੍ਰਿੰਸੀਪਲ ਕੁਲਦੀਪ ਕੌਰ ਨੇ ਦੱਸਿਆ ਕਿ ਇਨ੍ਹਾਂ ਨੇ ਸਕੂਲ ਲਈ ਲੰਮੇ ਸਮੇਂ ਤੋਂ ਨਿਰਸਵਾਰਥ ਸੇਵਾਵਾਂ ਬੜੀ ਹੀ ਇਮਾਨਦਾਰੀ ਤੇ ਲਗਨ ਨਾਲ ਦਿੱਤੀਆਂ ਹਨ।ਉਨ੍ਹਾਂ ਦੀ ਸਕੂਲ ਲਈ ਕੀਤੀ ਅਣਥੱਕ ਸੇਵਾ ਨੂੰ ਅਸੀਂ ਹਮੇਸ਼ਾ ਯਾਦ ਰੱਖਾਂਗੇ।


### Form 23.18 (1) of PPR (Hue & Cry Notice)



Proclaimed/Offender : 1. Niraj Arora @ Niraj Thatai S/o Satpal Thatai R/o Street No. 18, South Aveneu Abhoar PS City 2 Abohar

2. Amit Kakar R/o Nature Hight Infera Limt St. No 09, Sundar Nagri, Hunumangarh Road Abohar Distt. FZK

3. Parmod Nagpal AMD R/o Nature Hight Infera Limt. St. No. 09 Sundar Nagri Hunumangarh Road Abohar Distt. FZK

Indentification : Age about 46 Year, Fair Complexion

Hight About 5’11”, Body type Slim & Active & Cut Mark on Forehead

Brif : Niraj Arora @ Niraj Thatai S/o Satpal Thatai R/o Street No. 18, South Aveneu Abohar PS City 2 Abohar and others is prime accused in Aprox in 117 cases of cheating and fraud in Punjab State, out of which one case have been Registered only in District Sri Muktsar Sahib. He has been declared Proclaimed offenders U/S 82 Cr. PC in 02 cases in PS City SMS. Apart from this. All Possible efforts have been made to arrest the said accused. But he is still at large. He is one of the most wanted accused in entire Punjab. If anyone gets any information about the said accused, Please inform on the following mobile numbers.

Note : Cash rewad of Rs. 1 Lakh will be given to anyone, who will provide the information about the above said absconding accused and name of the informer will be kept secret.

| | |
|---|---|
| Supdt. of Police (inv) SMS : | 98761-04938 |
| Deputy Supdt. of Police (S.D.) SMS | 94782-36036 |
| In-charge CIA staff SMS | 94173-30169 |
| Control Room SSP Office SMS | 80543 : 70100 |

Sd/- Sr. Supdt. of Police, SMS


# ਮੁੱਖ ਮੰਤਰੀ ਮਾਨ ਨੇ ਛੱਡਿਆ ਪੰਜਾਬ ਨੂੰ ਲਵਾਰਸ ਹਾਲਾਤ ’ਚ : ਬਿੱਟੂ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)** ਸਥਾਨਕ ਵਾਰਡ ਨੰਬਰ 25 ਵਿਖੇ ਬੋਹੜ ਸਿੰਘ ਦੇ ਗ੍ਰਹਿ ਵਿਖੇ ਸਾਬਕਾ ਵਿਧਾਇਕ ਤੇ ਹਲਕਾ ਇੰਚਾਰਜ ਕੰਵਰਜੀਤ ਸਿੰਘ ਰੋਜ਼ੀ ਬਰਕੰਦੀ ਤੇ ਜ਼ਿਲ੍ਹਾ ਪ੍ਰਧਾਨ ਮਨਜਿੰਦਰ ਸਿੰਘ ਬਿੱਟੂ ਦੀ ਅਗਵਾਈ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਹੰਗਾਮੀ ਵਰਕਰ ਮੀਟਿੰਗ ਕੀਤੀ ਗਈ।ਇਸ ਦੌਰਾਨ ਵਾਰਡ ਵਾਸੀਆਂ ਵੱਲੋਂ ਜਿਥੇ ਜ਼ਿਲ੍ਹਾ ਪ੍ਰਧਾਨ ਮਨਜਿੰਦਰ ਸਿੰਘ ਬਿੱਟੂ ਨੂੰ ਨਵੀਂ ਜ਼ਿੰਮੇਵਾਰੀ ਮਿਲਣ ’ਤੇ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ, ਉਥੇ ਹਲਕਾ ਇੰਚਾਰਜ ਰੋਜ਼ੀ ਬਰਕੰਦੀ ਨੂੰ ਜੀ ਆਇਆਂ ਆਖਿਆ ਗਿਆ।ਇਸ ਮੌਕੇ ਵਾਰਡ ਵਾਸੀਆਂ ਨਾਲ ਵਿਚਾਰਾਂ ਕਰਦਿਆਂ ਜ਼ਿਲ੍ਹਾ ਪ੍ਰਧਾਨ ਮਨਜਿੰਦਰ ਸਿੰਘ ਬਿੱਟੂ ਨੇ ਕਿਹਾ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਿੱਚ ਸ਼੍ਰੋਮਣੀ ਅਕਾਲੀ ਦਲ ਵੱਲੋਂ ਪੰਜਾਬ ਭਰ ਵਿੱਚ ਪਾਰਟੀ ਕੇਡਰ ਨੂੰ ਮਜਬੂਤ ਕਰਨ ਲਈ ਲਾਮਬੰਦ ਕੀਤਾ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਹਰ ਰੋਜ਼ ਕੋਈ ਨਾ ਕੋਈ ਲੋਕ ਵਿਰੋਧੀ ਫ਼ੈਸਲਾ ਕੀਤਾ ਜਾ ਰਿਹਾ ਹੈ, ਜਿਸ ਨਾਲ ਆਮ ਲੋਕ ਆਪਣੇ ਆਪ ਨੂੰ ਠੱਗਿਆ ਮਹਿਸੂਸ ਕਰ ਰਹੇ ਹਨ, ਕਿਉਂਕਿ ਮੁੱਖ ਮੰਤਰੀ ਭਗਵੰਤ ਮਾਨ ਸ਼ਰਾਬ ਘੋਟਾਲੇ ’ਚ ਜੇਲ੍ਹ ’ਚ ਬੰਦ ਕੇਜਰੀਵਾਲ ਨੂੰ ਬਚਾਉਣ ਦੇ ਚੱਕਰ ਵਿੱਚ ਪੰਜਾਬ ਨੂੰ ਲਵਾਰਿਸ ਹਾਲਾਤ ਵਿੱਚ ਛੱਡ ਜਨਤਾ ਨਾਲ ਵੱਡਾ ਧੋਖਾ ਕਰ ਰਹੇ ਹਨ।ਇਸ ਮੌਕੇ ਹਲਕਾ ਇੰਚਾਰਜ ਕੰਵਰਜੀਤ ਸਿੰਘ ਰੋਜ਼ੀ ਬਰਕੰਦੀ ਨੇ ਵਰਕਰਾਂ ਨੂੰ ਆਗਾਮੀ ਲੋਕ ਸਭਾ ਚੋਣਾਂ ਲਈ ਤਿਆਰੀਆਂ ਵਿੱਢਣ ਦੀ ਅਪੀਲ ਕੀਤੀ।

# ਸਰਕਾਰੀ ਪ੍ਰਾਇਮਰੀ ਸਕੂਲ ਮਾਨਾ ਪੱਤੀ ਚੀਮਾ ਮੰਡੀ ’ਚ ਕਰਾਇਆ ਸਾਲਾਨਾ ਸਮਾਗਮ

**ਚੀਮਾ ਮੰਡੀ (ਰਵਿੰਦਰ ਚੀਮਾ)** ਸਰਕਾਰੀ ਪ੍ਰਾਇਮਰੀ ਸਕੂਲ ਮਾਨਾ ਪੱਤੀ ਚੀਮਾ ਮੰਡੀ ਵਿਖੇ ਸਕੂਲ ਦਾ ਸਾਲਾਨਾ ਸੱਭਿਆਚਾਰਕ ਤੇ ਇਨਾਮ ਵੰਡ ਸਮਾਗਮ ਸਕੂਲ ਮੁਖੀ ਦਲਜੀਤ ਸਿੰਘ ਧਾਲੀਵਾਲ ਦੀ ਰਹਿਨੁਮਾਈ ਹੇਠ ਸਮੁੱਚੇ ਸਟਾਫ਼ ਦੀ ਅਗਵਾਈ ਵਿੱਚ ਕਰਾਇਆ।ਇਸ ਮੌਕੇ ਵਿਦਿਆਰਥੀਆਂ ਨੇ ਵੱਖ-ਵੱਖ ਤਰ੍ਹਾਂ ਦੀਆਂ ਸੱਭਿਆਚਾਰਕ ਵੰਨਗੀਆਂ ਪੇਸ਼ ਕਰਕੇ ਹਾਜ਼ਰੀਨ ਦਾ ਮਨੋਰੰਜਨ ਕੀਤਾ।ਵੱਖ-ਵੱਖ ਬੁਲਾਰਿਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਇਹ ਸਕੂਲ ਦਿਨੋ-ਦਿਨ ਤਰੱਕੀ ਵੱਲ ਵਧ ਰਿਹਾ ਹੈ ਕਿਉਂਕਿ ਇਸ ਸਕੂਲ ਦੇ ਬਹੁਤ ਸਾਰੇ ਵਿਦਿਆਰਥੀ ਸੂਬਾ ਪੱਧਰ ਦੀਆਂ ਖੇਡਾਂ ਵਿੱਚ ਆਪਣਾ ਨਾਂਅ ਚਮਕਾ ਚੁੱਕੇ ਹਨ।ਸਮਾਗਮ ਦੌਰਾਨ ਨਰਸਰੀ ਤੋਂ ਚੌਥੀ ਜਮਾਤ ਤੱਕ ਦੇ ਪਹਿਲੀਆਂ, ਦੂਜੀਆਂ ਤੇ ਤੀਜੀਆਂ ਪੁਜ਼ੀਸ਼ਨਾਂ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਤੋਂ ਇਲਾਵਾ ਸਟੇਟ ਤੇ ਜ਼ਿਲ੍ਹਾ ਪੱਧਰ ’ਤੇ ਨਾਮਣਾ ਖੱਟਣ ਵਾਲੇ ਵਿਦਿਆਰਥੀਆਂ ਦਾ ਸਨਮਾਨ ਕੀਤਾ ਗਿਆ।



ਸਮਾਗਮ ਦੌਰਾਨ ਕੌਂਸਲਰ ਬਹਾਦਰ ਸਿੰਘ ਸੰਧੂ, ਡਾ. ਭੀਮ ਸਿੰਘ ਭੁਕਲ, ਜਗਤਜੀਤ ਗਰੁੱਪ ਚੀਮਾ ਮੰਡੀ, ਸਰਕਾਰੀ ਸੈਕੰਡਰੀ ਸਕੂਲ ਚੀਮਾ ਦੇ ਪ੍ਰਿੰਸੀਪਲ ਹਰਿੰਦਰਪਾਲ ਕੌਰ, ਗੁਰਦੁਆਰਾ ਜਨਮ ਅਸਥਾਨ ਚੀਮਾ ਵੱਲੋਂ ਭਾਈ ਸੁਰਜੀਤ ਸਿੰਘ, ਗੁਰਦੁਆਰਾ ਨਾਨਕਸਰ ਚੀਮਾ ਦੇ ਰਿਸੀਵਰ ਜਥੇਦਾਰ ਦਰਬਾਰਾ ਸਿੰਘ, ਕਿਸਾਨ ਆਗੂ ਸੁਖਜਿੰਦਰ ਸਿੰਘ ਤੇ ਜਿੰਦਰ ਸਿੰਘ, ਬਾਬਾ ਧਰਮਾ ਸਿੰਘ, ਸਾਂਝ ਕੇਂਦਰ ਚੀਮਾ ਵੱਲੋਂ ਕੁਲਦੀਪ ਸਿੰਘ, ਅਧਿਆਪਕ ਸੁਖਜੀਤ ਸਿੰਘ, ਗਗਨਦੀਪ ਸਿੰਘ, ਹੈੱਡ ਟੀਚਰ ਕੁਲਦੀਪ ਸਿੰਘ, ਐਸਐਮਸੀ ਦੇ ਚੇਅਰਮੈਨ ਸੇਵਕ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਬੱਚਿਆਂ ਦੇ ਮਾਪੇ ਅਤੇ ਪਤਵੰਤੇ ਮੌਜੂਦ ਸਨ।ਸਕੂਲ ਮੁਖੀ ਦਲਜੀਤ ਸਿੰਘ ਧਾਲੀਵਾਲ ਨੇ ਦੱਸਿਆ ਕਿ ਇਸ ਸਮਾਗਮ ਨੂੰ ਨੇਪਰੇ ਚਾੜ੍ਹਨ ਲਈ ਸਕੂਲ ਸਟਾਫ਼ ਰਾਧਾ ਰਾਣੀ, ਗੁਰਮੀਤ ਕੌਰ, ਬੀਰਪਾਲ ਕੌਰ, ਸ਼ਿੰਦਰਪਾਲ ਕੌਰ, ਰਮਨਦੀਪ ਕੌਰ, ਅਮਨਦੀਪ ਕੌਰ, ਵੀਰਪਾਲ ਕੌਰ, ਮਧੂ ਬਾਲਾ, ਗੁਰਵਿੰਦਰ ਕੌਰ, ਕਿਰਨਪਾਲ ਕੌਰ, ਮਨਪ੍ਰੀਤ ਕੌਰ ਤੇ ਸੁਖਵਿੰਦਰ ਕੌਰ ਦਾ ਵਿਸ਼ੇਸ਼ ਯੋਗਦਾਨ ਰਿਹਾ।ਉਨ੍ਹਾਂ ਆਈਆਂ ਸ਼ਖ਼ਸੀਅਤਾਂ ਦਾ ਸਕੂਲ ਵੱਲੋਂ ਸਨਮਾਨ ਵੀ ਕੀਤਾ।


### ਉੱਤਰ ਰੇਲਵੇ

ਆਜ਼ਾਦੀ ਕਾ ਅੰਮ੍ਰਿਤ ਮਹੋਤਸਵ

**ਈ-ਨਿਵਿਦਾ ਸੂਚਨਾ**

**ਨਿਵਿਦਾ ਸੂਚਨਾ ਨੰ. 433-ਸਿਗ- ਟੀ-39-23-24**

**ਬੰਦ ਹੋਣ ਦੀ ਮਿਤੀ/ਸਮਾਂ 26.04.2024 15:00 ਵਜੇ ਮਿਤੀ: 02.04.2024**

ਸੀਨੀਅਰ ਮੰਡਲ ਸੰਕੇਤ ਅਤੇ ਦੂਰਸੰਚਾਰ ਇੰਜੀਨੀਅਰ, ਉਤਰ ਰੇਲਵੇ, ਫਿਰੋਜਪੁਰ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਟੈਂਡਰ ਨੰ. 433-ਸਿਗ/ਟੀ-39/23-24 ਈ ਟੈਂਡਰਿੰਗ ਦੇ ਮਾਧਿਅਮ ਨਾਲ ਮਿਤੀ 26.04.2024 ਨੂੰ 15:00 ਵਜੇ ਤਕ ਵੈਬਸਾਈਟ https://www.ireps.gov.in’ਤੇ ਟੈਂਡਰਾਂ ਦੀ ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਆਪਣੇ ਟੈਂਡਰ ਅਸਲੀ/ਸੰਸ਼ੋਧਿਤ ਤੈਅ ਕੀਤੇ ਗਏ ਸਮੇਂ ਅਤੇ ਮਿਤੀ ਤਕ ਜਰੂਰ ਜਮ੍ਹਾ ਕਰਾਉਣ ਇਸ ਟੈਂਡਰ ਦੇ ਤਹਿਤ ਮੈਨੂੰਅਲ ਟੈਂਡਰ ਵਰਜਿਤ ਹੈ ਅਤੇ ਜੇਕਰ ਕੋਈ ਮੈਨੂੰਅਲ ਟੈਂਡਰ ਪ੍ਰਾਪਤ ਹੋਵੇਗੀ ਤਾਂ ਉਹ ਮਾਨਯ ਨਹੀਂ ਹੋਵੇਗੀ। ਠੇਕੇਦਾਰਾਂ ਦੁਆਰਾ ਟੈਂਡਰ ਡਾਕੂਮੈਂਟ ਦੀ ਕੀਮਤ ਅਤੇ ਬਿਆਨਾ ਰਾਸ਼ੀ ਜੋ ਕਿ ਇਸ ਟੈਂਡਰ ਦੇ ਲਈ ਮਾਨਯ ਹੈ ਉਹ ਕੇਵਲ ਆਈਆਰਈਪੀਐਸ ਪੋਰਟਲ ਜਿਵੇਂ ਕਿ ਨੈਟ ਬੈਂਕਿੰਗ, ਡੈਬਿਟ ਕਾਰਡ, ਕਰੈਡਿਟ ਕਾਰਡ ਆਦਿ ਦੁਆਰਾ ਸਵੀਕ੍ਰਿਤ ਕੀਤੀ ਜਾਵੇਗੀ ਇਸ ਦੇ ਇਲਾਵਾ ਡਿਮਾਂਡ ਡ੍ਰਾਫਟ, ਬੈਂਕਰ ਚੈਕ, ਡਿਪੋਜਿਟ ਰਸੀਦ, ਐਫਡੀਆਰ ਆਦਿ ਦੇ ਮਾਧਿਅਮ ਦੁਆਰਾ ਜਮ੍ਹਾ ਕਰਵਾਈ ਗਈ ਰਾਸ਼ੀ ਮਾਨਯ ਨਹੀਂ ਹੋਵੇਗੀ।

ਐਨ.ਆਈ.ਟੀ:

| ਕੰਮ ਦਾ ਨਾਮ | ਫਿਰੋਜਪੁਰ ਮੰਡਲ ਦੇ ਬਾਨੀ ਬ੍ਰਾਹਮਨ ਅਤੇ ਸਾਹਨੇਵਾਲ ਸਟੇਸ਼ਨ ਤੇ ਸਥਾਪਿਤ ਕਯੋਸਨ ਮੇਕ ਇਲਿਕਟ੍ਰਾਨਿਕ ਇੰਟਰਲਾਕਿੰਗ ਸਿਸਟਮ ਦਾ ਤਿੰਨ ਸਾਲ ਦੇ ਲਈ ਵਿਆਪਕ ਸਲਾਨਾ ਰਖਰਖਾਅ ਕਾਂਟਰੈਕਟ। | | |
|---|---|---|---|
| ਟੈਂਡਰ ਬੰਦ ਕਰਨ ਦੀ ਮਿਤੀ ਅਤੇ ਸਮਾਂ | 26/04/2024 15:00 | ਟੈਂਡਰ ਦੀ ਅਪਲੋਡ ਕਰਨ ਦੀ ਮਿਤੀ ਅਤੇ ਸਮਾਂ | 02/04/2024 15:26 |
| ਅੰਦਾਜਨ ਲਾਗਤ | 15676871.04 | ਬਿਡਿੰਗ ਸ਼ੁਰੂ ਦੀ ਮਿਤੀ ਆਈਆਰਈਪੀਐਸ | 12/04/2024 |
| ਬਿਆਨਾ ਰਾਸ਼ੀ (ਰੁ) | 228400.00 | ਕੰਮ ਪੂਰਾ ਕਰਨ ਦਾ ਸਮਾਂ | 36 ਮਹੀਨੇ |

981/2024

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Fatehpuri
ਸੰਪਾਦਕ : ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਧਾਮੀ ਵੱਲੋਂ ਗੁਰੂ ਨਾਨਕ ਦੇਵ ਸੀਨੀਅਰ ਸੈਕੰਡਰੀ ਸਕੂਲ 'ਚ ਕੰਪਿਊਟਰ ਲੈਬ ਦਾ ਉਦਘਾਟਨ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਕੂਲਾਂ ਵਿੱਚ ਬੱਚਿਆਂ ਨੂੰ ਆਧੁਨਿਕ ਸਹੂਲਤਾਂ ਨਾਲ ਸਿੱਖਿਆ ਦੇਣ ਦੇ ਮਕਸਦ ਤਹਿਤ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਗੁਰੂ ਨਾਨਕ ਦੇਵ ਸੀਨੀਅਰ ਸੈਕੰਡਰੀ ਸਕੂਲ ਘਿਓ ਮੰਡੀ ਵਿਖੇ ਆਈਸੀਟੀ ਕੰਪਿਊਟਰ ਲੈਬ ਦਾ ਉਦਘਾਟਨ ਕੀਤਾ। ਇਸ ਮੌਕੇ ਗੱਲ ਕਰਦਿਆਂ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਵਾਲੇ ਸਕੂਲਾਂ ਵਿੱਚ ਸਿੱਖਿਆ ਦੇ ਮਿਆਰ ਨੂੰ ਹੋਰ ਬਿਹਤਰ ਬਣਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਕਾਰਜ ਲਈ ਸ਼੍ਰੋਮਣੀ ਕਮੇਟੀ ਦੇ ਬਜਟ ਵਿੱਚ ਵਿਸ਼ੇਸ਼ ਤੌਰ ਤੇ ਫੰਡ ਰੱਖੇ ਗਏ ਹਨ। ਅਧਿਆਪਕਾਂ ਨੂੰ ਆਪਣੀ ਡਿਊਟੀ ਇਮਾਨਦਾਰੀ ਨਾਲ ਨਿਭਾਉਣ ਦੀ ਪ੍ਰੇਰਨਾ ਕਰਦਿਆਂ ਧਾਮੀ ਨੇ ਕਿਹਾ ਕਿ ਚੰਗੇ ਸਮਾਜ ਦੀ ਸਿਰਜਣਾ ਵਿਚ ਅਧਿਆਪਕ ਦਾ ਵੱਡਾ ਯੋਗਦਾਨ ਹੁੰਦਾ ਹੈ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਸਮੇਂ ਦੇ ਹਾਣੀ ਬਣਾਉਣ ਲਈ ਅਧਿਆਪਕਾਂ ਨੂੰ ਯਤਨ ਕਰਦੇ ਰਹਿਣਾ ਚਾਹੀਦਾ ਹੈ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਗੁਰਮੀਤ ਸਿੰਘ ਬੂਹ, ਸ਼੍ਰੋਮਣੀ ਕਮੇਟੀ ਪ੍ਰਧਾਨ ਦੇ ਓਐੱਸਡੀ ਸਤਬੀਰ ਸਿੰਘ ਧਾਮੀ, ਸਕੱਤਰ ਵਿਦਿਆ ਸੁਖਮਿੰਦਰ ਸਿੰਘ, ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਬਲਵਿੰਦਰ ਸਿੰਘ ਕਾਹਲਵਾਂ, ਸਹਾਇਕ ਡਾਇਰੈਕਟਰ (ਸਕੂਲਜ਼) ਬੀਬੀ ਸਤਵੰਤ ਕੌਰ, ਸਕੂਲ ਦੇ ਪ੍ਰਿੰਸੀਪਲ ਬੀਬੀ ਮਨਿੰਦਰਪਾਲ ਕੌਰ, ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

# ਜ਼ਿਲ੍ਹਾ ਪੁਲਸ ਵੱਲੋਂ ਨਜਾਇਜ਼ ਸ਼ਰਾਬ ਬਰਾਮਦ, ਮਾਮਲੇ ਦਰਜ

**ਗੁਰਦਾਸਪੁਰ (ਜਨਕ ਮਹਾਜਨ)**-ਜ਼ਿਲ੍ਹਾ ਪੁਲਸ ਮੁਖੀ ਗੁਰਦਾਸਪੁਰ ਦਾਯਮਾ ਹਰੀਸ਼ ਕੁਮਾਰ ਦੇ ਦਿਸ਼ਾ ਨਿਰਦੇਸ਼ਾਂ 'ਤੇ ਪੁਲਸ ਵੱਲੋਂ ਨਸ਼ੇ ਨੂੰ ਜੜ੍ਹ ਤੋਂ ਖ਼ਤਮ ਕਰਨ ਲਈ ਚਲਾਈ ਮੁਹਿੰਮ ਤਹਿਤ ਕਾਰਵਾਈ ਕਰਦਿਆਂ ਵੱਖ-ਵੱਖ ਥਾਣਿਆਂ ਅੰਦਰ ਨਸ਼ਾਂ ਤਸਕਰਾਂ ਪਾਸੋਂ ਨਜਾਇਜ਼ ਸ਼ਰਾਬ ਬਰਾਮਦ ਕਰਕੇ, ਉਨ੍ਹਾਂ ਖ਼ਿਲਾਫ਼ ਆਬਕਾਰੀ ਐਕਟ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ। ਜਾਣਕਾਰੀ ਅਨੁਸਾਰ ਥਾਣਾ ਤਿੱਬੜ ਦੇ ਏਐੱਸਆਈ. ਗੁਰਨਾਮ ਸਿੰਘ ਨੇ ਪੁਲਸ ਪਾਰਟੀ ਸਮੇਤ ਭੈੜੇ ਪੁਰਸ਼ਾਂ ਦੇ ਸਬੰਧ ਵਿਚ ਪਿੰਡ ਪਾਹੜਾ ਨੇੜੇ ਸਟੇਡੀਅਮ ਤੋਂ ਕਵਲਜੀਤ ਸਿੰਘ ਕਵਲ ਪੁੱਤਰ ਜਗੀਰ ਸਿੰਘ ਵਾਸੀ ਪਾਹੜਾ ਨੂੰ 7500 ਐੱਮਐੱਲ ਨਜਾਇਜ਼ ਸ਼ਰਾਬ ਸਮੇਤ ਕਾਬੂ ਕੀਤਾ ਹੈ। ਇਸੇ ਤਰ੍ਹਾਂ ਥਾਣਾ ਤਿੱਬੜ ਦੇ ਏਐੱਸਆਈ ਅਜੇ ਰਾਜਨ ਨੇ ਸਮੇਤ ਪੁਲਸ ਪੁਲ ਨਹਿਰ ਬੱਬੇਹਾਲੀ ਤੋਂ ਸੁਰਿੰਦਰ ਪਾਲ ਪੁੱਤਰ ਰਾਮ ਚੰਦਰ ਵਾਸੀ ਪਾਹੜਾ ਨੂੰ 7500 ਐੱਮਐੱਲ ਨਜਾਇਜ਼ ਸ਼ਰਾਬ ਸਮੇਤ ਕਾਬੂ ਕੀਤਾ ਹੈ। ਥਾਣਾ ਦੀਨਾਨਗਰ ਦੇ ਏਐੱਸਆਈ ਨਰੇਸ਼ ਕੁਮਾਰ ਨੇ ਸਮੇਤ ਪੁਲਸ ਪਾਰਟੀ ਮੁੱਖਬਰ ਦੀ ਇਤਲਾਹ 'ਤੇ ਨੇੜੇ ਪਿੰਡ ਡੀਡਾ ਸਾਂਸੀਆਂ ਸੂਏ ਦੇ ਕੰਢੇ ਰੇਡ ਕਰਕੇ ਸੁਰਿੰਦਰ ਪੁੱਤਰ ਬੇਲੀ ਰਾਮ ਵਾਸੀ ਡੀਡਾ ਸਾਂਸੀਆਂ ਪੁਲਸ ਪਾਰਟੀ ਨੂੰ ਦੇਖ ਕੇ ਤੋਂ ਦੌੜ ਗਿਆ ਪਰ ਮੌਕੇ ਤੋਂ 6 ਡੱਬਿਆਂ ਵਿੱਚ ਪਾਈ ਹੋਈ 90 ਕਿਲੋ ਲਾਹਣ ਬ੍ਰਾਮਦ ਹੋਈ ਹੈ। ਪੁਲਸ ਇਨ੍ਹਾਂ ਸਾਰੇ ਦੋਸ਼ੀਆਂ ਖ਼ਿਲਾਫ਼ ਆਬਕਾਰੀ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਗੰਡੀਵਿੰਡ ਵਿਖੇ ਸੈਂਕੜੇ ਪਰਿਵਾਰਾਂ ਵੱਲੋਂ ਭਾਰਤੀ ਜਨਤਾ ਪਾਰਟੀ 'ਚ ਸ਼ਮੂਲੀਅਤ

**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਗੰਡੀਵਿੰਡ ਵਿਖੇ ਭਾਰਤੀ ਜਨਤਾ ਪਾਰਟੀ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਸੰਧੂ ਦੀ ਅਗਵਾਈ ਹੇਠ, ਜ਼ਿਲ੍ਹਾ ਜਨਰਲ ਸਕੱਤਰ ਸ਼ਿਵ ਕੁਮਾਰ ਸੋਨੀ ਦੇ ਉਦਮਾਂ ਸਦਕਾ ਤੇ ਨਛੱਤਰ ਸਿੰਘ ਬਨਵਾਲੀਪੁਰ ਦੀ ਪ੍ਰੇਰਨਾ ਸਦਕਾ, ਅੰਗਰੇਜ਼ ਸਿੰਘ ਦੇ ਗ੍ਰਹਿ ਵਿਖੇ ਸੈਂਕੜੇ ਪਰਿਵਾਰਾਂ ਨੇ ਵੱਖ-ਵੱਖ ਰਵਾਇਤੀ ਪਾਰਟੀਆਂ ਛੱਡ ਕੇ ਭਾਰਤੀ ਜਨਤਾ ਪਾਰਟੀ ਵਿੱਚ ਸ਼ਮੂਲੀਅਤ ਕੀਤੀ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਸੰਧੂ ਨੇ ਸ਼ਾਮਿਲ ਹੋਏ ਪਰਿਵਾਰਾਂ ਨੂੰ ਪਾਰਟੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਤੇ ਪਾਰਟੀ ਵਿੱਚ ਆਉਣ ਤੇ ਉਨ੍ਹਾਂ ਦਾ ਸਵਾਗਤ ਕੀਤਾ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਸੰਧੂ, ਜ਼ਿਲ੍ਹਾ ਜਨਰਲ ਸਕੱਤਰ ਸ਼ਿਵ ਕੁਮਾਰ ਸੋਨੀ, ਜ਼ਿਲ੍ਹਾ ਸਕੱਤਰ ਰੋਹਿਤ ਕੁਮਾਰ ਵੇਦੀ, ਹਰੀਕੇ ਸਰਕਲ ਪ੍ਰਧਾਨ ਹਰਪਾਲ ਸੋਨੀ, ਐੱਸਸੀ ਮੋਰਚਾ ਜ਼ਿਲ੍ਹਾ ਜਨਰਲ ਸਕੱਤਰ ਅਵਤਾਰ ਸਿੰਘ ਬੰਟੀ ਨੇ ਇਕੱਠ ਨੂੰ ਸੰਬੋਧਨ ਕੀਤਾ।ਇਸ ਮੌਕੇ ਸਾਬਕਾ ਮੈਂਬਰ ਗੁਰਜੰਟ ਸਿੰਘ, ਅੰਗਰੇਜ਼ ਸਿੰਘ, ਜਥੇਦਾਰ ਪਾਲ ਸਿੰਘ, ਮਲਕੀਤ ਸਿੰਘ, ਹਰਜੀਤ ਸਿੰਘ, ਡੇਵਿਡ ਮਸੀਹ, ਬਿਕਰਮਜੀਤ ਸਿੰਘ ਵਿੱਕੀ, ਰਿੰਕੂ ਸਿੰਘ, ਰੇਸ਼ਮ ਸਿੰਘ, ਦਵਿੰਦਰ ਕੌਰ, ਬਲਜਿੰਦਰ ਕੌਰ, ਗੁਰਮੀਤ ਕੌਰ, ਸਾਜਨ ਸਿੰਘ, ਹਰਜਿੰਦਰ ਕੌਰ, ਕੈਪਟਨ ਸਿੰਘ ਨਿੱਕੂ, ਹਰਨੇਕ ਸਿੰਘ,



ਕਾਰਜ ਸਿੰਘ, ਸਾਰਜ ਸਿੰਘ, ਮਹਿੰਦਰ ਸਿੰਘ, ਜਥੇਦਾਰ ਕੁਲਵੰਤ ਸਿੰਘ, ਵਿਕਰਮਜੀਤ ਸਿੰਘ ਵਿੱਕੀ, ਥੋਮਸ ਸਿੰਘ, ਗੱਜਣ ਸਿੰਘ, ਮੁਖਤਿਆਰ ਸਿੰਘ, ਲਵਪ੍ਰੀਤ ਸਿੰਘ ਲਾਡੀ, ਪ੍ਰੇਮ ਸਿੰਘ, ਬਲਦੇਵ ਸਿੰਘ, ਭਾਗ ਸਿੰਘ, ਗੁਰਲਾਲ ਸਿੰਘ, ਦਿਲਬਾਗ਼ ਸਿੰਘ, ਗੋਬਿੰਦ ਸਿੰਘ ਤੇ ਹੋਰ ਕਈ ਪਰਿਵਾਰਾਂ ਨੇ ਭਾਰਤੀ ਜਨਤਾ ਪਾਰਟੀ ਦਾ ਪੱਲਾ ਫੜਿਆ। ਇਸ ਮੌਕੇ ਜ਼ਿਲ੍ਹਾ ਜਨਰਲ ਸਕੱਤਰ (ਕਨਵੀਨਰ ਵਿਧਾਨ ਸਭਾ ਪੱਟੀ) ਸ਼ਿਵ ਕੁਮਾਰ ਸੋਨੀ, ਜ਼ਿਲ੍ਹਾ ਸਕੱਤਰ ਰੋਹਿਤ ਕੁਮਾਰ ਵੇਦੀ, ਹਰੀਕੇ ਸਰਕਲ ਪ੍ਰਧਾਨ ਹਰਪਾਲ ਸੋਨੀ, ਸਰਹਾਲੀ ਸਰਕਲ ਪ੍ਰਧਾਨ ਗੌਰਵ ਦੇਵਗਨ, ਹਰੀਕੇ ਸਰਕਲ ਜਨਰਲ ਸਕੱਤਰ ਜਥੇਦਾਰ ਮਲਕੀਤ ਸਿੰਘ ਖਾਰਾ, ਵਪਾਰ ਸੈੱਲ ਜ਼ਿਲ੍ਹਾ ਕਨਵੀਨਰ ਮੇਜਰ ਸਿੰਘ, ਸਰਹਾਲੀ ਸਰਕਲ ਜਨਰਲ ਸਕੱਤਰ ਨਛੱਤਰ ਸਿੰਘ ਬਨਵਾਲੀਪੁਰ, ਐੱਸਸੀ ਮੋਰਚਾ ਜ਼ਿਲ੍ਹਾ ਜਨਰਲ ਸਕੱਤਰ ਅਵਤਾਰ ਸਿੰਘ ਬੰਟੀ, ਸਾਬਕਾ ਸਰਪੰਚ ਹਰਦਿਆਲ ਸਿੰਘ ਖਾਰਾ, ਕੁਲਦੀਪ ਸਿੰਘ ਖਾਰਾ, ਜਥੇਦਾਰ ਕਵਲਜੀਤ ਸਿੰਘ ਨੱਥੂਪੁਰ, ਤਰਸੇਮ ਸਿੰਘ ਨੱਥੂਪੁਰ ਮਜੂਦ ਸਨ।

# ਸ੍ਰੀ ਚਰਨਛੋਹ ਗੰਗਾ ਖੁਰਾਲਗੜ੍ਹ ਵਿਖੇ ਸਮਾਗਮ 11 ਤੋਂ 14 ਤੱਕ





**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)** ਗੁਰੂ ਰਵਿਦਾਸ ਜੀ ਦੇ ਚਰਨਛੋਹ ਪ੍ਰਾਪਤ ਇਤਿਹਾਸਕ ਅਸਥਾਨ ਸ੍ਰੀ ਚਰਨਛੋਹ ਗੰਗਾ ਸੱਚਖੰਡ ਖੁਰਾਲਗੜ੍ਹ ਸਾਹਿਬ ਵਿਖੇ ਹਰ ਸਾਲ ਦੀ ਤਰ੍ਹਾਂ ਅੰਮ੍ਰਿਤ ਧਾਰਾ ਪ੍ਰਗਟ ਦਿਵਸ, ਮਹਾਤਮਾ ਜੋਤੀਬਾ ਫੂਲੇ ਅਤੇ ਡਾ. ਭੀਮ ਰਾਓ ਅੰਬੇਡਕਰ ਜਨਮ ਦਿਨ ਸਮਾਗਮ 11 ਤੋਂ 14 ਅਪ੍ਰੈਲ ਤੱਕ ਬੜੀ ਸ਼ਰਧਾ ਪੂਰਵਕ ਮਨਾਏ ਜਾ ਰਹੇ ਹਨ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸੰਤ ਸਤਵਿੰਦਰ ਹੀਰਾ ਰਾਸ਼ਟਰੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ (ਰਜਿ.) ਭਾਰਤ, ਸੰਤ ਸੁਰਿੰਦਰ ਦਾਸ ਪ੍ਰਧਾਨ ਸ੍ਰੀ ਚਰਨਛੋਹ ਗੰਗਾ ਖੁਰਾਲਗੜ੍ਹ ਸਾਹਿਬ ਨੇ ਦੱਸਿਆ ਕਿ ਦੇਸ਼ ਵਿਦੇਸ਼ ਤੋਂ ਭਾਰੀ ਗਿਣਤੀ 'ਚ ਸੰਗਤਾਂ ਇਨ੍ਹਾਂ ਸਮਾਗਮਾਂ 'ਚ ਸ਼ਾਮਲ ਹੋ ਕੇ ਸਤਿਗੁਰੂ ਰਵਿਦਾਸ ਮਹਾਰਾਜ ਜੀ ਦਾ ਅਸ਼ੀਰਵਾਦ ਪ੍ਰਾਪਤ ਕਰਨਗੀਆਂ।ਉਨ੍ਹਾਂ ਦੱਸਿਆ ਕਿ ਰਾਗੀ, ਢਾਡੀ, ਕਵੀਸ਼ਰੀ ਜਥੇ ਸੰਗਤਾਂ ਨੂੰ ਇਤਿਹਾਸ ਨਾਲ ਜੋੜਨਗੇ ਅਤੇ ਆਦਿ ਧਰਮ ਸਮਾਜ ਦੇ ਬੁੱਧੀਜੀਵੀ ਬੁਲਾਰੇ, ਪ੍ਰਚਾਰਕ, ਸੰਤ ਮਹਾਂਪੁਰਸ਼ ਸੰਗਤਾਂ ਨੂੰ ਆਦਿ ਧਰਮ ਦੇ ਮਹਾਨ ਗੁਰੂਆਂ, ਰਹਿਬਰਾਂ ਦੇ ਕ੍ਰਾਂਤੀਕਾਰੀ ਇਤਿਹਾਸ ਅਤੇ ਸਤਿਗੁਰੂ ਰਵਿਦਾਸ ਜੀ ਦੇ ਚਰਨਛੋਹ ਪ੍ਰਾਪਤ ਅਸਥਾਨਾਂ ਦਾ ਇਤਿਹਾਸ ਜਾਣੂ ਕਰਾਉਣਗੇ।ਸੰਤ ਸਤਵਿੰਦਰ ਹੀਰਾ, ਸੰਤ ਸੁਰਿੰਦਰ ਦਾਸ ਨੇ ਕਿਹਾ ਕਿ ਇਨ੍ਹਾਂ ਚਾਰ ਦਿਨ ਚੱਲਣ ਵਾਲੇ ਸਮਾਗਮਾਂ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਹਨ।

# ਲੈਕਚਰਾਰ ਕਰਨੈਲ ਸਿੰਘ ਨੂੰ ਸੇਵਾ ਮੁਕਤੀ 'ਤੇ ਦਿੱਤੀ ਸ਼ਾਨਦਾਰ ਵਿਦਾਇਗੀ ਪਾਰਟੀ

**ਗੁਰਦਾਸਪੁਰ (ਜਨਕ ਮਹਾਜਨ)**- ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਦੇ ਜੱਥੇਬੰਦਕ ਸਕੱਤਰ ਅਤੇ ਗੁਰਦਾਸਪੁਰ ਦੇ ਜ਼ਿਲ੍ਹਾ ਪ੍ਰਧਾਨ ਲੈਕਚਰਾਰ ਕਰਨੈਲ ਸਿੰਘ ਚਿੱਟੀ ਬਤੌਰ ਪੰਜਾਬੀ ਲੈਕਚਰਾਰ ਪੁਰਾਣਾ ਸ਼ਾਲਾ ਤੋਂ ਸਿੱਖਿਆ ਵਿਭਾਗ ਵਿਚ 30 ਸਾਲਾਂ ਦੀਆਂ ਬੇਦਾਗ ਅਤੇ ਸ਼ਾਨਦਾਰ ਸੇਵਾਵਾਂ ਨਿਭਾਉਣ ਉਪਰੰਤ ਸੇਵਾ ਮੁਕਤ ਹੋਏ ਹਨ ਜਿਨ੍ਹਾਂ ਨੂੰ ਸਕੂਲ ਸਟਾਫ਼ ਅਤੇ ਜਥੇਬੰਦੀਆਂ ਵਲੋਂ ਸ਼ਾਨਦਾਰ ਵਿਦਾਇਗੀ ਪਾਰਟੀ ਦਿੱਤੀ ਗਈ। ਇਹ ਸਮਾਗਮ ਗੁਰਦਾਸਪੁਰ ਦੇ ਇਕ ਨਿੱਜੀ ਰਿਜ਼ਾਰਟ ਵਿਚ ਹੋਇਆ। ਇਸ ਮੌਕੇ ਡੀਟੀਐੱਫ ਦੀ ਸਮੁੱਚੀ ਸੂਬਾ ਕਮੇਟੀ ਨੇ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ ਅਤੇ ਚਿੱਟੀ ਨੂੰ ਸ਼ੁੱਭਕਾਮਨਾਵਾਂ ਭੇਟ ਕੀਤੀਆਂ। ਇਸ ਵਿਦਾਇਗੀ ਸਮਾਰੋਹ ਵਿੱਚ ਸੂਬਾਈ ਆਗੂਆਂ ਬਲਬੀਰ ਲੌਂਗੋਵਾਲ, ਰੇਸ਼ਮ ਬਠਿੰਡਾ, ਜਸਵਿੰਦਰ ਗੋਨਿਆਣਾ, ਲਖਵੀਰ ਸਿੰਘ ਹਰੀਕੇ, ਸੀਨੀਅਰ ਮੀਤ ਪ੍ਰਧਾਨ ਸਰਵਣ ਸਿੰਘ ਔਜਲਾ, ਕੁਲਵਿੰਦਰ ਬਠਿੰਡਾ, ਜਤਿੰਦਰ ਗੋਨਿਆਣਾ, ਸਾਬਕਾ ਸੂਬਾ ਕਮੇਟੀ ਮੈਂਬਰ ਸੁਰਿੰਦਰ ਕੋਠਾ, ਸੁਖਵਿੰਦਰ ਪਾਲ ਸਮੇਤ ਵਰਗ ਚੇਤਨਾ ਦੇ ਸੰਪਾਦਕ ਯਸ਼ਪਾਲ ਖੁਮਾਣੋ, ਜ਼ਿਲ੍ਹਾ ਸਕੱਤਰ ਸੁਖਵਿੰਦਰ ਪਾਲ, ਵਿੱਤ ਸਕੱਤਰ ਸਾਹਿਬ ਸਿੰਘ, ਜੱਥੇਬੰਦਕ ਸਕੱਤਰ ਰਵੀ ਕੁਮਾਰ, ਪ੍ਰੈਸ ਸਕੱਤਰ ਰਜਨੀਸ਼ ਕੁਮਾਰ, ਮੀਤ ਪ੍ਰਧਾਨ ਪਲਵਿੰਦਰ ਸਿੰਘ ਡੇਰਾ ਬਾਬਾ ਨਾਨਕ, ਮੁੱਖ ਅਧਿਆਪਕਾ ਅਨੁਪਮ ਸ਼ਰਮਾ, ਅਨੀਤਾ ਦੇਵੀ, ਦਲਜੀਤ ਸਿੰਘ, ਵਰਿੰਦਰ ਮੋਹਨ, ਨਵਨੀਤ ਕੁਮਾਰ, ਮਨੋਜ ਕੁਮਾਰ, ਤਰਲੋਕ ਚੰਦ ਸਮੇਤ ਵੱਡੀ ਗਿਣਤੀ ਵਿੱਚ ਅਧਿਆਪਕ ਆਗੂ ਹਾਜ਼ਰ ਸਨ। ਇਸ ਮੌਕੇ ਲੈਕਚਰਾਰ ਕਰਨੈਲ ਸਿੰਘ ਵਲੋਂ ਸੂਬਾ ਕਮੇਟੀ ਨੂੰ 11000 ਰੁਪਏ ਵਿੱਤੀ ਸਹਾਇਤਾ ਅਤੇ ਜ਼ਿਲ੍ਹਾ ਕਮੇਟੀ ਗੁਰਦਾਸਪੁਰ ਨੂੰ 5000 ਰੁਪਏ ਦਿੱਤੇ ਗਏ। ਸੂਬਾ ਅਤੇ ਜਿਲ੍ਹਾ ਕਮੇਟੀ ਵਲੋਂ ਲੈਕ. ਕਰਨੈਲ ਸਿੰਘ ਨੂੰ ਸਿਰੋਪਾਉ ਅਤੇ ਮੋਮੈਂਟੋ ਦੇ ਕੇ ਸਨਮਾਨਿਤ ਕੀਤਾ ਗਿਆ।

# ਖਾਲਸਾ ਕਾਲਜ ਆਫ ਨਰਸਿੰਗ ਵਿਖੇ ਸਹੁੰ-ਚੁੱਕ ਸਮਾਗਮ ਕਰਵਾਇਆ




**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਖਾਲਸਾ ਕਾਲਜ ਆਫ਼ ਨਰਸਿੰਗ ਵੱਲੋਂ 'ਨਰਸਿੰਗ ਸਟੂਡੈਂਟਸ ਸੈਸ਼ਨ-2023' ਸਬੰਧੀ ਸਹੁੰ ਚੁੱਕ ਸਮਾਗਮ ਕਰਵਾਇਆ ਗਿਆ। ਕਾਲਜ ਪ੍ਰਿੰਸੀਪਲ ਡਾ. ਅਮਨਪ੍ਰੀਤ ਕੌਰ ਦੀ ਅਗਵਾਈ ਹੇਠ ਕਰਵਾਏ ਇਸ ਸਮਾਗਮ ਮੌਕੇ ਸ਼ਮ੍ਹਾ ਰੌਸ਼ਨ ਕਰ ਕੇ ਬੇਸਿਕ ਬੀ. ਐੱਸ. ਸੀ., ਜੀ. ਐੱਨ. ਐੱਮ. ਅਤੇ ਏ. ਐੱਨ. ਐੱਮ. ਨਾਲ ਸਬੰਧਿਤ ਵਿਦਿਆਰਥੀਆਂ ਨੂੰ ਆਪਣੇ ਕਿੱਤੇ ਨੂੰ ਇਮਾਨਦਾਰੀ, ਲਗਨ ਅਤੇ ਸੇਵਾ ਭਾਵਨਾ ਵਰਗੀ ਦੂਰਅੰਦੇਸ਼ੀ ਸੋਚ ਨਾਲ ਕਰਨ ਲਈ ਪ੍ਰਣ ਦਿਵਾਇਆ ਗਿਆ। ਇਸ ਮੌਕੇ ਪ੍ਰਿੰ: ਡਾ: ਅਮਨਪ੍ਰੀਤ ਕੌਰ ਨੇ ਤਿੰਨ 'ਐੱਚ' ਮਤਲਬ ਕਿ ਹੈਡ (ਸਿਰ), ਹਾਰਟ (ਦਿਲ) ਤੇ ਹੈਂਡ (ਹੱਥ) ਅਤੇ 6 'ਸੀ' ਯਾਨੀ ਕਿ ਕਮਪੈਸ਼ਨ (ਹਮਦਰਦੀ), ਕਮਿਊਨੀਕੇਸ਼ਨ (ਗੱਲਬਾਤ), ਕੰਪੀਟੈਨਸ (ਕਾਬਲੀਅਤ), ਕਮਿੱਟਮੈਂਟ (ਵਚਨਬੱਧਤਾ), ਕਰੇਜ਼ (ਹਿੰਮਤ) ਅਤੇ ਕੇਅਰ (ਦੇਖ-ਭਾਲ) ਦਾ ਮਤਲਬ ਸਮਝਾਉਂਦਿਆਂ ਭਾਸ਼ਣ ਦੌਰਾਨ ਵਿਸਥਾਰਪੂਰਵਕ ਗਿਆਨ ਪ੍ਰਦਾਨ ਕੀਤਾ। ਉਨ੍ਹਾਂ ਨਵੇਂ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਉਹ ਆਪਣੇ ਪੇਸ਼ੇਵਰ ਕਰੀਅਰ ਦੌਰਾਨ ਆਪਣੇ ਕੰਮ ਪ੍ਰਤੀ ਆਪਣੇ ਅੰਦਰੂਨੀ ਨੂੰ ਜਨੂੰਨ ਫ਼ਿੱਕਾ ਨਾ ਪੈਣ ਦੇਣ। ਇਸ ਮੌਕੇ ਉਨ੍ਹਾਂ ਨੇ ਫਲੋਰੈਂਸ ਨਾਈਟਿੰਗੇਲ ਦੀ ਜੀਵਨ ਸ਼ੈਲੀ ਅਤੇ ਮਨੁੱਖਤਾ ਪ੍ਰਤੀ ਸਮਰਪਣ ਬਾਰੇ ਵਿਸਥਾਰ ਸਹਿਤ ਚਾਨਣਾ ਪਾਇਆ। ਇਸ ਮੌਕੇ ਸਮਿਤਾ ਅਨੋਸ਼ ਅਤੇ ਜਸਮੀਤ ਕੌਰ ਦੁਆਰਾ ਵਿਦਿਆਰਥਣਾਂ ਨੂੰ ਰਵਾਇਤੀ ਢੰਗ ਨਾਲ 'ਲਾਈਟ ਪਾਸ' ਕੀਤਾ ਗਿਆ। ਸਮਾਗਮ ਦੀ ਸਮਾਪਤੀ ਜਸਮੀਤ ਕੌਰ ਦੇ ਧੰਨਵਾਦੀ ਮਤੇ ਨਾਲ ਕੀਤੀ ਗਈ। ਸਮਾਗਮ 'ਚ ਕਾਲਜ ਸਟਾਫ਼ ਤੋਂ ਇਲਾਵਾ ਵੱਡੀ ਗਿਣਤੀ 'ਚ ਵਿਦਿਆਰਥੀ ਹਾਜ਼ਰ ਸਨ।

# ਟਾਟਾ ਏਆਈਜੀ ਵੱਲੋਂ 'ਟਰੈਵਲ ਗਾਰਡ ਪਲੱਸ' ਪੇਸ਼

**ਚੰਡੀਗੜ੍ਹ** : ਪ੍ਰਮੁੱਖ ਜਨਰਲ ਬੀਮਾ ਪ੍ਰਦਾਤਾ ਟਾਟਾ ਏਆਈਜੀ ਜਨਰਲ ਇੰਸ਼ੋਰੈਂਸ ਕੰਪਨੀ ਲਿਮਟਿਡ ਨੇ ਟਰੈਵਲ ਗਾਰਡ ਪਲੱਸ ਲਾਂਚ ਕੀਤਾ ਹੈ। ਇੱਕ ਵਿਆਪਕ ਯਾਤਰਾ ਬੀਮਾ ਉਤਪਾਦ ਜੋ ਕਈ ਤਰ੍ਹਾਂ ਦੀਆਂ ਬੰਡਲ ਯੋਜਨਾਵਾਂ ਵਾਲੇ ਯਾਤਰੀਆਂ ਲਈ ਸੰਪੂਰਨ ਕਵਰੇਜ ਨੂੰ ਮੁੜ ਪਰਿਭਾਸ਼ਿਤ ਕਰਦਾ ਹੈ। ਟਾਟਾ ਏਆਈਜੀ ਦਾ ਟਰੈਵਲ ਗਾਰਡ ਪਲੱਸ ਵਿਸਤ੍ਰਿਤ ਯੋਜਨਾਵਾਂ ਵਾਲੇ ਲੋਕਾਂ ਦੀਆਂ ਅਲੱਗ-ਅਲੱਗ ਯਾਤਰਾ ਲੋੜਾਂ ਨੂੰ ਪੂਰਾ ਕਰਨ ਲਈ ਤਿਆਰ ਕੀਤਾ ਗਿਆ ਹੈ, ਜਿੱਥੇ ਗਾਹਕਾਂ ਦੀਆਂ ਲੋੜਾਂ ਨੂੰ ਪੂਰਾ ਕਰਨ ਲਈ 41 ਵੱਖ-ਵੱਖ ਕਿਸਮਾਂ ਦੇ ਕਵਰ ਸ਼ਾਮਲ ਕੀਤੇ ਗਏ ਹਨ। ਟਾਟਾ ਏਆਈਜੀ ਦਾ ਟਰੈਵਲ ਗਾਰਡ ਪਲੱਸ ਕਈ ਸਥਿਤੀਆਂ ਲਈ ਕਵਰੇਜ ਦੀ ਪੇਸ਼ਕਸ਼ ਕਰਦਾ ਹੈ। ਟਾਟਾ ਏਆਈਜੀ ਜਨਰਲ ਇੰਸ਼ੋਰੈਂਸ ਕੰਪਨੀ ਲਿਮਟਿਡ ਦੇ ਪ੍ਰਧਾਨ ਅਤੇ ਮੁੱਖ ਸੰਚਾਲਨ ਅਧਿਕਾਰੀ ਸੌਰਵ ਜੈਸਵਾਲ ਨੇ ਨਵੇਂ ਟਾਟਾ ਏਆਈਜੀ ਟਰੈਵਲ ਗਾਰਡ ਪਲੱਸ ਬਾਰੇ ਟਿੱਪਣੀ ਕਰਦੇ ਹੋਏ ਕਿਹਾ ਕਿ ਟਾਟਾ ਏਆਈਜੀ ਟਰੈਵਲ ਗਾਰਡ ਪਲੱਸ ਦੀ ਸ਼ੁਰੂਆਤ ਦੀ ਘੋਸ਼ਣਾ ਕਰਦੇ ਹੋਏ ਖੁਸ਼ੀ ਹੋ ਰਹੀ ਹੈ ਜੋ ਕਿ ਕੰਪਨੀ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

# ਸਕੋਡਾ ਆਟੋ ਇੰਡੀਆ ਦੇ ਭਾਰਤ 'ਚ ਡਿਜੀਟਲਾਈਜ਼ੇਸ਼ਨ ਵੱਲ ਵਧਦੇ ਕਦਮ

**ਅੰਮ੍ਰਿਤਸਰ:** ਸਕੋਡਾ ਆਟੋ ਇੰਡੀਆ ਨੇ ਆਪਣੀ ਸਭ-ਨਵੀਂ ਕੰਪੈਕਟ ਦੇ ਐਲਾਨ ਨਾਲ ਪਹਿਲਾਂ ਹੀ ਇੱਕ ਨਵੇਂ ਯੁੱਗ ਦੀ ਸ਼ੁਰੂਆਤ ਕੀਤੀ ਹੈ। ਨਵੇਂ ਯੁੱਗ ਵੱਲ ਇੱਕ ਹੋਰ ਕਦਮ ਚੁੱਕਦੇ ਹੋਏ ਕੰਪਨੀ ਨੇ ਉਪਭੋਗਤਾਵਾਂ ਦੀ ਸ਼ਮੂਲੀਅਤ ਲਈ ਕਈ ਡਿਜੀਟਲ ਗਤੀਵਿਧੀਆਂ ਸ਼ੁਰੂ ਕੀਤੀਆਂ ਹਨ, ਜਿਸ ਵਿੱਚ ਉਪਭੋਗਤਾਵਾਂ ਨੂੰ ਕੰਪਨੀ ਦੀਆਂ ਯੋਜਨਾਵਾਂ ਵਿੱਚ ਸ਼ਾਮਲ ਕੀਤਾ ਗਿਆ ਹੈ ਅਤੇ ਡਿਜੀਟਲਾਈਜ਼ੇਸ਼ਨ ਵੱਲ ਵਧਣਾ ਹੈ।

ਇਸ ਦੇ ਨਤੀਜੇ ਵਜੋਂ ਵਿਕਰੀ ਵਿੱਚ ਇੱਕ ਮਹੱਤਵਪੂਰਨ ਉਛਾਲ ਆਇਆ ਹੈ ਅਤੇ ਕੰਪਨੀ ਨੂੰ ਆਪਣੇ ਗਾਹਕਾਂ ਜਾਂ ਪ੍ਰਸ਼ੰਸਕਾਂ ਦੇ ਨੇੜੇ ਲਿਆਇਆ ਗਿਆ ਹੈ। ਸਕੋਡਾ ਆਟੋ ਇੰਡੀਆ ਦੇ ਬ੍ਰਾਂਡ ਨਿਰਦੇਸ਼ਕ ਪੇਟਰ ਜੇਨੇਬਾ ਨੇ ਕਿਹਾ ਕਿ ਸਦਾ ਬਦਲਦੇ ਡਿਜੀਟਲ ਲੈਂਡਸਕੇਪ, ਪਲੇਟਫਾਰਮ ਅਤੇ ਮਾਧਿਅਮ ਨੂੰ ਦੇਖਦੇ ਹੋਏ ਗਾਹਕ ਅਨੁਭਵ ਅਤੇ ਯਾਤਰਾ ਨੂੰ ਵਧਾਉਣ ਲਈ ਨਵੇਂ ਤਰੀਕਿਆਂ ਨੂੰ ਖੋਜਣਾ ਮਹੱਤਵਪੂਰਨ ਹੋ ਗਿਆ ਹੈ।

# ਪੰਜਾਬ ਪੁਲਸ ਤੇ ਅਰਧ-ਸੈਨਿਕ ਬਲਾਂ ਨੇ ਸੂਬੇ ਭਰ ਦੇ ਰੇਲਵੇ ਸਟੇਸ਼ਨਾਂ/ਬੱਸ ਸਟੈਂਡਾਂ 'ਤੇ ਚਲਾਈ ਤਲਾਸ਼ੀ ਮੁਹਿੰਮ

**ਚੰਡੀਗੜ੍ਹ, (ਗੁਰਜੀਤ ਬਿੱਲਾ)**—ਲੋਕ ਸਭਾ ਚੋਣਾਂ -2024 ਦੇ ਮੱਦੇਨਜ਼ਰ, ਪੰਜਾਬ ਪੁਲਸ ਨੇ ਮੰਗਲਵਾਰ ਨੂੰ ਰਾਜ ਭਰ ਦੇ ਸਾਰੇ ਰੇਲਵੇ ਸਟੇਸ਼ਨਾਂ, ਬੱਸ ਸਟੈਂਡਾਂ ਅਤੇ ਇਨ੍ਹਾਂ ਦੇ ਆਲੇ-ਦੁਆਲੇ ਇੱਕ ਵਿਸ਼ੇਸ਼ ਘੇਰਾਬੰਦੀ ਅਤੇ ਤਲਾਸ਼ੀ ਅਭਿਆਨ (ਕਾਸੋ) ਚਲਾਇਆ। ਇਹ ਅਭਿਆਨ ਪੁਲਸ ਦੇ ਡਾਇਰੈਕਟਰ ਜਨਰਲ (ਡੀ.ਜੀ.ਪੀ.) ਪੰਜਾਬ ਗੌਰਵ ਯਾਦਵ ਦੇ ਦਿਸ਼ਾ-ਨਿਰਦੇਸ਼ਾਂ 'ਤੇ ਲੋਕਾਂ ਵਿੱਚ ਪੁਲਿਸ ਦਾ ਭਰੋਸਾ ਵਧਾਉਣ ਅਤੇ ਸਮਾਜ ਵਿਰੋਧੀ ਤੱਤਾਂ 'ਤੇ ਸ਼ਿਕੰਜਾ ਕੱਸਣ ਦੇ ਹਿੱਸੇ ਵਜੋਂ ਚਲਾਇਆ ਗਿਆ । ਇਹ ਤਲਾਸ਼ੀ ਅਭਿਆਨ ਸਵੇਰੇ 11 ਵਜੇ ਤੋਂ ਦੁਪਹਿਰ 3 ਵਜੇ ਤੱਕ ਸਾਰੇ 28 ਪੁਲਿਸ ਜ਼ਿਲ੍ਹਿਆਂ ਵਿੱਚ ਇੱਕੋ ਸਮੇਂ ਚਲਾਇਆ ਗਿਆ , ਜਿਸ ਤਹਿਤ ਪੁਲਸ ਟੀਮਾਂ ਅਤੇ ਕੇਂਦਰੀ ਹਥਿਆਰਬੰਦ ਪੁਲਸ ਬਲਾਂ (ਸੀ.ਏ.ਪੀ.ਐਫ.) ਦੀਆਂ ਟੀਮਾਂ ਨੇ ਰੇਲਵੇ ਸਟੇਸ਼ਨਾਂ ਅਤੇ ਬੱਸ ਸਟੈਂਡਾਂ 'ਤੇ ਆਉਣ- ਜਾਣ ਵਾਲੇ ਲੋਕਾਂ ਦੀ ਤਲਾਸ਼ੀ ਲਈ। ਪੁਲਸ ਟੀਮਾਂ ਨੇ ਉਕਤ ਆਪ੍ਰੇਸ਼ਨ ਦੌਰਾਨ ਵਾਹਨ ਐਪ ਦੀ ਵਰਤੋਂ ਰਾਹੀਂ ਰੇਲਵੇ ਸਟੇਸ਼ਨਾਂ ਅਤੇ ਬੱਸ ਸਟੈਂਡਾਂ ਦੀ ਪਾਰਕਿੰਗ ਵਿੱਚ ਖੜ੍ਹੇ ਦੋਪਹੀਆ / ਚਾਰ ਪਹੀਆ ਵਾਹਨਾਂ ਦੀ ਚੈਕਿੰਗ ਵੀ ਕੀਤੀ।



ਸਪੈਸ਼ਲ ਡੀਜੀਪੀ ਲਾਅ ਐਂਡ ਆਰਡਰ ਅਰਪਿਤ ਸ਼ੁਕਲਾ, ਜੋ ਇਸ ਰਾਜ ਪੱਧਰੀ ਕਾਰਵਾਈ ਦੀ ਨਿੱਜੀ ਤੌਰ 'ਤੇ ਨਿਗਰਾਨੀ ਕਰ ਰਹੇ ਸਨ, ਨੇ ਕਿਹਾ ਕਿ ਇਸ ਅਭਿਆਨ ਨੂੰ ਨੇਪਰੇ ਚਾੜ੍ਹਨ ਲਈ ਸਾਰੇ ਸੀਪੀਜ਼/ਐਸਐਸਪੀਜ਼ ਨੂੰ, ਹਰੇਕ ਰੇਲਵੇ ਸਟੇਸ਼ਨ/ਬੱਸ ਸਟੈਂਡ 'ਤੇ ਗਜ਼ਟਿਡ ਅਧਿਕਾਰੀ ਦੀ ਨਿਗਰਾਨੀ ਹੇਠ ਘੱਟੋ-ਘੱਟ ਦੋ-ਦੋ ਪੁਲਸ ਟੀਮਾਂ ਤਾਇਨਾਤ ਕਰਨ ਲਈ ਕਿਹਾ ਗਿਆ ਸੀ। ਉਨ੍ਹਾਂ ਕਿਹਾ, "ਅਸੀਂ ਸਾਰੇ ਪੁਲਿਸ ਮੁਲਾਜ਼ਮਾਂ ਨੂੰ ਸਖ਼ਤੀ ਨਾਲ ਹਦਾਇਤ ਕੀਤੀ ਸੀ ਕਿ ਉਹ ਇਸ ਕਾਰਵਾਈ ਦੌਰਾਨ ਹਰ ਹਰੇਕ ਆਮੋ-ਖ਼ਾਸ ਨਾਲ ਨਿਮਰਤਾ ਨਾਲ ਪੇਸ਼ ਆਉਣ।""

ਉਨ੍ਹਾਂ ਕਿਹਾ ਕਿ ਲੋਕਾਂ ਦੀ ਘੱਟੋ-ਘੱਟ ਅਸੁਵਿਧਾ ਨੂੰ ਯਕੀਨੀ ਬਣਾਉਣ ਨੂੰ ਧਿਆਨ ਵਿੱਚ ਰੱਖਦਿਆਂ, ਸੂਬੇ ਦੇ ਵੱਖ-ਵੱਖ ਰੇਲਵੇ ਸਟੇਸ਼ਨਾਂ ਅਤੇ ਬੱਸ ਅੱਡਿਆਂ 'ਤੇ ਸ਼ੱਕੀ ਵਿਅਕਤੀਆਂ ਦੀ ਭਾਲ ਕਰਨ ਲਈ, 2000 ਤੋਂ ਵੱਧ ਪੁਲਸ ਕਰਮੀਆਂ ਦੀ ਨਫ਼ਰੀ ਵਾਲੀਆਂ 221 ਪੁਲਸ ਟੀਮਾਂ ਤਾਇਨਾਤ ਕੀਤੀਆਂ ਗਈਆਂ । ਉਨ੍ਹਾਂ ਦੱਸਿਆ ਕਿ ਸੂਬੇ ਦੇ 193 ਰੇਲਵੇ ਸਟੇਸ਼ਨਾਂ ਅਤੇ 162 ਬੱਸ ਅੱਡਿਆਂ 'ਤੇ ਚਲਾਏ ਗਏ ਇਸ ਤਲਾਸ਼ੀ ਅਭਿਆਨ ਦੌਰਾਨ 3851 ਤੋਂ ਵੱਧ ਸ਼ੱਕੀ ਵਿਅਕਤੀਆਂ ਦੀ ਤਲਾਸ਼ੀ ਲਈ ਗਈ ਅਤੇ ਵਾਹਨ ਐਪ ਦੀ ਵਰਤੋਂ ਕਰਕੇ ਪੁਲਿਸ ਟੀਮਾਂ ਨੇ ਰੇਲਵੇ ਸਟੇਸ਼ਨਾਂ ਅਤੇ ਬੱਸ ਸਟੈਂਡਾਂ ਦੀ ਪਾਰਕਿੰਗ 'ਚ ਖੜ੍ਹੇ 3002 ਵਾਹਨਾਂ ਦੀ ਚੈਕਿੰਗ ਵੀ ਕੀਤੀ । ਜ਼ਿਕਰਯੋਗ ਹੈ ਕਿ ਪੰਜਾਬ ਪੁਲਿਸ ਵੱਲੋਂ ਗੈਰ-ਜ਼ਮਾਨਤੀ ਵਾਰੰਟ (ਐਨ.ਬੀ.ਡਬਲਿਊਜ਼) ਲਾਗੂ ਕਰਨ ਲਈ ਵੀ ਮੁਹਿੰਮ ਸ਼ੁਰੂ ਕੀਤੀ ਗਈ ਹੈ। ਸਪੈਸ਼ਲ ਡੀ.ਜੀ.ਪੀ. ਨੇ ਕਿਹਾ ਕਿ ਆਦਰਸ਼ ਚੋਣ ਜ਼ਾਬਤਾ ਲਾਗੂ ਹੋਣ ਉਪਰੰਤ ਪੰਜਾਬ ਪੁਲਿਸ ਵੱਲੋਂ 1717 ਗੈਰ-ਜ਼ਮਾਨਤੀ ਵਾਰੰਟ ਲਾਗੂ ਕਰਵਾਏ ਗਏ ਹਨ। ਉਨ੍ਹਾਂ ਕਿਹਾ ਕਿ ਪੰਜਾਬ ਪੁਲਸ ਨੇ ਅੰਤਰ-ਰਾਜੀ ਸਰਹੱਦਾਂ 'ਤੇ ਅਪਰਾਧੀਆਂ, ਗੈਰ-ਕਾਨੂੰਨੀ ਸ਼ਰਾਬ ਅਤੇ ਨਸ਼ਾ ਤਸਕਰਾਂ ਦੀਆਂ ਗਤੀਵਿਧੀਆਂ ਤੇ ਤਿੱਖੀ ਨਜ਼ਰ ਰੱਖਣ ਲਈ ਵਿਆਪਕ ਰਣਨੀਤੀ ਤਿਆਰ ਕੀਤੀ ਹੈ। ਉਨ੍ਹਾਂ ਕਿਹਾ ਕਿ ਸੀਪੀਜ਼/ਐਸਐਸਪੀਜ਼ ਨੂੰ ਪਹਿਲਾਂ ਹੀ ਸੂਬੇ ਭਰ ਵਿੱਚ ਵਿਸ਼ੇਸ਼ ਨਾਕੇ ਲਗਾਉਣ ਅਤੇ ਗਸ਼ਤ-ਪਾਰਟੀਆਂ ਨੂੰ ਆਪੋ-ਆਪਣੇ ਅਧਿਕਾਰ ਖੇਤਰਾਂ ਵਿੱਚ ਸਮਾਜ ਵਿਰੋਧੀ ਤੱਤਾਂ 'ਤੇ ਨਜ਼ਰ ਰੱਖਣ ਲਈ ਨਿਰਦੇਸ਼ ਦਿੱਤੇ ਗਏ ਹਨ।

# ਲੋਕਲ ਬਾਡੀ ਸੈੱਲ ਬੀ ਜੇ ਪੀ ਦੀ ਮੀਟਿੰਗ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਮੁਹੱਲਾ ਨੀਲਕੰਠ ਵਿਖੇ ਸਾਬਕਾ ਮੰਤਰੀ ਤੀਕਸ਼ਨ ਸੂਦ, ਸਾਬਕਾ ਮੇਅਰ ਸ਼ਿਵ ਸੂਦ ਅਤੇ ਜਨਰਲ ਸਕੱਤਰ ਬੀ.ਜੇ.ਪੀ. ਸੁਰੇਸ਼ ਭਾਟੀਆ ਲੋਕਲ ਬਾਡੀ ਸੈਲ ਬੀ.ਜੇ.ਪੀ. ਦੀ ਮੀਟਿੰਗ ਵਿੱਚ ਪੁੱਜੇ। ਇਸ ਮੌਕੇ ਲੋਕਲ ਬਾਡੀ ਸੈਲ ਪੰਜਾਬ ਦੇ ਵਾਈਸ ਪ੍ਰਧਾਨ ਕਰਮਵੀਰ ਬਾਲੀ ਦੀ ਪ੍ਰਧਾਨਗੀ ਵਿੱਚ ਉਨ੍ਹਾਂ ਦਾ ਸਵਾਗਤ ਕੀਤਾ ਗਿਆ। ਮੀਟਿੰਗ ਦਾ ਵਿਸ਼ਾ ਸੀ ਇਸ ਵਾਰ 400 ਪਾਰ ਅਤੇ ਆਪਣਾ ਇਕ-ਇਕ ਕੀਮਤੀ ਵੋਟ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਪੱਖ ਵਿੱਚ ਪਾ ਕੇ ਉਨਾਂ ਦੇ ਹੱਥਾਂ ਨੂੰ ਮਜ਼ਬੂਤ ਕਰਨਾ ਸੀ। ਇਸ ਮੌਕੇ ਵਾਰਡ ਨੰਬਰ 50 ਦੇ ਪ੍ਰਧਾਨ ਵਿਜੈ ਕੁਮਾਰ ਨੂੰ ਫੁੱਲਾਂ ਦਾ ਮਾਲਾ ਪਹਿਨਾ ਕੇ ਸਵਾਗਤ ਕੀਤਾ ਗਿਆ। ਇਸ ਮੌਕੇ ਤੇ ਕਰਮਵੀਰ ਬਾਲੀ ਨੇ ਕਿਹਾ ਕਿ ਵੋਟ ਦਾ ਅਧਿਕਾਰ ਸਾਰਿਆਂ ਨੂੰ ਇਕੋ ਜਿਹਾ ਹੈ।ਵੋਟ ਪਾਉਣ ਤੋਂ ਪਹਿਲਾਂ ਲਾਲਚ ਵਿੱਚ ਨਾ ਆਓ। ਵੋਟ ਮੇਹਨਤੀ, ਇਮਾਨਦਾਰ ਅਤੇ ਜਨਤਾ ਦੇ ਸੇਵਕ ਨੂੰ ਹੀ ਪਾਓ। ਇਸ ਮੌਕੇ ਤੇ ਨਵਲ ਕਿਸ਼ੋਰ ਕਾਲੀਆ, ਨਰਿੰਦਰ ਸਿੰਘ, ਨਰੇਸ਼ ਕੁਮਾਰ, ਪ੍ਰਵੀਨ ਕੁਮਾਰੀ, ਬਲਵੀਰ ਕੌਰ, ਸੀਮਾ ਰਾਣੀ, ਭੋਲਾ ਰਾਣੀ, ਡਾ:ਪ੍ਰਵੀਨ ਕੁਮਾਰ, ਯਕੂਬ ਆਦਿ ਹਾਜ਼ਰ ਸਨ।

# ਵਿੱਤੀ ਸਾਲ 23-24 'ਚ ਔਡੀ ਇੰਡੀਆ ਵੱਲੋਂ 33 ਫੀਸਦੀ ਵਾਧਾ ਦਰਜ

**ਚੰਡੀਗੜ੍ਹ** : ਔਡੀ ਜਰਮਨ ਲਗਜ਼ਰੀ ਕਾਰ ਨਿਰਮਾਤਾ ਕੰਪਨੀ ਨੇ ਵਿੱਤੀ ਸਾਲ 23-24 ਵਿੱਚ ਕੁੱਲ 33% ਵਾਧਾ ਦਰਜ ਕਰਦੇ ਹੋਏ 7,027 ਯੂਨਿਟਾਂ ਦਾ ਰਿਟੇਲ ਕੀਤਾ ਹੈ। ਬ੍ਰਾਂਡ ਨੇ 1,046 ਯੂਨਿਟਾਂ ਦੀ ਰਿਟੇਲ ਕੀਤੀ ਹੈ ਕਿਉਂਕਿ 2024 ਵਿੱਚ ਪਿਛਲੇ ਸਾਲ ਦੀ ਸਾਮਾਨ ਮਿਆਦ ਦੇ ਮੁਕਾਬਲੇ ਵਿਕਰੀ ਵਿੱਚ ਮਹੱਤਵਪੂਰਨ ਚੁਣੌਤੀਆਂ ਦਾ ਸਾਹਮਣਾ ਕਰਦੇ ਹੋਏ ਮੁੱਖ ਤੌਰ 'ਤੇ ਸਪਲਾਈ ਚੇਨ ਵਿਘਨ ਦੇ ਕਾਰਨ ਔਡੀ ਇੰਡੀਆ ਦੇ ਮੁਖੀ ਬਲਬੀਰ ਸਿੰਘ ਢਿੱਲੋਂ ਨੇ ਦੱਸਿਆ ਕਿ ਅਸੀਂ ਵਿਭਿੰਨ ਪੋਰਟਫੋਲੀਓ ਦੇ ਪਿੱਛੇ ਵਿੱਤੀ ਸਾਲ 23-24 ਵਿੱਚ 33% ਦੀ ਮਜ਼ਬੂਤ ਵਾਧਾ ਦੇਖਿਆ ਹੈ। ਸਾਡਾ ਉਤਪਾਦ ਪੋਰਟਫੋਲੀਓ ਮਜ਼ਬੂਤ ਮੰਗ ਦਾ ਗਵਾਹ ਬਣ ਰਿਹਾ ਹੈ ਅਤੇ ਅਸੀਂ ਸਪਲਾਈ ਦੀਆਂ ਚੁਣੌਤੀਆਂ ਨੂੰ ਦੂਰ ਕਰਨ ਲਈ ਤਿਆਰ ਹਾਂ। ਲਗਜ਼ਰੀ ਮਾਰਕੀਟ ਵਿੱਚ ਚੱਲ ਰਹੇ ਵਾਧੇ ਦੇ ਬਾਵਜੂਦ, ਜੋ ਕਿ 2023 ਵਿੱਚ ਰਿਕਾਰਡ ਤੋੜ ਵਿਕਰੀ ਕਾਰਨ ਘੱਟ ਰਹੀ ਹੈ, ਸਾਨੂੰ 2024 ਵਿੱਚ ਉਦਯੋਗ ਦੀ 50,000 ਕਾਰਾਂ ਨੂੰ ਪਾਰ ਕਰਨ ਦੀ ਸੰਭਾਵਨਾ ਬਾਰੇ ਭਰੋਸਾ ਹੈ।

# ਸੜਕ ਕੰਢੇ ਲੱਗੇ ਬਿਜਲੀ ਦੇ ਪੋਲ ਦੇ ਰਹੇ ਨੇ ਹਾਦਸਿਆਂ ਨੂੰ ਸੱਦਾ, ਮਹਿਕਮਾ ਸੁੱਤਾ ਕੁੰਭਕਰਨੀ ਨੀਂਦ

**ਗੁਰਦਾਸਪੁਰ, (ਜਨਕ ਮਹਾਜਨ)**-ਜਹਾਜ਼ ਚੌਂਕ ਗੁਰਦਾਸਪੁਰ ਤੋਂ ਪੰਚਾਇਤ ਭਵਨ ਨੂੰ ਜਾਂਦੀ ਸੜਕ ਵਿਚਕਾਰ ਬਿਜਲੀ ਦੇ ਸੀਮੈਂਟ ਵਾਲੇ ਪੋਲ ਲੱਗੇ ਹੋਣ ਕਾਰਨ ਇਕ ਤਾਂ ਸੜਕ ਦੀ ਚੌੜਾਈ ਘੱਟ ਗਈ ਹੈ, ਦੂਜੇ ਹਰ ਵੇਲੇ ਕੋਈ ਹਾਦਸਾ ਹੋਣ ਦਾ ਡਰ ਬਣਿਆ ਰਹਿੰਦਾ ਹੈ। ਇਹ ਸਭ ਕੁਝ ਲੋਕ ਨਿਰਮਾਣ ਵਿਭਾਗ ਤੇ ਬਿਜਲੀ ਵਿਭਾਗ ਦੀ ਅਣਗਹਿਲੀ ਕਾਰਨ ਹੋ ਰਿਹਾ ਹੈ। ਇਸ ਸਬੰਧੀ ਕੁਝ ਇਲਾਕਾ ਵਾਸੀਆਂ ਨੇ ਦੱਸਿਆ ਕਿ ਇਹ ਬਿਜਲੀ ਦੇ ਸੀਮੈਂਟ ਨਾਲ ਬਣੇ ਪੋਲ ਪਿਛਲੇ ਲਬੇਂ ਸਮੇਂ ਤੋਂ ਲੋਕਾਂ ਲਈ ਹਾਦਸਿਆਂ ਪ੍ਰਤੀ ਖਤਰਾ ਬਣੇ ਹੋਏ ਹਨ, ਕਈ ਵਾਰ ਤਾਂ ਰਾਤ ਵੇਲੇ ਸਾਹਮਣੇ ਤੋਂ ਰੌਸ਼ਨੀ ਪੈਣ ਕਾਰਨ ਪੋਲ ਨਜ਼ਰ ਨਾ ਆਉਣ ਕਾਰਨ ਹਾਦਸੇ ਵਾਪਰ ਜਾਂਦੇ ਹਨ ਅਤੇ ਵਾਹਨ ਚਾਲਕ ਸੱਟਾਂ ਲਗਵਾ ਬੈਠਦੇ ਹਨ।

ਇਸ ਸੜਕ ਵਿਚਕਾਰ ਡਿਵਾਈਡਰ ਬਣਨ ਕਾਰਨ ਸੜਕ ਦੀ ਚੌੜਾਈ ਘੱਟ ਹੋਣ ਤੋਂ ਇਲਾਵਾ 4-5 ਫੁੱਟ ਜਗ੍ਹਾ ਇਨ੍ਹਾਂ ਬਿਜਲੀ ਦੇ ਪੋਲਾਂ ਨੇ ਘੇਰੀ ਹੋਈ ਹੈ ਜਿਸ ਨੂੰ ਸੰਬੰਧਿਤ ਵਿਭਾਗ ਵਲੋਂ ਹਟਾ ਕੇ ਸੜਕ ਕੰਢੇ ਲਗਾ ਦੇਣਾ ਚਾਹੀਦਾ ਹੈ ਜਿਸ ਨਾਲ ਸੜਕ ਦੀ ਚੌੜਾਈ ਵਧ ਜਾਵੇਗੀ ਅਤੇ ਹਾਦਸੇ ਹੋਣ ਦਾ ਖ਼ਤਰਾ ਵੀ ਘੱਟ ਜਾਵੇਗਾ। ਲੋਕਾਂ ਦੀ ਲੋਕ ਨਿਰਮਾਣ ਵਿਭਾਗ ਤੇ ਬਿਜਲੀ ਵਿਭਾਗ ਪਾਸੋਂ ਮੰਗ ਕੀਤੀ ਕਿ ਇਨ੍ਹਾਂ ਪੋਲਾਂ ਨੂੰ ਸੜਕ ਵਿਚਕਾਰੋਂ ਪੁੱਟ ਕੇ ਸੜਕ ਕੰਡੇ ਕੀਤੇ ਜਾਵੇ ਜਿਸ ਨਾਲ ਦੁਰਘਟਨਾਵਾਂ ਤੋਂ ਬਚਿਆ ਜਾ ਸਕੇ।

# ਐੱਨ ਐੱਸ ਐੱਸ ਵਲੰਟਰੀਆਂ ਦਾ ਦਸ ਰੋਜ਼ਾ ਐਡਵੈਂਚਰ/ਟਰੈਕਿੰਗ ਕੈਂਪ ਲੱਗਾ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਕਲਾਸਵਾਲਾ ਖਾਲਸਾ ਸੀਨੀਅਰ ਸੈਕੰਡਰੀ ਸਕੂਲ, ਕਾਦੀਆਂ ਦੇ ਐੱਨਐੱਸਐੱਸ ਵਲੰਟਰੀਆਂ ਨੇ ਮਨਾਲੀ ਵਿਖੇ 10 ਰੋਜ਼ਾ ਕੈਂਪ ਲਗਾਇਆ। ਇਹ ਕੈਂਪ 24 ਮਾਰਚ 2024 ਤੋਂ 3 ਅਪ੍ਰੈਲ 2024 ਤੱਕ ਆਯੋਜਿਤ ਕੀਤਾ ਗਿਆ ।ਇਸ ਵਿੱਚ ਸਾਰੇ ਵਿਦਿਆਰਥੀ ਗਿਆਰਵੀਂ ਅਤੇ ਬਾਰ੍ਹਵੀਂ ਜਮਾਤ ਦੇ ਲੜਕੇ ਸਨ ।ਗਿਆਰ੍ਹਵੀਂ ਜਮਾਤ ਵਿੱਚੋਂ ਹਰਸ਼ਿਤ, ਨਿਖਿਲ, ਹਿਮਾਂਸ਼ੂ ਅਤੇ ਕ੍ਰਿਸ਼ਨਾ, ਬਾਰ੍ਹਵੀਂ ਜਮਾਤ ਵਿੱਚੋਂ ਬਿਕਰਮ, ਕਾਰਤਿਕ ਅਤੇ ਲਕਸ਼ਯ ਨੇ ਇਸ ਐਡਵੈਂਚਰ ਅਤੇ ਟਰੈਕਿੰਗ ਕੈਂਪ ਵਿੱਚ ਹਿੱਸਾ ਲਿਆ ।

ਅੱਜ ਸਕੂਲ ਪਹੁੰਚਣ 'ਤੇ ਮੈਡਮ ਪ੍ਰਿੰਸੀਪਲ ਸ਼ਾਲਿਨੀ ਦੱਤਾ ਵੱਲੋਂ ਬੱਚਿਆਂ ਦਾ ਭਰਵਾਂ ਸਵਾਗਤ ਕੀਤਾ ਅਤੇ ਸ਼ਾਬਾਸ਼ ਦਿੱਤੀ ਕਿ ਇਨ੍ਹਾਂ ਵਲੰਟਰੀਆਂ ਨੇ ਕੈਂਪ ਦੌਰਾਨ ਹਰ ਪ੍ਰਤੀਯੋਗਿਤਾ ਵਿੱਚ ਵਧੀਆ ਪ੍ਰਦਰਸ਼ਨ ਕੀਤਾ ਅਤੇ ਸਕੂਲ ਦਾ ਨਾਮ ਰੌਸ਼ਨ ਕੀਤਾ। ਪ੍ਰੋਗਰਾਮ ਅਫ਼ਸਰ ਪਰਮਿੰਦਰ ਕੌਰ ਅਤੇ ਸਹਾਇਕ ਪ੍ਰੋਗਰਾਮ ਅਫ਼ਸਰ ਹਰਦੀਪ ਸਿੰਘ ਨੇ ਸਾਰੇ ਹੀ ਐੱਨਐੱਸਐੱਸ ਵਲੰਟਰੀਆਂ ਨੂੰ ਅਜਿਹੇ ਕੈਂਪਾਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ।

# ਗੁਰੂ ਗੋਬਿੰਦ ਸਿੰਘ ਮਾਡਰਨ ਸਕੂਲ ਬਖਤਪੁਰ ਦੇ ਕਵੀਸ਼ਰਾਂ ਦਾ ਪਹਿਲਾ ਟਰੈਕ ਜਲਦ ਹੀ






**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਗੁਰੂ ਗੋਬਿੰਦ ਸਿੰਘ ਮਾਡਰਨ ਸਕੂਲ ਬਖਤਪੁਰ ਦੇ ਵਿਦਿਆਰਥੀਆਂ ਦਾ ਕਵੀਸ਼ਰੀ ਜਥੇ ਦਾ ਪਹਿਲਾ ਟਰੈਕ 'ਤੋਰ ਦੇ ਪੋਤਿਆਂ ਨੂੰ' ਇਸ ਹਫਤੇ ਦੇ ਵਿੱਚ ਰਿਲੀਜ਼ ਹੋਣ ਜਾ ਰਿਹਾ ਹੈ। ਇਸ ਬਾਬਤ ਸਕੂਲ ਡਾਇਰੈਕਟਰ ਮਹਿੰਦਰਪਾਲ ਸਿੰਘ ਕਲੇਰ ਅਤੇ ਪ੍ਰਿੰਸੀਪਲ ਮੇਜਰ ਸਿੰਘ ਚਾਹਲ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਭਾਈ ਰਵਿੰਦਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦੇ ਅਸ਼ੀਰਵਾਦ ਸਦਕਾ ਸਕੂਲ ਦੇ ਵਿਦਿਆਰਥੀਆਂ ਬਿਕਰਮਜੀਤ ਸਿੰਘ, ਪ੍ਰਭਜੋਤ ਸਿੰਘ ਅਤੇ ਦਮਨਪ੍ਰੀਤ ਸਿੰਘ (ਕਵੀਸਰੀ ਜਥੇ) ਵੱਲੋਂ ਗਾਈ ਗਈ ਕਵਿਤਾ 'ਤੋਰ ਦੇ ਪੋਤਿਆਂ ਨੂੰ' ਇਸੇ ਹਫਤੇ ਸਰੋਤਿਆਂ ਦੀ ਕਚਹਿਰੀ ਵਿੱਚ ਪੇਸ਼ ਕੀਤੀ ਜਾ ਰਹੀ ਹੈ। ਇਸ ਕਵਿਤਾ ਨੂੰ ਪਰਗਟ ਮਿਊਜ਼ਿਕ ਸਟੂਡੀਓ ਅੰਮ੍ਰਿਤਸਰ ਵੱਲੋਂ ਰਿਕਾਰਡ ਕੀਤਾ ਗਿਆ ਹੈ ਤੇ ਇਸ ਦੀ ਆਡਿਟਿੰਗ ਸਟਾਰ ਸ਼ਾਈਨ ਵੱਲੋਂ ਕੀਤੀ ਗਈ ਹੈ। ਇਸ ਨੂੰ ਖਾਲਸ ਗੁਰਬਾਣੀ ਚੈਨਲ ਵੱਲੋਂ ਪੇਸ਼ ਕੀਤਾ ਜਾ ਰਿਹਾ ਹੈ। ਸੋਸ਼ਲ ਮੀਡੀਆ ਤੇ ਪਹਿਲਾਂ ਤੋਂ ਹੀ ਛਾਏ ਇਨ੍ਹਾਂ ਬੱਚਿਆਂ ਬਾਰੇ ਗੱਲ ਕਰਦਿਆਂ ਉਨ੍ਹਾਂ ਹੋਰ ਦੱਸਿਆ ਕਿ ਗੁਰਦੁਆਰਾ ਬੁਰਜ ਸਾਹਿਬ ਧਾਰੀਵਾਲ, ਗੁਰਦੁਆਰਾ ਸ੍ਰੀ ਬਾਰਠ ਸਾਹਿਬ ਪਠਾਨਕੋਟ ਤੇ ਗੁਰਦੁਆਰਾ ਛੋਟਾ ਘੱਲੂਘਾਰਾ ਸਾਹਿਬ ਕਾਹਨੂੰਵਾਨ ਛੰਭ ਵਿਖੇ ਹੋਣ ਵਾਲੇ ਸਾਰੇ ਸਮਾਗਮਾਂ ਵਿੱਚ ਇਹ ਬੱਚੇ ਆਪਣੀ ਕਵੀਸ਼ਰੀ ਨਾਲ ਸੰਗਤਾਂ ਨੂੰ ਮੰਤਰਮੁਗਧ ਕਰਦੇ ਹਨ। ਇਥੇ ਇਹ ਵੀ ਦੱਸਣਾ ਬਣਦਾ ਹੈ ਕਿ ਇਨ੍ਹਾਂ ਬੱਚਿਆਂ ਦਾ ਦੂਜਾ ਟਰੈਕ ਇੱਕ ਧਾਰਮਿਕ ਗੀਤ 'ਤੇਰੀ ਕਲਗੀ ਦਾ ਲਿਸ਼ਕਾਰਾ' ਵੀ ਬਹੁਤ ਜਲਦ ਰਿਲੀਜ਼ ਹੋਣ ਜਾ ਰਿਹਾ ਹੈ। ਇਸ ਮੌਕੇ ਸਕੂਲ ਦੇ ਬੱਚਿਆਂ ਅਤੇ ਸਮੂਹ ਸਟਾਫ ਵੱਲੋਂ ਇਨ੍ਹਾਂ ਬੱਚਿਆਂ ਨੂੰ ਸ਼ੁੱਭ ਇਛਾਵਾਂ ਭੇਟ ਕੀਤੀਆਂ ਗਈਆਂ ਹਨ।

# ਵਿੱਦਿਅਕ ਸੈਸ਼ਨ ਦੀ ਆਰੰਭਤਾ ਮੌਕੇ ਸਕੂਲ 'ਚ ਧਾਰਮਿਕ ਸਮਾਗਮ ਕਰਵਾਇਆ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਸੇਂਟ ਕਬੀਰ ਪਬਲਿਕ ਸਕੂਲ ਸੁਲਤਾਨਪੁਰ ਵਿੱਚ ਨਵੇਂ ਸੈਸ਼ਨ ਦੀ ਸ਼ੁਰੂਆਤ ਚੇਅਰਮੈਨ ਹਰਪਾਲ ਸਿੰਘ ਦੇ ਜਨਮ ਦਿਨ ਦੇ ਸ਼ੁੱਭ ਅਵਸਰ ਤੇ ਉਨ੍ਹਾਂ ਨੂੰ ਯਾਦ ਕਰਦਿਆਂ ਕੀਤੀ ਗਈ। ਇਸ ਸਬੰਧੀ ਸਕੂਲ ਦੇ ਬਲਾਕ ਡੀ ਵਿੱਚ ਧਾਰਮਿਕ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਉਪਰੰਤ ਰਾਗੀ ਜਥੇ ਨੇ ਰਸਭਿੰਨਾ ਗੁਰਬਾਣੀ ਕੀਰਤਨ ਕੀਤਾ। ਇਸ ਦੌਰਾਨ ਹੀ ਸਕੂਲੀ ਵਿਦਿਆਰਥੀਆਂ ਅਰਸ਼ਪ੍ਰੀਤ ਸਿੰਘ, ਅਜੈਪਾਲ ਸਿੰਘ, ਚਰਨਜੀਤ ਸਿੰਘ ਤੇ ਸਕੂਲ ਦੇ ਸੰਗੀਤ ਅਧਿਆਪਕ ਜਗਦੀਪ ਸਿੰਘ ਦੁਆਰਾ ਸ਼ਬਦ ਗਾਇਨ ਕੀਤਾ। ਇਸ ਮੌਕੇ ਸਕੂਲ ਹੈੱਡਬੁਆਏ ਐਸ਼ਵੀਰ ਸਿੰਘ ਅਤੇ ਸਕੂਲ ਹੈੱਡ ਗਰਲ ਮਹਿਕਪ੍ਰੀਤ ਕੌਰ ਨੇ ਚੇਅਰਮੈਨ ਹਰਪਾਲ ਸਿੰਘ ਜੀ ਦੀਆਂ ਯਾਦਾਂ ਨੂੰ ਤਾਜ਼ਾ ਕਰਦੇ ਹੋਏ ਉਨ੍ਹਾਂ ਦੀ ਜ਼ਿੰਦਗੀ ਦੇ ਸੁਨਹਿਰੀ ਪਲਾਂ ਦੀਆਂ ਝਲਕੀਆਂ ਸਾਰਿਆਂ ਦੇ ਰੂਬਰੂ ਕੀਤੀਆਂ। ਸਕੂਲ ਪ੍ਰਿੰ. ਐੱਸ. ਬੀ. ਨਾਯਰ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਸਰਦਾਰ ਹਰਪਾਲ ਸਿੰਘ ਦੀਆਂ ਬੱਚਿਆਂ ਤੇ ਇਲਾਕੇ ਪ੍ਰਤੀ ਖਾਹਿਸ਼ਾਂ ਬਾਰੇ ਜਾਣੂ ਕਰਵਾਇਆ। ਪ੍ਰਿੰ. ਨਾਯਰ ਅਤੇ ਪ੍ਰਬੰਧਕ ਮੈਂਬਰਾਂ ਨਵਦੀਪ ਕੌਰ ਤੇ ਕੁਲਦੀਪ ਕੌਰ ਵਲੋਂ ਸਾਰਿਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਅਕਾਲ ਪੁਰਖ ਦਾ ਓਟ ਆਸਰਾ ਲੈਂਦੇ ਹੋਏ ਸਕੂਲ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਅਤੇ ਸਮੂਹ ਸੰਗਤ ਨੂੰ ਕੜਾਹ ਪ੍ਰਸ਼ਾਦ ਦੀ ਦੇਗ ਵਰਤਾਈ ਗਈ। ਇਸ ਉਪਰੰਤ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

ਇਸ ਦੌਰਾਨ ਸਕੂਲੀ ਵਿਦਿਆਰਥੀਆਂ ਤੇ ਅਧਿਆਪਕਾਂ ਨੇ ਸੇਵਾ ਨਿਭਾਅ ਕੇ ਇਸ ਕਾਰਜ ਨੂੰ ਸਫਲ ਕੀਤਾ। ਸਮਾਗਮ ਵਿੱਚ ਸਕੂਲ ਦੇ ਸਮੂਹ ਵਿਦਿਆਰਥੀ ਤੇ ਸਟਾਫ ਮੈਂਬਰ ਸ਼ਾਮਲ ਸਨ।

# ਕਮਜ਼ੋਰੀਆਂ ਦੀ ਪਹਿਚਾਣ ਕਰਕੇ ਸੁਧਾਰ ਕੀਤਿਆਂ ਸਫਲਤਾ ਜ਼ਰੂਰ ਕਦਮ ਚੁੰਮਦੀ ਹੈ : ਕੋਮਲ ਮਿੱਤਲ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਸੁਪਨੇ ਜ਼ਰੂਰ ਦੇਖੋ ਅਤੇ ਉਨ੍ਹਾਂ ਨੂੰ ਹਕੀਕਤ ਵਿਚ ਬਦਲਣ ਲਈ ਜਾਨ ਨਾਲ ਮਿਹਨਤ ਕਰੋ, ਆਪਣੀ ਕਮਜ਼ੋਰੀਆਂ ਨੂੰ ਪਹਿਚਾਣੋ ਅਤੇ ਉਨ੍ਹਾਂ ਵਿਚ ਸੁਧਾਰ ਕਰਕੇ ਉਸ ਕੰਮ ਵਿਚ ਮੁਹਾਰਤ ਹਾਸਲ ਕਰੋ। ਜਿਸ ਦਿਨ ਇਸ ਦਿਸ਼ਾ ਵਿਚ ਤੁਸੀ ਕੰਮ ਕਰਨਾ ਸ਼ੁਰੂ ਕਰ ਦਿੱਤਾ, ਸਫਲਤਾ ਤੁਹਾਡੇ ਪੈਰ ਚੁੰਮੇਗੀ। ਇਹ ਵਿਚਾਰ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਭਾਰਤੀ ਪੁਲਾੜ ਖੋਜ ਸੰਸਥਾਨ (ਇਸਰੋ) ਦੇ ਯੁਵਿਕਾ ਪ੍ਰੋਗਰਾਮ ਵਿਚ ਟ੍ਰੇਨਿੰਗ ਲਈ ਚੁਣੀਆਂ ਹੁਸ਼ਿਆਰਪੁਰ ਦੇ ਸਰਕਾਰੀ ਸਕੂਲਾਂ ਦੀਆਂ ਦੋ ਵਿਦਿਆਰਥਣਾਂ ਨਾਲ ਗੱਲਬਾਤ ਦੌਰਾਨ ਪ੍ਰਗਟ ਕੀਤੇ। ਉਨ੍ਹਾਂ ਆਪਣੇ ਦਫ਼ਤਰ ਵਿਚ 'ਇਸਰੋ' ਵਿਚ ਨੌਜਵਾਨ ਵਿਗਿਆਨੀ ਪ੍ਰੋਗਰਾਮ (ਯੁਵਿਕਾ-2024) ਟ੍ਰੇਨਿੰਗ ਲਈ ਚੁਣੇ ਜਾਣ 'ਤੇ ਵਿਦਿਆਰਥਣਾਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦਾ ਹੌਸਲਾ ਵਧਾਇਆ ਅਤੇ ਉਨ੍ਹਾਂ ਨੂੰ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਵਿਦਿਆਰਥਣਾਂ, ਅਧਿਆਪਕਾਂ ਅਤੇ ਮਾਪਿਆਂ ਨੂੰ ਉਨ੍ਹਾਂ ਦੀ ਸਫਲਤਾ ਲਈ ਵੀ ਵਧਾਈ ਦਿੱਤੀ।ਡਿਪਟੀ ਕਮਿਸ਼ਨਰ ਨੇ ਚੁਣੀਆਂ ਗਈਆਂ ਵਿਦਿਆਰਥਣਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਦੇ ਭਵਿੱਖ ਦੀਆਂ ਯੋਜਨਾਵਾਂ ਬਾਰੇ ਪੁੱਛਿਆ ਅਤੇ ਕਈ ਨਵੀਨ ਅਤੇ ਸਹਿਜ ਸਵਾਲਾਂ ਦੇ ਜਵਾਬ ਵੀ ਦਿੱਤੇ। ਉਨ੍ਹਾਂ ਕਿਹਾ ਕਿ ਇਸ ਪ੍ਰੋਗਰਾਮ



ਨਾਲ ਵੱਧ ਤੋਂ ਵੱਧ ਵਿਦਿਆਰਥੀਆਂ ਦੇ ਵਿਗਿਆਨ, ਤਕਨਾਲੋਜੀ, ਇੰਜੀਨੀਅਰਿੰਗ ਅਤੇ ਗਣਿਤ (ਐਸ.ਟੀ.ਈ.ਐਮ) ਵਿਚ ਅੱਗੇ ਵਧਣ ਦੀ ਆਸ ਹੈ। ਉਨ੍ਹਾਂ ਕਿਹਾ ਕਿ ਪ੍ਰੋਗਰਾਮ ਦਾ ਉਦੇਸ਼ ਨੌਜਵਾਨ ਦਿਮਾਗਾਂ ਨੂੰ ਪੁਲਾੜ ਵਿਗਿਆਨ ਅਤੇ ਤਕਨਾਲੋਜੀ ਵਿਚ ਕੈਰੀਅਰ ਬਣਾਉਣ ਲਈ ਪ੍ਰੇਰਿਤ ਅਤੇ ਉਤਸ਼ਾਹਿਤ ਕਰਨਾ ਹੈ। ਭਾਰਤੀ ਪੁਲਾੜ ਖੋਜ ਸੰਗਠਨ ਦੁਆਰਾ ਆਯੋਜਿਤ ਯੁਵਿਕਾ ਪ੍ਰੋਗਰਾਮ ਅਧੀਨ ਹੁਸ਼ਿਆਰਪੁਰ ਜ਼ਿਲ੍ਹੇ ਦੇ ਸਰਕਾਰੀ ਹਾਈ ਸਕੂਲ ਗੋਵਿੰਦਪੁਰ ਖੁਣਖੁਣ ਦੀ ਨੌਵੀਂ ਜਮਾਤ ਦੀ ਹੋਣਹਾਰ ਵਿਦਿਆਰਥਣ ਗੁਰਲੀਨ ਕੌਰ ਅਤੇ ਸਰਕਾਰੀ ਹਾਈ ਸਕੂਲ ਜੁਝਾਰ ਚਠਿਆਲ ਦੀ ਨੌਵੀਂ ਜਮਾਤ ਦੀ ਵਿਦਿਆਰਥਣ ਅਰਸ਼ਪ੍ਰੀਤ ਕੌਰ ਨੇ ਪੂਰੇ ਭਾਰਤ ਵਿਚੋਂ ਚੁਣੇ ਗਏ 350 ਵਿਦਿਆਰਥੀਆਂ ਵਿਚ ਆਪਣਾ ਸਥਾਨ ਬਣਾਇਆ ਹੈ।

ਕੋਮਲ ਮਿੱਤਲ ਨੇ ਕਿਹਾ ਕਿ ਇਨ੍ਹਾਂ ਸਕੂਲਾਂ ਦੇ ਬੱਚੇ ਪਹਿਲਾਂ ਵੀ ਰਾਸ਼ਟਰੀ ਪੱਧਰ 'ਤੇ ਆਪਣਾ ਸਥਾਨ ਬਣਾ ਚੁੱਕੇ ਹਨ ਅਤੇ ਵਿਗਿਆਨ ਦੇ ਵਿਸ਼ੇ ਵਿਚ ਬੱਚਿਆਂ ਦੀ ਮੁਹਾਰਤ ਆਪਣੇ ਆਪ ਵਿਚ ਦੂਸਰਿਆਂ ਲਈ ਇਕ ਉਦਾਹਰਨ ਬਣਦੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਗੱਲ ਦੀ ਖੁਸ਼ੀ ਹੈ ਕਿ ਇਨ੍ਹਾਂ ਸਕੂਲਾਂ ਦੀਆਂ ਵਿਦਿਆਥਣਾਂ ਨੂੰ ਇਸਰੋ ਦੁਆਰਾ ਚੁਣਿਆ ਗਿਆ ਹੈ। ਉਨ੍ਹਾਂ ਕਿਹਾ ਕਿ ਚੁਣੇ ਵਿਦਿਆਰਥੀਆਂ ਵਿਚੋਂ ਆਪਣਾ ਸਥਾਨ ਬਣਾਉਣਾ ਅਸਲ ਵਿਚ ਯੋਗਤਾ ਨੂੰ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ ਗਾਈਡ ਅਧਿਆਪਕ ਦੇ ਨਾਲ-ਨਾਲ ਦੂਸਰੇ ਸਟਾਫ ਮੈਂਬਰਾਂ ਨੇ ਵੀ ਉਨ੍ਹਾਂ ਦੀ ਸਫਲਤਾ ਵਿਚ ਅਹਿਮ ਯੋਗਦਾਨ ਦਿੱਤਾ ਹੈ। ਉਨ੍ਹਾਂ ਕਿਹਾ ਕਿ ਗੁਰਲੀਨ ਅਤੇ ਅਰਸ਼ਪ੍ਰੀਤ ਦੀ ਇਸ ਸਫਲਤਾ ਨਾਲ ਦੂਸਰੇ ਵਿਦਿਆਰਥੀਆਂ ਨੂੰ ਵੀ ਅੱਗੇ ਵਧਣ ਵਿਚ ਮਦਦ ਮਿਲੇਗੀ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਰਕਾਰੀ ਸਕੂਲਾਂ ਵਿਚ ਪਹਿਲ ਦੇ ਆਧਾਰ 'ਤੇ ਹੁਣ ਵਿਦਿਆਰਥੀਆਂ ਤੋਂ ਵਰਕਿੰਗ ਮਾਡਲ ਆਦਿ ਬਣਵਾਏ ਜਾਣ ਲੱਗੇ ਹਨ ਜਿਸ ਨਾਲ ਵਿਦਿਆਰਥੀਆਂ ਦੀ ਰੁਚੀ ਵਿਗਿਆਨ ਵਿਸ਼ੇ ਅਤੇ ਇਸਦੇ ਪ੍ਰਯੋਗਾਂ ਵਿਚ ਵਧ ਰਹੀ ਹੈ। ਉਨ੍ਹਾਂ ਵਿਦਿਆਰਥਣਾਂ ਨੂੰ ਕਿਹਾ ਕਿ ਉਹ ਭਵਿੱਖ ਵਿਚ ਕਿਸੇ ਵੀ ਖੇਤਰ ਵਿਚ ਜਾਣ, ਪਰ ਚੰਗੇ ਨਾਗਰਿਕ ਦੀ ਜ਼ਿੰਮੇਵਾਰੀ ਨਿਭਾਉਂਦੇ ਹੋਏ ਸਮਾਜ ਲਈ ਕੁਝ ਨਾ ਕੁਝ ਜ਼ਰੂਰ ਕਰਨ।

ਇਸ ਮੌਕੇ ਸਹਾਇਕ ਕਮਿਸ਼ਨ ਦਿਵਿਆ ਪੀ, ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਗੁਰਿੰਦਰਜੀਤ ਕੌਰ, ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਧੀਰਜ ਵਸ਼ਿਸ਼ਟ, ਸਰਕਾਰੀ ਹਾਈ ਸਕੂਲ ਗੋਵਿੰਦਪੁਰ ਖੁਣਖੁਣ ਦੀ ਮੁੱਖ ਅਧਿਆਪਕਾ ਸਮਰਿਤੂ ਰਾਣਾ ਅਤੇ ਗਾਈਡ ਅਧਿਆਪਕਾ ਪਵਨ ਚੌਧਰੀ, ਸਰਕਾਰੀ ਹਾਈ ਸਕੂਲ ਜੁਝਾਰ ਚਠਿਆਲ ਦੇ ਇੰਚਾਰਜ ਮੁੱਖ ਅਧਿਆਪਕ ਸਤਪਾਲ ਅਤੇ ਗਾਈਡ ਅਧਿਆਪਕ ਅਮਨਪ੍ਰੀਤ ਸਿੰਘ ਸਹੋਤਾ ਵੀ ਮੌਜੂਦ ਸਨ।

4-Apral-PAGE-4.qxd 4/3/2024 10:37 PM Page 1

ਨਵਾਂ ਜ਼ਮਾਨਾ

ਵੀਰਵਾਰ, 4 ਅਪ੍ਰੈਲ 2024

# 'ਮੈਚ ਫਿਕਸਿੰਗ' ਦੇ ਦੋਸ਼

ਚੋਣ ਜ਼ਾਬਤਾ ਲਾਗੂ ਹੋਣ ਤੋਂ ਬਾਅਦ ਕੇਂਦਰੀ ਚੋਣ ਕਮਿਸ਼ਨ ਸਮੇਤ ਸਾਰੀਆਂ ਸੰਵਿਧਾਨਕ ਸੰਸਥਾਵਾਂ ਦੀ ਜਵਾਬਦੇਹੀ ਭਾਰਤ ਸਰਕਾਰ ਪ੍ਰਤੀ ਨਾ ਹੋ ਕੇ ਸੰਵਿਧਾਨ ਤੇ ਲੋਕਤੰਤਰ ਪ੍ਰਤੀ ਹੁੰਦੀ ਹੈ। ਇਹ ਨਿਰਪੱਖ ਚੋਣ ਪ੍ਰਕਿਰਿਆ ਲਈ ਮੁਢਲੀ ਸ਼ਰਤ ਹੁੰਦੀ ਹੈ। ਮੌਜੂਦਾ ਚੋਣ ਕਮਿਸ਼ਨ ਅਧੀਨ ਇਹ ਹੋ ਨਹੀਂ ਰਿਹਾ। ਇਸੇ ਕਾਰਨ ਨਿਆਂਪਾਲਿਕਾ ਨੂੰ ਆਪਣੀ ਭੂਮਿਕਾ ਨਿਭਾਉਣੀ ਪੈ ਰਹੀ ਹੈ। ਪਿਛਲੇ ਦਿਨੀਂ ਦੋ ਅਹਿਮ ਘਟਨਾਵਾਂ ਵਾਪਰੀਆਂ ਹਨ, ਜਿਹੜੀਆਂ ਕੁਝ ਹੱਦ ਤੱਕ ਆਸ ਬਨ੍ਹਾਉਂਦੀਆਂ ਹਨ ਕਿ ਚੋਣਾਂ ਇਕ-ਪਾਸੜ ਨਹੀਂ ਹੋਣਗੀਆਂ।

ਪਹਿਲੀ ਘਟਨਾ ਕਾਂਗਰਸ ਪਾਰਟੀ ਨੂੰ ਆਮਦਨ ਕਰ ਵਿਭਾਗ ਵੱਲੋਂ ਤਿੰਨ ਹਜ਼ਾਰ ਕਰੋੜ ਤੋਂ ਵੱਧ ਦੇ ਬਕਾਏ ਸੰਬੰਧੀ ਨੋਟਿਸ ਸਨ। ਇਸ ਤੋਂ ਜਾਪਦਾ ਸੀ ਕਿ ਮੁੱਖ ਵਿਰੋਧੀ ਧਿਰ ਲਈ ਚੋਣਾਂ ਲੜਨੀਆਂ ਮੁਸ਼ਕਲ ਹੋ ਜਾਣਗੀਆਂ। ਹੁਣ ਸੁਪਰੀਮ ਕੋਰਟ ਵਿੱਚ ਭਾਰਤ ਸਰਕਾਰ ਦੇ ਸਾਲੀਸਿਟਰ ਜਨਰਲ ਤੁਸ਼ਾਰ ਮਹਿਤਾ ਨੇ ਕਹਿ ਦਿੱਤਾ ਹੈ ਕਿ ਚੋਣਾਂ ਮੁਕੰਮਲ ਹੋਣ ਤੱਕ ਆਮਦਨ ਕਰ ਵਿਭਾਗ ਕਾਂਗਰਸ ਵਿਰੁੱਧ ਕੋਈ ਕਾਰਵਾਈ ਨਹੀਂ ਕਰੇਗਾ। ਉਸ ਵੱਲੋਂ ਦਿੱਤੇ ਗਏ ਇਸ ਭਰੋਸੇ ਨੇ ਇਹ ਗੱਲ ਸਾਫ਼ ਕਰ ਦਿੱਤੀ ਹੈ ਕਿ ਆਮਦਨ ਕਰ ਵਿਭਾਗ ਕਾਂਗਰਸ ਵਿਰੁੱਧ ਸਾਰੀ ਕਾਰਵਾਈ ਸਰਕਾਰ ਦੇ ਕਹੇ ਉੱਤੇ ਹੀ ਕਰ ਰਿਹਾ ਸੀ। ਉਸੇ ਦੇ ਕਹੇ ਉੱਤੇ ਹੁਣ ਵਿਭਾਗ ਚੋਣਾਂ ਮੁੱਕ ਜਾਣ ਤੱਕ ਕਾਰਵਾਈ ਨਹੀਂ ਕਰੇਗਾ। ਇਸ ਦਾ ਸਿੱਧਾ ਮਤਲਬ ਹੈ ਕਿ ਆਮਦਨ ਕਰ ਵਿਭਾਗ ਕਦੋਂ ਕਾਰਵਾਈ ਕਰੇ ਤੇ ਕਦੋਂ ਨਾ ਕਰੇ, ਇਹ ਸਰਕਾਰ ਤੈਅ ਕਰਦੀ ਹੈ। ਇਹ ਗੱਲ ਦੂਜੀਆਂ ਏਜੰਸੀਆਂ, ਸੀ ਬੀ ਆਈ ਤੇ ਈ ਡੀ ਬਾਰੇ ਵੀ ਲਾਗੂ ਹੁੰਦੀ ਹੋਵੇਗੀ।

ਦੂਜੀ ਘਟਨਾ ਵੀ ਸੁਪਰੀਮ ਕੋਰਟ ਨਾਲ ਸੰਬੰਧਤ ਹੈ। ਉਸ ਨੇ ਜਦੋਂ ਤੇਵਰ ਦਿਖਾਏ ਤਾਂ ਈ ਡੀ ਨੂੰ ਪਿਛਲਖੁਰੀ ਮੁੜਨਾ ਪਿਆ ਤੇ ਅਦਾਲਤ ਨੇ ਦਿੱਲੀ ਸ਼ਰਾਬ ਘੁਟਾਲੇ ਵਿੱਚ ਫਸਾਏ ਗਏ ਆਪ ਆਗੂ ਸੰਜੈ ਸਿੰਘ ਨੂੰ ਜ਼ਮਾਨਤ ਦੇ ਦਿੱਤੀ। ਉਸ ਈ ਡੀ, ਜਿਸ ਨੇ ਹੇਠਲੀਆਂ ਅਦਾਲਤਾਂ ਵਿੱਚ ਸੰਜੈ ਸਿੰਘ ਨੂੰ ਜ਼ਮਾਨਤ ਦਿੱਤੇ ਜਾਣ ਦਾ ਸਖ਼ਤ ਵਿਰੋਧ ਕੀਤਾ ਸੀ, ਨੇ ਸੁਪਰੀਮ ਕੋਰਟ ਵਿੱਚ ਇਹ ਕਹਿ ਕੇ ਪੈਰ ਖਿੱਚ ਲਏ ਕਿ ਉਸ ਨੂੰ ਸੰਜੈ ਸਿੰਘ ਨੂੰ ਜ਼ਮਾਨਤ ਦੇਣ ਵਿੱਚ ਕੋਈ ਇਤਰਾਜ਼ ਨਹੀਂ ਹੈ। ਅਸਲ ਵਿੱਚ ਸੰਜੈ ਸਿੰਘ ਵਿਰੁੱਧ ਕੇਸ ਵਿੱਚ ਈ ਡੀ ਤੋਂ ਬੈਂਚ ਨੇ ਜਦੋਂ ਪੈਸਿਆਂ ਦੀ ਬਰਾਮਦਗੀ ਬਾਰੇ ਪੁੱਛਿਆ ਤਾਂ ਐਡੀਸ਼ਨਲ ਸਾਲਿਸਟਰ ਜਨਰਲ ਐੱਸ ਵੀ ਰਾਜੂ ਕੋਈ ਜਵਾਬ ਨਾ ਦੇ ਸਕੇ। ਇਸ ਦੇ ਨਾਲ ਈ ਡੀ ਕੋਲ ਕਥਿਤ ਸ਼ਰਾਬ ਘੁਟਾਲੇ ਸੰਬੰਧੀ ਕੋਈ ਠੋਸ ਸਬੂਤ ਨਹੀਂ ਸੀ, ਸਾਰਾ ਮਾਮਲਾ ਸਰਕਾਰੀ ਗਵਾਹਾਂ ਦੇ ਬਿਆਨਾਂ ਉੱਤੇ ਅਧਾਰਤ ਸੀ। ਜਦੋਂ ਬੈਂਚ ਨੇ ਐੱਸ ਵੀ ਰਾਜੂ ਨੂੰ ਇਹ ਕਿਹਾ ਕਿ ਜੇਕਰ ਤੁਹਾਨੂੰ ਸੰਜੈ ਸਿੰਘ ਦੀ ਹਿਰਾਸਤ ਚਾਹੀਦੀ ਹੈ ਤਾਂ ਤੁਸੀਂ ਬਹਿਸ ਕਰ ਸਕਦੇ ਹੋ, ਅਸੀਂ ਫੈਸਲਾ ਮੈਰਿਟ ਦੇ ਅਧਾਰ ਉੱਤੇ ਦੇਵਾਂਗੇ। ਇਸ ਦੇ ਜਵਾਬ ਵਿੱਚ ਰਾਜੂ ਨੇ ਤੁਰੰਤ ਕਿਹਾ ਕਿ ਮੈਰਿਟ ਵਿੱਚ ਜਾਣ ਦੀ ਜ਼ਰੂਰਤ ਨਹੀਂ, ਤੁਸੀਂ ਜ਼ਮਾਨਤ ਦੇ ਸਕਦੇ ਹੋ। ਐੱਸ ਵੀ ਰਾਜੂ ਜਾਣਦੇ ਸਨ ਕਿ ਜੇਕਰ ਮੈਰਿਟ ਦੇ ਅਧਾਰ ਉੱਤੇ ਫੈਸਲਾ ਹੁੰਦਾ ਹੈ ਤਾਂ ਉਹ ਕੇਜਰੀਵਾਲ, ਮਨੀਸ਼ ਸਿਸੋਦੀਆ ਤੇ ਦੂਜੇ ਗ੍ਰਿਫਤਾਰ ਵਿਅਕਤੀਆਂ ਉੱਤੇ ਵੀ ਲਾਗੂ ਹੋਵੇਗਾ।

ਬਹਰਹਾਲ ਉਕਤ ਦੋਵਾਂ ਫੈਸਲਿਆਂ ਨੇ 'ਇੰਡੀਆ' ਗੱਠਜੋੜ ਦੀਆਂ ਪਾਰਟੀਆਂ ਨੂੰ ਕੁਝ ਰਾਹਤ ਪੁਚਾਈ ਹੈ, ਪਰ ਸਵਾਲ ਇਹ ਹੈ ਕਿ ਚੋਣ ਕਮਿਸ਼ਨ ਨੇ ਇਸ ਸੰਬੰਧੀ ਆਪਣੀ ਚੁੱਪ ਕਿਉਂ ਨਹੀਂ ਤੋੜੀ। ਇਹ ਉਸ ਵੇਲੇ ਹੋਰ ਜ਼ਰੂਰੀ ਸੀ, ਜਦੋਂ ਸੰਯੁਕਤ ਰਾਸ਼ਟਰ ਤੱਕ ਨੇ ਇਨ੍ਹਾਂ ਕਾਰਵਾਈਆਂ ਬਾਰੇ ਕਿੰਤੂ ਕੀਤੇ ਹਨ। 'ਇੰਡੀਆ' ਗੱਠਜੋੜ ਦੀ ਦਿੱਲੀ ਰੈਲੀ ਵਿੱਚ ਤਾਂ ਰਾਹੁਲ ਗਾਂਧੀ ਨੇ ਚੋਣ ਪ੍ਰਕ੍ਰਿਆ ਨੂੰ ਮੈਚ ਫਿਕਸਿੰਗ ਤੱਕ ਕਹਿ ਦਿੱਤਾ ਸੀ। ਉਸ ਨੇ ਸਿੱਧੇ ਤੌਰ ਉਤੇ ਕਿਹਾ ਸੀ ਕਿ ਅੰਪਾਇਰ ਮੋਦੀ ਨਾਲ ਮਿਲਿਆ ਹੋਇਆ ਹੈ। ਅੰਪਾਇਰ ਦਾ ਮਤਲਬ ਚੋਣ ਕਮਿਸ਼ਨ ਹੀ ਸੀ। ਚੋਣ ਕਮਿਸ਼ਨ ਨੂੰ ਆਪਣੀ ਭਰੋਸੇਯੋਗਤਾ ਬਣਾਈ ਰੱਖਣ ਲਈ ਸਖ਼ਤ ਕਦਮ ਚੁੱਕਣੇ ਚਾਹੀਦੇ ਹਨ। ਈ ਡੀ, ਆਈ ਟੀ ਤੇ ਸੀ ਬੀ ਆਈ ਵਰਗੀਆਂ ਏਜੰਸੀਆਂ ਵੱਲੋਂ ਚੋਣ ਪ੍ਰਕਿਰਿਆ ਤੱਕ ਵਿਰੋਧੀ ਪਾਰਟੀਆਂ ਦੇ ਆਗੂਆਂ ਦਾ ਪਿੱਛਾ ਕਰਨ ਉਤੇ ਰੋਕ ਲਾਉਣੀ ਚਾਹੀਦੀ ਹੈ। ਉਸ ਨੂੰ ਉਹ ਹਰ ਕਦਮ ਚੁੱਕਣਾ ਚਾਹੀਦਾ ਹੈ, ਜਿਸ ਤੋਂ ਜਾਪੇ ਕਿ ਚੋਣਾਂ ਨਿਰਪੱਖ ਤੇ ਸਵੱਛ ਵਾਤਾਵਰਨ ਵਿੱਚ ਹੋ ਰਹੀਆਂ ਹਨ।

-ਚੰਦ ਫਤਿਹਪੁਰੀ

# ਪੰਜਾਬ 'ਚ ਦਲ-ਬਦਲੀਆਂ ਦੀ ਬਰਸਾਤ



ਉਜਾਗਰ ਸਿੰਘ

ਪ੍ਰਤੱਖ ਨੂੰ ਪ੍ਰਮਾਣ ਦੀ ਲੋੜ ਨਹੀਂ ਹੁੰਦੀ। ਸਿਆਸਤ ਖਾਸ ਤੌਰ 'ਤੇ ਸਾਰੀਆਂ ਸਿਆਸੀ ਪਾਰਟੀਆਂ ਦੇ ਨੇਤਾਵਾਂ ਵਿੱਚ ਆਈ ਗਿਰਾਵਟ ਦੀ ਇਸ ਤੋਂ ਵੱਡੀ ਉਦਾਹਰਨ ਹੋਰ ਕੋਈ ਨਹੀਂ ਹੋ ਸਕਦੀ, ਜਦੋਂ ਲੋਕ ਸਭਾ ਦੀਆਂ ਚੋਣਾਂ ਤੋਂ ਪਹਿਲਾਂ ਆਪਣੀਆਂ ਹਾਰਾਂ ਦੀ ਮੂੰਹ ਬੋਲਦੀ ਤਸਵੀਰ ਵੇਖਣ ਤੋਂ ਬਾਅਦ, ਵਿਚਾਰਧਾਰਾ ਦੀ ਨੀਤੀ ਨੂੰ ਤਿਲਾਂਜਲੀ ਦੇ ਕੇ ਸਿਆਸਤਦਾਨਾਂ ਵੱਲੋਂ ਦਲ ਬਦਲੀਆਂ ਕੀਤੀਆਂ ਜਾ ਰਹੀਆਂ ਹਨ। ਐਨ.ਡੀ.ਏ. ਅਤੇ ਇੰਡੀਆ ਦੋਵੇਂ ਡਰੇ ਹੋਏ ਹਨ। ਦੋਹਾਂ ਧਿਰਾਂ ਦੀ ਸਿਰਧੜ ਦੀ ਬਾਜ਼ੀ ਲੱਗੀ ਹੋਈ ਹੈ। ਐਨ.ਡੀ.ਏ.ਨੇ ਹਰ ਹਾਲਤ ਵਿੱਚ 2024 ਦੀਆਂ ਲੋਕ ਸਭਾ ਚੋਣਾਂ ਜਿੱਤਣ ਦੀ ਰਣਨੀਤੀ ਬਣਾਈ ਹੋਈ। ਇੰਡੀਆ ਗੱਠਜੋੜ ਮਹਿਸੂਸ ਕਰਦਾ ਹੈ ਕਿ ਜੇਕਰ ਇਸ ਵਾਰ ਭਾਰਤੀ ਜਨਤਾ ਪਾਰਟੀ ਜਿੱਤ ਗਈ ਤਾਂ ਮੁੜ ਕੇ ਭਾਰਤੀ ਜਨਤਾ ਪਾਰਟੀ ਨੇ ਸੰਵਿਧਾਨ ਵਿੱਚ ਤਬਦੀਲੀ ਕਰਕੇ ਚੋਣਾਂ ਹੋਣ ਹੀ ਨਹੀਂ ਦੇਣੀਆਂ, ਸਿਰਫ ਨਾਂ ਦਾ ਹੀ ਪਰਜਾਤੰਤਰ ਰਹਿ ਜਾਵੇਗਾ। ਹਾਲਾਂ ਕਿ ਇਹ ਸਭ ਕਿਆਸ ਅਰਾਈਆਂ ਹਨ ਪ੍ਰੰਤੂ ਇਹ ਕਿਆਸ ਅਰਾਈਆਂ ਹੀ ਦੋਹਾਂ ਧੜਿਆਂ ਦੀ ਧੜਕਣ ਵਧਾ ਰਹੀਆਂ ਹਨ, ਜਿਸ ਕਰਕੇ ਦਲ ਬਦਲੀਆਂ ਦਾ ਦੌਰ ਚਲ ਰਿਹਾ ਹੈ।

ਪੰਜਾਬ ਵਿੱਚ ਭਾਵੇਂ ਇਹ ਵੋਟਾਂ ਭਾਰਤ ਦੇ ਬਾਕੀ ਸੂਬਿਆਂ ਤੋਂ ਬਾਅਦ ਵਿੱਚ 1 ਜੂਨ 2024 ਨੂੰ ਪੈਣੀਆਂ ਹਨ ਪ੍ਰੰਤੂ 4 ਮਹੀਨੇ ਪਹਿਲਾਂ ਹੀ ਦਲ ਬਦਲੀਆਂ ਸ਼ੁਰੂ ਹੋ ਗਈਆਂ ਹਨ। ਇਹ ਵੀ ਦੋਸ਼ ਲੱਗ ਰਹੇ ਹਨ ਕਿ ਸਿਆਸਤਦਾਨਾਂ ਦੀਆਂ ਮੰਡੀਆਂ ਲੱਗੀਆਂ ਹੋਈਆਂ ਹਨ, ਵਧੇਰੇ ਬੋਲੀਆਂ ਦੇਣ ਵਾਲੇ ਖਰੀਦ ਰਹੇ ਹਨ। ਹਾਲਾਂ ਕਿ 2019 ਦੀਆਂ ਲੋਕ ਸਭਾ ਚੋਣਾਂ ਸਮੇਂ ਲਗਪਗ 80 ਨੇਤਾਵਾਂ ਨੇ ਦਲ ਬਦਲ ਕੇ ਚੋਣਾਂ ਲੜੀਆਂ ਸਨ, ਜਿਨ੍ਹਾਂ ਵਿੱਚੋਂ ਸਿਰਫ ਅੱਧੇ ਹੀ ਚੋਣ ਜਿੱਤ ਸਕੇ ਸਨ। ਪੰਜਾਬ ਵਿੱਚ ਸਿਆਸੀ ਭੰਬਲਭੂਸਾ ਪਿਆ ਹੋਇਆ ਹੈ, ਸਿਆਸਤਦਾਨਾਂ ਵਿੱਚ ਖਲਬਲੀ ਮੱਚੀ ਪਈ ਹੈ। ਪਟਿਆਲਾ ਤੋਂ ਕਾਂਗਰਸ ਪਾਰਟੀ ਦੀ ਲੋਕ ਸਭਾ ਮੈਂਬਰ ਮਹਾਰਾਣੀ ਪਰਨੀਤ ਕੌਰ ਸਾਬਕਾ ਮੁੱਖ ਮੰਤਰੀ ਪੰਜਾਬ ਕੈਪਟਨ ਅਮਰਿੰਦਰ ਸਿੰਘ ਦੀ ਪਤਨੀ ਨੇ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋ ਕੇ ਦਲ ਬਦਲੀਆਂ ਦਾ ਮਹੂਰਤ ਕੀਤਾ ਸੀ। ਪਰਨੀਤ ਕੌਰ 4 ਵਾਰ ਪਟਿਆਲਾ ਸੰਸਦੀ ਹਲਕੇ ਤੋਂ ਲੋਕ ਸਭਾ ਦੇ ਮੈਂਬਰ ਅਤੇ 2009 ਤੋਂ 2014 ਤੱਕ ਡਾ.ਮਨਮੋਹਨ ਸਿੰਘ ਦੀ ਸਰਕਾਰ ਵਿੱਚ ਕੇਂਦਰੀ ਵਿਦੇਸ਼ ਰਾਜ ਮੰਤਰੀ ਰਹੇ ਹਨ। ਉਨ੍ਹਾਂ ਤੋਂ ਬਾਅਦ ਪੰਜਾਬ ਪ੍ਰਦੇਸ਼ ਕਾਂਗਰਸ ਦੇ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਡਿਪਟੀ ਨੇਤਾ ਰਾਜ ਕੁਮਾਰ ਚੱਬੇਵਾਲ ਨੇ ਕਾਂਗਰਸ ਪਾਰਟੀ ਤੋਂ ਅਸਤੀਫ਼ਾ ਦੇ ਕੇ ਆਮ ਆਦਮੀ ਪਾਰਟੀ ਦਾ ਪੱਲਾ ਫੜ ਲਿਆ ਹੈ।

ਉਹ 2022 ਵਿੱਚ ਚੱਬੇਵਾਲ ਵਿਧਾਨ ਸਭਾ ਹਲਕੇ ਤੋਂ ਵਿਧਾਇਕ ਚੁਣੇ ਗਏ ਸਨ ਅਤੇ ਇਸ ਸਮੇਂ ਪੰਜਾਬ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਡਿਪਟੀ ਲੀਡਰ ਸਨ। ਉਸ ਤੋਂ ਬਾਅਦ ਬਸੀ ਪਠਾਣਾ ਤੋਂ ਕਾਂਗਰਸ ਪਾਰਟੀ ਦੇ 2017 ਵਿੱਚ ਚੁਣੇ ਗਏ ਸਾਬਕਾ ਵਿਧਾਇਕ ਗੁਰਪ੍ਰੀਤ ਸਿੰਘ ਜੀ.ਪੀ. ਨੇ ਵੀ ਪਾਰਟੀ ਤੋਂ ਅਸਤੀਫ਼ਾ ਦੇ ਕੇ ਆਮ ਆਦਮੀ ਪਾਰਟੀ ਵਿੱਚ ਚਲੇ ਗਏ ਹਨ। ਗੁਰਪ੍ਰੀਤ ਸਿੰਘ ਜੀ.ਪੀ. ਨੂੰ ਫਤਿਹਗੜ੍ਹ ਸਾਹਿਬ ਰਾਖਵੀਂ ਸੀਟ ਤੋਂ ਆਮ ਆਦਮੀ ਪਾਰਟੀ ਨੇ ਉਮੀਦਵਾਰ ਬਣਾਇਆ ਹੈ। ਲੁਧਿਆਣਾ ਤੋਂ ਕਾਂਗਰਸ ਪਾਰਟੀ ਦੇ ਤਿੰਨ ਵਾਰ ਲੋਕ ਸਭਾ ਮੈਂਬਰ ਰਵਨੀਤ ਸਿੰਘ ਬਿੱਟੂ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋ ਗਏ। ਬਿੱਟੂ ਮਰਹੂਮ ਮੁੱਖ ਮੰਤਰੀ ਬੇਅੰਤ ਸਿੰਘ ਦਾ ਪੋਤਰਾ ਹੈ। ਬਿੱਟੂ ਲੋਕ ਸਭਾ ਵਿੱਚ ਕਾਂਗਰਸ ਪਾਰਟੀ ਦੇ ਚੀਫ਼ ਅਤੇ ਵਿਰੋਧੀ ਧਿਰ ਦਾ ਨੇਤਾ ਵੀ ਰਿਹਾ ਹੈ। ਉਹ ਰਾਹੁਲ ਗਾਂਧੀ ਦਾ ਚਹੇਤਾ ਗਿਣਿਆ ਜਾਂਦਾ ਸੀ। ਰਵਨੀਤ ਸਿੰਘ ਬਿੱਟੂ ਪੰਜਾਬ ਯੂਥ ਕਾਂਗਰਸ ਦਾ ਪਹਿਲਾ ਚੁਣਿਆ ਹੋਇਆ ਪ੍ਰਧਾਨ ਸੀ। ਉਸ ਤੋਂ ਬਾਅਦ ਉਹ ਰੂਪਨਗਰ ਦੇ ਆਨੰਦਪੁਰ ਸਾਹਿਬ ਲੋਕ ਸਭਾ ਹਲਕੇ ਤੋਂ 2009, ਲੁਧਿਆਣਾ ਤੋਂ 2014 ਅਤੇ 2019 ਵਿੱਚ ਮੈਂਬਰ ਚੁਣੇ ਗਏ ਸਨ। ਆਮ ਆਦਮੀ ਪਾਰਟੀ ਦੇ ਜਲੰਧਰ ਤੋਂ ਲੋਕ ਸਭਾ ਦੇ ਮੈਂਬਰ ਸ਼ੁਸ਼ੀਲ ਕੁਮਾਰ ਰਿੰਕੂ ਅਤੇ ਆਮ ਆਦਮੀ ਪਾਰਟੀ ਦੇ ਵਿਧਾਇਕ ਸ਼ੀਤਲ ਅੰਗੁਰਾਲ ਵੀ ਅਸਤੀਫ਼ੇ ਦੇ ਕੇ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋ ਗਏ ਹਨ। ਰਿੰਕੂ 2017 ਵਿੱਚ ਜਲੰਧਰ ਪੱਛਵੀਂ ਤੋਂ ਸ਼ੀਤਲ ਅੰਗੁਰਾਲ ਨੂੰ ਹਰਾ ਕੇ ਕਾਂਗਰਸ ਪਾਰਟੀ ਦੇ ਵਿਧਾਇਕ ਚੁਣੇ ਗਏ ਸਨ। ਉਹ ਜਲੰਧਰ ਉਪ ਚੋਣ ਤੋਂ ਕੁਝ ਦਿਨ ਪਹਿਲਾਂ ਕਾਂਗਰਸ ਵਿੱਚੋਂ ਅਸਤੀਫਾ ਦੇ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ ਸਨ। ਜਨਵਰੀ 2023 ਵਿੱਚ ਕਾਂਗਰਸ ਦੇ ਲੋਕ ਸਭਾ ਮੈਂਬਰ ਚੌਧਰੀ ਸੰਤੋਖ ਸਿੰਘ ਰਾਹੁਲ ਗਾਂਧੀ ਦੀ ਭਾਰਤ ਜੋੜੋ ਯਾਤਰਾ ਦੌਰਾਨ ਦਿਲ ਦਾ ਦੌਰ ਪੈਣ ਕਰਕੇ ਅਚਾਨਕ ਸਵਰਗਵਾਸ ਹੋ ਜਾਣ ਤੋਂ ਬਾਅਦ ਉਹ 13 ਮਈ 2023 ਨੂੰ ਹੋਈ ਉਪ ਚੋਣ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਦੇ ਤੌਰ 'ਤੇ ਲੋਕ ਸਭਾ ਲਈ ਚੁਣੇ ਗਏ ਸਨ।

ਭਾਰਤੀ ਜਨਤਾ ਪਾਰਟੀ ਨੇ ਪਰਨੀਤ ਕੌਰ, ਰਵਨੀਤ ਸਿੰਘ ਬਿੱਟੂ, ਸੁਸ਼ੀਲ ਕੁਮਾਰ ਰਿੰਕੂ ਅਤੇ ਆਮ ਆਦਮੀ ਪਾਰਟੀ ਨੇ ਗੁਰਪ੍ਰੀਤ ਸਿੰਘ ਜੀ.ਪੀ.ਨੂੰ ਟਿਕਟਾਂ ਦੇ ਕੇ ਨਿਵਾਜਿਆ ਹੈ। ਲੋਕਤੰਤਰ ਵਿੱਚ ਇਹ ਰੁਝਾਨ ਬੜਾ ਖ਼ਤਰਨਾਕ ਸਾਬਤ ਹੋ ਸਕਦਾ ਹੈ। ਪੰਜਾਬ ਦੇ ਲੋਕ ਮਹਿਸੂਸ ਕਰਦੇ ਹਨ ਕਿ ਭਾਰਤੀ ਜਨਤਾ ਪਾਰਟੀ ਸਰਕਾਰੀ ਤੰਤਰ ਈ.ਡੀ.ਅਤੇ ਸੀ.ਬੀ.ਆਈ.ਦੇ ਦਬਾਅ ਨਾਲ ਇਨ੍ਹਾਂ ਨੇਤਾਵਾਂ ਨੂੰ ਆਪਣੀ ਪਾਰਟੀ ਵਿੱਚ ਸ਼ਾਮਲ ਕਰ ਰਹੀ ਹੈ। ਸਿਆਸਤਦਾਨ ਇਕ ਦੂਜੀ ਪਾਰਟੀ ਦੇ ਨੇਤਾਵਾਂ ਨੂੰ ਭ੍ਰਿਸ਼ਟਾਚਾਰ ਵਿੱਚ ਲਿਪਟੇ ਹੋਏ ਕਹਿੰਦੇ ਹਨ ਪ੍ਰੰਤੂ ਜਦੋਂ ਉਨ੍ਹਾਂ ਦੀਆਂ ਪਾਰਟੀਆਂ ਵਿੱਚ ਇਹ ਨੇਤਾ ਸ਼ਾਮਲ ਹੁੰਦੇ ਹਨ ਤਾਂ ਉਹ ਇਮਾਨਦਾਰ ਕਿਵੇਂ ਹੋ ਜਾਂਦੇ ਹਨ? ਅਕਾਲੀ ਦਲ ਅਤੇ ਭਾਰਤੀ ਜਨਤਾ ਪਾਰਟੀ ਵਿੱਚੋਂ ਵੀ ਦਲ ਬਦਲੀਆਂ ਹੋ ਰਹੀਆਂ ਹਨ। ਸੁਖਦੇਵ ਸਿੰਘ ਢੀਂਡਸਾ ਨੇ ਆਪਣਾ ਸੰਯੁਕਤ ਅਕਾਲੀ ਦਲ, ਸ਼੍ਰੋਮਣੀ ਅਕਾਲੀ ਦਲ ਵਿੱਚ ਮਰਜ ਕਰਕੇ ਵਾਪਸ ਆ ਗਿਆ ਹੈ। ਏਸੇ ਤਰ੍ਹਾਂ ਬੀਬੀ ਜਾਗੀਰ ਕੌਰ ਨੇ ਵੀ ਮੁੜ ਕੇ ਅਕਾਲੀ ਦਲ ਦਾ ਪੱਲਾ ਫੜ ਲਿਆ ਹੈ। ਲਵ ਕੁਮਾਰ ਗੋਲਡੀ ਅਤੇ ਮਲਕੀਤ ਸਿੰਘ ਬੀਰਮੀ ਦੋਵੇਂ ਸਾਬਕਾ ਵਿਧਾਨਕਾਰਾਂ ਨੇ ਕ੍ਰਮਵਾਰ ਭਾਰਤੀ ਜਨਤਾ ਪਾਰਟੀ ਅਤੇ ਅਕਾਲੀ ਦਲ ਤੋਂ ਅਸਤੀਫ਼ਾ ਦੇ ਕੇ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋ ਗਏ ਹਨ। ਲਵ ਕੁਮਾਰ ਗੋਲਡੀ 2004 ਅਤੇ 2009 ਵਿੱਚ ਗੜ੍ਹਸ਼ੰਕਰ ਹਲਕੇ ਤੋਂ ਕਾਂਗਰਸ ਪਾਰਟੀ ਦੇ ਵਿਧਾਨਕਾਰ ਰਹੇ ਹਨ। 2022 ਵਿੱਚ ਕੈਪਟਨ ਅਮਰਿੰਦਰ ਸਿੰਘ ਨਾਲ ਕਾਂਗਰਸ ਛੱਡ ਗਏ ਸਨ, ਫਿਰ ਕੈਪਟਨ ਨਾਲ ਹੀ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋ ਗਏ ਸਨ। ਮਲਕੀਤ ਸਿੰਘ ਬੀਰਮੀ 1992 ਵਿੱਚ ਲੁਧਿਆਣਾ ਦਿਹਾਤੀ ਤੋਂ ਕਾਂਗਰਸ ਪਾਰਟੀ ਦੇ ਵਿਧਾਇਕ ਚੁਣੇ ਗਏ ਸਨ ਉਹ ਹਰਚਰਨ ਸਿੰਘ ਬਰਾੜ ਦੇ ਮੰਤਰੀ ਮੰਡਲ ਵਿੱਚ ਮੰਤਰੀ ਰਹੇ ਹਨ।

ਉਹ ਕਾਂਗਰਸ ਪਾਰਟੀ ਛੱਡ ਕੇ ਅਕਾਲੀ ਦਲ ਵਿੱਚ ਸ਼ਾਮਲ ਹੋ ਗਏ ਸਨ। ਅਕਾਲੀ ਦਲ ਅਤੇ ਭਾਰਤੀ ਜਨਤਾ ਪਾਰਟੀ ਵਿੱਚੋਂ ਵੀ ਛੋਟੇ ਮੋਟੇ ਨੇਤਾ ਖਿਸਕ ਰਹੇ ਹਨ। ਪ੍ਰੇਮ ਸਿੰਘ ਚੰਦੂਮਾਜਰਾ ਦਾ ਭਾਣਜਾ ਹਰਵਿੰਦਰ ਸਿੰਘ ਹਰਪਾਲਪੁਰ ਅਤੇ ਪ੍ਰਿੰਸੀਪਲ ਡਾ. ਤੇਜਾ ਸਿੰਘ ਵੀ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋ ਗਏ ਹਨ। ਕੁਝ ਇਸ ਦਲ ਬਦਲੀ ਨੂੰ ਘਰ ਵਾਪਸੀ ਦਾ ਨਾਮ ਦੇ ਰਹੇ ਹਨ।

# ਸੰਪਰਕ : 94178-13072
ujagarsingh48@yahoo.com

# ਬਜ਼ੁਰਗਾਂ ਦਾ ਸਤਿਕਾਰ ਤੇ ਸਾਂਝੇ ਪਰਵਾਰ ਦੀ ਮਹੱਤਤਾ



ਅਵਤਾਰ ਤਰਕਸ਼ੀਲ

ਮਾਤਾ-ਪਿਤਾ ਦਾ ਸਾਡੇ ਜੀਵਨ ਵਿੱਚ ਅਹਿਮ ਸਥਾਨ ਹੁੰਦਾ ਹੈ। ਮਾਂ-ਬਾਪ ਦੀ ਜ਼ਿੰਮੇਵਾਰੀ ਸਾਡੇ ਜਨਮ ਤੋਂ ਲੈ ਕੇ ਸਾਰੀ ਉਮਰ ਨਹੀਂ ਮੁੱਕਦੀ। ਉਹ ਸਾਨੂੰ ਜ਼ਿੰਦਗੀ ਵਿੱਚ ਰਹਿਣ-ਸਹਿਣ ਦੇ ਤਰੀਕੇ ਸਿਖਾਉਂਦੇ ਹਨ, ਚੰਗੇ ਅਤੇ ਮਾੜੇ ਦਾ ਫਰਕ ਦੱਸਦੇ ਹਨ। ਆਪਣੇ ਜ਼ਿੰਦਗੀ ਦੇ ਤਜਰਬਿਆਂ ਵਿੱਚੋਂ ਇਹ ਵੀ ਦੱਸਦੇ ਹਨ ਕਿ ਸਾਨੂੰ ਕੀ ਕਰਨਾ ਚਾਹੀਦਾ ਹੈ ਅਤੇ ਕੀ ਨਹੀਂ ਕਰਨਾ ਚਾਹੀਦਾ।

ਉਹ ਸਾਡੇ ਜੀਵਨ ਦੀ ਮਜ਼ਬੂਤ ਨੀਂਹ ਉਸਾਰਦੇ ਹਨ। ਮਜ਼ਬੂਤ ਨੀਂਹ ਤੋਂ ਬਿਨਾਂ ਮਜ਼ਬੂਤ ਮਕਾਨ ਦੀ ਉਸਾਰੀ ਨਹੀਂ ਹੋ ਸਕਦੀ। ਦਰੱਖਤ ਵੀ ਲੰਮਾ ਸਮਾਂ ਤਾਂ ਹੀ ਜ਼ਿੰਦਾ ਰਹਿ ਸਕਦੇ ਹਨ, ਜੇਕਰ ਉਹ ਆਪਣੀਆਂ ਜੜ੍ਹਾਂ ਨਾਲ ਜੁੜੇ ਰਹਿਣ। ਸਕੂਲ ਵਿੱਚ ਬੈਠਣਾ-ਉੱਠਣਾ, ਪੜ੍ਹਾਈ ਕਰਨ ਦੇ ਕਾਬਲ ਬਣਾਉਣਾ, ਆਪਣੇ ਦੋਸਤਾਂ ਨਾਲ ਰਲ-ਮਿਲ ਕੇ ਰਹਿਣਾ ਅਤੇ ਅਧਿਆਪਕਾਂ ਦਾ ਆਦਰ ਕਰਨਾ ਸਿਖਾਉਣ ਵਿੱਚ ਮਾਤਾ-ਪਿਤਾ ਵੱਡਾ ਯੋਗਦਾਨ ਪਾਉਂਦੇ ਹਨ।

ਸਾਰੀ ਦੁਨੀਆ ਵਿੱਚ ਸਿਰਫ ਮਾਤਾ-ਪਿਤਾ ਹੀ ਹੁੰਦੇ ਹਨ, ਜੋ ਸਾਨੂੰ ਆਪਣੇ ਤੋਂ ਵਧੀਆ ਦੇਖਣਾ ਚਾਹੁੰਦੇ ਹਨ, ਜੋ ਘਾਟਾਂ ਉਨ੍ਹਾਂ ਆਪਣੀ ਜ਼ਿੰਦਗੀ ਵਿੱਚ ਦੇਖੀਆਂ ਹੁੰਦੀਆਂ ਹਨ, ਉਹ ਆਪਣੇ ਬੱਚਿਆਂ ਵਿੱਚ ਨਹੀਂ ਦੇਖਣਾ ਚਾਹੁੰਦੇ।

ਮੈਂ ਆਪਣੇ ਤਜਰਬੇ ਦੇ ਅਧਾਰ 'ਤੇ ਆਖ ਸਕਦਾ ਹਾਂ ਕਿ ਮਾਤਾ-ਪਿਤਾ ਹੀ ਸਾਡੇ ਪਹਿਲੇ ਅਧਿਆਪਕ ਹੁੰਦੇ ਹਨ। ਇਹ ਉਹ ਅਧਿਆਪਕ ਹੁੰਦੇ ਹਨ, ਜੋ ਬਿਨਾਂ ਤਨਖਾਹ ਲਿਆਂ ਅਤੇ ਬਿਨਾਂ ਛੁੱਟੀ ਕੀਤਿਆਂ ਸਾਡਾ ਪਾਲਣ-ਪੋਸ਼ਣ ਕਰਦੇ ਹਨ। ਉਨ੍ਹਾਂ ਬਾਰੇ ਲਿਖਦਿਆਂ ਕਈ ਵਾਰ ਸ਼ਬਦ ਵੀ ਛੋਟੇ ਪੈ ਜਾਂਦੇ ਹਨ। ਮਾਤਾ-ਪਿਤਾ ਦੇ ਨਾਲ-ਨਾਲ ਬਜ਼ੁਰਗਾਂ ਦਾ ਵੀ ਸਾਡੀ ਜ਼ਿੰਦਗੀ ਵਿੱਚ ਮਹੱਤਵਪੂਰਨ ਸਥਾਨ ਹੁੰਦਾ ਹੈ। ਫਾਰਸੀ ਭਾਸ਼ਾ ਵਿੱਚ ਬਜ਼ੁਰਗ ਦਾ ਅਰਥ ਵੱਡਾ ਹੁੰਦਾ ਹੈ। ਬਜ਼ੁਰਗ ਉਮਰ ਵਿੱਚ ਹੀ ਸਾਡੇ ਤੋਂ ਵੱਡੇ ਨਹੀਂ ਹੁੰਦੇ, ਬਲਕਿ ਉਨ੍ਹਾਂ ਕੋਲ ਜ਼ਿੰਦਗੀ ਦੇ ਤਜਰਬਿਆਂ ਦਾ ਵੱਡਾ ਭੰਡਾਰ ਹੁੰਦਾ ਹੈ। ਉਨ੍ਹਾਂ ਦੀ ਕੋਸ਼ਿਸ਼ ਹੁੰਦੀ ਹੈ ਕਿ ਉਹ ਸਾਰੇ ਜ਼ਿੰਦਗੀ ਦੇ ਤਜਰਬੇ ਆਪਣੇ ਬੱਚਿਆਂ ਨੂੰ ਦੇ ਕੇ ਜਾਣ, ਤਾਂ ਕਿ ਜਿਹੜੀਆਂ ਤੰਗੀਆਂ ਜੀਵਨ ਵਿੱਚ ਉਨ੍ਹਾਂ ਨੂੰ ਹੋਈਆਂ, ਉਹ ਅਗਲੀਆਂ ਪੀੜ੍ਹੀਆਂ ਨੂੰ ਨਾ ਹੋਣ। ਮਾਤਾ-ਪਿਤਾ, ਭੂਆ, ਤਾਏ, ਚਾਚਿਆਂ ਅਤੇ ਬਜ਼ੁਰਗਾਂ ਨਾਲ ਹੀ ਸਾਂਝਾ ਪਰਵਾਰ ਬਣਦਾ ਹੈ, ਜਿਸ ਦੀ ਭਾਰਤੀ ਸਮਾਜ ਵਿੱਚ ਬਹੁਤ ਮਹੱਤਤਾ ਹੁੰਦੀ ਹੈ। ਸਾਂਝੇ ਪਰਵਾਰ ਵਿੱਚ ਬਜ਼ੁਰਗ ਆਪਣੇ ਪੋਤੇ-ਪੋਤੀਆਂ ਨੂੰ ਰਾਤ ਵੇਲੇ ਕੋਈ ਨਾ ਕੋਈ ਕਵਿਤਾ, ਕਹਾਣੀ, ਬਾਤ ਜਾਂ ਹੱਡਬੀਤੀ ਸੁਣਾਉਂਦੇ ਹਨ, ਜਿਸ ਨਾਲ ਹਰ ਰੋਜ਼ ਬੱਚਿਆਂ ਨੂੰ ਇੱਕ ਨਵੀਂ ਗੱਲ ਸਿੱਖਣ ਨੂੰ ਮਿਲਦੀ ਹੈ।



ਸਾਂਝੇ ਪਰਵਾਰ ਨਾਲ ਜਿਥੇ ਘਰ ਵਿੱਚ ਰੌਣਕ ਲੱਗੀ ਰਹਿੰਦੀ ਹੈ, ਉਥੇ ਹੀ ਇੱਕ ਘਰ ਵਿੱਚ ਰਹਿਣ ਨਾਲ ਘਰੇਲੂ ਖਰਚਾ ਬਹੁਤ ਘਟ ਜਾਂਦਾ ਹੈ ਅਤੇ ਘਰਦੇ ਕੰਮ ਵੀ ਹੱਥੋ-ਹੱਥੀ ਹੋ ਜਾਂਦੇ ਹਨ।

ਕਿਸੇ ਪਰਵਾਰਕ ਮੈਂਬਰ ਦੇ ਸੱਟ ਲੱਗਣ ਜਾਂ ਬਿਮਾਰੀ ਦੀ ਹਾਲਤ ਵਿੱਚ ਸਾਂਝਾ ਪਰਵਾਰ ਹੋਣ ਨਾਲ ਮਰੀਜ਼ ਦੀ ਵਧੀਆ ਦੇਖਭਾਲ ਹੋ ਜਾਂਦੀ ਹੈ ਅਤੇ ਉਸ ਦੇ ਹਿੱਸੇ ਦਾ ਕੰਮ ਵੀ ਵੰਡ ਕੇ ਕਰ ਲਿਆ ਜਾਂਦਾ ਹੈ। ਅਚਾਨਕ ਪਏ ਆਰਥਕ ਬੋਝ ਨੂੰ ਵੀ ਸਾਰੇ ਰਲ ਕੇ ਝੱਲ ਲੈਂਦੇ ਹਨ। ਬੱਚੇ ਵੀ ਤਾਇਆਂ, ਚਾਚਿਆਂ ਦੇ ਬੱਚਿਆਂ ਨਾਲ ਰਲ ਕੇ ਖੇਡ ਲੈਂਦੇ ਹਨ।

ਮੌਜੂਦਾ ਸਮੇਂ ਵਿੱਚ ਬਹੁਤ ਸਾਰੇ ਪੰਜਾਬੀ ਪਰਵਾਰ ਪੰਜਾਬ ਵਿੱਚ ਰੁਜ਼ਗਾਰ ਦੀ ਘਾਟ ਕਾਰਨ ਪ੍ਰਦੇਸਾਂ ਵਿੱਚ ਜਾ ਵਸੇ ਹਨ। ਵਿਦੇਸ਼ੀ ਮੁਲਕਾਂ ਵਿੱਚ ਜਾ ਕੇ ਸਾਂਝੇ ਪਰਵਾਰ ਦੀ ਮਹੱਤਤਾ ਹੋਰ ਵਧ ਜਾਂਦੀ ਹੈ। ਵਿਦੇਸ਼ਾਂ ਵਿੱਚ ਜਾ ਕੇ ਮਾਤਾ-ਪਿਤਾ ਨੂੰ ਪਰਵਾਰ ਦਾ ਖਰਚਾ ਚਲਾਉਣ ਅਤੇ ਘਰ ਖਰੀਦਣ ਲਈ ਨੌਕਰੀ ਕਰਨੀ ਪੈਂਦੀ ਹੈ।

ਬਜ਼ੁਰਗ ਘਰ ਰਹਿ ਕੇ ਬੱਚਿਆਂ ਦੀ ਦੇਖਭਾਲ ਕਰਦੇ ਹਨ। ਬੱਚਿਆਂ ਨੂੰ ਪੜ੍ਹਾਉਣਾ, ਸਕੂਲ ਛੱਡਣਾ, ਸਕੂਲ ਤੋਂ ਵਾਪਸ ਲਿਆਉਣਾ ਅਤੇ ਬੱਚਿਆਂ ਨੂੰ ਖੇਡਾਂ 'ਤੇ ਲੈ ਕੇ ਜਾਣਾ ਵੀ ਬਜ਼ੁਰਗਾਂ ਦੇ ਹਿੱਸੇ ਹੀ ਆਉਂਦਾ ਹੈ। ਬਜ਼ੁਰਗ ਘਰ ਵਿੱਚ ਰਹਿ ਕੇ ਘਰ ਵਾਸਤੇ ਬਿਨਾਂ ਸਪਰੇਆਂ ਤੋਂ ਸਬਜ਼ੀਆਂ ਵੀ ਪੈਦਾ ਕਰ ਲੈਂਦੇ ਹਨ। ਇਹ ਘਰ ਵਿੱਚ ਉਗਾਈਆਂ ਸਬਜ਼ੀਆਂ ਜਿੱਥੇ ਸਿਹਤ ਲਈ ਚੰਗੀਆਂ ਹੁੰਦੀਆਂ ਹਨ, ਉਥੇ ਹੀ ਪਰਵਾਰ ਦਾ ਖਰਚਾ ਹੋਣੋਂ ਬਚਾਉਂਦੀਆਂ ਹਨ। ਬਜ਼ੁਰਗਾਂ ਦੇ ਆਸਰੇ ਹੀ ਵਿਦੇਸ਼ਾਂ ਵਿੱਚ ਭਾਰਤੀ ਬੱਚੇ ਆਪਣੀ ਮਾਂ ਬੋਲੀ ਨਾਲ ਜੁੜਦੇ ਹਨ।

ਸਾਨੂੰ ਸਾਰਿਆਂ ਨੂੰ ਆਪਣੇ ਮਾਤਾ-ਪਿਤਾ ਅਤੇ ਬਜ਼ੁਰਗਾਂ ਦਾ ਸਤਿਕਾਰ ਕਰਨਾ ਚਾਹੀਦਾ ਹੈ ਅਤੇ ਸਾਂਝੇ ਪਰਵਾਰ ਵਿੱਚ ਰਲ ਕੇ ਰਹਿਣਾ ਚਾਹੀਦਾ ਹੈ, ਤਾਂ ਕਿ ਅਸੀਂ ਆਪਣੇ ਪਿਛੋਕੜ ਵਿੱਚ ਮਿਲੇ ਸੰਸਕਾਰਾਂ ਨੂੰ ਕਾਇਮ ਰੱਖਦੇ ਹੋਏ ਆਪਣੀ ਆਰਥਿਕਤਾ ਨੂੰ ਮਜ਼ਬੂਤ ਕਰ ਸਕੀਏ।

# ਸੰਪਰਕ : 006421392147

# ਮੌਕਾਪ੍ਰਸਤਾਂ ਤੋਂ ਚੰਗੇ ਰਾਸ਼ਟਰ ਦੀ ਆਸ ਨਹੀਂ ਰੱਖੀ ਜਾ ਸਕਦੀ



ਬਲਵਿੰਦਰ ਸਿੰਘ ਭੁੱਲਰ

ਸਮੁੱਚੀ ਦੁਨੀਆ ਦਾ ਇਤਿਹਾਸ ਅਜਿਹੇ ਵਿਅਕਤੀਆਂ ਦੀਆਂ ਜੀਵਨ ਉਦਾਹਰਣਾਂ ਨਾਲ ਭਰਿਆ ਪਿਆ ਹੈ, ਜਿਹੜੇ ਵਿਸ਼ਵਾਸ, ਹੌਸਲੇ, ਦ੍ਰਿੜ੍ਹਤਾ ਅਤੇ ਲੋਕ ਸੇਵਾ ਕਰਦੇ ਹੋਏ ਸਿਖ਼ਰਾਂ ਤੱਕ ਪਹੁੰਚੇ ਹਨ। ਭਾਰਤ ਵਿੱਚ ਵੀ ਅਜਿਹੇ ਆਗੂਆਂ ਦੀਆਂ ਉਦਾਹਰਣਾਂ ਮਿਲਦੀਆਂ ਹਨ। ਆਜ਼ਾਦੀ ਤੋਂ ਬਾਅਦ ਸਿਆਸੀ ਪਾਰਟੀਆਂ ਖੜੀਆਂ ਹੋਈਆਂ ਤੇ ਚੋਣਾਂ ਦਾ ਸਿਲਸਿਲਾ ਸ਼ੁਰੂ ਹੋਇਆ। ਚੋਣਾਂ ਆਉਂਦੀਆਂ-ਜਾਂਦੀਆਂ ਰਹੀਆਂ ਹਨ ਤੇ ਉਮੀਦਵਾਰਾਂ ਦੀ ਜਿੱਤ-ਹਾਰ ਹੁੰਦੀ ਰਹਿੰਦੀ ਹੈ। ਚੋਣਾਂ ਲੜਨ ਵਾਲੇ ਨੇਤਾ ਦੇਸ਼ ਵਾਸੀਆਂ ਲਈ ਰੋਲ ਮਾਡਲ ਬਣਦੇ ਰਹੇ ਹਨ। ਉਹਨਾਂ ਬਹੁਤ ਚੰਗੇ-ਮਾੜੇ ਦਿਨ ਵੀ ਵੇਖੇ, ਪਰ ਉਹਨਾਂ ਆਪਣੀ ਮਾਂ ਪਾਰਟੀ ਨੂੰ ਕਦੇ ਨਹੀਂ ਛੱਡਿਆ ਅਤੇ ਬਹੁਤ ਉੱਚੀਆਂ ਪਦਵੀਆਂ ਹਾਸਲ ਕੀਤੀਆਂ। ਮਿਸਾਲ ਦੇ ਤੌਰ 'ਤੇ ਗਿ: ਜ਼ੈਲ ਸਿੰਘ ਜਿਸ ਨੇ ਆਜ਼ਾਦੀ ਦੀ ਲੜਾਈ ਵਿੱਚ ਵੀ ਹਿੱਸਾ ਪਾਇਆ ਸੀ। ਆਜ਼ਾਦੀ ਤੋਂ ਬਾਅਦ ਉਹ ਕਾਂਗਰਸ ਦੇ ਵਿਧਾਇਕ, ਮੰਤਰੀ, ਮੁੱਖ ਮੰਤਰੀ, ਕੇਂਦਰ 'ਚ ਗ੍ਰਹਿ ਮੰਤਰੀ ਬਣਦੇ ਹੋਏ ਦੇਸ਼ ਦੇ ਰਾਸ਼ਟਰਪਤੀ ਦੇ ਅਹੁਦੇ ਤੱਕ ਪਹੁੰਚੇ। ਅਪ੍ਰੇਸ਼ਨ ਬਲਿਊ ਸਟਾਰ ਓਪਰੇਸ਼ਨ ਸਮੇਂ ਉਸ ਨੂੰ ਸਿੱਖਾਂ ਦੇ ਵਿਰੋਧ ਦਾ ਵੀ ਸਾਹਮਣਾ ਕਰਨਾ ਪਿਆ, ਭਾਵੇਂ ਕਿ ਇਹ ਕਾਰਵਾਈ ਉਹਨਾ ਦੀ ਸਲਾਹ ਤੋਂ ਬਗੈਰ ਹੀ ਕੀਤੀ ਗਈ ਸੀ। ਇਸੇ ਤਰ੍ਹਾਂ ਸ੍ਰ: ਪ੍ਰਕਾਸ਼ ਸਿੰਘ ਬਾਦਲ ਜਦੋਂ ਅਕਾਲੀ ਆਗੂ ਸਥਾਪਤ ਹੋ ਗਏ ਤਾਂ ਉਹ ਪੰਜਾਬ ਦੇ ਵਿਧਾਇਕ, ਪੰਜ ਵਾਰ ਮੁੱਖ ਮੰਤਰੀ, ਕੇਂਦਰ ਦੇ ਖੇਤੀਬਾੜੀ ਮੰਤਰੀ, ਪਾਰਟੀ ਦੇ ਪ੍ਰਧਾਨ ਤੇ ਸਰਪ੍ਰਸਤ ਅਹੁਦਿਆਂ 'ਤੇ ਰਹੇ। ਇੱਥੋਂ ਤੱਕ ਪਹੁੰਚਣ ਦਾ ਕਾਰਨ ਵੀ ਇਹੋ ਸੀ ਕਿ ਉਹਨਾਂ ਕਦੇ ਵੀ ਪਾਰਟੀ ਤੋਂ ਪਾਸਾ ਨਾ ਵੱਟਿਆ। ਉਹਨਾਂ ਨੂੰ ਕਈ ਵਾਰ ਹਾਰ ਦਾ ਮੂੰਹ ਵੇਖਣਾ ਪਿਆ, ਕਈ ਵਾਰ ਉੱਚ ਦਰਜੇ ਦਾ ਵਿਰੋਧ ਵੀ ਹੋਇਆ, ਬੇਅਦਬੀ ਘਟਨਾਵਾਂ ਦੇ ਦੋਸ਼ ਵੀ ਲੱਗੇ, ਪਰ ਉਹਨਾਂ ਆਪਣੀ ਮਾਂ ਪਾਰਟੀ ਸ਼੍ਰੋਮਣੀ ਅਕਾਲੀ ਦਲ ਤੋਂ ਕਦੀ ਵੀ ਮੂੰਹ ਨਾ ਫੇਰਿਆ। ਅਜਿਹੀਆਂ ਹੋਰ ਵੀ ਬਹੁਤ ਸ਼ਖ਼ਸੀਅਤਾਂ ਹਨ, ਇਹੋ ਕਾਰਨ ਹੈ ਕਿ ਉਹਨਾਂ ਦਾ ਵਿਰੋਧ ਖੜਾ ਹੋ ਜਾਣ 'ਤੇ ਲੋਕ ਉਹਨਾਂ ਦਾ ਸਤਿਕਾਰ ਕਰਦੇ ਰਹੇ ਹਨ। ਕਈ ਵੱਡੇ ਲੀਡਰ ਅਜਿਹੇ ਵੀ ਸਨ ਕਿ ਉਹ ਤੰਗ ਤਾਂ ਹੋਏ, ਪਰ ਉਹ ਮਾਂ ਪਾਰਟੀ ਛੱਡ ਕੇ ਕਿਸੇ ਹੋਰ ਪਾਰਟੀ ਦੀ ਗੋਦੀ ਵਿੱਚ ਨਹੀਂ ਡਿੱਗੇ, ਉਹਨਾਂ ਆਪਣੀ ਨਵੀਂ ਪਾਰਟੀ ਬਣਾ ਲਈ, ਭਾਵੇਂ ਉਹ ਸਫ਼ਲ ਵੀ ਨਾ ਹੋਏ, ਪਰ ਉਹਨਾਂ ਤੇ ਕੁਰਸੀ ਦੀ ਭੁੱਖ 'ਚ ਕੀਤੀ ਬੇਈਮਾਨੀ ਦਾ ਧੋਖਾਦੇਹੀ ਦਾ ਦੋਸ਼ ਨਹੀਂ ਲਗਦਾ।

ਹੁਣ ਪਿਛਲੇ ਦੋ ਕੁ ਦਹਾਕਿਆਂ ਤੋਂ ਆਗੂਆਂ ਦੇ ਚਰਿੱਤਰ, ਫ਼ਰਜ਼ਾਂ ਵਿੱਚ ਕਾਫ਼ੀ ਤਬਦੀਲੀ ਆਈ ਹੈ। ਉਹਨਾਂ ਨੇ ਕੁਰਸੀ ਦੀ ਲਾਲਸਾ ਤੇ ਭੁੱਖ ਕਾਰਨ ਆਪਣੀ ਅਣਖ, ਇੱਜ਼ਤ, ਵਫ਼ਾਦਾਰੀ ਛੱਡ ਕੇ ਆਪਣਾ ਨਿਸ਼ਾਨਾ ਸਿਰਫ਼ ਜਿੱਤ ਤੇ ਸੱਤਾ ਹਾਸਲ ਕਰਨ ਦਾ ਬਣਾ ਲਿਆ ਹੈ। ਉਹਨਾਂ ਨੂੰ ਕਿਸੇ ਪਾਰਟੀ ਨਾਲ ਕੋਈ ਮੋਹ ਨਹੀਂ ਹੈ, ਪਾਰਟੀ ਦੀਆਂ ਦੇਸ਼ ਪ੍ਰਤੀ ਨੀਤੀਆਂ ਨਾਲ ਕੋਈ ਸੰਬੰਧ ਨਹੀਂ ਹੈ, ਲੋਕਾਂ ਵੱਲੋਂ ਹੱਕ ਤੇ ਨਿਆਂ ਲੈਣ ਲਈ ਵੋਟਾਂ ਰਾਹੀਂ ਦਿੱਤੇ ਅਧਿਕਾਰ ਦੀ ਕੋਈ ਚਿੰਤਾ ਨਹੀਂ ਹੈ। ਸ਼ਾਇਦ ਉਹ ਸਮਝਦੇ ਹਨ ਕਿ ਵੋਟਰ ਤਾਂ ਮੂਰਖ ਹਨ। ਉਹਨਾਂ ਦੀ ਯਾਦ ਸ਼ਕਤੀ ਕੁਝ ਮਹੀਨਿਆਂ ਦੀ ਹੈ ਤੇ ਕੀਤਾ ਕਰਾਇਆ ਸਭ ਭੁੱਲ ਹੀ ਜਾਂਦੇ ਹਨ। ਅਜਿਹੇ ਆਗੂ ਪਹਿਲਾਂ ਇੱਕ ਪਾਰਟੀ ਦੀ ਟਿਕਟ ਹਾਸਲ ਕਰਦਿਆਂ ਜਿੱਤ ਕੇ ਅੰਗੂਰੀਆਂ ਛਕਦੇ ਹਨ ਅਤੇ ਅਗਲੀ ਵਾਰ ਉਸ ਆਪਣੀ ਮਾਂ ਪਾਰਟੀ ਨੂੰ ਧੋਖਾ ਦੇ ਕੇ ਹੋਰ ਪਾਰਟੀ ਦੀ ਟਿਕਟ ਹਾਸਲ ਕਰ ਲੈਂਦੇ ਹਨ ਤੇ ਫੇਰ ਕੁਰਸੀ ਹਾਸਲ ਕਰਕੇ ਜੋ ਕੁਝ ਕਰਦੇ ਹਨ, ਇਹ ਸਭ ਦੇ ਸਾਹਮਣੇ ਹੈ। ਉਹਨਾਂ ਨੇ ਮਿੱਥਿਆ ਹੁੰਦਾ ਹੈ ਕਿ ਲੋਕ ਮਰਨ, ਚਾਹੇ ਖਪਣ, ਉਹਨਾਂ ਨੇ ਤਾਂ ਕੁਰਸੀ ਹਾਸਲ ਕਰਨੀ ਹੈ,ਭਾਵੇਂ ਬੇਈਮਾਨੀ, ਧੋਖਾਦੇਹੀ ਨਾਲ ਹੋਵੇ ਜਾਂ ਚਾਲਬਾਜ਼ੀ ਨਾਲ।

ਰਾਜ ਅਜਿਹੇ ਲੋਕਾਂ ਦਾ ਹੋਣਾ ਚਾਹੀਦਾ ਹੈ, ਜੋ ਦੌਲਤ, ਲਾਲਚ, ਸ਼ੋਹਰਤ ਦੀ ਬਜਾਏ ਇਮਾਨਦਾਰੀ ਨਾਲ ਲੋਕ ਸੇਵਾ ਕਰਨ ਨੂੰ ਤਰਜੀਹ ਦੇਣ, ਬੇਈਮਾਨਾਂ ਦਾ ਨਹੀਂ ਹੋਣਾ ਚਾਹੀਦਾ। ਲੋਕਾਂ ਨਾਲ ਨਿਆਂ ਉਹੀ ਕਰ ਸਕਦੇ ਹਨ, ਜਿਹਨਾਂ ਦਾ ਆਪਣਾ ਚਰਿੱਤਰ ਹੋਵੇ, ਅਣਖ ਹੋਵੇ। ਰਾਸ਼ਟਰ ਚਲਾਉਣਾ ਬਹੁਤ ਵੱਡਾ ਤੇ ਮਹੱਤਵਪੂਰਨ ਕੰਮ ਹੈ, ਇਸ ਕੰਮ ਨੂੰ ਨੇਤਾਵਾਂ ਖਾਸ ਕਰਕੇ ਬੇਈਮਾਨਾਂ ਦੇ ਸਹਾਰੇ 'ਤੇ ਨਹੀਂ ਛੱਡਿਆ ਜਾ ਸਕਦਾ। ਅਜਿਹੇ ਬੇਵਿਸ਼ਵਾਸੀ ਲੋਕ ਦੇਸ਼ ਦੀ ਤਬਾਹੀ ਦਾ ਕਾਰਨ ਬਣਦੇ ਹਨ। ਦੇਸ਼ ਦੇ ਲੋਕਾਂ ਵਿੱਚ ਸਮਾਜਿਕ ਚੇਤਨਾ ਹੋਣੀ ਚਾਹੀਦੀ ਹੈ ਤੇ ਵੋਟ ਪਾਉਣ ਸਮੇਂ ਉਹਨਾਂ ਨੂੰ ਪੂਰੀ ਸੂਝ-ਬੂਝ ਨਾਲ ਉਮੀਦਵਾਰ ਦੇ ਚਰਿੱਤਰ ਬਾਰੇ ਘੋਖ-ਪੜਤਾਲ ਕਰਨੀ ਚਾਹੀਦੀ ਹੈ। ਇਹ ਵੀ ਇੱਕ ਸੱਚਾਈ ਹੈ ਕਿ ਰਾਸ਼ਟਰ ਵਿਅਕਤੀਆਂ ਨਾਲ ਨਹੀਂ ਬਣਦਾ, ਬਲਕਿ ਸੰਸਥਾਵਾਂ ਨਾਲ ਬਣਦਾ ਹੈ। ਵੱਖ-ਵੱਖ ਸਿਆਸੀ ਪਾਰਟੀਆਂ ਨੂੰ ਚਾਹੀਦਾ ਹੈ ਕਿ ਉਹ ਆਪਣੀ ਵੋਟ ਪ੍ਰਤੀਸ਼ਤ ਵਧਾਉਣ ਦੇ ਆਸ਼ੇ ਨਾਲ ਬੇਵਿਸ਼ਵਾਸੀਆਂ ਤੇ ਬੇਈਮਾਨ ਦਲ-ਬਦਲੂਆਂ ਨੂੰ ਆਪਣੇ ਵਿੱਚ ਸ਼ਾਮਲ ਕਰਨ ਤੋਂ ਗੁਰੇਜ਼ ਕਰਨ। ਸੱਤਾ ਨਾਲੋਂ ਦੇਸ਼ ਤੇ ਲੋਕਾਂ ਦਾ ਵਧੇਰੇ ਫਿਕਰ ਕਰਦਿਆਂ ਸਾਫ਼-ਸੁਥਰੇ ਅਕਸ ਵਾਲੇ ਉਮੀਦਵਾਰ ਸਾਹਮਣੇ ਲਿਆਉਣੇ ਚਾਹੀਦੇ ਹਨ। ਦੁਨੀਆ ਪੱਧਰ ਦੇ ਫਿਲਾਸਫ਼ਰ ਡਿਜਰਾਇਨੀ ਨੇ ਕਿਹਾ ਸੀ, 'ਰਾਜਨੀਤੀ ਕੇਵਲ ਖੇਡ ਨਹੀਂ, ਇਸ ਉੱਪਰ ਰਾਸ਼ਟਰ ਦਾ ਵਰਤਮਾਨ ਤੇ ਭਵਿੱਖ ਨਿਰਭਰ ਕਰਦਾ ਹੈ।' ਦੇਸ਼ ਵਾਸੀਆਂ ਨੂੰ ਇਹ ਕਥਨ ਆਪਣੇ ਹਿਰਦੇ ਵਿੱਚ ਵਸਾ ਕੇ ਵੋਟ ਪਾਉਣ ਦਾ ਫੈਸਲਾ ਲੈਣਾ ਚਾਹੀਦਾ ਹੈ।

ਕੇਂਦਰ ਵਿੱਚ ਨਰਿੰਦਰ ਮੋਦੀ ਦੀ ਸਰਕਾਰ ਵੱਡੀ ਬਹੁਗਿਣਤੀ ਵਾਲੀ ਸਰਕਾਰ ਸੀ, ਜਿਸ ਨੇ ਰੱਜ ਕੇ ਆਪਣੀਆਂ ਮਨਮਾਨੀਆਂ ਕੀਤੀਆਂ। ਅਗਲੀ ਸਰਕਾਰ ਵੀ ਭਾਜਪਾ ਦੀ ਆਉਣ ਬਾਰੇ ਖੁੱਲ੍ਹ ਕੇ ਮੀਡੀਆ ਰਾਹੀਂ ਪ੍ਰਚਾਰ ਕੀਤਾ। ਲੋਕਾਂ ਨੂੰ ਸਬਜ਼ਬਾਗ ਵਿਖਾਏ, ਕੁੱਝ ਨੂੰ ਡਰਾਇਆ-ਧਮਕਾਇਆ, ਕੁੱਝ ਨੂੰ ਲਾਲਚ ਦਿੱਤੇ। ਦੂਜੀਆਂ ਪਾਰਟੀਆਂ ਖਾਸ ਕਰਕੇ ਕਾਂਗਰਸ ਨੂੰ ਖਤਮ ਕਰਨ ਲਈ ਕੋਈ ਕਸਰ ਬਾਕੀ ਨਹੀਂ ਛੱਡੀ। ਇਹ ਵੇਖਦਿਆਂ ਪ੍ਰਭਾਵ ਹੇਠ ਆਏ ਕੁਝ ਕਾਂਗਰਸੀ ਆਪਣੀ ਮਾਂ ਪਾਰਟੀ ਛੱਡ ਕੇ ਇਸ ਮਾਸੀ ਪਾਰਟੀ ਵੱਲ ਭੱਜਣ ਲੱਗੇ। ਇਹਨਾਂ ਵਿੱਚ ਦੋ ਕਿਸਮ ਦੇ ਨੇਤਾ ਸਨ, ਇੱਕ ਉਹ ਸਨ ਜੋ ਸੱਤਾ ਦਾ ਭਾਗ ਬਣਨ ਲਈ ਕੁਰਸੀ ਦੀ ਲਾਲਸਾ ਵਿੱਚ ਜਾ ਰਹੇ ਸਨ, ਜਿਹਨਾਂ ਵਿੱਚ ਕੈਪਟਨ ਅਮਰਿੰਦਰ, ਸੁਨੀਲ ਜਾਖੜ, ਰਾਣਾ ਸੋਢੀ ਆਦਿ ਸਨ। ਦੂਜੇ ਈ ਡੀ ਤੋਂ ਡਰਦੇ ਚਲੇ ਗਏ, ਜਿਵੇਂ ਗੁਰਪ੍ਰੀਤ ਸਿੰਘ ਕਾਂਗੜ, ਬਲਵੀਰ ਸਿੰਘ ਸਿੱਧੂ, ਰਾਜ ਕੁਮਾਰ ਵੇਰਕਾ ਆਦਿ, ਜਦੋਂ ਈ ਡੀ ਦਾ ਡਰ ਘਟ ਗਿਆ ਤਾਂ ਇਹਨਾਂ 'ਚੋਂ ਕੁਝ ਵਾਪਸ ਕਾਂਗਰਸ ਵਿੱਚ ਹੀ ਮੁੜ ਆਏ। ਹੁਣ ਲੋਕ ਸਭਾ ਚੋਣਾਂ ਬਿਲਕੁਲ ਨਜ਼ਦੀਕ ਆ ਗਈਆਂ, ਚੋਣਾਂ ਦੀ ਤਾਰੀਖ ਮਿੱਥੀ ਗਈ ਤਾਂ ਕੁਰਸੀ ਦੇ ਭੁੱਖੇ ਦਲਬਦਲੂ ਭਾਜਪਾ ਦੇ ਪੈਰਾਂ ਵਿੱਚ ਜਾ ਡਿੱਗਣ ਲੱਗੇ ਹਨ। ਰਵਨੀਤ ਸਿੰਘ ਬਿੱਟੂ ਪੰਜਾਬ ਦੇ ਸਿਰਕਰਦਾ ਕਾਂਗਰਸੀ ਪਰਵਾਰ ਵਿੱਚੋਂ ਸਨ, ਜਿਹਨਾ ਕੁਰਸੀ ਲਈ ਭਾਜਪਾ ਦੇ ਪੈਰ ਫੜ ਲਏ ਹਨ। ਉਹਨਾਂ ਦੇ ਦਾਦਾ ਸ੍ਰ: ਬੇਅੰਤ ਸਿੰਘ ਜਿਹਨਾਂ ਨੂੰ ਪੰਜਾਬ ਵਿੱਚ ਸ਼ਾਂਤੀ ਪੈਦਾ ਕਰਨ ਬਦਲੇ ਕਾਂਗਰਸੀ ਹੁੰਦਿਆਂ ਕੁਰਬਾਨੀ ਦਿੱਤੀ, ਜਿਸ ਦੀ ਕਦਰ ਕਰਦਿਆਂ ਕਾਂਗਰਸ ਹਾਈਕਮਾਂਡ ਨੇ ਉਹਨਾ ਦੀ ਹਰ ਇੱਛਾ ਪੂਰੀ ਕੀਤੀ। ਇਸੇ ਤਰ੍ਹਾਂ ਆਮ ਆਦਮੀ ਪਾਰਟੀ ਦੇ ਆਗੂ ਸੁਸ਼ੀਲ ਕੁਮਾਰ ਰਿੰਕੂ, ਜਿਸ ਨੂੰ ਪਾਰਟੀ ਨੇ ਲੋਕ ਸਭਾ ਮੈਂਬਰ ਬਣਾਇਆ ਅਤੇ ਹੁਣ ਅਗਲੀਆਂ ਚੋਣਾਂ ਲਈ ਵੀ ਟਿਕਟ ਦੇ ਦਿੱਤੀ ਸੀ, ਪਰ ਜਦ ਭਾਜਪਾ ਨੇ ਡਰਾਇਆ-ਧਮਕਾਇਆ ਤੇ ਫੇਰ ਸੰਸਦ ਮੈਂਬਰ ਨਾ ਬਣਨ ਤੇ ਬਣਦਾ ਕੋਈ ਹੋਰ ਅਹੁਦਾ ਦੇਣ ਦਾ ਲਾਲਚ ਵੀ ਦਿੱਤਾ ਤਾਂ ਉਹ ਝੱਟ ਆਪਣੀ ਪਾਰਟੀ ਨਾਲ ਧੋਖਾ ਕਰਕੇ ਭਾਜਪਾ ਦੇ ਪੈਰਾਂ 'ਚ ਜਾ ਬੈਠਾ। ਇਸੇ ਤਰ੍ਹਾਂ ਆਪ ਦੇ ਵਿਧਾਇਕ ਸੀਤਲ ਅੰਗੂਰਾਲ ਨੇ ਫੁੱਲ ਵਾਲਾ ਪਰਨਾ ਗਲ ਵਿੱਚ ਪੁਆ ਲਿਆ ਹੈ।

ਇਹ ਹੈ ਅੱਜ ਦੇ ਵੱਖ-ਵੱਖ ਪਾਰਟੀਆਂ ਵਿੱਚ ਨੇਤਾ ਬਣੇ ਕੁੱਝ ਲਾਲਚੀ ਤੇ ਕੁਰਸੀ ਦੇ ਭੁੱਖੇ ਲੋਕਾਂ ਦਾ ਕਿਰਦਾਰ। ਜਿਸ ਪਾਰਟੀ ਵਿੱਚ ਦਲਬਦਲੂ ਜਾਂਦਾ ਹੈ, ਉਹ ਜੇ ਇਹ ਸਮਝੇ ਕਿ ਉਸ ਦਾ ਵਫ਼ਾਦਾਰ ਰਹੇਗਾ, ਇਹ ਉਸ ਦੀ ਭੁੱਲ ਹੋਵੇਗੀ। ਲਾਲਚ ਤੇ ਹੰਕਾਰ ਮਨੁੱਖ ਦਾ ਸਭ ਤੋਂ ਵੱਡਾ ਦੁਸ਼ਮਣ ਹੁੰਦਾ ਹੈ। ਲਾਲਚੀ ਤੇ ਹੰਕਾਰੀ ਮਨੁੱਖ ਕਿਸੇ ਨਾਲ ਵੀ ਨਿਭ ਨਹੀਂ ਸਕਦਾ। ਨਿਭ ਤਾਂ ਉਹੀ ਸਕਦਾ ਹੈ, ਜਿਸ ਦਾ ਆਪਣਾ ਕੋਈ ਚਰਿੱਤਰ ਹੋਵੇ ਤੇ ਅਣਖ-ਇੱਜ਼ਤ ਬਾਰੇ ਗਿਆਨ ਰੱਖਦਾ ਹੋਵੇ। ਹਾਂ! ਕਈ ਵਾਰ ਅਣਖ ਵਾਲਾ ਵੀ ਆਪਣੀ ਪਾਰਟੀ ਤੋਂ ਤੰਗ ਆ ਜਾਂਦਾ ਹੈ ਤੇ ਚੋਣਾਂ ਸਮੇਂ ਆਪਣਾ ਹੱਕ ਨਾ ਮਿਲਣ 'ਤੇ ਦੁਖੀ ਹੋ ਜਾਂਦਾ ਹੈ, ਪਰ ਉਹ ਕਿਸੇ ਹੋਰ ਪਾਰਟੀ ਵਿੱਚ ਟਿਕਟ ਮੰਗਣ ਨਾਲੋਂ ਜ਼ਿੰਦਗੀ ਛੱਡਣ ਨੂੰ ਤਰਜੀਹ ਦੇ ਦਿੰਦਾ ਹੈ। ਬੀਤੇ ਦਿਨ ਤਾਮਿਲਨਾਡੂ ਦੇ ਝਰੋੜ ਹਲਕੇ ਦੇ ਸੰਸਦ ਮੈਂਬਰ ਏ ਗਣੇਸ਼ਮੂਰਤੀ ਨੂੰ ਉਸ ਦੀ ਪਾਰਟੀ ਡੀ ਐੱਮ ਕੇ ਨੇ ਟਿਕਟ ਨਾ ਦਿੱਤੀ, ਤਾਂ ਉਸ ਨੇ ਹੋਰ ਪਾਰਟੀ ਤੋਂ ਟਿਕਟ ਮੰਗਣ ਦੀ ਬਜਾਏ ਕੀੜੇਮਾਰ ਦਵਾਈ ਪੀ ਕੇ ਖੁਦਕੁਸ਼ੀ ਕਰ ਲਈ। ਇਹ ਜਾਣਕਾਰੀ ਉਸ ਦੇ ਪਰਵਾਰ ਵੱਲੋਂ ਦਿੱਤੀ ਗਈ ਹੈ। ਉਸ ਦੀ ਮੌਤ ਦਾ ਦੁੱਖ ਤਾਂ ਹਰ ਇਨਸਾਨ ਮਹਿਸੂਸ ਕਰਦਾ ਹੈ, ਇੱਕ ਇਨਸਾਨ ਦਾ ਦੁਨੀਆ ਤੋਂ ਚਲੇ ਜਾਣਾ ਦੁਖਦਾਈ ਹੁੰਦਾ ਹੈ, ਪਰ ਦਲਬਦਲੂਆਂ ਦੀਆਂ ਕਾਰਵਾਈਆਂ ਨਾਲੋਂ ਉਸ ਦੀ ਮੌਤ ਚਰਿੱਤਰ ਤੇ ਅਣਖ ਦੇ ਗੁਣਾਂ ਵਿੱਚ ਵਾਧਾ ਕਰਨ ਵਾਲੀ ਹੈ।

ਲੋਕ ਸਭਾ ਚੋਣਾਂ ਆ ਗਈਆਂ ਹਨ। ਪੰਜਾਬ ਦੇ ਲੋਕਾਂ ਨੂੰ ਸਮਝ ਲੈਣਾ ਚਾਹੀਦਾ ਹੈ ਕਿ ਜਿਸ ਨੇ ਇੱਕ ਵਾਰੀ ਵਿਸ਼ਵਾਸਘਾਤ ਕੀਤਾ ਹੋਵੇ, ਉਸ 'ਤੇ ਭਰੋਸਾ ਨਹੀਂ ਕੀਤਾ ਜਾ ਸਕਦਾ। ਪੰਜਾਬ ਵਾਸੀ ਦਲਬਦਲੀ ਦੇ ਕਾਰਨ ਜਾਂਚ ਕੇ ਦਲਬਦਲੂਆਂ ਦੇ ਚਰਿੱਤਰ ਨੂੰ ਘੋਖ ਕੇ ਹੀ ਆਪਣੀ ਅਤੀ ਕੀਮਤੀ ਵੋਟ ਦਾ ਇਸਤੇਮਾਲ ਕਰਨ, ਤਾਂ ਜੋ ਉਹਨਾਂ ਦੀ ਵੋਟ ਚੰਗੇ ਰਾਸ਼ਟਰ ਨਿਰਮਾਣ ਤੇ ਚੰਗੀ ਲੋਕ-ਪੱਖੀ ਸਰਕਾਰ ਸਥਾਪਤ ਕਰਨ ਵਿੱਚ ਕੰਮ ਆ ਸਕੇ।

# ਸੰਪਰਕ : 098882-75913

# ਪੰਜਾਬ ਦੇ ਨੌਜਵਾਨ ਦਾ ਮਨੀਲਾ 'ਚ ਗੋਲੀਆਂ ਮਾਰ ਕੇ ਕਤਲ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)** ਨੇੜਲੇ ਪਿੰਡ ਕੋਟੜਾ ਅਮਰੂ ਦੇ ਨੌਜਵਾਨ ਪਰਮਦੇਵ ਦੀਪੂ ਦਾ ਮਨੀਲਾ ਵਿਖੇ ਕੁੱਝ ਵਿਅਕਤੀਆਂ ਵੱਲੋਂ ਗੋਲੀ ਮਾਰ ਕੇ ਦਸ ਕੁ ਦਿਨ ਪਹਿਲਾਂ ਕਤਲ ਕਰ ਦਿੱਤਾ ਗਿਆ ਸੀ, ਜਿਸ ਦੀ ਲਾਸ਼ ਪਿੰਡ ਵਿਖੇ ਪੁੱਜੀ ਅਤੇ ਉਸ ਦਾ ਅੰਤਿਮ ਸੰਸਕਾਰ ਕੀਤਾ ਗਿਆ। ਇਸ ਮੌਕੇ ਸਾਰਾ ਪਿੰਡ ਇਸ ਗੱਲ ਨੂੰ ਲੈ ਕੇ ਬਹੁਤ ਦੁਖੀ ਸੀ ਤੇ ਪੂਰੇ ਪਿੰਡ ਵਿੱਚ ਸ਼ੋਕ ਦੀ ਲਹਿਰ ਸੀ। ਇਸ ਮੌਕੇ ਭਾਜਪਾ ਸਕੱਤਰ ਮੈਡਮ ਦਾਮਨ ਥਿੰਦ ਬਾਜਵਾ ਤੇ ਉਨ੍ਹਾਂ ਦੇ ਪਤੀ ਹਰਮਨਦੇਵ ਬਾਜਵਾ ਅੰਤਿਮ ਸੰਸਕਾਰ ਮੌਕੇ ਪੁੱਜੇ।

ਇਸ ਮੌਕੇ ਮੈਡਮ ਦਾਮਨ ਥਿੰਦ ਬਾਜਵਾ ਭਾਜਪਾ ਸਕੱਤਰ ਨੇ ਕਿਹਾ ਕਿ ਦੀਪੂ ਸਾਨੂੰ ਵਿਛੋੜਾ ਦੇ ਗਿਆ, ਇਸ ਤੋਂ ਦਰਦਨਾਕ ਗੱਲ ਕੋਈ ਵੀ ਨਹੀਂ ਹੋ ਸਕਦੀ। ਉਸ ਦੀ ਬੜੀ ਬੇਰਹਿਮੀ ਨਾਲ ਗੋਲੀਆਂ ਮਾਰ ਕੇ ਹੱਤਿਆ ਕੀਤੀ ਗਈ। ਅਸੀਂ ਸਾਰੇ ਮਿਲ ਕੇ ਉਸ ਨੂੰ ਇਨਸਾਫ਼ ਦਿਵਾਉਣ ਲਈ ਕੇਂਦਰੀ ਮੰਤਰੀ ਤੇ ਅੰਬੈਸੀ ਨਾਲ ਸੰਪਰਕ ਕਰਾਂਗੇ ਤਾਂ ਕਿ ਉਸ ਦੇ ਕਾਤਲਾਂ ਨੂੰ ਸਜ਼ਾ ਮਿਲ ਸਕੇ।

# ਸੁਖਮਨੀ ਸਾਹਿਬ ਦਾ ਪਾਠ ਕਰਾਇਆ

**ਧਰਮਕੋਟ (ਗੁਰਦੀਪ ਸਿੰਘ ਭੁੱਲਰ)** ਯੂ.ਕੇ ਇੰਟਰਨੈਸ਼ਨਲ ਸਕੂਲ ਵਿੱਚ ਬੱਚਿਆਂ ਦੇ ਸ਼ਾਨਦਾਰ ਨਤੀਜੇ ਤੇ ਨਵੇਂ ਸੈਸ਼ਨ ਦੀ ਸ਼ੁਰੂਆਤ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲੈਂਦਿਆਂ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਕਰਾਇਆ ਗਿਆ।ਸੁਖਮਨੀ ਸਾਹਿਬ ਦੇ ਪਾਠ ਦਾ ਅਧਿਆਪਕਾਂ, ਮਾਪਿਆਂ ਤੇ ਬੱਚਿਆਂ ਵੱਲੋਂ ਮਨ ਲਾ ਕੇ ਸਰਵਣ ਕੀਤਾ ਗਿਆ।

ਪ੍ਰਿੰਸੀਪਲ ਮੈਡਮ ਪਿੰਕੀ ਨਰੂਲਾ ਤੇ ਸਕੂਲ ਦੇ ਮੈਨੇਜਮੈਂਟ ਕਮੇਟੀ ਦੇ ਮੈਂਬਰਾਂ ਨੇ ਪਿਛਲੇ ਸੈਸ਼ਨ ਦੇ ਦੌਰਾਨ ਪਹਿਲੇ, ਦੂਜੇ, ਤੀਜੇ ਨੰਬਰ 'ਤੇ ਆਉਣ ਵਾਲੇ ਵਿਦਿਆਰਥੀਆਂ ਨੂੰ ਪੁਰਸਕਾਰ ਦੇ ਕੇ ਸਨਮਾਨਤ ਕੀਤਾ। ਉਨ੍ਹਾਂ ਪਹਿਲੇ, ਦੂਜੇ ਤੇ ਤੀਜੇ ਨੰਬਰ 'ਤੇ ਆਉਣ ਵਾਲੇ ਅਤੇ ਬਾਕੀ ਵਿਦਿਆਰਥੀਆਂ ਨੂੰ ਹੋਰ ਵੀ ਮਿਹਨਤ ਕਰਨ ਲਈ ਪ੍ਰੇਰਿਆ।

ਉਨ੍ਹਾਂ ਨੂੰ ਤੇ ਉਨ੍ਹਾਂ ਦੇ ਮਾਪਿਆਂ ਨੂੰ ਬਹੁਤ-ਬਹੁਤ ਵਧਾਈ ਦਿੱਤੀ।ਉਨ੍ਹਾਂ ਨੇ ਪ੍ਰਮਾਤਮਾ ਅੱਗੇ ਅਰਦਾਸ ਕੀਤੀ ਕਿ ਪ੍ਰਮਾਤਮਾ ਸਾਰੇ ਹੀ ਬੱਚਿਆਂ ਨੂੰ ਮਿਹਨਤ ਦੀ ਦਾਤ ਬਖਸ਼ਣ ਤੇ ਬੱਚਿਆਂ ਦੀ ਕੀਤੀ ਮਿਹਨਤ ਨੂੰ ਸਫਲ ਕਰਨ ਤੇ ਸਾਰੇ ਹੀ ਵਿਦਿਆਰਥੀ ਉੱਚੀਆਂ ਬੁਲੰਦੀਆਂ ਹਾਸਲ ਕਰਨ ਤੇ ਆਪਣੇ ਸਕੂਲ ਦਾ ਨਾਂਅ ਰੌਸ਼ਨ ਕਰਨ।

# ਕੇਕ ਤੇ ਪੇਸਟਰੀ ਵਿਕ੍ਰੇਤਾਵਾਂ ਦੀ ਸਪੈਸ਼ਲ ਚੈਕਿੰਗ ਕੀਤੀ ਜਾਵੇ : ਢੋਸੀਵਾਲ

**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ/ਪੂਜਾ/ ਚਾਵਲਾ/ਪਰਮਜੀਤ ਸਿੰਘ)** ਪਟਿਆਲਾ ਵਿਖੇ ਬੇਹੱਦ ਦਰਦਨਾਕ ਘਟਨਾ ਵਾਪਰੀ ਸੀ।ਦਸ ਸਾਲਾਂ ਦੀ ਮਾਸੂਮ ਬੱਚੀ ਲਈ ਬਰਥਡੇਅ ਕੇਕ ਡੈੱਥ ਕੇਕ ਬਣ ਕੇ ਪਹੁੰਚਿਆ।ਹੱਸਦੇ ਖੇਡਦੇ ਹੋਏ ਆਪਣਾ ਜਨਮ ਦਿਨ ਮਨਾਉਣ ਵਾਲੀ ਬੱਚੀ ਦੀ ਕੇਕ ਖਾਣ ਉਪਰੰਤ ਤਬੀਅਤ ਵਿਗੜ ਗਈ ਤੇ ਮੌਤ ਨੇ ਇਸ ਮਾਸੂਮ ਬੱਚੀ ਨੂੰ ਆਪਣੇ ਕਲਾਵੇ 'ਚ ਲੈ ਲਿਆ। ਸਾਰੇ ਪਰਵਾਰ 'ਤੇ ਗਮ ਦਾ ਪਹਾੜ ਟੁੱਟ ਪਿਆ।ਰਿਸ਼ਤੇਦਾਰਾਂ ਤੇ ਪਰਵਾਰਕ ਮੈਂਬਰਾਂ ਦੀਆਂ ਖੁਸ਼ੀਆਂ ਬੇਹੱਦ ਗ਼ਮਗੀਨ ਮਾਹੌਲ ਵਿੱਚ ਬਦਲ ਗਈਆਂ।ਸਮਾਜ ਦੇ ਭਲੇ ਅਤੇ ਵਿਕਾਸ ਨੂੰ ਸਮਰਪਤ ਪ੍ਰਮੁੱਖ ਗੈਰ ਸਰਕਾਰੀ ਸਮਾਜ ਸੇਵੀ ਸੰਸਥਾ ਮੁਕਤਸਰ ਵਿਕਾਸ ਮਿਸ਼ਨ ਦੇ ਪ੍ਰਧਾਨ ਪ੍ਰਸਿੱਧ ਸਮਾਜ ਸੇਵਕ ਜਗਦੀਸ਼ ਰਾਏ ਢੋਸੀਵਾਲ ਤੇ ਸਮੂਹ ਮੈਂਬਰਾਂ ਸਮੇਤ ਅਹੁਦੇਦਾਰਾਂ ਨੇ ਉਕਤ ਘਟਨਾ ਉਪਰ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦੇ ਹੋਏ ਪੀੜਤ ਪਰਿਵਾਰ ਨਾਲ ਹਮਦਰਦੀ ਜ਼ਾਹਰ ਕੀਤੀ ਹੈ।

ਮਿਸ਼ਨ ਪ੍ਰਧਾਨ ਢੋਸੀਵਾਲ ਨੇ ਕਿਹਾ ਹੈ ਕਿ ਕੁਝ ਦੁਕਾਨਦਾਰ ਕਈ ਦਿਨ ਪਹਿਲਾਂ ਹੀ ਕੇਕ ਤੇ ਪੇਸਟਰ ਤਿਆਰ ਕਰ ਕੇ ਰੱਖ ਲੈਂਦੇ ਹਨ।ਗਾਹਕਾਂ ਦੀ ਮੰਗ ਉਪਰ ਕਈ ਦਿਨ ਪਹਿਲਾਂ ਤਿਆਰ ਕਰਕੇ ਰੱਖੇ ਗਏ ਇਨ੍ਹਾਂ ਕੇਕਾਂ ਉਪਰ ਆਪਣੀ ਖੁਸ਼ੀ ਸਾਂਝੀ ਕਰਨ ਵਾਲੇ ਵਿਅਕਤੀ ਦਾ ਨਾਂਅ ਜੈਲੀ ਆਦਿ ਨਾਲ ਲਿਖ ਕੇ ਗਾਹਕਾਂ ਨੂੰ ਦੇ ਦਿੰਦੇ ਹਨ।ਅਜਿਹਾ ਕਰਕੇ ਉਹ ਆਪਣੀਆਂ ਖੁਸ਼ੀਆਂ ਮਨਾਉਣ ਵਾਲੇ ਗਾਹਕਾਂ ਦੇ ਜੀਵਨ ਨਾਲ ਘਟੀਆ ਖਿਲਵਾੜ ਕਰਦੇ ਹਨ।ਕਈ ਦਿਨ ਪਹਿਲਾਂ ਬਣਾਏ ਗਏ ਕੇਕਾਂ ਵਿਚ ਕਈ ਤਰ੍ਹਾਂ ਦੇ ਕੈਮੀਕਲ ਵਰਤੇ ਜਾਂਦੇ ਹਨ ਤਾਂ ਜੁ ਇਨ੍ਹਾਂ ਦੀ ਗੁਣਵੱਤਾ ਕਾਇਮ ਰਹਿ ਸਕੇ।

ਉਨ੍ਹਾਂ ਅੱਗੇ ਕਿਹਾ ਕਿ ਅਜਿਹੇ ਕੈਮੀਕਲ ਹੀ ਸਿਹਤ ਲਈ ਬੇਹੱਦ ਨੁਕਸਾਨਦਾਇਕ ਸਾਬਤ ਹੁੰਦੇ ਹਨ।ਪ੍ਰਧਾਨ ਢੋਸੀਵਾਲ ਨੇ ਇਸ ਪਾਸੇ ਸਿਹਤ ਵਿਭਾਗ ਦੀ ਲਾਪ੍ਰਵਾਹੀ ਉਪਰ ਗੰਭੀਰ ਚਿੰਤਾ ਪ੍ਰਗਟ ਕੀਤੀ ਹੈ।ਉਨ੍ਹਾਂ ਕਿਹਾ ਕਿ ਇਸ ਪਾਸੇ ਸਿਹਤ ਵਿਭਾਗ ਦੀ ਸਮੇਂ ਸਿਰ ਕੀਤੀ ਜਾਣ ਵਾਲੀ ਕਾਰਵਾਈ ਕਈਆਂ ਦੀ ਜਾਨ ਬਚਾ ਸਕਦੀ ਹੈ। ਮਿਸ਼ਨ ਪ੍ਰਧਾਨ ਜਗਦੀਸ਼ ਰਾਏ ਢੋਸੀਵਾਲ ਨੇ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ, ਸਿਵਲ ਸਰਜਨ ਤੇ ਜ਼ਿਲ੍ਹਾ ਸਿਹਤ ਅਫ਼ਸਰ ਸਮੇਤ ਸਮੂਹ ਹੋਰਨਾਂ ਅਧਿਕਾਰੀਆਂ ਨੂੰ ਇਸ ਪਾਸੇ ਵਿਸ਼ੇਸ਼ ਧਿਆਨ ਦੇਣ ਦੀ ਮੰਗ ਕੀਤੀ ਹੈ।ਉਨ੍ਹਾਂ ਸਿਹਤ ਵਿਭਾਗ ਨੂੰ ਕੇਕ ਤੇ ਪੇਸਟਰੀ ਵਿਕ੍ਰੇਤਾਵਾਂ ਵਿਰੁੱਧ ਸਪੈਸ਼ਲ ਚੈਕਿੰਗ ਮੁਹਿੰਮ ਚਲਾਉਣ ਦੀ ਅਪੀਲ ਵੀ ਕੀਤੀ ਹੈ।ਉਨ੍ਹਾਂ ਸਿਹਤ ਵਿਭਾਗ ਤੋਂ ਮੰਗ ਕੀਤੀ ਕਿ ਕੇਕ ਤੇ ਪੇਸਟਰੀ ਵਿਕ੍ਰੇਤਾਵਾਂ ਨੂੰ ਇਨ੍ਹਾਂ ਆਇਟਮਾਂ ਉਪਰ ਐਕਸਪਾਇਰੀ ਤਰੀਕ ਲਿਖਣ ਨੂੰ ਯਕੀਨੀ ਬਣਾਇਆ ਜਾਵੇ।

# ਮੈਡੀਕਲ ਪ੍ਰੈਕਟੀਸ਼ਨਰਜ਼ਾਂ ਦੀ ਮੀਟਿੰਗ 'ਚ ਮੁਸ਼ਕਲਾਂ ਬਾਰੇ ਵਿਚਾਰ-ਵਟਾਂਦਰਾ

**ਜ਼ੀਰਾ (ਨਰਿੰਦਰ ਅਨੇਜਾ)** ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਰਜਿ. 295 ਦੇ ਸੂਬਾ ਪ੍ਰਧਾਨ ਵੈਦ ਧੰਨਾ ਮੱਲ ਗੋਇਲ, ਜਨਰਲ ਸਕੱਤਰ ਡਾਕਟਰ ਗੁਰਮੇਲ ਸਿੰਘ ਮਾਛੀਕੇ, ਕੈਸ਼ੀਅਰ ਐੱਚ ਐੱਸ ਰਾਣੂੰ ਅਤੇ ਜ਼ਿਲ੍ਹਾ ਫਿਰੋਜ਼ਪੁਰ ਦੇ ਪ੍ਰਧਾਨ ਡਾਕਟਰ ਹਰਭਜਨ ਕੰਬੋਜ ਦੀ ਯੋਗ ਅਗਵਾਈ ਹੇਠ ਚੱਲ ਰਹੀ ਜਥੇਬੰਦੀ ਦੀ ਇਕਾਈ ਜ਼ੀਰਾ ਦੀ ਮਹੀਨਾਵਾਰ ਇਕੱਤਰਤਾ ਕਰਮ ਚੰਦ ਸਵੀਟਸ ਹੋਟਲ ਵਿੱਚ ਜ਼ਿਲ੍ਹਾ ਕਮੇਟੀ ਮੈਂਬਰ ਆਤਮਾ ਸਿੰਘ ਦੀ ਰਹਿਨੁਮਾਈ, ਜੀਰਾ ਦੇ ਪ੍ਰਧਾਨ ਗੁਰਦਿੱਤ ਸਿੰਘ ਦੀ ਪ੍ਰਧਾਨਗੀ, ਸੀਨੀਅਰ ਆਗੂ ਸਲਵਿੰਦਰ ਸਿੰਘ ਤੇ ਸੀਨੀਅਰ ਆਗੂ ਹਰਬੰਸ ਸਿੰਘ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਪ੍ਰੈਕਟੀਸ਼ਨਰਾਂ ਨੂੰ ਪ੍ਰੈਕਟਿਸ ਕਰਦੇ ਹੋਏ ਆ ਰਹੀਆਂ ਸਮੱਸਿਆਵਾਂ 'ਤੇ ਵਿਚਾਰ ਵਟਾਂਦਰਾ ਕੀਤਾ ਗਿਆ।



ਪ੍ਰੈਕਟੀਸ਼ਨਰਾਂ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਕਮੇਟੀ ਮੈਂਬਰ ਆਤਮਾ ਸਿੰਘ, ਪ੍ਰਧਾਨ ਗੁਰਦਿੱਤ ਸਿੰਘ ਤੋਂ ਇਲਾਵਾ ਸੀਨੀਅਰ ਆਗੂ ਹਰਬੰਸ ਸਿੰਘ, ਚੇਅਰਮੈਨ ਜਰਨੈਲ ਸਿੰਘ, ਮੀਤ ਪ੍ਰਧਾਨ ਬੋਹੜ ਸਿੰਘ ਤੇ ਸੀਨੀਅਰ ਆਗੂ ਸੁਰਜੀਤ ਸਿੰਘ ਨੇ ਆ ਰਹੀਆਂ ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਪ੍ਰੈਕਟਿਸ ਕਰਨ ਦੇ ਅਧਿਕਾਰਾਂ ਦੀ ਸਰਕਾਰ ਕੋਲੋਂ ਮੰਗ ਕਰਦਿਆਂ ਕਿਹਾ ਕਿ ਪਿਛਲੇ ਲੰਘੇ ਵਿਧਾਨ ਸਭਾ ਸੈਸ਼ਨ ਦੌਰਾਨ ਹਲਕਾ ਖਡੂਰ ਸਾਹਿਬ ਦੇ ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਵੱਲੋਂ ਸਾਡੇ ਕੰਮ ਕਰਨ ਦੇ ਅਧਿਕਾਰ ਨੂੰ ਲੈ ਕੇ ਨੂੰ ਅਵਾਜ਼ ਉਠਾਈ ਗਈ ਤੇ ਉਸ ਤੋਂ ਪਹਿਲਾਂ ਵੀ ਹਲਕਾ ਫ਼ਿਰੋਜ਼ਪੁਰ ਦਿਹਾਤੀ ਦੇ ਵਿਧਾਇਕ ਰਜਨੀਸ਼ ਦਹੀਆ ਵੱਲੋਂ ਵੀ ਵਿਧਾਨ ਸਭਾ ਸੈਸ਼ਨ ਦੌਰਾਨ ਸਾਡੇ ਹੱਕਾਂ ਲਈ ਅਵਾਜ਼ ਉਠਾਈ ਗਈ ਸੀ, ਜਦਕਿ ਸਰਕਾਰ ਬਣਨ ਤੋਂ ਪਹਿਲਾਂ ਵੀ ਆਮ ਆਦਮੀ ਪਾਰਟੀ ਦੇ ਵਿਧਾਇਕਾਂ ਅਤੇ ਵੱਖ-ਵੱਖ ਹਲਕਿਆਂ ਦੇ ਇੰਚਾਰਜਾਂ ਵੱਲੋਂ ਸਾਡੇ ਨਾਲ ਸਰਕਾਰ ਬਣਨ 'ਤੇ ਸਾਡਾ ਮਸਲਾ ਪਹਿਲ ਦੇ ਆਧਾਰ ਹੱਲ ਕਰਨ ਦਾ ਵਾਅਦਾ ਕੀਤਾ ਸੀ, ਸੋ ਅਸੀਂ ਸਰਕਾਰ ਕੋਲੋਂ ਪੁਰਾਣੇ ਵਾਅਦੇ ਯਾਦ ਕਰਵਾਉਂਦੇ ਹੋਏ ਬੇਖੌਫ਼ ਕੰਮ ਕਰਨ ਦਾ ਅਧਿਕਾਰ ਮੰਗਦੇ ਹਾਂ ਤਾਂ ਜੁ ਅਸੀਂ ਲੋਕਾਂ ਨੂੰ ਮੁੱਢਲੀਆਂ ਸਸਤੀਆਂ ਸਿਹਤ ਸਹੂਲਤਾਂ ਪ੍ਰਦਾਨ ਕਰ ਸਕੀਏ।

ਇਕੱਤਰਤਾ ਵਿੱਚ ਸ਼੍ਰੀ ਰਾਮ ਹਸਪਤਾਲ ਜਲੰਧਰ ਦੇ ਡਾਕਟਰ ਵਿਸ਼ਾਲ ਸ਼ਰਮਾ, ਡਾਕਟਰ ਯੁਧਿਸ਼ਟਰ ਤੇ ਉਨ੍ਹਾਂ ਦੀ ਟੀਮ ਨੇ ਵੀ ਸਮੂਲੀਅਤ ਕੀਤੀ।ਉਨ੍ਹਾਂ ਆਪਣੇ ਹਸਪਤਾਲ ਦੀਆਂ ਵਿਸ਼ੇਸ਼ਤਾਵਾਂ ਬਾਰੇ ਜਾਣਕਾਰੀ ਦਿੱਤੀ।ਅਖੀਰ ਪ੍ਰਧਾਨ ਗੁਰਦਿੱਤ ਸਿੰਘ ਵੱਲੋਂ ਸਾਰੇ ਮੈਂਬਰਾਂ ਅਤੇ ਸ਼੍ਰੀ ਰਾਮ ਹਸਪਤਾਲ ਦੀ ਟੀਮ ਦਾ ਧੰਨਵਾਦ ਕੀਤਾ ਗਿਆ ਤੇ ਜਿਨ੍ਹਾਂ ਮੈਂਬਰਾਂ ਨੇ ਪਿਛਲੇ ਲੰਘੇ ਸਮੇਂ ਦੌਰਾਨ ਖ਼ੂਨਦਾਨ ਕੀਤਾ ਜਾਂ ਫ੍ਰੀ ਮੈਡੀਕਲ ਕੈਂਪ ਲਾਇਆ ਤੇ ਉਨ੍ਹਾਂ ਨੂੰ ਸਨਮਾਨਤ ਕੀਤਾ ਗਿਆ।ਪ੍ਰਧਾਨ ਗੁਰਦਿੱਤ ਸਿੰਘ ਤੇ ਉਪਰੋਕਤ ਸੀਨੀਅਰ ਆਗੂਆਂ ਤੋਂ ਇਲਾਵਾ ਇਸ ਵਿਸ਼ੇਸ਼ ਇਕੱਤਰਤਾ ਵਿੱਚ ਵੱਡੀ ਗਿਣਤੀ ਵਿੱਚ ਪ੍ਰੈਕਟੀਸ਼ਨਰ, ਵਾਈਸ ਜਨਰਲ ਸਕੱਤਰ ਜਗਮੀਤ ਸਿੰਘ, ਕੈਸ਼ੀਅਰ ਗੁਰਪ੍ਰੀਤ ਸਿੰਘ, ਵਾਈਸ ਕੈਸ਼ੀਅਰ ਕੁਲਵੀਰ ਸਿੰਘ, ਸੀਨੀਅਰ ਮੀਤ ਪ੍ਰਧਾਨ ਜਸਵਿੰਦਰ ਸਿੰਘ ਸੋਢੀਵਾਲਾ, ਵਾਈਸ ਚੇਅਰਮੈਨ ਧਰਮਿੰਦਰ ਸਿੰਘ, ਸੀਨੀਅਰ ਆਗੂ ਪੂਰਨ ਸਿੰਘ, ਬਲਜੀਤ ਸਿੰਘ, ਕੁਲਵੰਤ ਸਿੰਘ, ਪ੍ਰੈਸ ਸਕੱਤਰ ਵਰਿੰਦਰ ਸਿੰਘ, ਵਾਈਸ ਪ੍ਰੈਸ ਸਕੱਤਰ ਬਚਿੱਤਰ ਸਿੰਘ, ਤਰਸੇਮ ਸਿੰਘ, ਸੁਖਬੀਰ ਸਿੰਘ ਖਾਲਸਾ, ਗੁਰਭੇਜ ਸਿੰਘ, ਸ਼ਮਸ਼ੇਰ ਸਿੰਘ, ਲਵਲੀ ਸਿੰਘ, ਵਿਜੇ ਕੁਮਾਰ, ਸੰਜੀਵ ਕੁਮਾਰ, ਗੁਰਵਿੰਦਰ ਸਿੰਘ ਢਿੱਲੋਂ, ਗੁਰਵਿੰਦਰ ਸਿੰਘ ਗੌਰਵ ਆਦਿ ਸ਼ਾਮਲ ਹੋਏ।

## ਕਾਤਰਾਂ

### ਟੋਲ ਪਲਾਜ਼ਾ ਹੋਇਆ ਬੰਦ, ਪੀ.ਡਬਲਿਯੂ.ਡੀ. ਨੂੰ ਸਪੁਰਦ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)** ਰੋਹਨ ਰਾਜਦੀਪ ਟੋਲਵੇਜ਼ ਲਿਮ: ਕੰਪਨੀ ਅਧੀਨ ਚੱਲ ਰਿਹਾ ਟੋਲ ਪਲਾਜ਼ਾ ਸ਼ਾਮ 4 ਵਜੇ ਅਧਿਕਾਰਤ ਤੌਰ 'ਤੇ ਬੰਦ ਕਰ ਦਿੱਤਾ ਗਿਆ ਹੈ।ਇਸ ਦੀ ਪੁਸ਼ਟੀ ਕਰਦਿਆਂ ਮੈਨੇਜਰ ਪਰਮਿੰਦਰ ਸਿੰਘ ਨੇ ਦੱਸਿਆ ਕਿ ਸ਼ਾਮ 4 ਵਜੇ ਇਸ ਟੋਲ ਪਲਾਜ਼ੇ ਨੇ ਕੰਮ ਕਰਨਾ ਬੰਦ ਕਰ ਦਿੱਤਾ ਹੈ। ਕੰਪਨੀ ਨੇ ਅਧਿਕਾਰਤ ਤੌਰ 'ਤੇ ਇਹ ਘੋਸ਼ਣਾ ਕਰਨ ਉਪਰੰਤ ਟੋਲ ਪਲਾਜ਼ਾ ਮਹਿਲ ਕਲਾਂ ਦਾ ਸਮੁੱਚਾ ਢਾਂਚਾ ਪੀ.ਡਬਲਿਯੂ.ਡੀ. ਵਿਭਾਗ ਦੇ ਅਧਿਕਾਰੀਆਂ ਨੂੰ ਸੌਂਪ ਦਿੱਤਾ ਹੈ, ਜਦਕਿ ਕਾਨੂੰਨੀ ਪ੍ਰਕਿਰਿਆ ਉਸੇ ਤਰ੍ਹਾਂ ਜਾਰੀ ਰਹੇਗੀ।ਇਹ ਟੋਲ ਪਲਾਜ਼ਾ ਬੰਦ ਹੋਣ ਦੀ ਖੁਸ਼ੀ 'ਚ ਆਮ ਆਦਮੀ ਪਾਰਟੀ ਦੇ ਆਗੂਆਂ ਵੱਲੋਂ ਦੁਪਹਿਰ ਸਮੇਂ ਟੋਲ ਪਲਾਜ਼ੇ 'ਤੇ ਪਹੁੰਚ ਕੇ ਖੁਸ਼ੀ ਵਜੋਂ ਲੱਡੂ ਵੰਡੇ ਗਏ।ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੇ ਕਿਹਾ ਕਿ ਇਸ ਟੋਲ ਪਲਾਜ਼ੇ ਦੇ ਬੰਦ ਹੋਣ ਨਾਲ ਇਲਾਕੇ ਦੇ ਲੋਕਾਂ ਨੂੰ ਰੋਜ਼ਾਨਾ ਲੱਖਾਂ ਰੁਪਏ ਦਾ ਫ਼ਾਇਦਾ ਹੋਵੇਗਾ।

### ਚੈੱਕ ਬਾਊਂਸ ਹੋਣ 'ਤੇ ਬਿਜਲੀ ਮੁਲਾਜ਼ਮ ਨੂੰ ਸਜ਼ਾ ਤੇ ਜੁਰਮਾਨਾ

**ਜੈਤੋ (ਸਤੀਸ਼ ਕੁਮਾਰ ਭੀਰੀ)** ਪਿੰਡ ਰੋੜੀ ਕਪੂਰਾ ਦੇ ਸ਼ਮਿੰਦਰ ਸਿੰਘ ਨੂੰ ਲੈਣ ਦੇਣ ਤਹਿਤ ਬਿਜਲੀ ਕਰਮਚਾਰੀ ਭਾਰਤੀ ਵੱਲੋਂ 9 ਲੱਖ ਰੁਪਏ ਦਾ ਚੈੱਕ ਦਿੱਤਾ ਗਿਆ, ਜੋ ਸ਼ਮਿੰਦਰ ਸਿੰਘ ਵੱਲੋਂ ਬੈਂਕ ਵਿੱਚ ਲਾਏ ਜਾਣ ਤੋਂ ਬਾਅਦ ਬਾਊਂਸ ਹੋ ਗਿਆ, ਜਿਸ 'ਤੇ ਸ਼ਮਿੰਦਰ ਸਿੰਘ ਨੇ ਭਾਰਤੀ ਨੂੰ ਨੋਟਿਸ ਜਾਰੀ ਕਰਨ ਤੋਂ ਬਾਅਦ ਵੀ ਭਾਰਤੀ ਨੇ ਸ਼ਮਿੰਦਰ ਸਿੰਘ ਨੂੰ ਪੈਸੇ ਦੇਣ ਲਈ ਗੰਭੀਰਤਾ ਨਹੀਂ ਦਿਖਾਈ।ਅੰਤ ਸ਼ਮਿੰਦਰ ਸਿੰਘ ਨੇ ਭਾਰਤੀ ਵਿਰੁੱਧ ਐਨ.ਆਈ ਸੈਕਸ਼ਨ 138 ਅਧੀਨ ਮਾਮਲਾ ਦਰਜ ਕਰਾਇਆ, ਜਿਸ 'ਤੇ ਮਾਨਯੋਗ ਅਦਾਲਤ ਸਬ ਡਵੀਜ਼ਨਲ ਜੁਡੀਸ਼ੀਅਲ ਜੈਤੋ ਵਿਖੇ ਸ਼ਮਿੰਦਰ ਸਿੰਘ ਦੇ ਵਕੀਲ ਅਮਿਤ ਕੁਮਾਰ ਮਿੱਤਲ ਦੀਆਂ ਜ਼ੋਰਦਾਰ ਦਲੀਲਾਂ ਤੋਂ ਸਹਿਮਤ ਹੁੰਦਿਆਂ ਮੈਜਿਸਟ੍ਰੇਟ ਹਰਪ੍ਰੀਤ ਸਿੰਘ ਵੱਲੋਂ ਬਿਜਲੀ ਮੁਲਾਜ਼ਮ ਭਾਰਤੀ ਨੂੰ 2 ਸਾਲ ਦੀ ਸਜ਼ਾ ਤੇ ਜੁਰਮਾਨਾ ਦੇਣ ਦਾ ਫੈਸਲਾ ਕੀਤਾ ਗਿਆ।

### ਪੰਜਵੀਂ ਕਲਾਸ 'ਚੋਂ ਵਿਦਿਆਰਥਣ ਨੇ ਹਾਸਲ ਕੀਤੇ 100 ਪ੍ਰਤੀਸ਼ਤ ਅੰਕ

**ਸਮਾਣਾ, (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)** ਸ਼ਹਿਰ ਦੇ ਏ.ਡੀ.ਐਮ. ਜੈਨ ਮਾਡਲ ਸਕੂਲ ਦੀ ਵਿਦਿਆਰਥਣ ਅਨਮੋਲਪ੍ਰੀਤ ਕੌਰ ਪੁੱਤਰੀ ਸੰਦੀਪ ਸਿੰਘ ਵਾਸੀ ਪਿੰਡ ਕੁਲਾਰਾਂ ਨੇ ਪੰਜਵੀਂ ਕਲਾਸ ਦੇ ਆਏ ਨਤੀਜੇ ਦੌਰਾਨ ਅੱਵਲ ਆਉਂਦੀਆਂ ਸਕੂਲ, ਮਾਪਿਆਂ ਤੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ ਹੈ।ਅਨਮੋਲ ਨੇ 500 ਅੰਕ 'ਚੋਂ 500 ਅੰਕ ਹਾਸਲ ਕਰਕੇ 100 ਪ੍ਰਤੀਸ਼ਤ ਨੰਬਰ ਹਾਸਲ ਕੀਤੇ ਹਨ। ਜਿਸ 'ਤੇ ਸਕੂਲ ਸਟਾਫ਼ ਵੱਲੋਂ ਅਨਮੋਲਪ੍ਰੀਤ ਕੌਰ ਦਾ ਮੂੰਹ ਮਿੱਠਾ ਕਰਾਉਂਦਿਆਂ ਸਨਮਾਨਤ ਕੀਤਾ ਗਿਆ।

### ਘਰ ਦੇ ਬਾਹਰ ਖੜਾ ਮੋਟਰਸਾਈਕਲ ਚੋਰੀ

**ਮੱਖੂ (ਰਛਪਾਲ ਸਿੰਘ ਸੰਧੂ)** ਘਰ ਦੇ ਬਾਹਰ ਖੜਾ ਮੋਟਰਸਾਈਕਲ ਚੋਰੀ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ।ਮੋਟਰ ਸਾਈਕਲ ਚੋਰੀ ਹੋਣ ਬਾਰੇ ਰਾਕੇਸ਼ ਕੁਮਾਰ ਪੁੱਤਰ ਸੁਰਿੰਦਰ ਕੁਮਾਰ ਵਾਸੀ ਨੇੜੇ ਬ੍ਰਹਮ ਕੁਮਾਰੀ ਆਸ਼ਰਮ ਵਾਰਡ ਨੰਬਰ 2 ਮਖੂ ਨੇ ਦੱਸਿਆ ਕਿ ਦੁਪਿਹਰ 2.45 ਵਜੇ ਦੇ ਕਰੀਬ ਆਪਣਾ ਸਪਲੈਂਡਰ ਪਲੱਸ ਸਿਲਵਰ ਰੰਗ ਦਾ ਮੋਟਰਸਾਈਕਲ ਪੀਬੀ 05 ਏ ਈ 2638 ਆਪਣੇ ਘਰ ਸਾਹਮਣੇ ਗਲੀ ਵਿੱਚ ਖੜਾ ਕਰਕੇ ਰੋਟੀ ਖਾਣ ਵਾਸਤੇ ਘਰ ਚਲਾ ਗਿਆ, ਜਦ 10-15 ਮਿੰਟ ਬਾਅਦ ਘਰ ਤੋਂ ਬਾਹਰ ਆਇਆ ਤਾਂ ਦੇਖਿਆ ਕਿ ਮੇਰਾ ਮੋਟਰ ਸਾਈਕਲ ਉੱਥੇ ਨਹੀਂ ਸੀ, ਜਿਸ ਦੀ ਪੜਤਾਲ ਕਰਨ 'ਤੇ ਪਤਾ ਲੱਗਿਆ ਕਿ ਕਿਸੇ ਅਣਪਛਾਤੇ ਵਿਅਕਤੀ ਵੱਲੋਂ ਮੋਟਰਸਾਈਕਲ ਚੋਰੀ ਕਰ ਲਿਆ ਹੈ।ਮੋਟਰਸਾਈਕਲ ਚੋਰੀ ਕਰਨ ਵਾਲਾ ਸੀਸੀਟੀਵੀ ਕੈਮਰੇ ਵਿੱਚ ਦਿਖਾਈ ਦੇ ਰਿਹਾ ਹੈ।ਮੋਟਰਸਾਈਕਲ ਚੋਰੀ ਦੀ ਰਿਪੋਰਟ ਥਾਣਾ ਮਖੂ ਵਿਖੇ ਦਿੱਤੀ ਗਈ।

# ਅਰਥੀ ਫੂਕ ਰੈਲੀ 16 ਨੂੰ

**ਪਟਿਆਲਾ (ਪੱਤਰ ਪ੍ਰੇਰਕ)** ਦੀ ਕਲਾਸ ਫੋਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ, ਸੂਬਾ ਸਬ ਕਮੇਟੀ ਕਰ ਤੇ ਆਬਕਾਰੀ ਵਿਭਾਗ ਵੱਲੋਂ 20 ਮਾਰਚ ਤੋਂ ਮੁੱਖ ਦਫ਼ਤਰ ਵਿਖੇ ਸ਼ੁਰੂ ਕੀਤਾ ਰੋਸਮਈ ਧਰਨਾ 15ਵੇਂ ਦਿਨ ਵਿੱਚ ਸ਼ਾਮਲ ਹੋਣ ਸਮੇਂ ਅਡੀਸ਼ਨਲ ਸਟੇਟ ਕਮਿਸ਼ਨਰ ਪ੍ਰਸ਼ਾਸਨ ਦੇ ਦਫ਼ਤਰ ਅੱਗੇ ਰੋਸ ਰੈਲੀ ਕੀਤੀ ਗਈ ਤੇ ਵਿਭਾਗ ਦੇ ਅਧਿਕਾਰੀਆਂ ਦਾ ਪਿੱਟ ਸਿਆਪਾ ਕੀਤਾ ਗਿਆ ਕਿ ਰਾਜ ਕਰ ਕਮਿਸ਼ਨਰ ਸ੍ਰੀ ਵਰੁਣ ਰੂਜਮ (ਆਈ.ਏ.ਐਸ.) ਵੱਲੋਂ ਨਿਸਚਿਤ ਕੀਤੀ ਮੀਟਿੰਗ ਨਾ ਕਰਨ 'ਤੇ ਕ੍ਰਮਚਾਰੀਆਂ ਵਿੱਚ ਰੋਸ ਵਧਿਆ ਹੈ ਤੇ ਪਿਛਲੇ ਤਕਰੀਬਨ 15 ਦਿਨਾਂ ਤੋਂ ਕੋਈ ਵੀ ਜ਼ਿੰਮੇਵਾਰ ਅਧਿਕਾਰੀ ਦਫ਼ਤਰ ਵਿੱਚ ਨਾ ਆਉਣ 'ਤੇ ਫ਼ੈਸਲਾ ਕੀਤਾ ਗਿਆ ਕਿ ਤਰੱਕੀਆਂ ਕਰਾਉਣ ਸਮੇਤ ਇੱਕ ਦਰਜਨ ਮੰਗਾਂ ਨੂੰ ਲੈ ਕੇ ਅਗਲਾ ਧਰਨਾ 16 ਅਪ੍ਰੈਲ ਨੂੰ ਕਰ ਤੇ ਆਬਕਾਰੀ ਭਵਨ ਮੋਹਾਲੀ ਵਿਖੇ ਦਿੱਤਾ ਜਾਵੇਗਾ ਤੇ ਅਰਥੀ ਫੂਕ ਰੈਲੀ ਕੀਤੀ ਜਾਵੇਗੀ।

ਯੂਨੀਅਨ ਦੇ ਆਗੂਆਂ ਦਰਸ਼ਨ ਸਿੰਘ ਲੁਬਾਣਾ, ਬਲਜਿੰਦਰ ਸਿੰਘ, ਜਗਮੋਹਨ ਨੌਲੱਖਾ, ਰਾਮ ਲਾਲ ਰਾਮਾ, ਵੈਦ ਪ੍ਰਕਾਸ਼, ਮੱਖਣ ਸਿੰਘ, ਮੇਘ ਰਾਜ, ਪ੍ਰਦੀਪ ਕੁਮਾਰ, ਰਾਮ ਪ੍ਰਸਾਦ ਸਹੋਤਾ, ਰਾਜੇਸ਼ ਗੋਲੂ, ਸ਼ਿਵਚਰਨ ਤੇ ਰਾਜੇਸ਼ ਕੁਮਾਰ ਆਦਿ ਆਗੂ ਸ਼ਾਮਲ ਸਨ।




# ਹਰਪਾਲ ਸਿੰਘ ਘੱਗਾ ਦੇ ਸੁਪਨਿਆਂ 'ਤੇ ਚਲਦਾ ਪਬਲਿਕ ਗਰਲਜ ਸੀਨੀ: ਸੈਕੰ: ਸਕੂਲ/ਕਾਲਜ ਟਰੱਸਟ ਪਾਤੜਾਂ



**ਪਾਤੜਾਂ, (ਨਿਸ਼ਾਨ ਸਿੰਘ ਬਣਵਾਲਾ)** ਪਬਲਿਕ ਗਰਲਜ਼ ਸੀਨੀਅਰ ਸੈਕੰਡਰੀ ਸਕੂਲ/ਕਾਲਜ ਆਸ-ਪਾਸ ਦੇ ਪਿੰਡਾਂ ਦੀਆਂ ਧੀਆਂ ਨੂੰ ਵਿੱਦਿਆ ਪ੍ਰਦਾਨ ਕਰ ਰਿਹਾ ਹੈ। ਕਰੀਬ ਚਾਰ ਦਹਾਕੇ ਪਹਿਲਾਂ ਸੰਨ 1982 ਸਮਾਜ ਸੇਵੀ ਸੰਸਥਾ ਦੇ ਤੌਰ ਉੱਤੇ ਹੋਂਦ ਵਿੱਚ ਆਏ ਪਬਲਿਕ ਐਜੂਕੇਸ਼ਨ ਟਰੱਸਟ ਦੀ ਬਾਰਾਂ ਮੈਂਬਰੀ ਕਮੇਟੀ ਨੇ ਕਾਮਰੇਡ ਹਰਪਾਲ ਸਿੰਘ ਘੱਗਾ ਦੀ ਅਗਵਾਈ ਵਿੱਚ ਲੜਕੀਆਂ ਨੂੰ ਵਿਦਿਆ ਦਾ ਚਾਨਣ ਵੰਡਣ ਲਈ ਸਕੂਲ ਖੋਲ੍ਹਣ ਦਾ ਫੈਸਲਾ ਲਿਆ ਗਿਆ।ਕਾ. ਘੱਗਾ ਉਸ ਸਮੇਂ ਟਰੱਕ ਯੂਨੀਅਨ ਪਾਤੜਾਂ ਦੇ ਪ੍ਰਧਾਨ ਤੇ ਰੋਜ਼ਾਨਾ ਨਵਾਂ ਜ਼ਮਾਨਾ ਦੇ ਟਰੱਸਟੀ ਸਨ।ਉਨ੍ਹਾਂ ਟਰੱਕ ਯੂਨੀਅਨ ਦੀ ਮਦਦ ਨਾਲ ਸ਼ਹਿਰ ਦੇ ਵਿਚਕਾਰ ਪਏ ਇੱਕ ਟੋਬੇ (ਛੱਪੜ) ਵਿੱਚ ਮਿੱਟੀ ਪਾ ਕੇ ਪੰਜਵੀਂ ਕਲਾਸ ਤੱਕ ਲੜਕੀਆਂ ਦੇ ਸਕੂਲ ਦੀ ਦਸਵੀਂ ਸ਼ੁਰੂਆਤ 1985 ਵਿੱਚ ਕੀਤੀ।ਕੁੱਝ ਸਾਲਾਂ ਮਗਰੋਂ ਦਸਵੀਂ ਤੇ ਬਾਰ੍ਹਵੀਂ ਦੀਆਂ ਕਲਾਸਾਂ ਸ਼ੁਰੂ ਕੀਤੀਆਂ ਗਈਆਂ।ਲੜਕੀਆਂ ਨੂੰ ਵਿੱਦਿਆ ਮੁਹੱਈਆ ਕਰਾਉਣ ਵਾਲਾ ਇਹ ਇਲਾਕੇ ਦਾ ਇੱਕੋ ਇੱਕ ਸਕੂਲ ਸੀ। ਲੋਕਾਂ ਦੀ ਵੱਡੀ ਮੰਗ ਨੂੰ ਦੇਖਦਿਆਂ ਟਰੱਸਟ ਵੱਲੋਂ ਲੜਕੀਆਂ ਦਾ ਕਾਲਜ ਕਰੀਬ ਦੋ ਦਹਾਕੇ ਪਹਿਲਾਂ ਸ਼ੁਰੂ ਕਰ ਦਿੱਤਾ ਗਿਆ ਸੀ।ਸ਼ਹਿਰ ਸਮੇਤ ਸੱਠ ਤੋਂ ਵੱਧ ਪਿੰਡਾਂ ਤੋਂ ਇੱਕ ਹਜ਼ਾਰ ਤੋਂ ਵੱਧ ਵਿਦਿਆਰਥਣਾਂ ਸਕੂਲ ਵਿੱਚ ਵਿਦਿਆ ਪ੍ਰਾਪਤ ਕਰ ਰਹੀਆਂ ਹਨ ਤੇ ਇਨ੍ਹਾਂ ਨੂੰ ਸਕੂਲ ਲੈ ਕੇ ਆਉਣ ਲਈ ਸਕੂਲ ਦੀ ਆਪਣੀ ਟਰਾਂਸਪੋਰਟ ਵਿੱਚ 15 ਤੋਂ ਵੱਧ ਬੱਸਾਂ ਹਨ।ਸਕੂਲ ਦੀ ਪ੍ਰਿੰਸੀਪਲ ਗੁਰਿੰਦਰ ਕੌਰ ਸੰਧੂ ਨੇ ਦੱਸਿਆ ਕਿ ਸਕੂਲ ਦਾ ਮਕਸਦ ਇਲਾਕੇ ਦੀਆਂ ਲੜਕੀਆਂ ਨੂੰ ਜਿੱਥੇ ਵਿਦਿਆ ਦੇ ਖੇਤਰ ਵਿੱਚ ਆਤਮ ਨਿਰਭਰ ਕਰਨਾ ਹੈ, ਉੱਥੇ ਸਮਾਜਿਕ ਕਦਰਾਂ-ਕੀਮਤਾਂ ਨੂੰ ਜਿਊਂਦਾ ਰੱਖਣਾ ਸਕੂਲ ਦੀ ਪਹਿਲਕਦਮੀ ਹੈ। ਬਿਨਾਂ ਕਿਸੇ ਮੁਨਾਫੇ ਦੇ ਚੱਲ ਰਹੀ ਇਸ ਸੰਸਥਾ ਵਿੱਚ ਗਰੀਬ ਤੇ ਲੋੜਵੰਦ ਵਿਦਿਆਰਥਣਾਂ ਦੀ ਖੁੱਲ੍ਹੇ ਦਿਲ ਨਾਲ ਮਦਦ ਕੀਤੀ ਜਾਂਦੀ ਹੈ।ਸਕੂਲ ਦੀ ਆਪਣੀ ਸ਼ਾਨਦਾਰ ਖੁੱਲ੍ਹੀ ਤੇ ਹਵਾਦਾਰ ਇਮਾਰਤ ਹੈ।ਸਕੂਲ ਵਿੱਚ ਸਿਰਫ ਤਿੰਨ ਕਲਾਸਾਂ ਪਾਸ ਸਕੂਲ ਦੇ ਬਾਨੀ ਪ੍ਰਧਾਨ ਹਰਪਾਲ ਸਿੰਘ ਘੱਗਾ ਵੱਲੋਂ ਵਰਸੋਏ ਇਸ ਅਦਾਰੇ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਵਿਦਿਆਰਥਣਾਂ ਹੁਣ ਤੱਕ ਵਿਦਿਆ ਹਾਸਲ ਕਰ ਚੁੱਕੀਆਂ ਹਨ ਅਤੇ ਸੈਂਕੜਿਆਂ ਦੀ ਗਿਣਤੀ ਵਿੱਚ ਵਿਦਿਆਰਥਣਾਂ ਦੇ ਡਾਕਟਰ, ਪ੍ਰੋਫੈਸਰ ਤੇ ਜੱਜ ਵਰਗੇ ਅਹੁਦਿਆਂ ਉੱਤੇ ਬਿਰਾਜਮਾਨ ਹੋਣ ਦਾ ਮਾਣ ਸਕੂਲ ਨੂੰ ਹਾਸਲ ਹੈ।

ਕਾਮਰੇਡ ਘੱਗਾ ਦੇ 14 ਨਵੰਬਰ 2012 ਨੂੰ ਇਸ ਫਾਨੀ ਸੰਸਾਰ ਨੂੰ ਅਲਵਿਦਾ ਕਹਿ ਗਏ, ਪਰ ਕਾਲਜ ਦੇ ਵਿਹੜੇ ਵਿੱਚ ਲੱਗਾ ਉਹਨਾਂ ਦਾ ਆਦਮਕੱਦ ਬੁੱਤ ਉਨ੍ਹਾਂ ਦੀ ਯਾਦ ਸਦਾ ਤਾਜ਼ਾ ਰੱਖ ਰਿਹਾ ਹੈ। ਮੌਜੂਦਾ ਸਮੇਂ ਵਿੱਚ ਮੌਜੂਦਾ ਸਮੇਂ ਵਿੱਚ ਸਮਾਜ ਸੇਵੀ ਕੀਮਤ ਰਾਏ ਸਿੰਗਲਾ ਸਕੂਲ ਟਰੱਸਟ ਦੇ ਪ੍ਰਧਾਨ ਚਲੇ ਆ ਰਹੇ ਹਨ।ਉਨ੍ਹਾਂ ਨਾਲ 13 ਮੈਂਬਰੀ ਟੀਮ ਵਿੱਚ ਸਮਾਜ ਸੇਵੀ ਕੇਵਲ ਸ਼ਰਮਾ, ਸੰਤੋਸ਼ ਕੁਮਾਰ ਸਿੰਗਲਾ, ਬਲਦੇਵ ਸਿੰਘ ਨਿਹਾਲਗੜ੍ਹ ਰੇਸ਼ਮ ਸਿੰਘ ਪਾਤੜਾਂ, ਪਵਿੱਤਰ ਸਿੰਘ ਪੰਨੂ ਗਗਨਦੀਪ ਸਿੰਘ ਕੈਲਾਸ਼ ਦੂਆ, ਅਮਰਜੀਤ ਸਿੰਘ ਸੇਖੋਂ, ਹਰਜੀਤ ਕੌਰ ਤੇ ਸ਼੍ਰੀਮਤੀ ਜਸਵੰਤ ਕੌਰ ਮੈਨੇਜਮੈਂਟ ਦਾ ਕੰਮ ਨਿਰਸੁਆਰਥ ਕਰ ਰਹੇ ਹਨ, ਉਥੇ ਸਕੂਲ ਦਾ ਮਿਹਨਤੀ ਸਟਾਫ ਬਿਨਾਂ ਕਿਸੇ ਲੋਭ ਲਾਲਚ ਦੇ ਨਗੂਣੀਆਂ ਤਨਖਾਹਾਂ ਉੱਪਰ ਸਮਾਜ ਸੇਵਾ ਦੇ ਖੇਤਰ ਵਿੱਚ ਆਪਣਾ ਵਡਮੁੱਲਾ ਯੋਗਦਾਨ ਪਾ ਰਿਹਾ ਹੈ।

# ਅਧਿਆਪਕਾਂ ਦੀਆਂ ਚੋਣ ਡਿਊਟੀਆਂ ਲਾਉਣ ਦੀ ਨਿਖੇਧੀ

**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)** ਡੈਮੋਕ੍ਰੈਟਿਕ ਟੀਚਰਜ਼ ਫਰੰਟ ਪੰਜਾਬ ਨੇ ਪੰਜਾਬ ਸਰਕਾਰ ਦੇ ਇੱਕ ਪਾਸੇ ਸਕੂਲਾਂ ਵਿੱਚ ਦਾਖਲੇ ਵਧਾਉਣ ਅਤੇ ਦੂਜੇ ਪਾਸੇ ਵੱਡੀ ਗਿਣਤੀ ਵਿੱਚ ਅਧਿਆਪਕਾਂ ਦੀਆਂ ਡਿਊਟੀਆਂ ਅਗਾਮੀ ਲੋਕ ਸਭਾ ਚੋਣਾਂ ਲਈ ਵੱਖ-ਵੱਖ ਟੀਮਾਂ ਵਿੱਚ ਲਾ ਕੇ ਉਨ੍ਹਾਂ ਨੂੰ ਦੋ ਮਹੀਨੇ ਲਈ ਸਕੂਲਾਂ ਵਿੱਚੋਂ ਬਾਹਰ ਕੱਢਣ ਦੇ ਆਪਾ ਵਿਰੋਧੀ ਹੁਕਮਾਂ ਦੀ ਕਰੜੀ ਨਿਖੇਧੀ ਕੀਤੀ ਹੈ।

ਜਥੇਬੰਦੀ ਦੇ ਜ਼ਿਲ੍ਹਾ ਸੰਗਰੂਰ ਇਕਾਈ ਦੇ ਪ੍ਰਧਾਨ ਦਾਤਾ ਸਿੰਘ ਨਮੋਲ ਤੇ ਜ਼ਿਲ੍ਹਾ ਜਨਰਲ ਸਕੱਤਰ ਹਰਭਗਵਾਨ ਗੁਰਨੇ ਨੇ ਕਿਹਾ ਕਿ ਸਕੂਲਾਂ ਵਿੱਚ ਦਾਖਲੇ ਵਧਾਉਣਾ ਕੋਈ ਮਸ਼ੀਨੀ ਕਾਰਜ ਨਹੀਂ ਹੈ, ਜੋ ਅਧਿਆਪਕਾਂ ਦੇ ਹੀ ਹੱਥ ਵੱਸ ਹੋਵੇ, ਸਗੋਂ ਇਹ ਕਾਰਜ ਸਮੁੱਚੇ ਸਿੱਖਿਆ ਢਾਂਚੇ ਦੇ ਮਿਆਰ ਨਾਲ ਸਬੰਧਤ ਹੈ, ਜਿਸ ਨੂੰ ਪੰਜਾਬ ਸਰਕਾਰ ਆਪ ਹੀ ਅਧਿਆਪਕਾਂ ਨੂੰ ਸਕੂਲਾਂ ਵਿੱਚੋਂ ਬਾਹਰ ਕੱਢਣ ਦੇ ਹੁਕਮਾਂ ਨਾਲ ਹੇਠਾਂ ਸੁੱਟ ਰਹੀ ਹੈ।ਸੀਨੀਅਰ ਮੀਤ ਪ੍ਰਧਾਨ ਸੁਖਜਿੰਦਰ ਸੰਗਰੂਰ ਤੇ ਪ੍ਰੈੱਸ ਸਕੱਤਰ ਜਸਬੀਰ ਨਮੋਲ ਨੇ ਕਿਹਾ ਕਿ ਕਹਿਣ ਨੂੰ ਤਾਂ ਸਿੱਖਿਆ ਮੰਤਰੀ ਨੇ ਪਿਛਲੇ ਸਾਲ ਸਿੱਖਿਆ ਦੀ ਗੁਣਵੱਤਾ ਦੇ ਮੱਦੇਨਜ਼ਰ ਪੰਜਾਬ ਸਰਕਾਰ ਦੇ ਮੁੱਖ ਸਕੱਤਰ ਦੇ ਨਾਂਅ ਅਧਿਆਪਕਾਂ ਤੋਂ ਚੋਣ ਡਿਊਟੀ, ਜਨਗਣਨਾ ਤੇ ਹੋਰ ਗੈਰ-ਵਿੱਦਿਅਕ ਕੰਮ ਨਾ ਲੈਣ ਦੇ ਹੁਕਮ ਜਾਰੀ ਕੀਤੇ ਸਨ, ਪ੍ਰੰਤੂ ਪਰਨਾਲਾ ਉੱਥੇ ਦਾ ਉੱਥੇ ਹੈ। ਇਸ ਤੋਂ ਇਸ ਸਰਕਾਰ ਦੀ ਕਹਿਣੀ ਤੇ ਕਰਨੀ ਦਾ ਫ਼ਰਕ ਸਾਫ਼ ਝਲਕਦਾ ਹੈ।ਵਿੱਤ ਸਕੱਤਰ ਯਾਦਵਿੰਦਰ ਪਾਲ ਧੂਰੀ ਤੇ ਜਥੇਬੰਦਕ ਸਕੱਤਰ ਪਵਨ ਕੁਮਾਰ ਨੇ ਕਿਹਾ ਹੈ ਕਿ ਸਿੱਖਿਆ ਨੂੰ ਆਪਣੀ ਪਹਿਲ ਦੱਸਣ ਵਾਲੀ ਸਰਕਾਰ ਨੂੰ ਉਹਨਾਂ ਦੀ ਜਥੇਬੰਦੀ ਵੱਲੋਂ ਨਸੀਹਤ ਹੈ ਕਿ ਸਭ ਤੋਂ ਪਹਿਲਾਂ ਸਰਕਾਰੀ ਸਕੂਲਾਂ ਵਿੱਚ ਬੱਚਿਆਂ ਦੀ ਲੋੜ ਅਨੁਸਾਰ ਅਧਿਆਪਕ ਦਿੱਤੇ ਜਾਣ।

ਆਗੂਆਂ ਨੇ ਸਰਕਾਰ ਨੂੰ ਨਸੀਹਤ ਦਿੱਤੀ ਕਿ ਆਪਣਾ ਫ਼ਰਜ਼ ਸਮਝ ਕੇ ਸਰਕਾਰ ਸਹੀ ਅਰਥਾਂ ਵਿੱਚ ਸਿੱਖਿਆ ਨੂੰ ਆਪਣੀ ਪਹਿਲ ਬਣਾਵੇ ਤੇ ਜ਼ਮੀਨੀ ਪੱਧਰ ਦੀਆਂ ਸਮੱਸਿਆਵਾਂ ਨੂੰ ਹੱਲ ਕਰੇ ਤਾਂ ਹੀ ਸਕੂਲਾਂ ਵਿੱਚ ਦਾਖਲੇ ਵਧ ਸਕਦੇ ਹਨ।

# ਜਾਗਰੂਕ ਵਰਗ ਅਖ਼ਬਾਰਾਂ ਤੇ ਚੈਨਲਾਂ ਦੀਆਂ ਖ਼ਬਰਾਂ 'ਤੇ ਹੀ ਭਰੋਸਾ ਕਰਦਾ ਹੈ : ਅਰਵਿੰਦ ਖੰਨਾ

## ਪ੍ਰੈੱਸ ਕਲੱਬ ਦੇ ਦਫ਼ਤਰ ਦਾ ਹੋਇਆ ਉਦਘਾਟਨ



**ਲਹਿਰਾਗਾਗਾ (ਪਵਨ ਸ਼ਰਮਾ)** ਬਠਿੰਡਾ ਰੋਡ 'ਤੇ ਪ੍ਰੈੱਸ ਕਲੱਬ ਦੇ ਨਵੇਂ ਦਫ਼ਤਰ ਦੇ ਉਦਘਾਟਨ ਮੌਕੇ ਸ੍ਰੀ ਸੁਖਮਨੀ ਸਾਹਿਬ ਦੇ ਭੋਗ ਪੈਣ ਉਪਰੰਤ ਰਾਗੀ ਸਿੰਘਾਂ ਨੇ ਰੂਹਾਨੀ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ।ਇਸ ਮੌਕੇ ਭਾਜਪਾ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਅਰਵਿੰਦ ਖੰਨਾ ਨੇ ਵਧਾਈ ਦਿੰਦੇ ਹੋਏ ਕਿਹਾ ਕਿ ਸੋਸ਼ਲ ਮੀਡੀਆ ਦੇ ਯੁੱਗ ਵਿੱਚ ਪ੍ਰਿੰਟ ਮੀਡੀਆ ਅਤੇ ਸਰਕਾਰ ਤੋਂ ਮਾਨਤਾ ਪ੍ਰਾਪਤ ਚੈਨਲ ਭਰੋਸੇਯੋਗਤਾ ਦੇ ਪ੍ਰਤੀਕ ਹਨ।

ਸੋਸ਼ਲ ਮੀਡੀਆ 'ਤੇ ਅਫ਼ਵਾਹਾਂ ਦੀ ਹਨੇਰੀ ਚੱਲ ਰਹੀ ਹੈ।ਸਰਕਾਰਾਂ ਤੋਂ ਲੈ ਕੇ ਦੇਸ਼ ਦਾ ਪੜ੍ਹਿਆ-ਲਿਖਿਆ ਤੇ ਜਾਗਰੂਕ ਵਰਗ ਅਖ਼ਬਾਰਾਂ ਅਤੇ ਚੈਨਲਾਂ ਦੀਆਂ ਖ਼ਬਰਾਂ 'ਤੇ ਹੀ ਭਰੋਸਾ ਕਰਦਾ ਹੈ।ਸ੍ਰੀ ਖੰਨਾ ਨੇ ਕਿਹਾ ਕਿ ਅਖ਼ਬਾਰ ਜਾਂ ਚੈਨਲ ਦੀ ਜਵਾਬਦੇਹੀ ਤੈਅ ਹੁੰਦੀ ਹੈ ਤੇ ਅਜਿਹੀ ਸਥਿਤੀ ਵਿੱਚ ਅਖ਼ਬਾਰਾਂ ਵਿੱਚ ਅਫ਼ਵਾਹਾਂ ਜਾਂ ਝੂਠੀਆਂ ਖ਼ਬਰਾਂ ਪ੍ਰਕਾਸ਼ਤ ਹੋਣ ਦੀ ਸੰਭਾਵਨਾ ਘੱਟ ਹੁੰਦੀ ਹੈ।ਅਰਵਿੰਦ ਖੰਨਾ ਨੇ ਕਿਹਾ ਕਿ ਪ੍ਰੈੱਸ ਕਲੱਬ ਸੁਨਾਮ ਦੇ ਨਵੇਂ ਦਫ਼ਤਰ ਦੇ ਉਦਘਾਟਨੀ ਸਮਾਰੋਹ ਵਿੱਚ ਸ਼ਾਮਲ ਹੋ ਕੇ ਉਨ੍ਹਾਂ ਨੂੰ ਖੁਸ਼ੀ ਹੋਈ ਹੈ ਤੇ ਇੱਥੋਂ ਦੇ ਪੱਤਰਕਾਰਾਂ ਨਾਲ ਉਨ੍ਹਾਂ ਦਾ ਸਾਲਾਂ ਤੋਂ ਡੂੰਘਾ ਰਿਸ਼ਤਾ ਹੈ।

ਇਸ ਮੌਕੇ ਸਾਬਕਾ ਵਿੱਤ ਮੰਤਰੀ ਪਰਮਿੰਦਰ ਸਿੰਘ ਢੀਂਡਸਾ, ਭਾਜਪਾ ਦੀ ਸੂਬਾ ਸਕੱਤਰ ਦਾਮਨ ਥਿੰਦ ਬਾਜਵਾ, ਜਗਤਜੀਤ ਸਿੰਘ ਸਾਰੋ ਐਮ ਡੀ ਜਗਤਜੀਤ ਇੰਡੀਸਟਰੀ ਚੀਮਾ, ਅਜੀਤ ਦਫਤਰ ਸੰਗਰੂਰ ਦੇ ਇੰਚਾਰਜ ਸੁਖਵਿੰਦਰ ਸਿੰਘ ਫੁੱਲ, ਹਰਮਨ ਦੇਵ ਸਿੰਘ ਬਾਜਵਾ, ਫ਼ਿਲਮੀ ਕਲਾਕਾਰ ਹੌਬੀ ਧਾਲੀਵਾਲ, ਅਕਾਲੀ ਆਗੂ ਰਾਜਿੰਦਰ ਦੀਪਾ ਆਦਿ ਨੇ ਨਵੇਂ ਦਫ਼ਤਰ ਦੀ ਸ਼ੁਰੂਆਤ ਲਈ ਕਲੱਬ ਮੈਂਬਰਾਂ ਨੂੰ ਵਧਾਈ ਦਿੱਤੀ ਅਤੇ ਕਲੱਬ ਨੂੰ ਹਰ ਮਦਦ ਦਾ ਭਰੋਸਾ ਵੀ ਦਿਵਾਇਆ ਗਿਆ।

# ਬਜ਼ੁਰਗ ਵਿਅਕਤੀ ਵੱਲੋਂ ਨਹਿਰ 'ਚ ਛਾਲ ਮਾਰ ਕੇ ਖੁਦਕਸ਼ੀ ਦੇ ਮਾਮਲੇ 'ਚ ਛੇ ਵਿਰੁੱਧ ਕੇਸ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** -ਭਾਖੜਾ ਨਹਿਰ 'ਚ ਛਾਲ ਮਾਰ ਕੇ ਕਥਿਤ ਤੌਰ 'ਤੇ ਖੁਦਕਸ਼ੀ ਕਰ ਗਏ ਸੁੱਚਾ ਸਿੰਘ (72) ਵਾਸੀ ਪਿੰਡ ਮੰਢੌਰ ਦੀ ਮੌਤ ਦੇ ਮਾਮਲੇ 'ਚ ਪੁਲਸ ਵੱਲੋਂ ਛੇ ਵਿਅਕਤੀਆਂ ਵਿਰੁੱਧ ਕੇਸ ਦਰਜ ਕੀਤੇ ਜਾਣ ਦਾ ਸਮਾਚਾਰ ਹੈ।

ਮ੍ਰਿਤਕ ਸੁੱਚਾ ਸਿੰਘ ਦੇ ਲੜਕੇ ਦਵਿੰਦਰ ਸਿੰਘ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ 'ਚ ਦੱਸਿਆ ਕਿ ਉਸਦੇ ਭਰਾ ਹਰਦੀਪ ਸਿੰਘ ਦੀ ਮੌਤ ਹੋ ਚੁੱਕੀ ਹੈ, ਜਿਸ ਦੇ ਲੜਕੇ ਜਸ਼ਨਪ੍ਰੀਤ ਦਾ ਵਿਆਹ 14/7/23 ਨੂੰ ਤਰਲੋਚਨ ਸਿੰਘ ਵਾਸੀ ਪਿੰਡ ਖਿਜ਼ਰਾਬਾਦ (ਮੋਹਾਲੀ) ਦੀ ਲੜਕੀ ਹਰਸਿਮਰਨ ਕੌਰ ਨਾਲ ਹੋਇਆ ਸੀ, ਜਿਨ੍ਹਾਂ ਦਾ ਰਿਸ਼ਤਾ ਪੱਕਾ ਕਰਨ ਸਮੇਂ ਲੜਕੀ ਵਾਲਿਆਂ ਨੇ ਕਿਹਾ ਸੀ ਕਿ ਉਨ੍ਹਾਂ ਦੀ ਲੜਕੀ ਹਰਸਿਮਰਨ ਕੌਰ ਆਈਲੈਟਸ ਪਾਸ ਹੈ ਤੇ ਜੇਕਰ ਜਸ਼ਨਪ੍ਰੀਤ ਦਾ ਪਰਵਾਰ ਹਰਸਿਮਰਨ ਕੌਰ ਨੂੰ ਕਨੇਡਾ ਭੇਜਣ ਦਾ ਖਰਚਾ ਕਰੇਗਾ ਤਾਂ ਉਨ੍ਹਾਂ ਦੀ ਲੜਕੀ ਜਸ਼ਨਪ੍ਰੀਤ ਸਿੰਘ ਨੂੰ ਕਨੇਡਾ ਲੈ ਜਾਵੇਗੀ।ਸ਼ਿਕਾਇਤਕਰਤਾ ਨੇ ਦੱਸਿਆ ਕਿ ਜਸ਼ਨਪ੍ਰੀਤ ਦੀ ਮਾਤਾ ਪ੍ਰੇਮਜੀਤ ਕੌਰ ਨੇ 30 ਲੱਖ ਰੁਪਏ ਖਰਚ ਕੇ ਹਰਸਿਮਰਨ ਕੌਰ ਨੂੰ ਕਨੇਡਾ ਭੇਜ ਦਿੱਤਾ, ਪਰ ਕਨੇਡਾ ਜਾ ਕੇ ਹਰਸਿਮਰਨ ਕੌਰ ਨੇ ਉਨ੍ਹਾਂ ਦੇ ਪਰਵਾਰ ਨਾਲੋਂ ਸੰਪਰਕ ਤੋੜ ਲਿਆ ਤੇ ਜਦੋਂ ਉਸਦੇ ਪਰਵਾਰ ਨਾਲ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਕਿਹਾ ਕਿ ਸਾਡੀ ਲੜਕੀ ਤੁਹਾਡੇ ਮੁੰਡੇ ਨੂੰ ਕਨੇਡਾ ਨਹੀਂ ਲੈ ਕੇ ਜਾਵੇਗੀ ਤੇ ਨਾ ਹੀ ਅਸੀਂ ਤੁਹਾਡੇ ਪੈਸੇ ਵਾਪਸ ਕਰਨੇ ਹਨ, ਜਿਸ ਨੂੰ ਸੁਣ ਕੇ ਉਸ ਦੇ ਬਜ਼ੁਰਗ ਪਿਤਾ ਸੁੱਚਾ ਸਿੰਘ ਟੈਨਸ਼ਨ 'ਚ ਰਹਿਣ ਲੱਗ ਪਏ, ਜੋ ਅਕਸਰ ਹੀ ਕਹਿੰਦੇ ਸਨ ਕਿ ਹਰਸਿਮਰਨ ਕੌਰ ਤੇ ਉਸਦੇ ਪਰਵਾਰ ਨੇ ਸਾਡੇ ਨਾਲ ਧੋਖਾ ਕੀਤਾ ਹੈ ਤੇ ਮੇਰੀ ਮੌਤ ਲਈ ਉਕਤ ਸਾਰੇ ਵਿਅਕਤੀ ਹੀ ਜ਼ਿੰਮੇਵਾਰ ਹੋਣਗੇ। 26 ਮਾਰਚ ਨੂੰ ਉਸ ਦੇ ਪਿਤਾ ਸੁੱਚਾ ਸਿੰਘ ਜੋ ਲੱਤਾਂ ਤੋਂ ਅਪਾਹਜ ਸਨ, ਆਪਣੀ ਹੈਂਡੀਕੈਪਡ ਸਕੂਟਰੀ 'ਤੇ ਘਰੋਂ ਚਲੇ ਗਏ ਤੇ ਮੁੜ ਵਾਪਸ ਨਹੀਂ ਆਏ, ਜਿਨ੍ਹਾਂ ਦੀ ਲਾਸ਼ ਭਾਖੜਾ ਨਹਿਰ ਦੀ ਨਰਵਾਣਾ ਬ੍ਰਾਂਚ 'ਚ ਪਿੰਡ ਜੈਨਗਰ ਨੇੜਿਓਂ ਮਿਲੀ ਹੈ।ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਥਾਣਾ ਸਰਹਿੰਦ ਦੀ ਪੁਲਿਸ ਨੇ ਹਰਸਿਮਰਨ ਕੌਰ, ਕਰਮਜੀਤ ਕੌਰ, ਤਰਲੋਚਨ ਸਿੰਘ, ਗੁਰਪ੍ਰੀਤ ਸਿੰਘ, ਪਿਆਰਾ ਸਿੰਘ ਤੇ ਕੁਲਵਿੰਦਰ ਸਿੰਘ ਵਿਰੁੱਧ ਅ/ਧ 306,120ਬੀ ਆਈ.ਪੀ.ਸੀ. ਤਹਿਤ ਮੁਕੱਦਮਾ ਦਰਜ ਕਰਕੇ ਮਾਮਲੇ ਦੀ ਤਫ਼ਤੀਸ਼ ਸ਼ੁਰੂ ਕਰ ਦਿੱਤੀ ਹੈ।

# 'ਪੰਜਾਬ ਬਚਾਓ ਯਾਤਰਾ' ਦੀਆਂ ਤਿਆਰੀਆਂ ਮੁਕੰਮਲ

**ਸਮਰਾਲਾ, (ਸੁਰਜੀਤ ਸਿੰਘ)** ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਕੱਢੀ ਜਾ ਰਹੀ 'ਪੰਜਾਬ ਬਚਾਓ ਯਾਤਰਾ' ਜੋ 8 ਅਪ੍ਰੈਲ ਨੂੰ ਸਮਰਾਲਾ ਵਿਖੇ ਪਹੁੰਚ ਰਹੀ ਹੈ, ਦੇ ਸਬੰਧ ਵਿੱਚ ਜਨਰਲ ਸਕੱਤਰ ਸ਼੍ਰੋਮਣੀ ਅਕਾਲੀ ਦਲ ਤੇ ਹਲਕਾ ਇੰਚਾਰਜ ਪਰਮਜੀਤ ਸਿੰਘ ਢਿੱਲੋਂ ਤੇ ਜ਼ਿਲ੍ਹਾ ਜਥੇਦਾਰ ਜਸਮੇਲ ਸਿੰਘ ਬੌਂਦਲੀ ਦੀ ਅਗਵਾਈ ਹੇਠ ਸ਼੍ਰੋਮਣੀ ਅਕਾਲੀ ਦਲ ਦੇ ਅਹੁਦੇਦਾਰਾਂ ਤੇ ਵਰਕਰਾਂ ਦੀ ਭਰਵੀਂ ਮੀਟਿੰਗ ਹੋਈ, ਜਿਸ ਵਿੱਚ 'ਪੰਜਾਬ ਬਚਾਓ ਯਾਤਰਾ' ਦੇ ਸਵਾਗਤ ਤੇ ਇਸ ਵਿੱਚ ਸ਼ਮੂਲੀਅਤ ਕਰਨ ਸਬੰਧੀ ਵਿਚਾਰ ਚਰਚਾ ਕੀਤੀ ਗਈ।



ਮੀਟਿੰਗ ਨੂੰ ਸੰਬੋਧਨ ਕਰਦੇ ਪਰਮਜੀਤ ਸਿੰਘ ਢਿੱਲੋਂ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ 'ਪੰਜਾਬ ਬਚਾਓ ਯਾਤਰਾ' ਨੂੰ ਪੂਰੇ ਪੰਜਾਬ ਵਿੱਚ ਭਰਵਾਂ ਹੁੰਗਾਰਾ ਮਿਲ ਰਿਹਾ ਹੈ, ਪੰਜਾਬ ਦੇ ਲੋਕ ਪੱਬਾਂ ਭਾਰ ਹੋ ਕੇ ਯਾਤਰਾ ਦਾ ਸਵਾਗਤ ਕਰ ਰਹੇ ਹਨ, ਹੁਣ ਇਹ ਯਾਤਰਾ 8 ਅਪ੍ਰੈਲ ਨੂੰ ਵਿਧਾਨ ਸਭਾ ਹਲਕਾ ਸਮਰਾਲਾ ਵਿੱਚ ਪੁੱਜ ਰਹੀ ਹੈ, ਜਿਸ ਲਈ ਸ਼੍ਰੋਮਣੀ ਅਕਾਲੀ ਦਲ ਦੇ ਸਮੁੱਚੇ ਅਹੁਦੇਦਾਰ ਅਤੇ ਵਰਕਰ ਪੂਰੇ ਜੋਸ਼ ਵਿੱਚ।ਇਹ ਯਾਤਰਾ ਸ਼੍ਰੋਮਣੀ ਅਕਾਲੀ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਹੇਡੋਂ ਢਾਹਾ ਤੋਂ ਦੁਪਹਿਰ 2:30 ਵਜੇ ਸ਼ੁਰੂ ਹੋ ਕੇ ਕੋਟਲਾ ਸਮਸ਼ਪੁਰ, ਦਿਆਲਪੁਰਾ ਹੁੰਦੀ ਹੋਈ ਸਮਰਾਲਾ ਦੇ ਮੇਨ ਚੌਕ ਵਿੱਚ ਪੁੱਜੇਗੀ ਤੇ ਇੱਥੋਂ ਬਾਲਿਓਂ, ਗੜ੍ਹੀ ਤਰਖਾਣਾ ਹੋ ਕੇ ਮਾਛੀਵਾੜਾ ਸਾਹਿਬ ਦੇ ਗੁਰਦੁਆਰਾ ਚਰਨ ਕੰਵਲ ਸਾਹਿਬ ਵਿਖੇ ਸਮਾਪਤ ਹੋਵੇਗੀ।ਇਸ ਮੌਕੇ ਜ਼ਿਲ੍ਹਾ ਜਥੇਦਾਰ ਜਸਮੇਲ ਸਿੰਘ ਬੌਂਦਲੀ ਨੇ ਦੱਸਿਆ ਕਿ 'ਪੰਜਾਬ ਬਚਾਓ ਯਾਤਰਾ' ਨੂੰ ਸਫ਼ਲ ਬਣਾਉਣ ਲਈ ਸਮਰਾਲਾ ਹਲਕੇ ਦੇ ਸਾਰੇ ਵੱਖ-ਵੱਖ ਅਹੁਦੇਦਾਰਾਂ ਦੀਆਂ ਪਿੰਡਾਂ ਵਿੱਚ ਜਾ ਕੇ ਆਮ ਲੋਕਾਂ ਨੂੰ ਲਾਮਬੰਦ ਕਰਨ ਸਬੰਧੀ ਡਿਊਟੀਆਂ ਲਾ ਦਿੱਤੀਆਂ ਹਨ।ਉਨ੍ਹਾਂ ਅੱਗੇ ਕਿਹਾ ਕਿ ਹੁਣ ਸਮਰਾਲਾ ਹਲਕੇ ਦੇ ਲੋਕ ਵੀ ਆਮ ਆਦਮੀ ਪਾਰਟੀ ਦੇ ਲਾਰਿਆਂ ਤੋਂ ਤੰਗ ਆ ਚੁੱਕੇ ਹਨ, ਹੁਣ ਲੋਕਾਂ ਦਾ ਰੁਝਾਨ ਸ਼੍ਰੋਮਣੀ ਅਕਾਲੀ ਦਲ ਵੱਲ ਹੋ ਰਿਹਾ ਹੈ।

ਉਨ੍ਹਾਂ ਮੀਟਿੰਗ ਵਿੱਚ ਸ਼ਾਮਲ ਸਾਰੇ ਅਹੁਦੇਦਾਰਾਂ ਤੇ ਵਰਕਰਾਂ ਨੂੰ 'ਪੰਜਾਬ ਬਚਾਓ ਯਾਤਰਾ' ਸਫਲ ਬਣਾਉਣ ਦੀ ਅਪੀਲ ਕੀਤੀ, ਜਿਸ ਨੂੰ ਮੀਟਿੰਗ ਵਿੱਚ ਸ਼ਾਮਲ ਸਾਰੇ ਅਹੁਦੇਦਾਰਾਂ ਤੇ ਵਰਕਰਾਂ ਨੇ ਦੋਵੇਂ ਹੱਥ ਖੜੇ ਕਰਕੇ ਯਾਤਰਾ ਨੂੰ ਸਫਲ ਬਣਾਉਣ ਦਾ ਵਾਅਦਾ ਕੀਤਾ।

# ਜਸਵੰਤ ਸਿੰਘ ਥਿੰਦ ਪੰਜਵੀਂ ਵਾਰ ਸਰਬਸੰਮਤੀ ਨਾਲ ਪ੍ਰੈੱਸ ਕਲੱਬ ਦਿਹਾਤੀ (ਫ਼ਿਰੋਜ਼ਪੁਰ) ਦੇ ਪ੍ਰਧਾਨ ਬਣੇ



**ਮਮਦੋਟ, (ਜਸਬੀਰ ਸਿੰਘ ਕੰਬੋਜ, ਹਰਪਾਲ ਸੋਢੀ)** ਪ੍ਰੈਸ ਕਲੱਬ ਫ਼ਿਰੋਜ਼ਪੁਰ ਦਿਹਾਤੀ ਰਜਿ: ਦੀ ਵਿਸ਼ੇਸ਼ ਮੀਟਿੰਗ ਪ੍ਰੈਸ ਕਲੱਬ ਦਿਹਾਤੀ ਦੇ ਪ੍ਰਧਾਨ ਜਸਵੰਤ ਸਿੰਘ ਥਿੰਦ ਦੀ ਪ੍ਰਧਾਨਗੀ ਹੇਠ ਸਿਲਵਰ ਵਰਲਡ ਸਿਨੇਮਾ ਫ਼ਿਰੋਜ਼ਪੁਰ ਵਿਖੇ ਹੋਈ, ਜਿਸ ਵਿੱਚ ਕਸਬਾ ਮੱਲਾਂਵਾਲਾ ਮੁੱਦਕੀ ਤਲਵੰਡੀ ਭਾਈ ਮਮਦੋਟ ਤੇ ਹੋਰ ਕਸਬਿਆਂ ਤੇ ਪਿੰਡਾਂ ਤੋਂ ਆਏ ਪੱਤਰਕਾਰਾਂ ਨੇ ਸ਼ਮੂਲੀਅਤ ਕੀਤੀ।

ਮੀਟਿੰਗ ਦੌਰਾਨ ਪ੍ਰੈਸ ਕਲੱਬ ਦਿਹਾਤੀ ਅਧੀਨ ਆਉਂਦੇ ਖੇਤਰ ਵਿੱਚ ਕੰਮ ਕਰਦੇ ਪੱਤਰਕਾਰਾਂ ਨੂੰ ਫੀਲਡ ਵਿੱਚ ਆ ਰਹੀਆਂ ਸਮੱਸਿਆਵਾਂ ਸਬੰਧੀ ਵਿਚਾਰ ਚਰਚਾ ਕੀਤੀ ਗਈ। ਇਸ ਮੌਕੇ ਸਰਬਸੰਮਤੀ ਨਾਲ ਹੀ ਮੌਜੂਦਾ ਚੱਲ ਰਹੀ ਪ੍ਰੈਸ ਕਲੱਬ ਦੇ ਅਹੁਦੇਦਾਰਾਂ ਦੀ ਮਿਆਦ ਇੱਕ ਵਾਰ ਫਿਰ ਸਾਲ 2024 ਵਾਸਤੇ ਵਧਾ ਦਿੱਤੀ ਗਈ। ਮੀਟਿੰਗ ਵਿੱਚ ਹਾਜ਼ਰ ਸਮੂਹ ਪੱਤਰਕਾਰਾਂ ਨੇ ਸਰਬਸੰਮਤੀ ਨਾਲ ਲਏ। ਇਸ ਫ਼ੈਸਲੇ ਦਾ ਸਵਾਗਤ ਕਰਦਿਆਂ ਜਸਵੰਤ ਸਿੰਘ ਥਿੰਦ ਨੂੰ ਹੀ ਅਗਲੇ ਸੈਸ਼ਨ ਵਾਸਤੇ ਪ੍ਰਧਾਨ ਚੁਣੇ ਜਾਣ 'ਤੇ ਵਧਾਈਆਂ ਦਿੱਤੀਆਂ।ਇਸ ਮੌਕੇ ਜਗਦੀਸ਼ ਪਾਲ ਤਲਵੰਡੀ ਭਾਈ ਨੂੰ ਸੀਨੀਅਰ ਵਾਈਸ ਪ੍ਰਧਾਨ, ਰਵਿੰਦਰ ਸਿੰਘ ਬਜਾਜ ਤਲਵੰਡੀ ਭਾਈ ਜਨਰਲ ਸੈਕਟਰੀ, ਸੁਰਜਨ ਸਿੰਘ ਮੱਲਾਂਵਾਲਾ ਸਕੱਤਰ, ਗੌਰਵ ਭਟੇਜਾ ਮੱਲਾਂਵਾਲਾ ਵਾਈਸ ਪ੍ਰਧਾਨ, ਸੁਦੇਸ਼ ਕੁਮਾਰ ਹੈਪੀ ਮੁੱਦਕੀ ਨੂੰ ਕੈਸ਼ੀਅਰ ਬਣਾਇਆ ਗਿਆ। ਇਸ ਮੌਕੇ ਜਸਪਾਲ ਸਿੰਘ ਮੱਲਾਂ ਵਾਲਾ, ਬਲਦੇਵ ਸ਼ਰਮਾ ਮਮਦੋਟ, ਜਸਬੀਰ ਸਿੰਘ ਕੰਬੋਜ, ਗੁਰਪ੍ਰੀਤ ਸਿੰਘ ਸੰਧੂ, ਰਵਿੰਦਰ ਕਾਲਾ ਪ੍ਰਧਾਨ ਪ੍ਰੈਸ ਕਲੱਬ ਮਮਦੋਟ, ਇੰਦਰਜੀਤ ਸਿੰਘ ਮੱਲਾਂਵਾਲਾ ਵਿਸ਼ੇਸ਼ ਤੌਰ 'ਤੇ ਪਹੁੰਚੇ।

ਮੀਟਿੰਗ ਦੌਰਾਨ ਜਸਵੰਤ ਸਿੰਘ ਥਿੰਦ ਨੇ ਕਿਹਾ ਕਿ ਉਹ ਪੱਤਰਕਾਰ ਭਾਈਚਾਰੇ ਨੂੰ ਦਰਪੇਸ਼ ਆ ਰਹੀਆਂ ਮੁਸ਼ਕਲਾਂ ਸਬੰਧੀ ਜਲਦ ਹੀ ਡਿਪਟੀ ਕਮਿਸ਼ਨਰ ਨਾਲ ਮੁਲਾਕਾਤ ਕਰਕੇ ਇਨ੍ਹਾਂ ਸਮੱਸਿਆਵਾਂ ਨੂੰ ਹੱਲ ਕਰਾਉਣ ਦਾ ਹਰ ਸੰਭਵ ਯਤਨ ਕਰਨਗੇ ਤੇ ਇਸ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਲਈ ਉਹ ਸਦਾ ਤਤਪਰ ਰਹਿਣਗੇ।

# ਰੱਤੋਕੇ ਸਕੂਲ ਦੇ ਚਾਰ ਵਿਦਿਆਰਥੀਆਂ ਨੇ ਲਏ 500 'ਚੋਂ 500 ਅੰਕ

**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)** ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਪੰਜਵੀਂ ਜਮਾਤ ਦਾ ਨਤੀਜਾ ਘੋਸ਼ਿਤ ਕੀਤਾ ਗਿਆ, ਜਿਸ ਵਿੱਚ ਸਰਕਾਰੀ ਐਲੀਮੈਂਟਰੀ ਸਕੂਲ ਰੱਤੋ ਕੇ ਦੇ ਵਿਦਿਆਰਥੀਆਂ ਦਾ ਪ੍ਰਦਰਸ਼ਨ ਬਹੁਤ ਹੀ ਸ਼ਾਨਦਾਰ ਰਿਹਾ।ਇਸ ਪ੍ਰੀਖਿਆ ਵਿੱਚ ਰੱਤੋਕੇ ਦੇ ਚਾਰ ਵਿਦਿਆਰਥੀਆਂ ਉਦੇ ਸਿੰਘ ਮਨੇਸ, ਨਵਨੀਤ ਕੌਰ, ਪ੍ਰਭਦੀਪ ਕੌਰ ਤੇ ਸਤਨਾਮ ਸਿੰਘ ਨੇ 500 'ਚੋਂ 500 ਅੰਕ ਪ੍ਰਾਪਤ ਕੀਤੇ।

ਜ਼ਿਕਰਯੋਗ ਹੈ ਕਿ ਇਸ ਵਾਰ ਪੰਜਵੀਂ ਜਮਾਤ ਦੀ ਪ੍ਰੀਖਿਆ ਵਿੱਚ ਰੱਤੋਕੇ ਦੇ 28 ਵਿਦਿਆਰਥੀ ਅਪੀਅਰ ਹੋਏ ਸਨ, ਜਿਨਾਂ ਵਿੱਚੋਂ 22 ਵਿਦਿਆਰਥੀਆਂ ਨੇ 1+ ਗਰੇਡ ਪ੍ਰਾਪਤ ਕੀਤਾ

।ਤਿੰਨ ਵਿਦਿਆਰਥੀਆਂ ਨੇ ਏ ਗ੍ਰੇਡ ਪ੍ਰਾਪਤ ਕੀਤਾ ਤੇ ਤਿੰਨ ਵਿਦਿਆਰਥੀਆਂ ਨੇ ਬੀ ਗ੍ਰੇਡ ਪ੍ਰਾਪਤ ਕੀਤਾ।ਇਸ ਸ਼ਾਨਦਾਰ ਪ੍ਰਾਪਤੀ 'ਤੇ ਸਕੂਲ ਵਿੱਚ ਬਹੁਤ ਖੁਸ਼ੀ ਮਨਾਈ ਗਈ।ਸਕੂਲ ਵਿੱਚ ਪਹੁੰਚ ਕੇ ਮਾਪਿਆਂ ਅਤੇ



ਪਤਵੰਦੇ ਸੱਜਣਾਂ ਨੇ ਸਮੂਹ ਸਟਾਫ ਅਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ।ਇਹ ਵਿਦਿਆਰਥੀ ਪਹਿਲਾਂ ਵੀ ਡੀਟੀਐਫ ਅਤੇ ਰਾਮਾਨੁਜਨ ਪ੍ਰੀਖਿਆ ਵਿੱਚ ਬਹੁਤ ਸ਼ਾਨਦਾਰ ਪ੍ਰਦਰਸ਼ਨ ਕਰ ਚੁੱਕੇ ਹਨ।

ਇਸ ਮੌਕੇ ਸਕੂਲ ਵੈਲਫੇਅਰ ਕਮੇਟੀ ਦੇ ਪ੍ਰਧਾਨ ਗਿਆਨ ਸਿੰਘ ਭੁੱਲਰ ਤੇ ਸਕੂਲ ਮੈਨੇਜਮੈਂਟ ਕਮੇਟੀ ਦੇ ਪ੍ਰਧਾਨ ਬਲਜੀਤ ਬੱਲੀ ਨੇ ਵਿਦਿਆਰਥੀਆਂ ਅਤੇ ਸਟਾਫ਼ ਦੀ ਰੱਜ ਕੇ ਪ੍ਰਸੰਸਾ ਕੀਤੀ।ਉਨ੍ਹਾਂ ਕਿਹਾ ਕਿ ਜਲਦ ਹੀ ਇਨ੍ਹਾਂ ਵਿਦਿਆਰਥੀਆਂ ਨੂੰ ਪਿੰਡ ਪੱਧਰ 'ਤੇ ਸਮਾਗਮ ਕਰਕੇ ਸਨਮਾਨਤ ਕੀਤਾ ਜਾਵੇਗਾ।

# ਗੁਰਨੂਰ ਕੌਰ ਦੇ ਜਨਮ ਦਿਨ 'ਤੇ ਖ਼ੂਨਦਾਨ ਕੈਂਪ ਲਾਇਆ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)** ਸਿਵਲ ਹਸਪਤਾਲ ਦੀ ਬਲੱਡ ਬੈਂਕ ਵਿੱਚ ਸਹਾਰਾ ਸਮਾਜ ਸੇਵਾ ਦੇ ਵਾਇਸ ਪ੍ਰਧਾਨ ਸੁਖਦੇਵ ਸਿੰਘ ਕਾਲ਼ਾ ਦੀ ਬੇਟੀ ਗੁਰਨੂਰ ਕੌਰ ਦੇ 11ਵੇਂ ਜਨਮ ਦਿਨ ਉਪਰੰਤ 11 ਯੂਨਿਟਾਂ ਦਾ ਖ਼ੂਨਦਾਨ ਕੈਂਪ ਲਾਉਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ।

ਸਹਾਰਾ ਸਮਾਜ ਸੇਵਾ ਦੇ ਪ੍ਰਧਾਨ ਸੰਦੀਪ ਵਰਮਾ ਨੇ ਦੱਸਿਆ ਕਿ ਬੇਟੀ ਗੁਰਨੂਰ ਕੌਰ ਦਾ ਜਨਮ ਦਿਨ ਸੀ, ਖ਼ੂਨਦਾਨ ਕੈਂਪ ਲਾਉਣ ਦੀ ਦੀ ਤਮੰਨਾ ਬੇਟੀ ਦੀ ਸੀ। ਬੇਟੀ ਨੇ ਕਿਹਾ ਕਿ ਸਾਨੂੰ ਫ਼ਜ਼ੂਲ ਖਰਚੇ ਨਹੀਂ ਕਰਨੇ ਚਾਹੀਦੇ ਤੇ ਲੋੜਵੰਦਾਂ ਦੀ ਸਹਾਇਤਾ ਹੀ ਕਰਨੀ ਚਾਹੀਦੀ ਹੈ। ਉਹ ਕਿਸੇ ਵੀ ਰੂਪ ਵਿੱਚ ਹੋਵੇ, ਜਿਨ੍ਹਾਂ ਖ਼ੂਨਦਾਨੀਆਂ ਨੇ ਮੇਰੇ ਜਨਮ ਦਿਨ 'ਤੇ ਖ਼ੂਨਦਾਨ ਕੀਤਾ ਹੈ, ਮੈਨੂੰ ਬਹੁਤ ਖੁਸ਼ੀ ਹੈ। ਉਨ੍ਹਾਂ ਕਿਹਾ ਕਿ ਇਸ ਕੈਂਪ ਵਿੱਚ ਵਿਸ਼ੇਸ਼ ਤੌਰ 'ਤੇ ਐਸ.ਡੀ.ਐਮ. ਫੂਲ ਕੁੰਵਰਜੀਤ ਸਿੰਘ ਵਿਸ਼ੇਸ਼ ਤੌਰ 'ਤੇ ਪਹੁੰਚੇ। ਕੈਂਪ ਦਾ ਉਦਘਾਟਨ ਸਿਵਲ ਹਸਪਤਾਲ ਦੇ ਐਸ.ਐਮ.ਓ. ਹਰਿੰਦਰ ਪਾਲ ਸਿੰਘ ਨੇ ਰੀਬਨ ਕੱਟ ਕੇ ਕੀਤਾ। ਕੈਂਪ ਵਿੱਚ 11 ਸਵੈਇੱਛਕ ਖ਼ੂਨਦਾਨੀਆਂ ਵੱਲੋਂ ਖ਼ੂਨਦਾਨ ਕੀਤਾ ਗਿਆ। ਆਏ ਹੋਏ ਮਹਿਮਾਨਾਂ ਵੱਲੋਂ ਖ਼ੂਨਦਾਨੀਆਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਕੈਂਪ ਵਿੱਚ ਸਮਾਜ਼ ਸੇਵੀ ਸੰਸਥਾਵਾਂ ਤੇ ਉਹਨਾਂ ਦੇ ਆਗੂ ਵੀ ਪਹੁੰਚੇ ਸਨ, ਜਿਵੇਂ ਗਿਆਨ ਸਾਗਰ ਪੀਰ ਮੰਦਰ ਚੈਰੀਟੇਬਲ ਟਰੱਸਟ ਤੋਂ ਪ੍ਰਵੀਨ ਕੁਮਾਰ ਸੋਨੂੰ, ਖੱਤਰੀ ਸਭਾ ਤੋਂ ਸੁਰਿੰਦਰ ਧੀਰ, ਐਮ. ਸੀ. ਸੁਰਜੀਤ ਸਿੰਘ, ਪ੍ਰੀਤਮ ਸਿੰਘ, ਪਵਨ ਮਹਿਤਾ, ਨਵਦੀਪ ਮਿੱਤਲ, ਕੇਵਲ ਸਿੰਘ, ਸਤਪਾਲ ਟੀਨਾ, ਵਰਿੰਦਰ ਵਿੱਕੀ, ਵਿਨੋਦ ਗਰਗ, ਪੂਨਮ ਰਾਣੀ, ਰਾਵਿੰਦਰ ਕੌਰ, ਜਗਤਾਰ ਸਿੰਘ, ਸੁਖਚੈਨ ਸਿੰਘ, ਨਿਰਮਲ ਸਿੰਘ, ਜਗਸੀਰ ਸਿੰਘ, ਕਰਮਜੀਤ ਸਿੰਘ, ਵਿਨਸ ਗੋਇਲ, ਜਸਪਾਲ ਸਿੰਘ, ਰਜਨੀਸ਼ ਕਰਕਰਾ, ਉਮੇਸ਼ ਸਿੰਗਲਾ ਤੇ ਜੀਵਨ ਜਿੰਦਲ ਆਦਿ ਹਾਜ਼ਰ ਸਨ।




ਮਾਤਾ ਸੁੰਦਰੀ ਗਰੁੱਪ 'ਚ ਇਕਰੋਜ਼ਾ ਕਲਾ ਪ੍ਰਦਰਸ਼ਨੀ ਲਾਈ

ਰਾਮਪੁਰਾ ਫੂਲ (ਦਰਸ਼ਨ ਜਿੰਦਲ) ਮਾਤਾ ਸੁੰਦਰੀ ਗਰੁੱਪ ਆਫ਼ ਇੰਸਟੀਚਿਊਸ਼ਨਜ ਢੱਡੇ ਦੇ ਫੈਸ਼ਨ ਡਿਜਾਇਨਿੰਗ ਅਤੇ ਟੈਕਨਾਲੋਜੀ ਵਿਭਾਗ ਵੱਲੋਂ ਕਾਲਜ ਵਿਖੇ ਚੌਥੀ ਇਕਰੋਜ਼ਾ ਕਲਾ ਪ੍ਰਦਰਸ਼ਨੀ ਲਾਈ ਗਈ, ਜਿਸ ਵਿੱਚ ਬੀ.ਐਸ.ਸੀ (ਐਫ਼.ਟੀ) ਤੇ ਐਮ.ਐਸ.ਸੀ (ਐਫ.ਡੀ ਐਂਡ ਟੀ) ਦੇ ਵਿਦਿਆਰਥੀਆਂ ਵੱਲੋਂ ਤਿਆਰ ਕੀਤੇ ਪਹਿਰਾਵੇ ਅਤੇ ਵੇਸਟ ਮਟੀਰੀਅਲ ਤੋਂ ਤਿਆਰ ਸਜਾਵਟੀ ਸਮਾਨ ਨੂੰ ਪ੍ਰਦਰਸ਼ਤ ਕੀਤਾ ਗਿਆ।ਇਸ ਕਲਾ ਪ੍ਰਦਰਸ਼ਨੀ ਦਾ ਉਦਘਾਟਨ ਸੰਸਥਾ ਦੇ ਡਾਇਰੈਕਟਰ ਮੈਡਮ ਸਿੰਬਲਜੀਤ ਕੌਰ, ਖ਼ਜ਼ਾਨਚੀ ਮੈਡਮ ਪ੍ਰਸ਼ੋਤਮ ਕੌਰ ਅਤੇ ਮੈਡਮ ਹਰਮਨਜੋਤ ਕੌਰ ਵੱਲੋ ਸ਼ਮ੍ਹਾਂ ਰੌਸ਼ਨ ਕਰਕੇ ਕੀਤਾ ਗਿਆ।ਉਨ੍ਹਾਂ ਵਿਦਿਆਰਥੀਆਂ ਵੱਲੋਂ ਤਿਆਰ ਕੀਤੀਆਂ ਵਸਤੂਆਂ ਦੀ ਸ਼ਲਾਘਾ ਕੀਤੀ। ਇਸ ਦੌਰਾਨ ਫ਼ੈਸ਼ਨ ਵਿਭਾਗ ਵੱਲੋਂ ਫੈਸ਼ਨ ਸ਼ੋਅ ਆਯੋਜਤ ਕੀਤਾ ਗਿਆ। ਇਸ ਵਿੱਚ ਵਿਦਿਆਰਥੀਆਂ ਵੱਲੋਂ ਤਿਆਰ ਵੱਖ-ਵੱਖ ਤਰ੍ਹਾਂ ਦੇ ਪਹਿਰਾਵਿਆਂ ਨੂੰ ਪੇਸ਼ ਕੀਤਾ ਗਿਆ।ਇਸ ਮੌਕੇ ਮੁੱਖ ਮਹਿਮਾਨ ਚੇਅਰਮੈਨ ਕੁਲਵੰਤ ਸਿੰਘ, ਐਮ.ਡੀ ਗੁਰਬਿੰਦਰ ਸਿੰਘ ਬੱਲੀ, ਡਾਇਰੈਕਟਰ ਐਡਮਨਿਸਟ੍ਰੇਸ਼ਨ ਪਰਮਿੰਦਰ ਸਿੰਘ ਸਿੱਧੂ ਵੱਲੋਂ ਇਨ੍ਹਾਂ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ। ਇਸ ਦੇ ਨਾਲ ਹੀ ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਵਿੱਚ ਵਿਦਿਆਰਥੀਆਂ ਵੱਲੋਂ ਵਧ-ਚੜ੍ਹ ਕੇ ਹਿੱਸਾ ਲਿਆ ਜਾਣਾ ਚਾਹੀਦਾ ਹੈ ਤਾਂ ਜੁ ਉਨ੍ਹਾਂ ਦੇ ਵਿਅਕਤੀਤਵ 'ਚ ਨਿਖਾਰ ਆਉਂਦਾ ਰਹੇ।ਫ਼ੈਸ਼ਨ ਟੈਕਨਾਲੋਜੀ ਵਿਭਾਗ ਦੀਆਂ ਵਿਦਿਆਰਥਣਾਂ ਰਵਨੀਤ ਕੌਰ ਤੇ ਮਨਪ੍ਰੀਤ ਕੌਰ ਨੂੰ ਬੈਸਟ ਡਿਜਾਇਨਰ 2024 ਦਾ ਖਿਤਾਬ ਦੇ ਕੇ ਐਲਾਨਿਆ ਗਿਆ।ਇਸ ਦੇ ਨਾਲ ਹੀ ਸੰਸਥਾ ਦੇ ਅਲੱਗ ਅਲੱਗ ਵਿਭਾਗ ਮਾਤਾ ਸੁੰਦਰੀ ਗਰਲਜ ਕਾਲਜ ਆਫ ਐਜੂਕੇਸ਼ਨ, ਮਾਤਾ ਸੁੰਦਰੀ ਸੀਨੀਅਰ ਸੈਕੰਡਰੀ ਸਕੂਲ, ਮਾਤਾ ਸੁੰਦਰੀ ਇੰਸਟੀਚਿਊਟ ਆਫ ਨਰਸਿੰਗ ਦੇ ਸਮੂਹ ਸਟਾਫ ਮੈਂਬਰਾਂ ਅਤੇ ਵਿਦਿਆਰਥੀਆਂ ਵੱਲੋਂ ਇਸ ਕਲਾ ਪ੍ਰਦਰਸ਼ਨੀ ਨੂੰ ਬਹੁਤ ਹੀ ਉਤਸ਼ਾਹ ਨਾਲ ਦੇਖਿਆ ਅਤੇ ਕੀਤੇ ਹੋਏ ਕੰਮ ਦੀ ਖੂਬ ਤਾਰੀਫ ਕੀਤੀ।ਪ੍ਰੋਗਰਾਮ ਦੇ ਅੰਤ ਵਿੱਚ ਪ੍ਰਿੰਸੀਪਲ ਪ੍ਰੋ. ਰਾਜ ਸਿੰਘ ਬਾਘਾ ਵੱਲੋਂ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ।

ਫੈਸ਼ਨ ਵਿਭਾਗ ਮੁਖੀ ਪ੍ਰੋ. ਸੋਨਦੀਪ ਕੌਰ ਨੇ ਕਿਹਾ ਕਿ ਫੈਸ਼ਨ ਟੈਕਨਾਲੋਜੀ ਕੋਰਸ ਇੱਕ ਕਿੱਤਾ ਮੁਖੀ ਕੋਰਸ ਹੈ।ਇਸ ਨਾਲ ਵਿਦਿਆਰਥਣਾਂ ਆਤਮ ਨਿਰਭਰ ਹੋ ਸਕਦੀਆਂ ਹਨ।

4-APRIL-PAGE-7.qxd 4/3/2024 9:33 PM Page 1



# ਪੁਲਸ ਨੇ ਅੰਨ੍ਹੇ ਕਤਲ ਦੀ ਗੁੱਥੀ ਸੁਲਝਾਈ

**ਬਠਿੰਡਾ (ਪਰਵਿੰਦਰ ਜੀਤ ਸਿੰਘ)** ਸ਼ਰਾਰਤੀ ਅਨਸਰਾਂ ਤੇ ਮਾੜੇ ਅਨਸਰਾਂ 'ਤੇ ਨਕੇਲ ਕੱਸਣ ਲਈ ਸ਼ਹਿਰ ਵਿੱਚ ਸ਼ਰਾਰਤੀ ਅਨਸਰਾਂ 'ਤੇ ਨਜ਼ਰ ਰੱਖਣ ਲਈ ਬਠਿੰਡਾ ਸ਼ਹਿਰ ਤੇ ਬਠਿੰਡਾ ਦਿਹਾਤੀ ਏਰੀਏ ਵਿੱਚ ਰੈਪਡ ਰੂਰਲ ਰਿਸਪੌਂਸ ਗੱਡੀਆਂ ਚੱਲ ਰਹੀਆਂ ਹਨ, ਜੋ ਐਮਰਜੈਂਸੀ ਦੌਰਾਨ ਹਰ ਇੱਕ ਏਰੀਏ ਨੂੰ ਕਵਰ ਕਰਦੀਆਂ ਹਨ।ਪੀ.ਸੀ.ਆਰ ਵੱਲੋਂ ਦਿਨ-ਰਾਤ ਸ਼ਹਿਰ ਅੰਦਰ ਪੈਟਰੋਲਿੰਗ ਕੀਤੀ ਜਾ ਰਹੀ ਹੈ।22 ਮਾਰਚ ਨੂੰ ਮਨਪ੍ਰੀਤ ਸਿੰਘ ਪੁੱਤਰ ਰਾਜਿੰਦਰ ਸਿੰਘ ਵਾਸੀ ਪੱਤੀ ਸਾਉਲ ਪਿੰਡ ਮਹਿਰਾਜ ਜ਼ਿਲ੍ਹਾ ਬਠਿੰਡਾ ਹਾਲ ਆਬਾਦ ਭੁੱਚੋ ਮੰਡੀ, ਜੋ ਆਪਣੇ ਘਰ ਆ ਰਿਹਾ ਸੀ, ਦਾ ਰਾਸਤੇ ਵਿੱਚ ਬੱਸ ਅੱਡਾ ਲਹਿਰਾ ਸੋਧਾਂ ਮੇਨ ਰੋਡ ਤੇ ਰਾਤ ਨੂੰ ਕਿਸੇ ਨਾ ਮਾਲੂਮ ਵਿਅਕਤੀਆਂ ਵੱਲੋਂ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕੀਤਾ ਸੀ, ਜਿਸ ਕਾਰਨ ਮਨਪ੍ਰੀਤ ਸਿੰਘ ਦੇ ਜਿਆਦਾ ਮਾਰੂ ਸੱਟਾਂ ਲੱਗੀਆਂ ਸਨ, ਜਿਸ ਨੂੰ ਇਲਾਜ ਲਈ ਰਾਮਪੁਰਾ ਵਿਖੇ ਹਸਪਤਾਲ ਵਿੱਚ ਦਾਖਲ ਕਰਾਇਆ ਗਿਆ ਸੀ।

ਇਲਾਜ ਦੌਰਾਨ ਮਨਪ੍ਰੀਤ ਸਿੰਘ ਦੀ 24 ਮਾਰਚ ਨੂੰ ਮੌਤ ਹੋ ਗਈ ਸੀ, ਜਿਸ 'ਤੇ ਬਠਿੰਡਾ ਪੁਲਸ ਵੱਲੋਂ ਕਾਰਵਾਈ ਕਰਦਿਆਂ ਹੋਇਆਂ ਮੁਕੱਦਮਾ ਨੰਬਰ 27 ਮਿਤੀ 24.03.2024 ਅ/ਧ 302, 34 ਆਈ.ਪੀ.ਸੀ ਥਾਣਾ ਨਥਾਣਾ ਬਰਖਿਲਾਫ਼ ਨਾਮਾਲੂਮ ਵਿਅਕਤੀਆਂ ਦਰਜ ਰਜਿਸਟਰ ਕੀਤਾ ਗਿਆ, ਜਿਸ ਦੇ ਕਾਤਲਾਂ ਨੂੰ ਬਠਿੰਡਾ ਪੁਲਿਸ ਦੇ ਸੀ.ਆਈ.ਏ ਸਟਾਫ਼-1 ਦੀ ਟੀਮ ਵੱਲੋਂ ਉਕਤ ਵਾਰਦਾਤ ਨੂੰ ਟਰੇਸ ਕਰਨ ਲਈ ਤੁਰੰਤ ਕਾਰਵਾਈ ਅਮਲ ਵਿੱਚ ਲਿਆਉਂਦਿਆਂ ਡੂੰਘਾਈ ਨਾਲ ਤਫ਼ਤੀਸ਼ ਕਰਦਿਆਂ ਸਫ਼ਲਤਾ ਹਾਸਲ ਕੀਤੀ।ਸ਼੍ਰੀ ਅਜੈ ਗਾਂਧੀ ਆਈ.ਪੀ.ਐੱਸ ਐੱਸ.ਪੀ (ਡੀ) ਬਠਿੰਡਾ ਨੇ ਦੱਸਿਆ ਕਿ ਇਸ ਵਾਰਦਾਤ ਨੂੰ ਟਰੇਸ ਕਰਨ ਲਈ ਸੀ.ਆਈ.ਏ ਸਟਾਫ 1/2 ਦੀਆਂ ਟੀਮਾਂ ਗਠਿਤ ਕੀਤੀਆਂ ਗਈਆਂ, ਜਿਨ੍ਹਾਂ ਦੀ ਅਗਵਾਈ ਸ਼੍ਰੀ ਰਾਜੇਸ਼ ਕੁਮਾਰ ਪੀ.ਪੀ.ਐੱਸ ਡੀ.ਐੱਸ.ਪੀ (ਡੀ) ਬਠਿੰਡਾ ਅਤੇ ਹਰਸ਼ਪ੍ਰੀਤ ਸਿੰਘ ਪੀ.ਪੀ.ਐਸ ਡੀ.ਐਸ.ਪੀ (ਸ.ਡ ਭੁੱਚੋ) ਵੱਲੋਂ ਕੀਤੀ ਗਈ।ਸੀ.ਆਈ.ਏ-1 ਬਠਿੰਡਾ ਵੱਲੋਂ ਉਕਤ ਵਾਰਦਾਤ ਨੂੰ ਡੂੰਘਾਈ ਨਾਲ ਟਰੇਸ ਕਰਨ ਲਈ ਟੈਕਨੀਕਲ ਅਤੇ ਖੁਫੀਆ ਸੋਰਸਾਂ ਦੀ ਮੱਦਦ ਨਾਲ 6 ਵਿਅਕਤੀਆਂ ਦੀ ਪਛਾਣ ਕੀਤੀ ਗਈ, ਜਿਨ੍ਹਾਂ ਵਿੱਚੋਂ 6 ਦੋਸ਼ੀਆਨ ਨੂੰ ਮੁਕੱਦਮਾ ਉਕਤ ਵਿੱਚ ਨਾਮਜ਼ਦ ਕੀਤਾ ਗਿਆ, ਜਿਨ੍ਹਾਂ ਵਿੱਚੋਂ 3 ਦੋਸ਼ੀਆਨ ਨੂੰ 02 ਅਪ੍ਰੈਲ ਨੂੰ ਮੁਕੱਦਮਾ ਉਕਤ ਵਿੱਚ ਬਲਜੀਤ ਸਿੰਘ ਉਰਫ ਬਿੱਲਾ ਪੁੱਤਰ ਗੁਰਜੰਟ ਸਿੰਘ, ਬਲਜੀਤ ਰਾਮ ਉਰਫ ਬੱਲੂ ਪੁੱਤਰ ਅਮਰਜੀਤ ਰਾਮ, ਸੁਖਦੇਵ ਰਾਮ ਉਰਫ ਸੁੱਖਾ ਪੁੱਤਰ ਛਿੰਦਰਪਾਲ, ਵਾਸੀਆਨ ਪਿੰਡ ਉੱਗੋਕੇ ਜ਼ਿਲ੍ਹਾ ਬਰਨਾਲਾ ਨੂੰ ਗ੍ਰਿਫ਼ਤਾਰ ਕੀਤਾ ਗਿਆ ਅਤੇ ਮੁਕੱਦਮਾ ਵਿੱਚ ਜੁਰਮ 396,120-ਬੀ ਆਈ.ਪੀ.ਸ਼ੀ ਦਾ ਵਾਧਾ ਕੀਤਾ ਗਿਆ।ਬਾਕੀ ਰਹਿੰਦੇ 3 ਦੋਸ਼ੀਆਨ ਦੀ ਭਾਲ ਜਾਰੀ ਹੈ।02.04.2024 ਨੂੰ ਸੀ.ਆਈ.ਏ-1 ਬਠਿੰਡਾ ਦੀ ਪੁਲਿਸ ਪਾਰਟੀ ਨੇ ਬਾਹੱਦ ਦਾਨਾ ਮੰਡੀ ਉਗੋਕੇ ਤੋਂ ਦੋਸ਼ੀਆਨ ਬਲਜੀਤ ਸਿੰਘ ਉਰਫ਼ ਬਿੱਲਾ, ਬਲਜੀਤ ਰਾਮ ਉਰਫ ਬੱਲੂ, ਸੁਖਦੇਵ ਰਾਮ ਉਰਫ਼ ਸੁੱਖਾ ਉਕਤ ਨੂੰ ਵਾਰਦਾਤ ਵਿੱਚ ਵਰਤਿਆ ਮੋਟਰਸਾਈਕਲ ਹੀਰੋ ਸਪਲੈਂਡਰ ਪਲੱਸ ਰੰਗ ਕਾਲਾ ਬਿਨਾਂ ਨੰਬਰੀ ਸਮੇਤ ਕਾਬੂ ਕਰਕੇ ਇਨ੍ਹਾਂ ਪਾਸੋਂ ਇੱਕ ਕਾਪਾ (ਟੋਕਾ), ਗਰਾਰੀ ਬਰਾਮਦ ਕਰਾਏ ਗਏ।ਬਾਕੀ ਰਹਿੰਦੇ 3 ਦੋਸ਼ੀਆਨ ਦੀ ਗ੍ਰਿਫ਼ਤਾਰੀ ਕਰਨ ਲਈ ਵੱਖ-ਵੱਖ ਟੀਮਾਂ ਦੁਆਰਾ ਛਾਪੇਮਾਰੀ ਕੀਤੀ ਜਾ ਰਹੀ ਹੈ।ਦੋਸ਼ੀਆਨ ਨੇ ਪੁੱਛਗਿੱਛ ਦੌਰਾਨ ਮੰਨਿਆ ਹੈ ਕਿ ਹਰਪ੍ਰੀਤ ਸਿੰਘ ਉਰਫ਼ ਢੱਕਣ ਦੀ ਮਨਪ੍ਰੀਤ ਸਿੰਘ ਨਾਲ ਕੋਈ ਲਾਗਡਾਟ ਸੀ, ਉਨ੍ਹਾਂ ਨੂੰ ਕਤਲ ਕਰਨ ਲਈ ਨਾਲ ਲਿਆਂਦਾ ਗਿਆ ਸੀ।ਦੋਸ਼ੀਆਨ ਨੂੰ ਅਦਾਲਤ ਵਿੱਚ ਪੇਸ਼ ਕਰਕੇ ਪੁਲਿਸ ਰਿਮਾਂਡ ਹਾਸਲ ਕਰਕੇ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾਵੇਗੀ।

*3 ਦੋਸ਼ੀਆਂ ਨੂੰ ਕਾਬੂ ਕਰਕੇ ਹਥਿਆਰ ਵੀ ਕੀਤੇ ਬਰਾਮਦ*



## ਐੱਸ.ਡੀ.ਐੱਮ ਨੇ ਯੰਗ ਵੋਟਰਜ਼ ਨੂੰ ਕੀਤਾ ਉਤਸ਼ਾਹਤ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)** ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਸ੍ਰੀ ਵਿਨੀਤ ਕੁਮਾਰ ਦੇ ਦਿਸ਼ਾ ਨਿਰਦੇਸ਼ਾਂ 'ਤੇ ਜ਼ਿਲੇ ਅੰਦਰ ਲੋਕ ਸਭਾ ਚੋਣਾਂ 2024 ਲਈ ਯੰਗ ਵੋਟਰਜ ਨੂੰ ਉਤਸ਼ਾਹਤ ਕਰਨ ਲਈ ਐਸ.ਡੀ.ਐਮ ਸ੍ਰੀ ਵਰੁਣ ਕੁਮਾਰ ਦੀ ਯੋਗ ਅਗਵਾਈ ਹੇਠ ਜ਼ਿਲ੍ਹਾ ਸਿੱਖਿਆ ਤੇ ਸਿਖਲਾਈ ਸੰਸਥਾ ਫ਼ਰੀਦਕੋਟ ਵਿਖੇ ਸਮਾਗਮ ਦਾ ਆਯੋਜਨ ਕੀਤਾ ਗਿਆ।

ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਉਨ੍ਹਾਂ ਵੋਟ ਦੇ ਅਧਿਕਾਰ ਦੀ ਮਹੱਤਤਾ ਬਾਰੇ ਵਿਸਥਾਰ ਨਾਲ ਦੱਸਦਿਆਂ ਕਿਹਾ ਕਿ ਦੇਸ ਦੇ ਹਰ ਉਸ ਨਾਗਰਿਕ ਨੂੰ ਵੋਟ ਦੇ ਅਧਿਕਾਰ ਦੀ ਵਰਤੋਂ ਜ਼ਰੂਰ ਕਰਨੀ ਚਾਹੀਦੀ ਹੈ, ਜਿਸ ਦੀ ਵੋਟ ਬਣੀ ਹੋਈ ਹੈ। ਉਨ੍ਹਾਂ ਕਿਹਾ ਕਿ ਨੌਜਵਾਨ ਵੋਟਰਾਂ ਨੂੰ ਇਸ ਸਬੰਧੀ ਦੂਜਿਆਂ ਨੂੰ ਵੀ ਜਾਗਰੂਕ ਕਰਨ ਲਈ ਅੱਗੇ ਆਉਣਾ ਚਾਹੀਦਾ ਹੈ।

ਇਸ ਮੌਕੇ ਉਹਨਾਂ ਪੀ.ਡਬਲਿਊ.ਡੀ ਵੋਟਰ, 85 ਸਾਲ ਤੋਂ ਵੱਧ ਉਮਰ ਦੇ ਵੋਟਰਾਂ ਨੂੰ ਘਰ ਬੈਠ ਕੇ ਵੋਟ ਪਾਉਣ ਦੇ ਅਧਿਕਾਰ, ਬਿਨਾਂ ਡਰ ਵੋਟ ਦੇ ਅਧਿਕਾਰ, ਬਿਨਾਂ ਲਾਲਚ ਦੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਲਈ ਉਤਸ਼ਾਹਤ ਕੀਤਾ। ਇਸ ਮੌਕੇ ਉਨ੍ਹਾਂ ਸੀ. ਵਿਜਲ ਐਪ ਦੀ ਵਰਤੋਂ ਸਬੰਧੀ ਵੀ ਜਾਣਕਾਰੀ ਦਿੱਤੀ ਤੇ ਕਿਹਾ ਕਿ ਸੀ.ਵਿਜਲ ਐਪ ਰਾਹੀਂ ਪ੍ਰਾਪਤ ਹੋਣ ਵਾਲੀ ਸ਼ਿਕਾਇਤ ਦਾ ਹੱਲ 100 ਮਿੰਟ ਦੇ ਵਿੱਚ ਕੀਤਾ ਜਾਵੇਗਾ।

# ਦਾਣਾ ਮੰਡੀਆਂ ਪ੍ਰਾਈਵੇਟ ਘਰਾਣਿਆਂ ਨੂੰ ਸਪੁਰਦ ਕਰਨ ਦੇ ਫੈਸਲੇ ਖਿਲਾਫ਼ ਵੱਡੀ ਗਿਣਤੀ 'ਚ ਚੰਡੀਗੜ੍ਹ ਪਹੁੰਚਣਗੇ ਕਿਸਾਨ

**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)** ਕਿਰਤੀ ਕਿਸਾਨ ਯੂਨੀਅਨ ਵੱਲੋਂ ਬਲਾਕ ਸੰਗਰੂਰ ਤੇ ਬਲਾਕ ਲੌਂਗੋਵਾਲ ਦੀਆਂ ਮੀਟਿੰਗਾਂ ਬਲਾਕ ਸੰਗਰੂਰ ਦੇ ਪ੍ਰਧਾਨ ਸੁਖਦੇਵ ਸਿੰਘ ਉਭਾਵਾਲ ਅਤੇ ਬਲਾਕ ਲੌਂਗੋਵਾਲ ਦੇ ਪ੍ਰਧਾਨ ਕਰਮਜੀਤ ਸਿੰਘ ਸਤੀਪੁਰ ਦੀ ਪ੍ਰਧਾਨਗੀ ਹੇਠ ਕੀਤੀਆਂ ਗਈਆਂ, ਜਿਸ ਵਿੱਚ ਫੈਸਲਾ ਕੀਤਾ ਗਿਆ ਕਿ ਸੰਯੁਕਤ ਕਿਸਾਨ ਮੋਰਚੇ ਦੇ ਫ਼ੈਸਲੇ ਅਨੁਸਾਰ ਪੰਜਾਬ ਸਰਕਾਰ ਵੱਲੋਂ 9 ਕਾਰਪਰੇਟ ਘਰਾਣਿਆਂ ਨੂੰ ਕਣਕ ਦੀ ਖਰੀਦ, ਵੇਚ, ਸਟੋਰੇਜ ਕਰਨ ਤੇ ਪ੍ਰੋਸੈਸਿੰਗ ਕਰਨ ਦੀ ਮਨਜ਼ੂਰੀ ਦੇਣ ਖਿਲਾਫ਼ 8 ਅਪ੍ਰੈਲ ਨੂੰ ਵੱਡੀ ਗਿਣਤੀ ਵਿੱਚ ਕਿਸਾਨ ਚੰਡੀਗੜ੍ਹ ਮੁਜਾਹਰੇ ਵਿੱਚ ਸ਼ਾਮਲ ਹੋਣਗੇ।ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਆਗੂ ਭਜਨ ਸਿੰਘ ਢੱਡਰੀਆਂ ਤੇ ਰੁਪਿੰਦਰ ਸਿੰਘ ਚੌਂਦਾ ਨੇ ਕਿਹਾ ਕਿ ਜਿਨ੍ਹਾਂ ਕਾਲੇ ਕਾਨੂੰਨਾਂ ਨੂੰ ਵਾਪਸ ਕਰਾਉਣ ਲਈ ਵੱਡੀ ਗਿਣਤੀ ਕਿਸਾਨ ਸੰਯੁਕਤ ਕਿਸਾਨ ਮੋਰਚੇ ਦੀ ਅਗਵਾਈ ਹੇਠ ਦਿੱਲੀ ਮੋਰਚਾ ਲਾ ਕੇ ਬੈਠੇ ਸਨ, ਉਨ੍ਹਾਂ ਕਾਲੇ ਕਾਨੂੰਨਾਂ ਨੂੰ ਪੰਜਾਬ ਸਰਕਾਰ ਕੇਂਦਰ ਸਰਕਾਰ ਦੀ ਸ਼ਹਿ 'ਤੇ ਟੇਢੇ ਢੰਗ ਨਾਲ ਦੁਬਾਰਾ ਲਾਗੂ ਕਰਨ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਮੰਡੀ ਬੋਰਡ ਵੱਲੋਂ 9 ਧਨਾਢ ਕਾਰਪੋਰੇਟ ਘਰਾਣਿਆਂ ਨੂੰ ਕਣਕ ਦੀ ਖ਼ਰੀਦ ਵੇਚ ਕਰਨ ਦੀ ਮਨਜ਼ੂਰੀ ਦੇ ਦਿੱਤੀ ਗਈ ਹੈ, ਜਿਸ ਵਿੱਚ ਫ਼ਰੀਦਕੋਟ ਦੀ ਮਾਰਕੀਟ ਕਮੇਟੀ ਕੋਟਕਪੂਰਾ ਵਿੱਚ ਆਦਾਨੀ ਸਾਈਲੋ ਵਿੱਚ 25000 ਮੀਟ੍ਰਿਕ ਟਨ, ਲੁਧਿਆਣਾ ਦੀ ਕਮੇਟੀ ਸਾਹਨੇਵਾਲ ਵਿੱਚ ਲਿਪ ਲੋਪਸਟਿਕ ਪ੍ਰਾਈਵੇਟ ਲਿਮਟਿਡ ਵਿੱਚ 50000 ਮੀਟ੍ਰਿਕ ਟਨ, ਮਲੇਰਕੋਟਲਾ ਦੀ ਮੰਡੀ ਮਲੇਰਕੋਟਲਾ ਤੇ ਅਹਿਮਦਗੜ੍ਹ ਵਿੱਚ 100000 ਮੀਟ੍ਰਿਕ ਟਨ, ਸਾਈਲੋ ਸੰਗਰੂਰ ਦੀ ਸੁਨਾਮ ਮੰਡੀ ਵਿੱਚ ਮਾਈ ਸਾਈਲੋ ਅਤੇ ਐਮ ਬੀ ਆਰ ਸਾਈਲੋ ਛਾਜਲੀ 150000 ਮੀਟ੍ਰਿਕ ਟਨ, ਗੁਰਦਾਸਪੁਰ ਦੀ ਮੰਡੀ ਧਾਰੀਵਾਲ ਦੇ ਪਿੰਡ ਛੀਨਾ ਰੇਲ ਵਾਲ ਵਿੱਚ 50000 ਮੀਟ੍ਰਿਕ ਟਨ, ਮੋਗਾ ਦੀ ਮੰਡੀ ਮੋਗਾ ਦੇ ਆਦਾਨੀ ਸਾਈਲੋ ਵਿੱਚ 200000 ਮੀਟ੍ਰਿਕ ਟਨ, ਬਰਨਾਲਾ ਦੇ ਵੀ ਆਰ ਸਾਈਲੋ ਵਿੱਚ 50000 ਮੀਟ੍ਰਿਕ ਟਨ, ਸ੍ਰੀ ਅੰਮ੍ਰਿਤਸਰ ਸਾਹਿਬ ਦੀ ਮੰਡੀ ਮਜੀਠਾ ਦੇ ਪਿੰਡ ਕੱਥੂਨੰਗਲ ਸਾਈਲੋ ਵਿੱਚ 50000 ਮੀਟ੍ਰਿਕ ਟਨ ਅਤੇ ਪਟਿਆਲਾ ਦੀ ਮੰਡੀ ਨਾਭਾ ਦੇ ਪਿੰਡ ਛੀਟਾਂ ਵਾਲਾ ਦੇ ਐਮ ਆਰ ਬੀ ਸਾਈਲੋ ਨੂੰ 50000 ਮੀਟ੍ਰਿਕ ਟਨ ਕਣਕ ਦੀ ਖ਼ਰੀਦ ਕਰਨ ਦੀ ਮਨਜ਼ੂਰੀ ਦਿੱਤੀ ਗਈ ਹੈ।

ਇਸ ਤੋਂ ਇਲਾਵਾ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਦੀਆਂ 26 ਮਾਰਕੀਟ ਕਮੇਟੀਆਂ ਨੂੰ ਵੱਖ-ਵੱਖ ਵਿਭਾਗਾਂ ਵਿੱਚ ਮਰਜ ਕਰਨ ਦੀ ਤਜਵੀਜ ਵੀ ਰੱਖੀ ਗਈ ਹੈ।ਉਨ੍ਹਾਂ ਦੋਸ਼ ਲਾਇਆ ਕਿ ਸਰਕਾਰ ਪਹਿਲਾ ਰੱਦ ਕਰਵਾਏ ਤਿੰਨ ਖੇਤੀ ਕਾਨੂੰਨਾਂ ਵਿੱਚੋਂ ਦੋ ਕਾਨੂੰਨ ਵਣਜ ਤੇ ਵਪਾਰ ਕਾਨੂੰਨ 2020 ਅਤੇ ਜ਼ਰੂਰੀ ਵਸਤਾ ਸੋਧ ਕਾਨੂੰਨ 2020 ਨੂੰ ਟੇਡੇ ਢੰਗ ਨਾਲ ਲਾਗੂ ਕਰਨ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਇਸ ਫੈਸਲੇ ਖਿਲਾਫ ਸੰਯੁਕਤ ਕਿਸਾਨ ਮੋਰਚੇ ਵੱਲੋਂ 8 ਅਪ੍ਰੈਲ ਨੂੰ ਚੰਡੀਗੜ੍ਹ ਵਿਖੇ ਇੱਕ ਮੁਜ਼ਾਹਰਾ ਰੱਖਿਆ ਗਿਆ ਹੈ, ਜਿਸ ਵਿੱਚ ਕਿਰਤੀ ਕਿਸਾਨ ਯੂਨੀਅਨ ਦੀ ਅਗਵਾਈ ਹੇਠ ਵੱਡੀ ਪੱਧਰ 'ਤੇ ਲੋਕ ਮੁਜਾਹਰੇ ਵਿੱਚ ਸ਼ਾਮਲ ਹੋਣਗੇ।

## ਕਾਤਰਾਂ

### ਪੰਜਵੀਂ ਕਲਾਸ 'ਚੋਂ ਵਿਦਿਆਰਥਣ ਨੇ ਹਾਸਲ ਕੀਤੇ 97.2 ਪ੍ਰਤੀਸ਼ਤ ਅੰਕ



**ਸਮਾਣਾ, (ਗੁਰਪਿਆਰ ਸਿੰਘ ਬੱਲ)** ਪਿੰਡ ਚੱਕ ਅੰਮ੍ਰਿਤਸਰੀਆ ਦੇ ਸਰਕਾਰੀ ਪ੍ਰਾਇਮਰੀ ਸਕੂਲ ਦੀ ਵਿਦਿਆਰਥਣ ਅਨਮੋਲ ਪੁੱਤਰੀ ਰਾਜੂ ਰਾਮ ਨੇ ਪੰਜਵੀਂ ਕਲਾਸ ਦੇ ਆਏ ਨਤੀਜੇ ਦੌਰਾਨ ਅੱਵਲ ਆਉਂਦੀਆਂ ਸਕੂਲ, ਮਾਪਿਆਂ ਤੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ ਹੈ। ਅਨਮੋਲ ਨੇ 500 ਅੰਕ 'ਚੋਂ 486 ਅੰਕ ਹਾਸਲ ਕਰਕੇ 97.2 ਪ੍ਰਤੀਸ਼ਤ ਨੰਬਰ ਹਾਸਲ ਕੀਤੇ ਹਨ, ਜਿਸ 'ਤੇ ਸਕੂਲ ਸਟਾਫ਼ ਵੱਲੋਂ ਅਨਮੋਲ ਦਾ ਮੂੰਹ ਮਿੱਠਾ ਕਰਾਉਂਦਿਆਂ ਸਨਮਾਨਤ ਕੀਤਾ ਗਿਆ।

### ਸ਼ਹਿਰ 'ਚ ਪੁਲਸ ਵੱਲੋਂ ਕੀਤੀ ਗਈ ਚੈਕਿੰਗ...



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)** ਡੀਐਸਪੀ ਮਨਦੀਪ ਸਿੰਘ ਸੰਧੂ ਤੇ ਥਾਣਾ ਮੁਖੀ ਸੁਖਦੀਪ ਸਿੰਘ ਦੀ ਅਗਵਾਈ ਵਿੱਚ ਪੁਲਸ ਅਤੇ ਆਈ.ਟੀ.ਬੀ.ਪੀ ਫੋਰਸ ਦੇ ਨਾਲ ਵੱਖ-ਵੱਖ ਥਾਂਵਾਂ 'ਤੇ ਚੈਕਿੰਗ ਅਤੇ ਫਲੈਗ ਮਾਰਚ ਕੱਢਿਆ ਗਿਆ। ਡੀਐਸਪੀ ਮਨਦੀਪ ਸਿੰਘ ਸੰਧੂ ਨੇ ਕਿਹਾ ਕਿ ਉਨ੍ਹਾਂ ਵੱਲੋਂ ਰੇਲਵੇ ਸਟੇਸ਼ਨ, ਬੱਸ ਸਟੈਂਡ ਅਤੇ ਵੱਖ-ਵੱਖ ਥਾਂਵਾਂ 'ਤੇ ਚੈਕਿੰਗ ਕੀਤੀ ਜਾ ਰਹੀ ਹੈ। ਚੋਣਾਂ ਦੇ ਮੱਦੇਨਜ਼ਰ ਇਹ ਫਲੈਗ ਮਾਰਚ ਕੱਢਿਆ ਜਾ ਰਿਹਾ ਤਾਂ ਜੁ ਲੋਕ ਆਪਣੀ ਵੋਟ ਨੂੰ ਬਿਨਾਂ ਕਿਸੇ ਡਰ ਤੋਂ ਪਾ ਸਕਣ ਅਤੇ ਵੋਟ ਦਾ ਸਹੀ ਇਸਤੇਮਾਲ ਕਰ ਸਕਣ। ਉਨ੍ਹਾਂ ਨੇ ਕਿਹਾ ਕਿ ਪ੍ਰਸ਼ਾਸਨ ਵੱਲੋਂ ਪੂਰੀ ਤਨਦੇਹੀ ਨਾਲ ਕੰਮ ਕੀਤਾ ਜਾ ਰਿਹਾ। ਕਿਸੇ ਵੀ ਪ੍ਰਕਾਰ ਦੀ ਕੋਈ ਗੜਬੜ ਨਹੀਂ ਹੋਣ ਦਿੱਤੀ ਜਾਵੇਗੀ।

### ਆਮ ਖਾਸ ਬਾਗ ਦੀਆਂ ਗਰਿੱਲਾਂ ਚੋਰੀ ਕਰਨ ਦੇ ਕੇਸ 'ਚ ਤਿੰਨ ਨਾਮਜ਼ਦ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** -ਮੁਗ਼ਲ ਬਾਦਸ਼ਾਹ ਜਹਾਂਗੀਰ ਵੱਲੋਂ ਉਸਾਰਿਆ ਆਮ ਖਾਸ ਬਾਗ ਸਰਹਿੰਦ ਤੋਂ ਗਰਿੱਲਾਂ ਚੋਰੀ ਕਰਨ ਦੇ ਦੋਸ਼ ਹੇਠ ਪੁਲਸ ਵੱਲੋਂ ਤਿੰਨ ਵਿਅਕਤੀਆਂ ਵਿਰੁੱਧ ਕੇਸ ਦਰਜ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਜਸਵਿੰਦਰ ਸਿੰਘ ਵਾਸੀ ਪਿੰਡ ਹੁਸੈਨਪੁਰ ਨੇ ਪੁਲਿਸ ਨੂੰ ਦਿੱਤੀ ਸ਼ਿਕਾਇਤ 'ਚ ਦੋਸ਼ ਲਾਏ ਸਨ ਕਿ ਹੈਦਰ, ਗੁਰਪ੍ਰੀਤ ਸਿੰਘ ਤੇ ਆਦਿੱਤਿਆ ਉਰਫ ਆਦੀ ਨੇ ਆਮ ਖਾਸ ਬਾਗ ਦੀ ਬਾਊਂਡਰੀ 'ਤੇ ਲੱਗੀਆਂ ਕਰੀਬ 7 ਗਰਿੱਲਾਂ ਚੋਰੀ ਕੀਤੀਆਂ ਹਨ।ਹੈਦਰ, ਗੁਰਪ੍ਰੀਤ ਸਿੰਘ ਤੇ ਆਦਿੱਤਿਆ ਵਿਰੁੱਧ ਅ/ਧ 379,34 ਆਈ.ਪੀ.ਸੀ. ਤਹਿਤ ਮੁਕੱਦਮਾ ਦਰਜ ਕਰਕੇ ਥਾਣਾ ਫ਼ਤਹਿਗੜ੍ਹ ਸਾਹਿਬ ਦੀ ਪੁਲਿਸ ਵੱਲੋਂ ਮਾਮਲੇ ਦੀ ਤਫਤੀਸ਼ ਸ਼ੁਰੂ ਕਰ ਦਿੱਤੀ ਗਈ ਹੈ।

### ਪੰਜਾਬ ਬਚਾਓ ਯਾਤਰਾ ਦਾ ਅਮਲੋਹ ਪਹੁੰਚਣ 'ਤੇ ਕੀਤਾ ਜਾਵੇਗਾ ਭਰਵਾਂ ਸਵਾਗਤ

**ਅਮਲੋਹ, (ਲਖਵੀਰ ਸਿੰਘ, ਹਰਚਰਨ ਉੱਪਲ)** ਯੂਥ ਅਕਾਲੀ ਦਲ ਦੀ ਕੋਰ ਕਮੇਟੀ ਦੇ ਮੈਂਬਰ ਕਮਲਜੀਤ ਸਿੰਘ ਗਿੱਲ ਨੇ ਕਿਹਾ ਕਿ 5 ਅਪ੍ਰੈਲ ਨੂੰ ਅਮਲੋਹ ਵਿਖੇ ਪਹੁੰਚ ਰਹੀ ਪੰਜਾਬ ਬਚਾਓ ਯਾਤਰਾ ਸਬੰਧੀ ਯੂਥ ਅਕਾਲੀ ਦਲ ਦੇ ਨੌਜਵਾਨਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ, ਉਥੇ ਹੀ ਯਾਤਰਾ ਸਬੰਧੀ ਹਲਕਾ ਇੰਚਾਰਜ ਗੁਰਪ੍ਰੀਤ ਸਿੰਘ ਰਾਜੂ ਖੰਨਾ ਵੱਲੋਂ ਕੀਤੀਆਂ ਜਾ ਰਹੀਆਂ ਮੀਟਿੰਗਾਂ ਵਿੱਚ ਵੀ ਵੱਡੀ ਗਿਣਤੀ ਹਲਕੇ ਦੇ ਲੋਕ ਸ਼ਮੂਲੀਅਤ ਕਰ ਰਹੇ ਯਾਤਰਾ ਵਿੱਚ ਹਲਕਾ ਅਮਲੋਹ ਤੋਂ ਵੱਡੀ ਗਿਣਤੀ ਨੌਜਵਾਨ ਵੀ ਪੰਜਾਬ ਬਚਾਓ ਯਾਤਰਾ ਵਿੱਚ ਸ਼ਮੂਲੀਅਤ ਕਰਕੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਹਲਕਾ ਅਮਲੋਹ ਦੇ ਇੰਚਾਰਜ ਗੁਰਪ੍ਰੀਤ ਸਿੰਘ ਰਾਜੂ ਖੰਨਾ ਦੇ ਹੱਥ ਹੋਰ ਜ਼ਿਆਦਾ ਮਜਬੂਤ ਕਰਨਗੇ। ਉਨ੍ਹਾਂ ਅੱਗੇ ਕਿਹਾ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਸ਼ੁਰੂ ਕੀਤੀ ਪੰਜਾਬ ਬਚਾਓ ਯਾਤਰਾ ਨਾਲ ਪਾਰਟੀ ਹੋਰ ਜ਼ਿਆਦਾ ਮਜ਼ਬੂਤ ਹੋਈ ਹੈ, ਜਿਸਦੇ ਚੰਗੇ ਨਤੀਜੇ ਲੋਕ ਸਭਾ ਚੋਣਾਂ ਵਿੱਚ ਸਾਹਮਣੇ ਜ਼ਰੂਰ ਆਉਣਗੇ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਅਮਲੋਹ ਵਿਖੇ ਪਹੁੰਚ ਰਹੀ ਪੰਜਾਬ ਬਚਾਓ ਯਾਤਰਾ ਵਿੱਚ ਵੱਡੀ ਗਿਣਤੀ ਸ਼ਮੂਲੀਅਤ ਜ਼ਰੂਰ ਕਰਨ।

## ਦੀਪ ਸਿੱਧੂ ਦੀ ਯਾਦ 'ਚ 11 ਲੋੜਵੰਦ ਪਰਵਾਰਾਂ ਦੀਆਂ ਲੜਕੀਆਂ ਦੇ ਵਿਆਹ ਕਰਵਾਏ



**ਮਾਲੇਰਕੋਟਲਾ (ਅਸਗਰ ਪਰਿਹਾਰ)** ਪਿੰਡ ਚੱਕ ਸੇਖੂਪੁਰ ਕਲਾਂ ਵਿਖੇ ਕੌਮੀ ਯੋਧਾ ਦੀਪ ਸਿੱਧੂ ਦੀ ਨਿੱਘੀ ਯਾਦ 'ਚ ਉਨ੍ਹਾਂ ਦੇ ਜਨਮ ਦਿਨ 'ਤੇ ਸਮੂਹਿਕ ਵਿਆਹ ਸਮਾਗਮ ਦਾ ਆਯੋਜਨ ਕਰਕੇ 11 ਲੋੜਵੰਦ ਪਰਵਾਰਾਂ ਦੀਆਂ ਲੜਕੀਆਂ ਦੇ ਵਿਆਹ ਸਰਪੰਚ ਧਰਮਿੰਦਰ ਸਿੰਘ ਦੀ ਅਗਵਾਈ ਅਧੀਨ ਕਰਾਏ ਗਏ। ਇਸ ਸਮੂਹਿਕ ਵਿਆਹ ਸਮਾਗਮ 'ਚ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਪ੍ਰਧਾਨ ਤੇ ਮੈਂਬਰ ਪਾਰਲੀਮੈਂਟ ਸਿਮਰਨਜੀਤ ਸਿੰਘ ਮਾਨ ਨੇ ਪਾਰਟੀ ਦੇ ਸਮੁੱਚੀ ਸੀਨੀਅਰ ਲੀਡਰਸ਼ਿਪ ਨਾਲ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ। ਮੁੱਖ ਮਹਿਮਾਨ ਸਿਮਰਨਜੀਤ ਸਿੰਘ ਨੇ ਨਵ ਵਿਆਹੇ ਜੋੜਿਆਂ ਨੂੰ ਖੁਸ਼ਹਾਲ ਜੀਵਨ ਦਾ ਆਸ਼ੀਰਵਾਦ ਦਿੱਤਾ ਤੇ ਦੀਪ ਸਿੰਘ ਸਿੱਧੂ ਦੀ ਸੋਚ 'ਤੇ ਪਹਿਰਾ ਦੇਣ ਵਾਲੇ ਨੌਜਵਾਨਾਂ ਦੀ ਸ਼ਲਾਘਾ ਕੀਤੀ। ਸਿਮਰਨਜੀਤ ਸਿੰਘ ਨੇ ਕਿਹਾ ਕਿ ਦੇਸ਼, ਕੌਮ ਲਈ ਕੁਰਬਾਨ ਹੋਣ ਵਾਲੇ ਯੋਧਿਆਂ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਸਾਨੂੰ ਰਲ ਮਿਲ ਕੇ ਉਨ੍ਹਾਂ ਦੇ ਦਿਨ ਮਨਾਉਣੇ ਚਾਹੀਦੇ। ਕੌਮ ਦੇ ਯੋਧਿਆਂ ਦੇ ਜਨਮ ਅਤੇ ਸ਼ਹੀਦੀ ਦਿਹਾੜਿਆਂ ਉੱਪਰ ਜੇਕਰ ਇਹੋ ਜਿਹੇ ਮਨੁੱਖਤਾ ਦੀ ਭਲਾਈ ਦੇ ਕਾਰਜ ਕੀਤੇ ਜਾਣ ਤਾਂ ਉਹ ਵੀ ਵਧੀਆ ਹੈ। ਇਸ ਨੇਕ ਕੰਮ ਲਈ ਸਰਪੰਚ ਧਰਮਿੰਦਰ ਸਿੰਘ ਅਤੇ ਉਨ੍ਹਾਂ ਦੀ ਪੂਰੀ ਟੀਮ ਵਧਾਈ ਦੀ ਪਾਤਰ ਹੈ। ਇਸ ਮੌਕੇ ਸਾਰੀਆਂ ਲੜਕੀਆਂ ਨੂੰ ਘਰੇਲੂ ਜ਼ਰੂਰਤ ਦਾ ਸਾਮਾਨ ਵੀ ਦਿੱਤਾ ਗਿਆ। ਸਿਮਰਨਜੀਤ ਸਿੰਘ ਨੇ ਭਾਜਪਾ-ਆਰ.ਐਸ.ਐਸ ਦੀ ਘੱਟ ਗਿਣਤੀਆਂ ਖਾਸ ਕਰਕੇ ਸਿੱਖ ਵਿਰੋਧੀ ਰਣਨੀਤੀ ਤੋਂ ਜਾਣੂ ਕਰਾਉਂਦੇ ਹੋਏ ਵੋਟ ਦਾ ਇਸਤੇਮਾਲ ਸੋਚ ਸਮਝ ਕੇ ਕਰਨ ਦੀ ਅਪੀਲ ਵੀ ਕੀਤੀ। ਸਰਪੰਚ ਧਰਮਿੰਦਰ ਸਿੰਘ ਨੇ ਸਮਾਗਮ ਵਿੱਚ ਪਹੁੰਚੇ ਸਾਰੇ ਮਹਿਮਾਨਾਂ ਦਾ ਸਵਾਗਤ ਤੇ ਧੰਨਵਾਦ ਕੀਤਾ।

## ਜੈਨ ਸੀਨੀਅਰ ਸੈਕੰਡਰੀ ਸਕੂਲ ਦਾ ਪੰਜਵੀਂ ਦਾ ਨਤੀਜਾ ਸ਼ਾਨਦਾਰ ਰਿਹਾ



**ਬਾਘਾ ਪੁਰਾਣਾ (ਮਨੀ ਸਿੰਗਲਾ)** ਜੈਨ ਸੀਨੀਅਰ ਸੈਕੰਡਰੀ ਸਕੂਲ ਦਾ ਪੰਜਵੀਂ ਜਮਾਤ ਦਾ ਨਤੀਜਾ ਸੌ ਫੀਸਦੀ ਰਿਹਾ।ਪ੍ਰੀਖਿਆ ਵਿੱਚ 42 ਵਿਦਿਆਰਥੀਆਂ ਨੇ ਹਿੱਸਾ ਲਿਆ।ਸਾਰੇ ਹੀ ਵਿਦਿਆਰਥੀਆਂ ਨੇ ਬਹੁਤ ਹੀ ਵਧੀਆ ਅੰਕ ਪ੍ਰਾਪਤ ਕੀਤੇ।ਸਕੂਲ ਵਿੱਚ ਪਹਿਲੀਆਂ ਤਿੰਨ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀ ਅਹਿਸਾਸ ਦੀਪ ਸਿੰਘ, ਗਗਨਦੀਪ ਸਿੰਘ ਨੇ 96.4 ਫ਼ੀਸਦੀ ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ, ਜੀਆ, ਮਨੋਹਰ ਲਾਲ ਨੇ 96 ਅੰਕ ਪ੍ਰਾਪਤ ਕਰ ਕੇ ਦੂਜਾ ਸਥਾਨ ਅਤੇ ਜਸਲੀਨ ਕੌਰ, ਕੁਲਵੰਤ ਸਿੰਘ ਨੇ 95 ਫ਼ੀਸਦੀ ਤੇ ਅਤੀਨੂਰ ਸਿੰਘ, ਜਗਦੀਪ ਸਿੰਘ ਨੇ ਕ੍ਰਮਵਾਰ 95 ਫ਼ੀਸਦੀ ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਹਾਸਲ ਕੀਤਾ।ਇਸ ਤੋਂ ਇਲਾਵਾ 90ਫੀਸਦੀ ਤੋਂ ਉੱਪਰ 19 ਵਿਦਿਆਰਥੀਆਂ ਨੇ ਅਤੇ ਬਾਕੀ ਵਿਦਿਆਰਥੀਆਂ ਨੇ 807 ਤੋਂ ਉੱਪਰ ਅੰਕ ਪ੍ਰਾਪਤ ਕਰਕੇ ਸੰਸਥਾ ਦਾ ਨਾਂਅ ਰੌਸ਼ਨ ਕੀਤਾ।

ਸੰਸਥਾ ਦੇ ਵਿਜੇ ਕੁਮਾਰ ਬਾਂਸਲ, ਪਵਨਦੀਪ ਸਿੰਘ, ਸੀਮਾ ਰਾਣੀ ਸ਼੍ਰੀਮਤੀ, ਗੁਰਪ੍ਰੀਤ ਕੌਰ, ਸ੍ਰੀਮਤੀ ਅਵਤਾਰ ਕੌਰ, ਅੰਜੂ ਗੋਇਲ ਨੇ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਉਨ੍ਹਾਂ ਦਾ ਮੂੰਹ ਮਿੱਠਾ ਕਰਾਇਆ ਅਤੇ ਮਾਪਿਆਂ ਤੇ ਸਮੂਹ ਸਟਾਫ਼ ਨੂੰ ਵਧਾਈ ਦਿੱਤੀ।

## 22 ਕਿਸਮ ਦੇ ਕੁੱਤਿਆਂ ਦੀ ਨਸਲ 'ਤੇ ਲਾਈ ਪਾਬੰਦੀ

**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)** ਕੁੱਤਿਆਂ ਵੱਲੋਂ ਮਨੁੱਖਾਂ ਤੇ ਛੋਟੇ ਬੱਚਿਆਂ 'ਤੇ ਹਮਲੇ ਕਰਨ ਦੀਆਂ ਘਟਨਾਵਾਂ ਨੂੰ ਗੰਭੀਰ ਅਤੇ ਚਿੰਤਾਜਨਕ ਕਰਾਰ ਦਿੰਦਿਆਂ ਡਿਪਟੀ ਕਮਿਸ਼ਨਰ ਸ੍ਰੀ ਵਿਨੀਤ ਕੁਮਾਰ ਨੇ 22 ਕਿਸਮ ਦੇ ਅਜਿਹੇ ਕੁੱਤਿਆਂ ਦੀਆਂ ਨਸਲਾਂ ਨੂੰ ਰੱਖਣ/ਪ੍ਰਜਣਨ 'ਤੇ ਮੁਕੰਮਲ ਪਾਬੰਦੀ ਲਾਉਣ ਦੇ ਹੁਕਮ ਜਾਰੀ ਕੀਤੇ। ਇਸ ਸਬੰਧੀ ਪਸ਼ੂ ਪਾਲਣ ਵਿਭਾਗ ਚੰਡੀਗੜ੍ਹ ਤੋਂ ਪ੍ਰਾਪਤ ਲਿਖਤੀ ਦਿਸ਼ਾ-ਨਿਰਦੇਸ਼ਾਂ ਦਾ ਹਵਾਲਾ ਦਿੰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜੁਆਇੰਟ ਸੈਕਟਰੀ ਮੱਛੀ ਪਾਲਣ, ਪਸ਼ੂ ਪਾਲਣ ਮੰਤਰਾਲੇ ਭਾਰਤ ਸਰਕਾਰ ਨੇ ਵੀ ਇਸ ਬਾਬਤ ਸਖਤ ਕਾਰਵਾਈ ਕਰਨ ਦੇ ਹੁਕਮ ਜਾਰੀ ਕੀਤੇ ਹਨ।

ਉਨ੍ਹਾਂ ਦੱਸਿਆ ਕਿ ਸਮੇਂ-ਸਮੇਂ 'ਤੇ ਅਜਿਹੇ ਖੂੰਖਾਰ ਪਾਲਤੂ ਅਤੇ ਅਵਾਰਾ ਕੁੱਤਿਆਂ ਖਿਲਾਫ ਐਨ.ਜੀ.ਓ ਤੇ ਲੋਕ ਭਲਾਈ ਸੰਸਥਾਵਾਂ ਦੇ ਨੁਮਾਇੰਦਿਆਂ ਵੱਲੋਂ ਇਸ ਸਬੰਧੀ ਮਾਮਲੇ ਉਠਾਏ ਗਏ ਹਨ। ਉਨ੍ਹਾਂ ਦੱਸਿਆ ਕਿ ਦਿੱਲੀ ਤੇ ਚੰਡੀਗੜ੍ਹ ਤੋਂ ਪ੍ਰਾਪਤ ਲਿਖਤੀ ਹਦਾਇਤਾਂ ਵਿੱਚ ਦਿੱਲੀ ਹਾਈਕੋਰਟ ਵੱਲੋਂ ਵੀ ਖੂੰਖਾਰ ਕੁੱਤਿਆਂ ਨੂੰ ਘਰਾਂ ਵਿੱਚ ਪਾਲਣ ਅਤੇ ਜਨਤਕ ਥਾਂਵਾਂ 'ਤੇ ਮੁਕੰਮਲ ਪਾਬੰਦੀ ਲਾਉਣ ਦੇ ਹੁਕਮ ਜਾਰੀ ਹੋਏ ਹਨ।

ਅਦਾਲਤ ਵੱਲੋਂ ਜਾਰੀ ਇਨ੍ਹਾਂ ਹੁਕਮਾਂ ਵਿੱਚ ਅਜਿਹੀ ਖੂੰਖਾਰ ਨਸਲ ਦੇ ਕੁੱਤਿਆਂ ਦੀ ਖਰੀਦ ਅਤੇ ਵੇਚ 'ਤੇ ਮੁਕੰਮਲ ਪਾਬੰਦੀ ਲਾਉਣ ਦੇ ਆਦੇਸ਼ ਦਿੱਤੇ ਗਏ ਹਨ। ਉਨ੍ਹਾਂ ਕਿਹਾ ਕਿ ਜਿਨ੍ਹਾਂ ਵੱਲੋਂ ਪਹਿਲਾਂ ਹੀ ਅਜਿਹੀਆਂ ਨਸਲਾਂ ਦੇ ਕੁੱਤੇ ਪਾਲਤੂ ਜਾਨਵਰ ਵਜੋਂ ਰੱਖੇ ਗਏ ਹਨ, ਉਨ੍ਹਾਂ ਦੀ ਵੀ ਨਸਬੰਦੀ ਕੀਤੀ ਜਾਵੇ ਤਾਂ ਜੁ ਪ੍ਰਜਣਨ ਕਿਰਿਆ ਨਾ ਹੋ ਸਕੇ।

ਉਨ੍ਹਾਂ ਦੱਸਿਆ ਕਿ ਪਸ਼ੂ ਪਾਲਣ ਵਿਭਾਗ ਵੱਲੋਂ ਅਜਿਹੀ ਬਰੀਡ ਦੇ ਕੁੱਤਿਆਂ ਦੇ ਮਾਲਕਾਂ ਨੂੰ ਕੋਈ ਵੀ ਲਾਈਸੈਂਸ ਜਾਂ ਵੇਚਣ ਅਤੇ ਬਰੀਡਿੰਗ ਦੀ ਇਜਾਜ਼ਤ ਨਾ ਦਿੱਤੀ ਜਾਵੇ।

# ਐਡਵੋਕੇਟ ਰਾਮ ਕੁਮਾਰ ਬਾਂਸਲ ਸ਼੍ਰੋਮਣੀ ਅਕਾਲੀ ਦਲ ਯੂਥ ਦੇ ਸ਼ਹਿਰੀ ਪ੍ਰਧਾਨ ਨਿਯੁਕਤ



**ਬਾਘਾ ਪੁਰਾਣਾ, (ਮਨੀ ਸਿੰਗਲਾ)** ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਜਥੇਦਾਰ ਤੀਰਥ ਸਿੰਘ ਮਾਹਲਾ ਦੀ ਸਿਫ਼ਾਰਸ਼ 'ਤੇ ਰਾਮ ਕੁਮਾਰ ਬਾਂਸਲ ਐਡਵੋਕੇਟ ਯੂਥ ਬਾਘਾ ਪੁਰਾਣਾ ਸ਼ਹਿਰੀ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।ਸ਼ਹਿਰ ਦੀ ਕੋਟਕਪੂਰਾ ਰੋਡ ਉਪਰ ਸਥਿਤ ਦਾਣਾ ਮੰਡੀ ਵਿੱਚ ਨਵ ਨਿਯੁਕਤ ਸ਼ਹਿਰੀ ਪ੍ਰਧਾਨ ਰਾਮ ਕੁਮਾਰ ਬਾਂਸਲ ਨੂੰ ਨਿਯੁਕਤੀ ਪੱਤਰ ਅਤੇ ਸਨਮਾਨ ਚਿੰਨ੍ਹ ਦੇਣ ਦੇ ਲਈ ਇਕ ਸਾਦੇ ਸਮਾਗਮ ਦਾ ਆਯੋਜਨ ਕੀਤਾ ਗਿਆ, ਸਮਾਗਮ ਵਿੱਚ ਭਾਰੀ ਗਿਣਤੀ ਵਿੱਚ ਰਾਮ ਬਾਂਸਲ ਦੇ ਸਮਰਥਕ ਪਹੁੰਚੇ, ਜਿਸ ਵਿੱਚ ਜਥੇਦਾਰ ਤੀਰਥ ਸਿੰਘ ਮਾਹਲਾ ਹਲਕਾ ਇੰਚਾਰਜ ਬਾਘਾ ਪੁਰਾਣਾ, ਸੁਖਜੀਤ ਸਿੰਘ ਮਾਹਲਾ ਕੋਰ ਕਮੇਟੀ ਮੈਂਬਰ, ਯੂਥ ਦੇ ਜ਼ਿਲਾ ਪ੍ਰਧਾਨ ਹਰਜੋਤ ਸਿੰਘ ਡੈਮਰੂ, ਬਾਲ ਕ੍ਰਿਸ਼ਨ ਬਾਲੀ ਸਾਬਕਾ ਨਗਰ ਕੌਂਸਲ ਬਾਘਾ ਪੁਰਾਣਾ ਵੱਲੋਂ ਵਿਸ਼ੇਸ਼ ਤੌਰ 'ਤੇ ਸ਼ੂਮਲੀਅਤ ਕੀਤੀ ਗਈ। ਜਥੇਦਾਰ ਤੀਰਥ ਸਿੰਘ ਮਾਹਲਾ ਹਲਕਾ ਇੰਚਾਰਜ ਬਾਘਾਪੁਰਾਣਾ, ਸੁਖਜੀਤ ਸਿੰਘ ਮਾਹਲਾ ਕੋਰ ਕਮੇਟੀ ਮੈਂਬਰ, ਯੂਥ ਦੇ ਜ਼ਿਲ੍ਹਾ ਪ੍ਰਧਾਨ ਹਰਜੋਤ ਸਿੰਘ ਡੈਮਰੂ, ਬਾਲ ਕ੍ਰਿਸ਼ਨ ਬਾਲੀ ਸਾਬਕਾ ਨਗਰ ਕੌਂਸਲ ਬਾਘਾ ਪੁਰਾਣਾ ਵੱਲੋਂ ਨਵ ਨਿਯੁਕਤ ਸ਼ਹਿਰੀ ਪ੍ਰਧਾਨ ਰਾਮ ਕੁਮਾਰ ਬਾਂਸਲ ਦਾ ਮੂੰਹ ਮਿੱਠਾ ਕਰਾ ਕੇ ਉਸ ਨੂੰ ਨਿਯੁਕਤੀ ਪੱਤਰ ਸੌਂਪਿਆ ਗਿਆ ਤੇ ਸਿਰੋਪਾਓ ਪਾ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਕੋਰ ਕਮੇਟੀ ਮੈਂਬਰ ਸੁਖਜੀਤ ਸਿੰਘ ਮਾਹਲਾ ਤੇ ਜ਼ਿਲ੍ਹਾ ਯੂਥ ਪ੍ਰਧਾਨ ਹਰਜੋਤ ਸਿੰਘ ਡੈਮਰੂ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹਾਈਕਮਾਂਡ ਨੇ ਹਮੇਸ਼ਾ ਹੀ ਮਿਹਨਤੀ ਆਗੂਆਂ ਦਾ ਮੁੱਲ ਮੋੜਿਆ ਅਤੇ ਪਾਰਟੀ ਲਈ ਦਿਨ-ਰਾਤ ਕੰਮ ਕਰਨ ਵਾਲੇ ਆਗੂਆਂ ਨੂੰ ਬਣਦਾ ਮਾਣ ਸਨਮਾਨ ਬਖਸ਼ਿਆ।ਉਨ੍ਹਾਂ ਕਿਹਾ ਕਿ ਉਮੀਦ ਹੈ ਕਿ ਰਾਮ ਕੁਮਾਰ ਬਾਂਸਲ ਪਾਰਟੀ ਵੱਲੋਂ ਬਖ਼ਸ਼ੇ ਇਸ ਅਹੁਦੇ 'ਤੇ ਪਹਿਲਾਂ ਨਾਲ ਵੀ ਪਾਰਟੀ ਲਈ ਮਿਹਨਤ ਕਰਨਗੇ। ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਲੋਕ ਸਭਾ ਚੋਣਾਂ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਪੂਰੀ ਤਰ੍ਹਾਂ ਤਿਆਰ ਹੈ ਤੇ ਪਾਰਟੀ ਸਾਰੀਆਂ ਸੀਟਾਂ 'ਤੇ ਵੱਡੇ ਫਰਕ ਨਾਲ ਜਿੱਤ ਪ੍ਰਾਪਤ ਕਰੇਗੀ।ਇਸ ਮੌਕੇ ਨਵ ਨਿਯੁਕਤ ਪ੍ਰਧਾਨ ਨੇ ਕਿਹਾ ਕਿ ਜੋ ਉਸ ਨੂੰ ਜ਼ਿੰਮੇਵਾਰੀ ਦਿੱਤੀ ਗਈ ਹੈ, ਉਹ ਉਸ ਨੂੰ ਤਨਦੇਹੀ ਦੇ ਨਾਲ ਨਿਭਾਵੇਗਾ।

## ਚੋਣਾਂ ਨਾਲ ਸੰਬੰਧਤ ਹੁਣ ਤੱਕ ਪ੍ਰਾਪਤ ਹੋਈਆਂ 28 ਸ਼ਿਕਾਇਤਾਂ : ਡਿਪਟੀ ਕਮਿਸ਼ਨਰ

**ਤਲਵੰਡੀ ਸਾਬੋ/ਬਠਿੰਡਾ, (ਜਗਦੀਪ ਗਿੱਲ)** ਲੋਕ ਸਭਾ ਚੋਣਾਂ-2024 ਦੇ ਮੱਦੇਨਜ਼ਰ ਚੋਣ ਜ਼ਾਬਤਾ ਲੱਗਣ ਉਪਰੰਤ ਹੁਣ ਤੱਕ ਜ਼ਿਲ੍ਹੇ ਅੰਦਰ ਵੱਖ-ਵੱਖ ਤਰ੍ਹਾਂ ਦੀਆਂ ਚੋਣਾਂ ਨਾਲ ਸਬੰਧਤ 28 ਸ਼ਿਕਾਇਤਾਂ ਪ੍ਰਾਪਤ ਹੋਈਆਂ ਹਨ, ਜਿੰਨ੍ਹਾਂ ਵਿੱਚੋਂ 26 ਸ਼ਿਕਾਇਤਾਂ ਦਾ ਨਿਪਟਾਰਾ ਵੀ ਕੀਤਾ ਜਾ ਚੁੱਕਾ ਹੈ, ਜਦ ਕਿ 2 ਬਕਾਇਆ ਸ਼ਿਕਾਇਤਾਂ ਕਾਰਵਾਈ ਅਧੀਨ ਹਨ। ਇਹ ਜਾਣਕਾਰੀ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਸ. ਜਸਪ੍ਰੀਤ ਸਿੰਘ ਨੇ ਸਾਂਝੀ ਕੀਤੀ।

ਜ਼ਿਲ੍ਹਾ ਚੋਣ ਅਫ਼ਸਰ ਜਸਪ੍ਰੀਤ ਸਿੰਘ ਨੇ ਦੱਸਿਆ ਕਿ ਲੋਕ ਸਭਾ ਚੋਣਾਂ-2024 ਦੇ ਮੱਦੇਨਜ਼ਰ ਚੋਣ ਗਤੀਵਿਧੀਆਂ 'ਤੇ ਹਰ ਪੱਖੋਂ ਤਿੱਖੀ ਨਜ਼ਰ ਰੱਖੀ ਜਾ ਰਹੀ ਹੈ। ਚੋਣਾਂ ਨੂੰ ਸਫ਼ਲਤਾ ਪੂਰਵਕ ਤਰੀਕੇ ਨਾਲ ਨੇਪਰੇ ਚੜ੍ਹਾਉਣ ਲਈ ਜ਼ਿਲ੍ਹੇ ਵਿੱਚ ਵੱਖ-ਵੱਖ ਤਰ੍ਹਾਂ ਦੀਆਂ ਟੀਮਾਂ ਦੇ ਗਠਨ ਤੋਂ ਇਲਾਵਾ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੀ ਪਹਿਲੀ ਮੰਜ਼ਲ 'ਤੇ ਸਥਿਤ ਕਮਰਾ ਨੰਬਰ 235-ਈ ਵਿਖੇ ਜ਼ਿਲ੍ਹਾ ਕੰਟਰੋਲ ਸੈਂਟਰ ਸਥਾਪਿਤ ਕੀਤਾ ਗਿਆ ਹੈ, ਜੋ ਕਿ 247 ਘੰਟੇ ਖੁੱਲ੍ਹਾ ਰਹਿੰਦਾ ਹੈ।

ਜ਼ਿਲ੍ਹਾ ਚੋਣ ਅਫ਼ਸਰ ਨੇ ਇਹ ਵੀ ਦੱਸਿਆ ਕਿ 2 ਅਪ੍ਰੈਲ ਸ਼ਾਮ 5 ਵਜੇ ਤੱਕ ਸੀ-ਵਿਜੀਲ ਤੇ ਕੁੱਲ 17 ਸ਼ਿਕਾਇਤਾਂ ਪ੍ਰਾਪਤ ਹੋਈਆਂ, ਜਿਨ੍ਹਾਂ ਦਾ ਨਿਪਟਾਰਾ ਕੀਤਾ ਜਾ ਚੁੱਕਾ ਹੈ। ਇਸੇ ਤਰ੍ਹਾਂ ਈ-ਮੇਲ ਰਾਹੀਂ ਪ੍ਰਾਪਤ ਹੋਈਆਂ ਕੁੱਲ 4 ਸ਼ਿਕਾਇਤਾਂ ਵਿੱਚੋਂ ਵੀ ਸਾਰੀਆਂ ਦਾ ਹੀ ਨਿਪਟਾਰਾ ਕੀਤਾ ਗਿਆ ਹੈ। ਇਸ ਤੋਂ ਇਲਾਵਾ ਟੈਲੀਫ਼ੋਨ ਰਾਹੀਂ ਪ੍ਰਾਪਤ ਹੋਈਆਂ 3 ਸ਼ਿਕਾਇਤਾਂ 'ਚੋਂ 2 ਸ਼ਿਕਾਇਤਾਂ ਦਾ ਨਿਪਟਾਰਾ, ਜਦਕਿ 1 ਸ਼ਿਕਾਇਤ ਕਾਰਵਾਈ ਅਧੀਨ ਹੈ। ਇਸ ਤੋਂ ਇਲਾਵਾ 2 ਪ੍ਰਾਪਤ ਹੋਈਆਂ ਦਸਤੀ ਸ਼ਿਕਾਇਤਾਂ ਦਾ ਵੀ ਨਿਪਟਾਰਾ ਕੀਤਾ ਜਾ ਚੁੱਕਾ ਹੈ, ਜਦ ਕਿ ਐਨ.ਜੀ.ਐਸ.ਪੀ ਰਾਹੀਂ ਪ੍ਰਾਪਤ ਹੋਈਆਂ 2 ਸ਼ਿਕਾਇਤਾਂ ਚੋਂ 1 ਸ਼ਿਕਾਇਤ ਦਾ ਨਿਪਟਾਰਾ ਕੀਤਾ ਜਾ ਚੁੱਕਾ ਹੈ ਅਤੇ 1 ਸ਼ਿਕਾਇਤ ਕਾਰਵਾਈ ਅਧੀਨ ਹੈ।

## ਪੇਂਡੂ ਦਾਣਾ ਮੰਡੀਆਂ ਦੀ ਹਾਲਤ ਬਦ ਤੋਂ ਬਦਤਰ



**ਦੋਦਾ, (ਵਕੀਲ ਬਰਾੜ)** ਪੰਜਾਬ ਸਰਕਾਰ ਵੱਲੋਂ ਸੂਬੇ ਵਿਚੋਂ ਕਣਕ ਦੀ ਖਰੀਦ ਸ਼ੁਰੂ ਕਰਨ ਦਾ ਐਲਾਨ ਕੀਤਾ ਗਿਆ ਤੇ ਨਾਲ ਹੀ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕਣਕ ਖਰੀਦ ਦੇ ਮੰਡੀਆਂ ਵਿੱਚ ਪੁਖਤਾ ਪ੍ਰਬੰਧ ਕਰ ਲਏ ਹਨ ਦੇ ਦਾਅਵੇ ਕੀਤੇ ਜਾ ਰਹੇ ਹਨ, ਜੋ ਬਿਲਕੁਲ ਥੋਥੇ ਜਾਪਦੇ ਹਨ, ਜਿਸਦੀ ਮਿਸਾਲ ਦਾਣਾ ਮੰਡੀ ਦੋਦਾ ਤੋਂ ਮਿਲਦੀ ਹੈ। ਇਸ ਮੰਡੀ ਵਿਚ ਪ੍ਰਬੰਧਾਂ ਨਾਂਅ ਦੀ ਕੋਈ ਚੀਜ਼ ਨਜ਼ਰ ਨਹੀਂ ਆ ਰਹੀ ਹੈ। ਕੁਝ ਆੜ੍ਹਤੀਆਂ ਵੱਲੋਂ ਆਪਣੇ ਨਾਂਅ ਨਾ ਛਾਪਣ ਦੀ ਸ਼ਰਤ ਉਤੇ ਕਿਹਾ ਕਿ ਅਸੀਂ ਮੰਡੀ ਦੀ ਸਥਿਤੀ ਤੋਂ ਅਤੀ ਚਿੰਤਤ ਹਾਂ ਕਿ ਕਿਸਾਨ ਮੰਡੀ ਵਿੱਚ ਆਪਣੀ ਫ਼ਸਲ ਵੇਚਣ ਲਈ ਕਿੱਥੇ ਤੇ ਕਿਵੇਂ ਢੇਰੀ ਕਰੇਗਾ। ਇਹ ਦਾਣਾ ਮੰਡੀ ਝੀਲ ਦਾ ਰੂਪ ਧਾਰੀ ਖੜੀ ਹੈ। ਜਦ ਮੌਕੇ 'ਤੇ ਜਾ ਕੇ ਦੇਖਿਆ ਤਾਂ ਮੰਡੀ ਦੇ ਹਾਲਾਤ ਬਦ ਤੋਂ ਬਦਤਰ ਬਣੇ ਹੋਏ ਸਨ। ਸੈਕਟਰੀ ਮੰਡੀ ਬੋਰਡ ਬਲਕਾਰ ਸਿੰਘ ਮੁਕਤਸਰ ਨਾਲ ਰਾਬਤਾ ਕੀਤਾ ਗਿਆ ਤਾਂ ਉਨ੍ਹਾਂ ਕਿਹਾ ਕਿ ਜਲਦੀ ਅਸੀ ਮੰਡੀ ਵਿਚੋਂ ਪਾਣੀ ਕੱਢ ਕੇ ਸਫਾਈਕਰਵਾਰਹੇ ਹਾਂ।

## ਸਰਕਾਰ ਵੱਲੋਂ ਸਾਈਲੋਜ਼ ਰੱਦ ਕਰਨ ਦਾ ਫੈਸਲਾ ਸ਼ਲਾਘਾਯੋਗ : ਕੁੰਦਰਾ, ਕੌਸ਼ਲ

**ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)** ਪੰਜਾਬ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਵਲੋਂ ਕਿਸਾਨਾਂ ਦੀ ਕਣਕ ਜੋ ਸਾਈਲੋਜ਼ ਰਾਹੀਂ ਵੱਖ-ਵੱਖ ਸ਼ਹਿਰਾਂ ਦੇ ਗੁਦਾਮਾਂ ਵਿਚ ਭੇਜਣੀ ਸੀ, ਇਹ ਫੈਸਲਾ ਰੱਦ ਕਰ ਦਿੱਤਾ ਗਿਆ, ਜਿਸ ਦੀ ਸ਼ਲਾਘਾ ਕਰਦਿਆਂ ਸੱਚਾ ਸੌਦਾ ਆੜ੍ਹਤੀ ਐਸੋ. ਦੇ ਪ੍ਰਧਾਨ ਮੋਹਿਤ ਕੁੰਦਰਾ ਤੇ ਆੜ੍ਹਤੀ ਰਾਜੀਵ ਕੌਸ਼ਲ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੌਕੇ 'ਤੇ ਲਿਆ ਗਿਆ ਫੈਸਲਾ ਬਹੁਤ ਹੀ ਸਲਾਹੁਣਯੋਗ ਹੈ। ਆਗੂਆਂ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਇੱਕ ਸਕੀਮ ਤਹਿਤ ਇਹ ਨੀਤੀ ਬਣਾਈ ਗਈ ਸੀ ਕਿ ਵੱਖ-ਵੱਖ ਮੰਡੀਆਂ ਦੀ ਫ਼ਸਲ ਇਕੱਠੀ ਕਰਕੇ ਇੱਕ ਵੱਡੇ ਸ਼ਹਿਰ ਦੇ ਸਟੋਰਾਂ ਵਿਚ ਸਾਈਲੋਜ਼ ਕੀਤੀ ਜਾਣੀ ਸੀ, ਪਰ ਇਸ ਫ਼ੈਸਲੇ ਨਾਲ ਆੜ੍ਹਤੀਆਂ ਤੇ ਮੰਡੀ ਵਿਚ ਕੰਮ ਕਰਨ ਵਾਲੇ ਮਜ਼ਦੂਰਾਂ ਨੂੰ ਕਈ ਤਰ੍ਹਾਂ ਦੀਆਂ ਦਰਪੇਸ਼ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਣਾ ਸੀ, ਪਰ ਹੁਣ ਪੰਜਾਬ ਸਰਕਾਰ ਨੇ ਕੇਂਦਰ ਦੇ ਇਸ ਫ਼ੈਸਲੇ ਨੂੰ ਰੱਦ ਕਰਕੇ ਪਹਿਲਾਂ ਵਾਂਗ ਹੀ ਮੰਡੀਆਂ ਵਿਚ ਫ਼ਸਲ ਦੀ ਖਰੀਦ-ਵੇਚ ਦਾ ਫੈਸਲਾ ਲਿਆ ਹੈ, ਜੋ ਬਹੁਤ ਹੀ ਸਮੇਂ ਸਿਰ ਚੁੱਕਿਆ ਸਹੀ ਕਦਮ ਹੈ।

## ਹਰਜਿੰਦਰ ਸਿੰਘ ਕਤਨਾ ਵੱਲੋਂ ਕੀਤੇ ਸਮਾਜ ਸੇਵੀ ਕਾਰਜਾਂ ਨੂੰ ਹਮੇਸ਼ਾ ਯਾਦ ਕੀਤਾ ਜਾਵੇਗਾ



**ਮੱਖੂ (ਰਛਪਾਲ ਸਿੰਘ ਸੰਧੂ)** ਨਿੱਘੇ ਸੁਭਾਅ ਦੇ ਮਾਲਕ, ਹਰ ਇੱਕ ਨੂੰ ਪ੍ਰਭਾਵਤ ਕਰਨ ਵਾਲੀ ਸ਼ਖ਼ਸੀਅਤ ਅਤੇ ਦੂਜਿਆਂ ਦੀ ਮੱਦਦ ਕਰਨ ਲਈ ਹਰ ਟਾਈਮ ਤਿਆਰ ਰਹਿਣ ਵਾਲੇ ਤੇ ਸਮਾਜ ਸੇਵੀ ਸੰਸਥਾ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵਿੱਚ ਜ਼ਿਲ੍ਹਾ ਫ਼ਿਰੋਜ਼ਪੁਰ ਪ੍ਰਧਾਨ ਵਜੋਂ ਸੇਵਾ ਨਿਭਾਅ ਰਹੇ ਸਨ ਹਰਜਿੰਦਰ ਸਿੰਘ ਕਤਨਾ।ਹਰਜਿੰਦਰ ਸਿੰਘ ਕਤਨਾ ਦੇ ਪਰਵਾਰ ਵਿੱਚ ਉਨ੍ਹਾਂ ਦੀ ਧਰਮ ਪਤਨੀ, ਇੱਕ ਬੇਟਾ ਤੇ ਇੱਕ ਬੇਟੀ ਹਨ ਬੇਟਾ, ਬੇਟੀ ਦੋਨੋਂ ਹੀ ਕਨੇਡਾ ਵਿੱਚ ਰਹਿ ਰਹੇ ਹਨ।ਉਨ੍ਹਾਂ ਦੇ ਪਰਵਾਰ ਵੱਲੋਂ ਹਮੇਸ਼ਾ ਹੀ ਉਨ੍ਹਾਂ ਦਾ ਸਹਿਯੋਗ ਦਿੱਤਾ ਗਿਆ ਤਾਂ ਹੀ ਉਨ੍ਹਾਂ ਨੇ ਆਪਣੀ ਜ਼ਿੰਦਗੀ ਨੂੰ ਸੇਵਾ ਲਈ ਪੂਰੀ ਤਰ੍ਹਾਂ ਸਮਰਪਤ ਕਰ ਦਿੱਤਾ ਸੀ।ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਪ੍ਰਧਾਨ ਹਰਜਿੰਦਰ ਸਿੰਘ ਕਤਨਾ 2017 ਵਿੱਚ ਸਮਾਜ ਸੇਵੀ ਡਾ. ਐਸਪੀ ਸਿੰਘ ਓਬਰਾਏ ਦੇ ਸੰਪਰਕ ਵਿੱਚ ਆਏ ਸਨ ਤੇ ਡਾ. ਓਬਰਾਏ ਵੱਲੋਂ ਉਨ੍ਹਾਂ ਦੀ ਸਮਾਜ ਪ੍ਰਤੀ ਸੇਵਾ ਭਾਵਨਾ ਦੇਖਦੇ ਹੋਏ ਉਨ੍ਹਾਂ ਨੂੰ ਆਪਣੀ ਟੀਮ ਵਿੱਚ ਸ਼ਾਮਲ ਕਰ ਲਿਆ ਤੇ ਫ਼ਿਰੋਜ਼ਪੁਰ ਜ਼ਿਲ੍ਹੇ ਦਾ ਪ੍ਰਧਾਨ ਬਣਾਇਆ।ਡਾ. ਐਸਪੀ ਸਿੰਘ ਓਬਰਾਏ ਵੱਲੋਂ ਭੇਜੀਆਂ ਸੇਵਾਵਾਂ ਨੂੰ ਸਹੀ ਲੋਕਾਂ ਤੱਕ ਪੁਚਾਉਣ ਲਈ ਹਮੇਸ਼ਾ ਤਨਦੇਹੀ ਨਾਲ ਸੇਵਾ ਨਿਭਾਉਂਦੇ ਸਨ, ਉਨ੍ਹਾਂ ਵੱਲੋਂ ਗ਼ਰੀਬ ਤੇ ਲੋੜਵੰਦ ਪਰਵਾਰਾਂ ਦੀ ਆਪਣੇ ਵੱਲੋਂ ਵੀ ਅਤੇ ਟਰੱਸਟ ਵੱਲੋਂ ਮੱਦਦ ਕੀਤੀ ਜਾਂਦੀ ਸੀ ਤੇ ਹਮੇਸ਼ਾ ਹੀ ਆਪਣੀ ਟੀਮ ਨੂੰ ਨਾਲ ਲੈ ਕੇ ਆਪਣੀ ਅਗਵਾਈ ਵਿੱਚ ਲੋਕਾਂ ਵਾਸਤੇ ਹੋਰ ਕਈ ਤਰ੍ਹਾਂ ਦੇ ਸਮਾਜ ਸੇਵੀ ਕਾਰਜ ਕਰਨ ਲਈ ਹਮੇਸ਼ਾ ਹੀ ਤਿਆਰ ਰਹਿੰਦੇ ਸਨ।ਕਰੋਨਾ ਕਾਲ ਵਿੱਚ ਘਰ ਘਰ ਜਾ ਕੇ ਰਾਸ਼ਨ, ਦਵਾਈਆਂ ਵੰਡਣਾ ਹੋਵੇ, ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਆਪਣੀਆਂ ਜਾਨਾਂ ਦੀ ਪ੍ਰਵਾਹ ਕੀਤੇ ਬਿਨਾਂ ਕਿਸ਼ਤੀਆਂ ਰਾਹੀਂ ਘਰ-ਘਰ ਰਾਸ਼ਨ ਪੁਚਾਉਣਾ, ਪੂਰੇ ਜ਼ਿਲ੍ਹੇ ਅੰਦਰ ਹਰ ਹਫ਼ਤੇ ਪੈਨਸ਼ਨਾਂ ਵੰਡਣ ਜਾਣਾ।ਜਿੱਥੇ ਵੀ ਸੇਵਾ ਦੀ ਜ਼ਰੂਰਤ ਪਈ, ਉੱਥੇ ਆਪਣੇ ਘਰੇਲੂ ਕੰਮਾਂ ਨੂੰ ਵੀ ਛੱਡ ਕੇ ਪਹਿਲਾਂ ਹਾਜ਼ਰ ਹੋਣ ਵਾਲੇ ਇਨਸਾਨ ਸਨ। ਇਹੋ ਜਿਹੀ ਨੇਕ ਸੋਚ ਰੱਖਣ ਵਾਲੇ ਬਹੁਤ ਘੱਟ ਮਿਲਦੇ ਹਨ।ਡਾ. ਐਸਪੀ ਸਿੰਘ ਓਬਰਾਏ ਤੇ ਸੰਸਥਾ ਦੇ ਸੀਨੀਅਰ ਮੈਂਬਰਾਂ ਵੱਲੋਂ ਵੀ ਹਮੇਸ਼ਾਂ ਉਨ੍ਹਾਂ ਦੀਆਂ ਸੇਵਾਵਾਂ ਨੂੰ ਸਲਾਹਿਆ ਜਾਂਦਾ ਸੀ।ਉਨ੍ਹਾਂ ਦੀ ਪੈਰਵੀ ਸਦਕਾ ਸਰਬੱਤ ਦਾ ਭਲਾ ਟਰੱਸਟ ਵੱਲੋਂ ਮੱਖੂ, ਜ਼ੀਰਾ, ਫ਼ਿਰੋਜ਼ਪੁਰ, ਤਲਵੰਡੀ ਭਾਈ ਅਤੇ ਗੁਰੂਹਰਸਹਾਏ ਵਿੱਚ ਅਧੁਨਿਕ ਸਹੂਲਤਾਂ ਵਾਲੀਆਂ ਬਿਲਕੁਲ ਘੱਟ ਰੇਟਾਂ 'ਤੇ ਲੈਬੋਰਟਰੀਆਂ ਖੋਲ੍ਹੀਆਂ ਗਈਆਂ ਹਨ, ਲੋੜਵੰਦ ਬੱਚਿਆਂ ਦੀ ਪੜ੍ਹਾਈ ਲਈ ਮੱਦਦ ਤੋਂ ਇਲਾਵਾ ਸੰਸਥਾ ਵੱਲੋਂ ਜ਼ਿਲ੍ਹੇ ਅੰਦਰ ਕੰਪਿਊਟਰ ਸੈਂਟਰ, ਸਿਲਾਈ-ਕਢਾਈ ਸੈਂਟਰ ਵੀ ਉਨ੍ਹਾਂ ਦੀ ਦੇਖ-ਰੇਖ ਵਿੱਚ ਮੁਫ਼ਤ ਚਲਾਏ ਜਾ ਰਹੇ ਸਨ।ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਮੈਨੇਜਿੰਗ ਟਰੱਸਟੀ ਡਾ. ਐਸਪੀ ਸਿੰਘ ਓਬਰਾਏ, ਕੌਮੀ ਪ੍ਰਧਾਨ ਜੱਸਾ ਸਿੰਘ ਸੰਧੂ, ਸਿਹਤ ਸੇਵਾਵਾਂ ਸਲਾਹਕਾਰ ਡਾ. ਦਲਜੀਤ ਸਿੰਘ ਗਿੱਲ ਵੱਲੋਂ ਉਨ੍ਹਾਂ ਦੇ ਇਸ ਤਰ੍ਹਾਂ ਚਲੇ ਜਾਣ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ। ਸਰਬੱਤ ਦਾ ਭਲਾ ਟਰੱਸਟ ਜ਼ਿਲ੍ਹਾ ਇਸਤਰੀ ਵਿੰਗ ਪ੍ਰਧਾਨ ਅਮਰਜੀਤ ਕੌਰ ਛਾਬੜਾ, ਬਲਾਕ ਪ੍ਰਧਾਨ ਬਹਾਦਰ ਸਿੰਘ ਭੁੱਲਰ, ਵਿਜੇ ਕੁਮਾਰ ਬਹਿਲ ਪ੍ਰਧਾਨ ਮੱਲਾਂਵਾਲਾ, ਪ੍ਰਦੀਪ ਬਹਿਲ, ਦਵਿੰਦਰ ਸਿੰਘ ਛਾਬੜਾ ਪ੍ਰਧਾਨ ਮਖੂ, ਸੰਜੀਵ ਬਜਾਜ, ਰਣਜੀਤ ਸਿੰਘ ਰਾਏ ਪ੍ਰਧਾਨ ਜ਼ੀਰਾ, ਮਨਪ੍ਰੀਤ ਸਿੰਘ, ਲਖਵਿੰਦਰ ਸਿੰਘ ਕਰਮੂੰਵਾਲ, ਜਗਦੀਸ਼ ਬਿੰਦ, ਭੁਪਿੰਦਰ ਸਿੰਘ ਗਿੱਲ ਪਿੰਡ, ਸੁਖਦੇਵ ਸਿੰਘ ਮੁੱਦਕੀ, ਕਿਰਨ ਪੇਂਟਰ, ਬਲਵਿੰਦਰ ਪਾਲ ਸ਼ਰਮਾ, ਜਗਸੀਰ ਸਿੰਘ ਜ਼ੀਰਾ, ਬਲਵਿੰਦਰ ਕੌਰ ਲਹੁਕੇ, ਤਲਵਿੰਦਰ ਕੌਰ, ਜਸਬੀਰ ਸਿੰਘ ਸ਼ਰਮਾ, ਰਣਧੀਰ ਜੋਸ਼ੀ ਆਦਿ ਵੱਲੋਂ ਹਰਜਿੰਦਰ ਸਿੰਘ ਕਤਨਾ ਨੂੰ ਸੇਜਲ ਅੱਖਾਂ ਨਾਲ ਅੰਤਿਮ ਵਿਦਾਇਗੀ ਦਿੱਤੀ ਤੇ ਕਿਹਾ ਕਿ ਸਾਰੀ ਟੀਮ ਉਨ੍ਹਾਂ ਦੀ ਅਗਵਾਈ ਵਿੱਚ ਕੀਤੇ ਕੰਮਾਂ ਨੂੰ ਕਦੇ ਨਹੀਂ ਭੁਲਾ ਸਕੇਗੀ ਅਤੇ ਉਨ੍ਹਾਂ ਦੀ ਘਾਟ ਨੂੰ ਕਦੇ ਵੀ ਪੂਰਾ ਨਹੀਂ ਕੀਤਾ ਜਾ ਸਕਦਾ।

## ਇੰਟਰਨੈਸ਼ਨਲ ਮਿਲੇਨੀਅਮ ਸਕੂਲ 'ਚ ਬੱਚਿਆਂ ਦਾ ਨਤੀਜਾ ਐਲਾਨਿਆ



**ਮੋਗਾ, (ਇਕਬਾਲ ਸਿੰਘ ਖਹਿਰਾ)** ਇੰਟਰਨੈਸ਼ਨਲ ਮਿਲੇਨੀਅਮ ਸਕੂਲ ਦੇ ਚੇਅਰਮੈਨ ਜਸਕਰਨ ਸਿੰਘ ਨੇ ਦੱਸਿਆ ਕਿ ਬੱਚਿਆਂ ਦਾ ਸਲਾਨਾ ਨਤੀਜਾ ਐਲਾਨਿਆ ਗਿਆ। ਉਨ੍ਹਾਂ ਕਿਹਾ ਕਿ ਇਹ ਬੱਚਿਆਂ ਦੇ ਪੂਰੇ ਸਾਲ ਦੀ ਮਿਹਨਤ ਦਾ ਫਲ ਮਾਤਾ-ਪਿਤਾ ਤੇ ਸਕੂਲ ਨੂੰ ਮਿਲਦਾ ਹੈ। ਇਸ ਦਿਨ ਬੱਚਿਆਂ ਤੇ ਉਨਾਂ ਦੇ ਮਾਪਿਆਂ ਵਿੱਚ ਇੱਕ ਵੱਖਰੀ ਖੁਸ਼ੀ ਦਿਖਾਈ ਦਿੰਦੀ ਹੈ। ਸਕੂਲ ਦੇ ਚੇਅਰਮੈਨ ਜਸਕਰਨ ਸਿੰਘ ਨੇ ਦੱਸਿਆ ਕਿ ਅੱਜ ਦੇ ਦਿਨ ਸਕੂਲ ਦੇ ਨੰਨ੍ਹੇ-ਮੁੰਨੇ ਬੱਚਿਆਂ ਨੇ ਵੱਖਰੀਆਂ-ਵੱਖਰੀਆਂ ਗਤੀਵਿਧੀਆਂ ਦੁਆਰਾ ਆਪਣੇ ਮਾਤਾ-ਪਿਤਾ ਤੇ ਆਏ ਹੋਏ ਮਹਿਮਾਨਾਂ ਦਾ ਮਨ ਮੋਹ ਲਿਆ। ਇਸ ਦਿਨ ਬੱਚਿਆਂ ਨੇ ਬਜ਼ੁਰਗ ਮਾਤਾ ਪਿਤਾ ਦੀ ਸਾਂਭ ਸੰਭਾਲ ਨਾ ਕਰਨ ਦੇ ਦੁੱਖ ਨੂੰ ਪ੍ਰਗਟਾਉਂਦਾ ਐਕਟ ਪੇਸ਼ ਕੀਤਾ, ਜਿਸ ਵਲੋਂ ਸਭ ਨੂੰ ਆਪਣੇ ਮਾਤਾ-ਪਿਤਾ ਦੀ ਸਾਂਭ ਸੰਭਾਲ ਤੇ ਦੇਖਭਾਲ ਕਰਨ ਦੀ ਨਸੀਹਤ ਦਿੱਤੀ।

ਅੰਤ ਤੇ ਭੰਗੜਾ ਤੇ ਗਿੱਧਾ ਪਾ ਕੇ ਇੰਟਰਨੈਸ਼ਨਲ ਮਿਲੇਨੀਅਮ ਸਕੂਲ ਦੇ ਬੱਚਿਆਂ ਨੇ ਚਾਰ ਚੰਨ ਲਾ ਦਿੱਤੇ। ਹਰ ਕਲਾਸ ਵਿਚੋਂ ਪਹਿਲੇ ਦੂਜੇ ਅਤੇ ਤੀਜੇ ਸਥਾਨ ਤੇ ਆਏ ਬੱਚਿਆਂ ਨੂੰ ਵਿਸ਼ੇਸ਼ ਸਨਮਾਨ ਦੇ ਕੇ ਸਨਮਾਨਤ ਕੀਤਾ ਗਿਆ। ਇਸ ਤੋਂ ਇਲਾਵਾ ਖੇਡਾਂ, ਹਾਜ਼ਰੀ ਵਿਚੋਂ ਅੱਵਲ ਰਹਿਣ ਵਾਲੇ ਬੱਚਿਆਂ ਨੂੰ ਵੀ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।

## ਲਿਖਤੀ ਪ੍ਰੀਖਿਆ ਤੇ ਫਿਜ਼ੀਕਲ ਟ੍ਰੇਨਿੰਗ ਦੀ ਮੁਫ਼ਤ ਤਿਆਰੀ ਲਈ ਕੈਂਪ ਸ਼ੁਰੂ

**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)** ਸੀ-ਪਾਈਟ ਕੈਂਪ, ਹਕੂਮਤ ਸਿੰਘ (ਫ਼ਿਰੋਜ਼ਪੁਰ) ਦੇ ਕੈਂਪ ਟ੍ਰੇਨਿੰਗ ਅਫ਼ਸਰ ਕੈਪਟਨ ਗੁਰਦਰਸ਼ਨ ਸਿੰਘ ਨੇ ਕਿਹਾ ਕਿ ਸੀ-ਪਾਈਟ ਕੈਂਪ, ਹਕੂਮਤ ਸਿੰਘ ਵਾਲਾ ਵਿਖੇ ਅਗਨੀਵੀਰ ਫੌਜ ਦੀਆਂ ਭਰਤੀ ਰੈਲੀ ਦਾ ਕੰਪਿਊਟਰ ਬੇਸਿਸ ਲਿਖਤੀ ਪੇਪਰ 22 ਅਪ੍ਰੈਲ ਨੂੰ ਹੋ ਰਿਹਾ ਹੈ। ਜਿਸ ਤਰ੍ਹਾਂ ਦਾ ਲਿਖਤੀ ਪੇਪਰ 22 ਅਪ੍ਰੈਲ ਨੂੰ ਹੋਣਾ ਹੈ, ਉਸ ਤਰ੍ਹਾਂ ਹੀ ਲਿਖਤੀ ਪੇਪਰ ਦੀ ਤਿਆਰੀ ਕੰਪਿਊਟਰ 'ਤੇ 26 ਫਰਵਰੀ ਤੋਂ ਚੱਲ ਰਹੀ ਹੈ। ਜੋ ਯੁਵਕ ਆਈ.ਟੀ.ਆਈ. ਪਾਸ ਹਨ, ਉਨ੍ਹਾਂ ਨੂੰ ਵਿਸ਼ੇਸ਼ ਛੋਟ ਦਿੱਤੀ ਜਾਵੇਗੀ। ਫ਼ਿਰੋਜ਼ਪੁਰ, ਫ਼ਾਜ਼ਿਲਕਾ, ਮੁਕਤਸਰ, ਫ਼ਰੀਦਕੋਟ ਤੇ ਮੋਗਾ ਜ਼ਿਲ੍ਹੇ ਦੇ ਯੁਵਕ ਜੋ ਅਗਨੀਵੀਰ ਫੌਜ ਵਿੱਚ ਭਰਤੀ ਹੋਣਾ ਚਾਹੁੰਦੇ ਹਨ ਤੇ ਜਿਨ੍ਹਾਂ ਯੁਵਕਾਂ ਨੇ ਆਨਲਾਈਨ ਰਜਿਸਟ੍ਰੇਸ਼ਨ ਕਰਾ ਲਈ ਹੈ, ਉਹ ਯੁਵਕ ਜਲਦੀ ਤੋਂ ਜਲਦੀ ਕੈਂਪ ਵਿੱਚ ਆਪਣੀ ਰਜਿਸਟ੍ਰੇਸ਼ਨ ਕਰਾ ਸਕਦੇ ਹਨ।

ਕੈਪਟਨ ਗੁਰਦਰਸ਼ਨ ਸਿੰਘ ਨੇ ਦੱਸਿਆ ਕਿ ਕੈਂਪ ਵਿੱਚ ਆਉਣ ਸਮੇਂ ਆਨਲਾਈਨ ਅਪਲਾਈ ਦੀ ਇੱਕ ਕਾਪੀ, ਆਈ.ਟੀ.ਆਈ. ਪਾਸ ਜਾਂ ਦਸਵੀਂ ਦਾ ਅਸਲ ਸਰਟੀਫ਼ਿਕੇਟ, ਆਈ.ਟੀ.ਆਈ. ਪਾਸ ਜਾਂ ਦਸਵੀਂ ਦੇ ਸਰਟੀਫਿਕੇਟ ਦੀ ਫੋਟੋ ਸਟੇਟ ਕਾਪੀ, ਪੰਜਾਬ ਰੈਜੀਡੈਂਸ ਦੀ ਫੋਟੋ ਸਟੇਟ ਕਾਪੀ, ਜਾਤੀ ਦੇ ਸਰਟੀਫ਼ਿਕੇਟ ਦੀ ਫੋਟੋ ਸਟੇਟ ਕਾਪੀ, ਆਧਾਰ ਕਾਰਡ ਦੀ ਫੋਟੋ ਸਟੇਟ ਕਾਪੀ, ਬੈਂਕ ਖਾਤੇ ਦੀ ਫੋਟੋ ਸਟੇਟ ਕਾਪੀ ਤੇ ਖਾਤਾ ਚਾਲੂ ਹਾਲਤ ਵਿੱਚ ਹੋਵੇ ਤੇ ਇੱਕ ਪਾਸਪੋਰਟ ਸਾਈਜ਼ ਦੀ ਫੋਟੋ, ਇੱਕ ਕਾਪੀ ਇੱਕ ਪੈੱਨ, ਖਾਣਾ ਖਾਣ ਲਈ ਬਰਤਨ, ਰਹਿਣ ਲਈ ਬਿਸਤਰਾ ਆਦਿ ਨਾਲ ਲੈ ਕੇ ਆਉਣ।

ਯੁਵਕ ਦੀ ਉਮਰ 17 ਸਾਲ ਤੋਂ 21 ਸਾਲ ਤੱਕ ਹੋਵੇ। ਛਾਤੀ ਬਿਨਾਂ ਫੁਲਾ ਕੇ 77 ਸੈਂਟੀਮੀਟਰ ਤੇ ਫੁਲਾ ਕੇ 82 ਸੈਂਟੀਮੀਟਰ ਅਤੇ ਕੱਦ 05 ਫੁੱਟ 07 ਇੰਚ ਹੋਵੇ। ਯੁਵਕ ਘੱਟੋ-ਘੱਟ 10ਵੀਂ 45 ਪ੍ਰਤੀਸ਼ਤ ਅੰਕਾਂ ਨਾਲ ਪਾਸ ਹੋਵੇ ਜਾਂ ਬਾਰ੍ਹਵੀਂ ਪਾਸ ਹੋਵੇ।

## ਮਿਲੇਨੀਅਮ ਵਰਲਡ ਸਕੂਲ ਦਾ ਸਾਲਾਨਾ ਸਮਾਗਮ ਸੰਪੰਨ




**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)** ਮਿਲੇਨੀਅਮ ਵਰਲਡ ਸਕੂਲ ਦਾ ਸਾਲਾਨਾ ਸਮਾਗਮ ਬਹੁਤ ਹੀ ਖੂਬਸੂਰਤ ਢੰਗ ਨਾਲ ਕਰਾਇਆ ਗਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਕੈਬਨਿਟ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਅਤੇ ਵਿਸ਼ੇਸ਼ ਮਹਿਮਾਨ ਵਜੋਂ ਅਗਰਵਾਲ ਧਰਮਸ਼ਾਲਾ ਅਤੇ ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਮਦਨ ਮਿੱਤਲ ਤੇ ਸੀ ਏ ਅਮਿਤ ਸਿੰਗਲਾ ਨੇ ਸ਼ਿਰਕਤ ਕੀਤੀ ਅਤੇ ਸ਼ਮ੍ਹਾਂ ਰੌਸ਼ਨ ਕਰਨ ਉਪਰੰਤ ਉਨ੍ਹਾਂ ਸਮਾਗਮ ਦੀ ਸ਼ੁਰੂਆਤ ਕੀਤੀ। ਇਸ ਪ੍ਰੋਗਰਾਮ ਵਿੱਚ ਸਕੂਲ ਦੇ ਨੰਨੇ-ਮੁੰਨ੍ਹੇ ਬੱਚਿਆਂ ਨੇ ਵਧ-ਚੜ੍ਹ ਕੇ ਭਾਗ ਲਿਆ ਤੇ ਕਈ ਤਰ੍ਹਾਂ ਦੀਆਂ ਆਈਟਮਾਂ ਦੀ ਪੇਸ਼ਕਾਰੀ ਕੀਤੀ, ।ਜਿਨ੍ਹਾਂ ਵਿੱਚੋਂ ਗਿੱਧਾ, ਭੰਗੜਾ, ਕ੍ਰਿਸ਼ਨ-ਕਾਲ ਐਕਟ, ਗਰਵਾ, ਸਕਿੱਟਾਂ ਤੇ ਛੋਟੇ ਬੱਚਿਆਂ ਦੀ ਫੈਂਸੀ ਡਰੈੱਸ ਆਈਟਮ ਵੀ ਪੇਸ਼ ਕੀਤੀ ਗਈ।

ਜੌੜਾਮਾਜਰਾ ਨੇ ਬੱਚਿਆਂ ਵੱਲੋਂ ਪੇਸ਼ ਪ੍ਰੋਗਰਾਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਬੱਚੇ ਸਾਡੇ ਦੇਸ ਦਾ ਭਵਿੱਖ ਹਨ, ਇਨ੍ਹਾਂ ਨੂੰ ਖੇਡਾਂ ਨਾਲ-ਨਾਲ ਵਧੀਆ ਪੜ੍ਹਾਈ ਕਰਾਉਣੀ ਚਾਹੀਦੀ ਹੈ ਤਾਂ ਜੁ ਇਹ ਨਸ਼ਿਆਂ ਤੋਂ ਦੂਰ ਰਹਿ ਕੇ ਦੇਸ ਦੇ ਚੰਗੇ ਨਾਗਰਿਕ ਬਣ ਸਕਣ ਅਤੇ ਵੱਡੀਆਂ ਪੋਸਟਾਂ 'ਤੇ ਲੱਗ ਕੇ ਦੇਸ ਅਤੇ ਮਨੁੱਖਤਾ ਦੀ ਸੇਵਾ ਕਰ ਸਕਣ।

## ਮਾਨ ਸਰਕਾਰ ਪੰਜਾਬ ਅੰਦਰ ਕਰ ਰਹੀ ਬੇਰੁਜ਼ਗਾਰੀ ਨੂੰ ਉਤਸ਼ਾਹਤ : ਗੁਰਸੇਵਕ ਸਿੰਘ ਮੱਲ੍ਹਾ



**ਹਠੂਰ (ਨਛੱਤਰ ਸੰਧੂ)** ਪੰਜਾਬ ਸਰਕਾਰ ਤੇ ਕੇਂਦਰ ਸਰਕਾਰ ਦੀਆਂ ਮਾਰੂ ਨੀਤੀਆਂ ਕਾਰਨ ਹਰ ਵਰਗ ਕਲ਼ਪਿਆ ਪਿਆ ਕੇਂਦਰ ਸਰਕਾਰ ਤੇ ਪੰਜਾਬ ਸਰਕਾਰ ਮਿਲ ਕੇ ਪੰਜਾਬ ਬਰਬਾਦ ਨੂੰ ਕਰ ਰਹੀਆਂ।'ਆਪ' ਜੋ ਪੰਜਾਬ ਵਿੱਚ ਬੇਰੁਜ਼ਗਾਰੀ, ਨਸ਼ੇ ਦੇ ਖਾਤਮੇ ਅਤੇ ਗੁਰੂ ਸਾਹਿਬ ਦੀ ਬੇਅਦਬੀ ਦੇ ਦੋਸ਼ੀਆਂ ਨੂੰ ਸਜ਼ਾਵਾਂ ਦਿਵਾਉਣ ਦੇ ਵਾਅਦੇ ਨਾਲ ਲੋਕਾਂ ਦੇ ਦਿਲਾਂ ਵਿੱਚ ਇਨਸਾਫ ਦੀ ਉਮੀਦ ਜਗਾ ਕੇ ਸੱਤਾ ਹਾਸਲ ਕਰਨ ਵਿੱਚ ਸਫਲ ਹੋਈ ਸੀ, ਪਰ ਮਾਨ ਸਰਕਾਰ ਦੇ ਇਹ ਵਾਅਦੇ ਜੁਮਲੇ ਹੀ ਨਿਕਲੇ।

ਮਾਨ ਸਰਕਾਰ ਲਗਾਤਾਰ ਪੰਜਾਬ ਵਿਰੋਧੀ ਫੈਸਲੇ ਲੈ ਰਹੀ ਹੈ। ਜੇ ਗੱਲ ਰੁਜ਼ਗਾਰ ਦੇਣ ਦੀ ਕਰੀਏ ਤਾਂ ਭਰਤੀ ਮੌਕੇ ਪੰਜਾਬ ਦੇ ਨੌਜਵਾਨਾਂ ਨੂੰ ਨਜ਼ਰਅੰਦਾਜ਼ ਕਰਕੇ ਬਾਹਰੀ ਸੂਬਿਆ ਦੇ ਨੌਜਵਾਨਾਂ ਨੂੰ ਤਰਜੀਹ ਦਿੱਤੀ ਜਾਂਦੀ ਹੈ। ਗਿਣੀ ਮਿੱਥੀ ਸਾਜ਼ਿਸ਼ ਤਹਿਤ ਪੰਜਾਬੀਆਂ ਦੇ ਹੱਕ ਮਾਰੇ ਜਾ ਰਹੇ ਹਨ।ਸਰਵਜਨ ਸੇਵਾ ਪਾਰਟੀ ਦੇ ਪੰਜਾਬ ਪ੍ਰਧਾਨ ਗੁਰਸੇਵਕ ਸਿੰਘ ਮੱਲ੍ਹਾ, ਜੋ ਲੋਕ ਸਭਾ ਸੀਟ ਲੁਧਿਆਣਾ ਤੋਂ ਉਮੀਦਵਾਰ ਨੇ, ਨੇ ਕਿਹਾ ਕਿ ਪਾਰਟੀ ਦੇ ਕੌਮੀ ਪ੍ਰਧਾਨ ਮੁਹੰਮਦ ਸਈਦ ਦੀ ਅਗਵਾਈ ਹੇਠ ਪਾਰਟੀ ਯੂਪੀ ਵਿੱਚ 70 ਸੀਟਾਂ, ਬੰਗਾਲ ਵਿੱਚ 10 ਸੀਟਾਂ ਅਤੇ ਪੰਜਾਬ ਦੀਆਂ 13 ਸੀਟਾਂ 'ਤੇ ਚੋਣਾਂ ਲੜੇਗੀ ।ਉਨ੍ਹਾਂ ਕਿਹਾ ਕਿ ਸਾਡਾ ਮੁੱਖ ਮਕਸਦ ਹੈ ਪੰਜਾਬ ਦੀ ਜਵਾਨੀ ਤੇ ਕਿਸਾਨੀ ਨੂੰ ਬਚਾਇਆ ਜਾਵੇ। ਨਸ਼ੇ ਦੀ ਦਲਦਲ ਵਿੱਚ ਫਸੇ ਹੋਏ ਨੌਜਵਾਨਾਂ ਨੂੰ ਬਾਹਰ ਕੱਢਣ ਲਈ ਤੇ ਆਰਥਿਕ ਤੌਰ 'ਤੇ ਟੁੱਟ ਰਹੀ ਕਿਸਾਨੀ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ ਪੰਜਾਬ ਵਿੱਚ ਅਫ਼ੀਮ ਦੀ ਖੇਤੀ ਸ਼ੁਰੂ ਕਰਾਈ ਜਾਵੇ। ਇਹ ਮਜ਼ਦੂਰ ਵਰਗ ਲਈ ਰੁਜ਼ਗਾਰ ਦਾ ਵੀ ਵਧੀਆ ਸਾਧਨ ਬਣ ਸਕਦੀ ਹੈ।

4-April-PAGE-8.qxd 4/3/2024 10:41 PM Page 1



# ਡਿਪਟੀ ਕਮਿਸ਼ਨਰ ਵੱਲੋਂ ਮੀਡੀਆ ਸਰਟੀਫਿਕੇਸ਼ਨ ਤੇ ਮੋਨੀਟਰਿੰਗ ਸੈੱਲ ਦਾ ਅਚਨਚੇਤ ਦੌਰਾ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**—ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਮੀਡੀਆ ਸਰਟੀਫਿਕੇਸ਼ਨ ਅਤੇ ਮੋਨੀਟਰਿੰਗ ਸੈੱਲ ਦਾ ਅਚਨਚੇਤ ਦੌਰਾ ਕੀਤਾ। ਇਸ ਦੌਰਾਨ ਉਨ੍ਹਾਂ ਸਿਆਸੀ ਇਸ਼ਤਿਹਾਰਬਾਜ਼ੀ, ਮੁੱਲ ਦੀਆਂ ਖ਼ਬਰਾਂ ਅਤੇ ਝੂਠੀਆਂ ਖ਼ਬਰਾਂ 'ਤੇ ਰੱਖੀ ਜਾ ਰਹੀ ਨਜ਼ਰਸਾਨੀ ਨੂੰ ਹੋਰ ਮਜ਼ਬੂਤ ਕਰਨ ਦੀ ਹਦਾਇਤ ਕੀਤੀ। ਉਨ੍ਹਾਂ ਕਿਹਾ ਕਿ ਇਲੈਕਟ੍ਰੋਨਿਕ ਮੀਡੀਆ, ਸੋਸ਼ਲ ਮੀਡੀਆ ਅਤੇ ਈ-ਪੇਪਰ ਵਿਚ ਕੋਈ ਵੀ ਸਿਆਸੀ ਇਸ਼ਤਿਹਾਰਬਾਜ਼ੀ ਮੀਡੀਆ ਸਰਟੀਫਿਕੇਸ਼ਨ ਅਤੇ ਮੋਨੀਟਰਿੰਗ ਕਮੇਟੀ ਦੀ ਪੂਰਵ ਪ੍ਰਵਾਨਗੀ ਤੋਂ ਬਿਨਾਂ ਜਾਰੀ ਨਹੀਂ ਕੀਤੀ ਜਾ ਸਕਦੀ। ਇਸੇ ਤਰ੍ਹਾਂ ਪ੍ਰਿੰਟ ਮੀਡੀਆ ਵਿਚ ਵੋਟਾਂ ਵਾਲੇ ਦਿਨ ਅਤੇ ਵੋਟਾਂ ਵਾਲੇ ਦਿਨ ਤੋਂ ਇਕ ਦਿਨ ਪਹਿਲਾਂ ਕੋਈ ਵੀ ਸਿਆਸੀ ਇਸ਼ਤਿਹਾਰ ਮੀਡੀਆ ਸਰਟੀਫਿਕੇਸ਼ਨ ਅਤੇ ਮੋਨੀਟਰਿੰਗ ਕਮੇਟੀ ਦੀ ਪ੍ਰਵਾਨਗੀ ਤੋਂ ਬਿਨਾਂ ਨਹੀਂ ਛਪ ਸਕਦਾ। ਉਨ੍ਹਾਂ ਇਹ ਵੀ ਕਿਹਾ ਕਿ ਪੋਸਟਰ, ਪੈਂਫਲਿਟ ਆਦਿ ਉੱਪਰ ਪ੍ਰਿੰਟਰ ਅਤੇ ਪਬਲਿਸ਼ਰ ਦਾ ਨਾਂਅ ਛਪਿਆ ਹੋਣਾ ਲਾਜ਼ਮੀ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪੱਧਰ 'ਤੇ ਬਣੀ ਮੀਡੀਆ ਸਰਟੀਫਿਕੇਸ਼ਨ ਅਤੇ ਮੋਨੀਟਰਿੰਗ ਕਮੇਟੀ ਵੱਲੋਂ ਸੋਸ਼ਲ ਮੀਡੀਆ 'ਤੇ ਵੀ ਤਿੱਖੀ ਨਜ਼ਰ ਰੱਖੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਮੀਡੀਆ ਵੱਲੋਂ ਚੋਣਾਂ ਦੌਰਾਨ ਲੋਕਾਂ ਨੂੰ ਵੋਟ ਅਧਿਕਾਰ ਪ੍ਰਤੀ ਜਾਗਰੂਕ ਕਰਨ ਵਿਚ ਮਹੱਤਵਪੂਰਨ ਭੂਮਿਕਾ ਨਿਭਾਈ ਜਾ ਰਹੀ ਹੈ, ਪਰੰਤੂ ਨਾਲ ਹੀ ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਸੋਸ਼ਲ ਮੀਡੀਆ 'ਤੇ ਆਉਣ ਵਾਲੀਆਂ ਖ਼ਬਰਾਂ ਦੀ ਪੁਸ਼ਟੀ ਕੀਤੇ ਬਿਨਾਂ ਉਨ੍ਹਾਂ ਨੂੰ ਅੱਗੇ ਸ਼ੇਅਰ ਨਾ ਕੀਤਾ ਜਾਵੇ ਤਾਂ ਜੋ ਝੂਠੀਆਂ ਖ਼ਬਰਾਂ ਦੇ ਪਸਾਰ ਨੂੰ ਰੋਕਿਆ ਜਾ ਸਕੇ।ਇਸ ਦੌਰਾਨ ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਵੈੱਬਕਾਸਟਿੰਗ ਸੈੱਲ ਦਾ ਵੀ ਨੀਰਿਖਣ ਕੀਤਾ ਅਤੇ ਲੋੜੀਂਦੀਆਂ ਹਦਾਇਤਾਂ ਜਾਰੀ ਕੀਤੀਆਂ।ਉਨ੍ਹਾਂ ਇਹ ਵੀ ਦੱਸਿਆ ਕਿ ਜ਼ਿਲ੍ਹਾ ਵਾਸੀ ਚੋਣਾਂ ਅਤੇ ਚੋਣ ਜ਼ਾਬਤੇ ਸਬੰਧੀ ਕੋਈ ਵੀ ਸ਼ਿਕਾਇਤ ਹੈਲਪ ਲਾਈਨ ਨੰਬਰ 1950 'ਤੇ ਕਰ ਸਕਦੇ ਹਨ। ਇਸ ਤੋਂ ਬਿਨ੍ਹਾਂ ਚੋਣ ਜ਼ਾਬਤੇ ਦੀ ਉਲੰਘਣਾ ਸਬੰਧੀ ਸੀ-ਵਿਜਲ ਐਪ 'ਤੇ ਵੀ ਸ਼ਿਕਾਇਤ ਕੀਤੀ ਜਾ ਸਕਦੀ ਹੈ।ਇਸ ਮੌਕੇ ਸਹਾਇਕ ਕਮਿਸ਼ਨਰ ਦਿਵਿਆ ਪੀ, ਜ਼ਿਲ੍ਹਾ ਲੋਕ ਸੰਪਰਕ ਅਫਸਰ ਹਰਦੇਵ ਸਿੰਘ ਆਸੀ, ਜ਼ਿਲ੍ਹਾ ਸਵੀਪ ਨੋਡਲ ਅਫ਼ਸਰ ਪ੍ਰੀਤ ਕੋਹਲੀ, ਸਹਾਇਕ ਲੋਕ ਸੰਪਰਕ ਅਫਸਰ ਲੋਕੇਸ਼ ਕੁਮਾਰ, ਕਾਨੂੰਗੋ ਚੋਣਾਂ ਦੀਪਕ ਕੁਮਾਰ ਅਤੇ ਡਾ. ਸੰਜੀਵ ਕੁਮਾਰ ਬਖਸ਼ੀ ਤੋਂ ਇਲਾਵਾ ਮੀਡੀਆ ਸਰਟੀਫਿਕੇਸ਼ਨ ਅਤੇ ਮੋਨੀਟਰਿੰਗ ਸੈੱਲ ਅਤੇ ਜ਼ਿਲ੍ਹਾ ਵੈੱਬਕਾਸਟਿੰਗ ਸੈੱਲ ਦੇ ਕਰਮਚਾਰੀ ਮੌਜੂਦ ਸਨ।

# ਪੰਜਾਬ ਰਾਜ ਭਵਨ ਨੇ ਧੂਮ-ਧਾਮ ਨਾਲ ਮਨਾਇਆ ਉੜੀਸਾ ਸਥਾਪਨਾ ਦਿਵਸ

**ਚੰਡੀਗੜ੍ਹ (ਕ੍ਰਿਸ਼ਨ ਗਰਗ)** ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਸ਼ਿਤ ਪ੍ਰਦੇਸ਼ ਚੰਡਗੜ੍ਹ ਦੇ ਪ੍ਰਸ਼ਾਸਕ ਬਨਵਾਰੀ ਲਾਲ ਪੁਰੋਹਿਤ ਦੀ ਅਗਵਾਈ ਹੇਠ ਦੇਸ਼ ਦੀ ਏਕਤਾ ਅਤੇ ਅਖੰਡਤਾ ਨੂੰ ਮਜ਼ਬੂਤ ਕਰਦੇ ਹੋਏ ਪੰਜਾਬ ਰਾਜ ਭਵਨ ਵਿਖੇ ਉੜੀਸਾ ਰਾਜ ਸਥਾਪਨਾ ਦਿਵਸ ਬੜੀ ਧੂਮ-ਧਾਮ ਨਾਲ ਮਨਾਇਆ ਗਿਆ। ਰਾਜਪਾਲ ਨੇ ਸਮਾਗਮ ਵਿਚ ਹਾਜ਼ਰ ਸਾਰੇ ਮਹਿਮਾਨਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਕਿਹਾ ਕਿ ਹੋਰਨਾਂ ਰਾਜਾਂ ਦਾ ਸਥਾਪਨਾ ਦਿਵਸ ਮਨਾਉਣ ਨਾਲ ਆਪਸੀ ਸਦਭਾਵਨਾ ਅਤੇ ਮੋਹ ਸਤਿਕਾਰ ਵਧਦਾ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਏਕਤਾ ਵਿੱਚ ਅਨੇਕਤਾ ਦੀ ਭਾਵਨਾ ਮਜ਼ਬੂਤ ਹੁੰਦੀ ਹੈ।ਉਨ੍ਹਾਂ ਕਿਹਾ ਕਿ ਉੜੀਸਾ ਦਾ ਸੱਭਿਆਚਾਰ ਬਹੁਤ ਅਮੀਰ ਹੈ। ਇਹ ਅਮੀਰ ਵਿਰਾਸਤ ਦਾ ਘਰ ਹੈ, ਇਥੇ ਇਤਿਹਾਸਕ ਸਮਾਰਕਾਂ ਦੇ ਨਾਲ ਸੱਭਿਆਚਾਰਕ ਵਿਰਾਸਤ, ਪੁਰਾਤੱਤਵ ਸਾਈਟਾਂ, ਰਵਾਇਤੀ ਕਲਾਵਾਂ, ਮੂਰਤੀ ਕਲਾ, ਨਿਰਤ ਅਤੇ ਸੰਗੀਤ ਵਰਗੀਆਂ ਅਮੀਰ ਵਿਰਾਸਤਾਂ ਮੌਜੂਦ ਹਨ। ਸਾਰੇ ਦੇਸ਼ ਨੂੰ ਇਸ ਤੋਂ ਜਾਣੂ ਹੋਣਾ ਚਾਹੀਦਾ ਹੈ, ਇਸ ਨਾਲ ਜੁੜਨਾ ਚਾਹੀਦਾ ਹੈ ਅਤੇ ਖਾਸ ਕਰਕੇ ਨੌਜਵਾਨ ਪੀੜ੍ਹੀ ਨੂੰ ਇਸ ਬਾਰੇ ਜਾਗਰੂਕ ਹੋਣਾ ਚਾਹੀਦਾ ਹੈ।ਇਸ ਮੌਕੇ ਉੜੀਸਾ ਨਾਲ ਸਬੰਧਤ ਲੋਕ ਸੰਗੀਤ ਅਤੇ ਨਾਚਾਂ ਦੀ ਮਨਮੋਹਕ ਪੇਸ਼ਕਾਰੀ ਵੀ ਕੀਤੀ ਗਈ ਜਿਸ ਨੇ ਹਾਜ਼ਰ ਮਹਿਮਾਨਾਂ ਦਾ ਮਨ ਮੋਹ ਲਿਆ।ਇਸ ਮੌਕੇ ਸੀਨੀਅਰ ਡਿਪਟੀ ਮੇਅਰ ਕੁਲਜੀਤ ਸਿੰਘ ਸੰਧੂ, ਸੱਤਿਆ ਪਾਲ ਜੈਨ, ਭਾਰਤ ਦੇ ਵਧੀਕ ਸਾਲਿਸਟਰ ਜਨਰਲ, ਕੇ. ਸਿਵਾ ਪ੍ਰਸਾਦ, ਵਧੀਕ ਮੁੱਖ ਸਕੱਤਰ ਰਾਜਪਾਲ, ਪੰਜਾਬ, ਰਾਜੀਵ ਵਰਮਾ, ਸਲਾਹਕਾਰ, ਯੂ.ਟੀ. ਪ੍ਰਸ਼ਾਸਕ ਅਤੇ ਉਨ੍ਹਾਂ ਦੀ ਧਰਮ ਪਤਨੀ, ਸੁਰਿੰਦਰ ਸਿੰਘ ਯਾਦਵ, ਡੀਜੀਪੀ (ਯੂਟੀ), ਪੰਜਾਬ ਅਤੇ ਯੂ.ਟੀ. ਚੰਡੀਗੜ੍ਹ ਦੇ ਆਈ.ਏ.ਐਸ. ਅਧਿਕਾਰੀ, ਪਦਮਸ਼੍ਰੀ ਡੀ ਬਹੇਰਾ, ਚੇਅਰਮੈਨ, ਉਤਕਲ ਸੰਸਕ੍ਰਿਤੀ ਸੰਘ ਅਤੇ ਸੰਘ ਦੇ ਮੈਂਬਰ ਅਤੇ ਸ਼੍ਰੀਮਤੀ ਨੀਰੂ ਮਲਿਕ, ਪ੍ਰਿੰਸੀਪਲ ਦੇਵ ਸਮਾਜ ਕਾਲਜ ਸ਼ਾਮਲ ਹੋਏ। .

# ਕਣਕ ਦੀ ਖ਼ਰੀਦ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪੁਖ਼ਤਾ ਪ੍ਰਬੰਧ, ਡੀ ਸੀ ਵੱਲੋਂ ਮੰਡੀਆਂ ਦਾ ਦੌਰਾ



**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**:- ਕਣਕ ਦੇ ਖ਼ਰੀਦ ਸੀਜ਼ਨ ਦੌਰਾਨ ਕਿਸਾਨਾਂ ਨੂੰ ਆਪਣੀ ਫ਼ਸਲ ਦੀ ਵਿਕਰੀ ਵਿੱਚ ਕਿਸੇ ਕਿਸਮ ਦੀ ਮੁਸ਼ਕਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ, ਜਿਸ ਦੇ ਲਈ ਪ੍ਰਸ਼ਾਸਨ ਵੱਲੋਂ ਜ਼ਿਲ੍ਹੇ ਦੀਆਂ ਸਮੁੱਚੀਆਂ 80 ਮੰਡੀਆਂ ਵਿੱਚ ਪੁਖ਼ਤਾ ਪ੍ਰਬੰਧ ਯਕੀਨੀ ਬਣਾਏ ਗਏ ਹਨ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹੇ ਵਿੱਚ ਇਸ ਵਾਰ 5.18 ਲੱਖ ਮੀਟ੍ਰਿਕ ਟਨ ਕਣਕ ਦੀ ਖ਼ਰੀਦ ਦਾ ਟੀਚਾ ਨਿਰਧਾਰਿਤ ਕੀਤਾ ਗਿਆ ਹੈ। ਉਹ ਅੱਜ ਜਲੰਧਰ ਦਾਣਾ ਮੰਡੀ ਵਿਖੇ ਕਣਕ ਦੀ ਖ਼ਰੀਦ ਦੇ ਪ੍ਰਬੰਧਾਂ ਦਾ ਜਾਇਜ਼ਾ ਲੈ ਰਹੇ ਸਨ। ਉਨ੍ਹਾਂ ਕਿਹਾ ਕਿ ਖ਼ਰੀਦ ਉਪਰੰਤ ਫ਼ਸਲ ਦੀ ਨਾਲੋ-ਨਾਲ ਚੁਕਾਈ ਅਤੇ ਨਿਰਧਾਰਿਤ ਸਮੇਂ ਦੇ ਅੰਦਰ ਅਦਾਇਗੀ ਯਕੀਨੀ ਬਣਾਈ ਜਾਵੇਗੀ, ਜਿਸ ਦੇ ਲਈ ਅਧਿਕਾਰੀਆਂ ਨੂੰ ਪਹਿਲਾਂ ਹੀ ਹਦਾਇਤਾਂ ਜਾਰੀ ਕੀਤੀਆਂ ਜਾ ਚੁੱਕੀਆਂ ਹਨ। ਉਨ੍ਹਾਂ ਦੱਸਿਆ ਕਿ ਕਿਸਾਨਾਂ ਦੀ ਸਹੂਲਤ ਲਈ ਮੰਡੀਆਂ ਵਿੱਚ ਪੀਣ ਵਾਲੇ ਪਾਣੀ, ਸਾਫ-ਸਫ਼ਾਈ, ਛਾਂ, ਪਖਾਨੇ, ਲਾਈਟਾਂ ਅਤੇ ਹੋਰ ਜ਼ਰੂਰੀ ਇੰਤਜ਼ਾਮ ਕੀਤੇ ਗਏ ਹਨ। ਇਸਤੋਂ ਇਲਾਵਾ ਲੋੜੀਂਦੀ ਮਾਤਰਾ ਵਿੱਚ ਤਰਪਾਲਾਂ ਦਾ ਪ੍ਰਬੰਧ ਕਰਨ ਦੇ ਵੀ ਨਿਰਦੇਸ਼ ਦਿੱਤੇ ਗਏ ਹਨ ਤਾਂ ਜੋ ਮੌਸਮ ਦੀ ਖ਼ਰਾਬੀ ਦੇ ਮੱਦੇਨਜ਼ਰ ਫ਼ਸਲ ਨੂੰ ਭਿੱਜਣ ਤੋਂ ਬਚਾਇਆ ਜਾ ਸਕੇ।

ਇਸ ਤੋਂ ਇਲਾਵਾ ਬਾਰਦਾਨੇ ਦੀ ਉਪਲਬਧਤਾ, ਕਣਕ ਦੀ ਢੋਆ-ਢੁਆਈ, ਲੇਬਰ ਆਦਿ ਸਬੰਧੀ ਵੀ ਪੁਖ਼ਤਾ ਪ੍ਰਬੰਧ ਯਕੀਨੀ ਬਣਾਏ ਗਏ ਹਨ ਤਾਂ ਜੋ ਮੰਡੀਆਂ ਵਿੱਚ ਆਪਣੀ ਜਿਣਸ ਲੈ ਕੇ ਆਉਣ ਵਾਲੇ ਕਿਸਾਨਾਂ ਨੂੰ ਕਿਸੇ ਕਿਸਮ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। ਕਣਕ ਦੀ ਨਿਰਵਿਘਨ ਅਤੇ ਸੁਚਾਰੂ ਖ਼ਰੀਦ ਕਰਵਾਉਣ ਦੀ ਵਚਨਬੱਧਤਾ ਦੁਹਰਾਉਂਦਿਆਂ ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਸਮੁੱਚੀ ਖ਼ਰੀਦ ਪ੍ਰਕਿਰਿਆ ਨੂੰ ਕਿਸਾਨਾਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖਦਿਆਂ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਕਿਹਾ। ਉਨ੍ਹਾਂ ਕਿਹਾ ਕਿ ਇਸ ਕੰਮ ਵਿੱਚ ਕਿਸੇ ਕਿਸਮ ਦੀ ਢਿੱਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਇਸ ਮੌਕੇ ਐਸ.ਡੀ.ਐਮ. ਬਲਬੀਰ ਰਾਜ ਸਿੰਘ, ਜ਼ਿਲ੍ਹਾ ਮੰਡੀ ਅਫ਼ਸਰ ਮੁਕੇਸ਼ ਕੈਲੇ

# ਸੀ ਟੀ ਆਈ ਈ ਐੱਮ ਟੀ ਵਿਖੇ ਨੈਕ ਗ੍ਰੇਡ ਏ ਮਾਨਤਾ ਦੀ ਖੁਸ਼ੀ 'ਚ ਜਸ਼ਨ ਸਮਾਰੋਹ



**ਜਲੰਧਰ (ਸ਼ੈਲੀ ਐਲਬਰਟ)**:-ਸੀਟੀ ਇੰਸਟੀਚਿਊਟ ਆਫ਼ ਇੰਜੀਨੀਅਰਿੰਗ, ਮੈਨੇਜਮੈਂਟ, ਐਂਡ ਟੈਕਨਾਲੋਜੀ (ਸੀ ਟੀ.ਆਈ.ਈ.ਐਮ.ਟੀ) ਨੇ ਹਾਲ ਹੀ ਵਿੱਚ ਸ਼ਤ ਤੋਂ ਵੱਕਾਰੀ ਨੈਕ ਗ੍ਰੇਡ ਏ ਮਾਨਤਾ ਪ੍ਰਾਪਤ ਕਰਕੇ ਇੱਕ ਮਹੱਤਵਪੂਰਨ ਮੀਲ ਪੱਥਰ ਪ੍ਰਾਪਤ ਕੀਤਾ ਹੈ। ਇਸ ਪ੍ਰਾਪਤੀ ਨੂੰ ਯਾਦ ਕਰਨ ਲਈ, ਸੀਟੀ ਗਰੁੱਪ ਦੇ ਪ੍ਰਬੰਧਕਾਂ ਅਤੇ ਸਟਾਫ ਨੇ ਸ਼ਾਮਲ ਸਾਰੇ ਹਿੱਸੇਦਾਰਾਂ ਦੇ ਸਮਰਪਣ ਅਤੇ ਸਖ਼ਤ ਮਿਹਨਤ ਦਾ ਸਨਮਾਨ ਕਰਦੇ ਹੋਏ, ਜਸ਼ਨ ਸਮਾਗਮਾਂ ਦੀ ਇੱਕ ਲੜੀ ਲਈ ਇਕੱਠੇ ਹੋਏ।ਇਸ ਸਮਾਗਮ ਵਿੱਚ ਸੀਟੀ ਗਰੁੱਪ ਦੇ ਚੇਅਰਮੈਨ ਚਰਨਜੀਤ ਸਿੰਘ ਚੰਨੀ ਅਤੇ ਮੈਨੇਜਿੰਗ ਡਾਇਰੈਕਟਰ ਡਾ: ਮਨਬੀਰ ਸਿੰਘ, ਵਾਈਸ ਚੇਅਰਮੈਨ ਹਰਪ੍ਰੀਤ ਸਿੰਘ, ਜੋਇੰਟ ਮੈਨੇਜਿੰਗ ਡਾਇਰੈਕਟਰ, ਤਨਿਕਾ ਚੰਨੀ ਸਮੇਤ ਪ੍ਰਬੰਧਕਾਂ ਦੇ ਮਾਣਯੋਗ ਮੈਂਬਰਾਂ ਨੇ ਸ਼ਿਰਕਤ ਕੀਤੀ। ਵਾਈਸ ਚੇਅਰਮੈਨ ਹਰਪ੍ਰੀਤ ਸਿੰਘ ਨੇ ਵੀ ਇਸ ਸ਼ਾਨਦਾਰ ਯਤਨਾਂ ਲਈ ਜ਼ਿੰਮੇਵਾਰ ਕਮੇਟੀਆਂ ਦੇ ਯਤਨਾਂ ਦੀ ਪ੍ਰਸ਼ੰਸਾ ਕਰਨ ਲਈ ਸ਼ਿਰਕਤ ਕੀਤੀ, ਦਿਲੋਂ ਭਾਸ਼ਣ ਦਿੱਤੇ ਜੋ ਧੰਨਵਾਦ ਅਤੇ ਪ੍ਰਸ਼ੰਸਾ ਨਾਲ ਗੂੰਜਦੇ ਸਨ। ਵਿਸ਼ੇਸ਼ ਮਹਿਮਾਨਾਂ ਵਿੱਚ ਕੈਂਪਸ ਦੇ ਡਾਇਰੈਕਟਰ ਡਾ: ਗੁਰਪ੍ਰੀਤ ਸਿੰਘ, ਖੋਜ ਅਤੇ ਯੋਜਨਾ ਨਿਰਦੇਸ਼ਕ ਡਾ: ਜਸਦੀਪ ਕੌਰ ਧਾਮੀ ਸਮੇਤ ਕਮੇਟੀ ਮੈਂਬਰ ਹਾਜ਼ਰ ਸਨ। ਉਨ੍ਹਾਂ ਦੇ ਅਣਥੱਕ ਯਤਨਾਂ ਅਤੇ ਰਣਨੀਤਕ ਯੋਜਨਾਬੰਦੀ ਨੇ ਲੋੜੀ ਮਾਨਤਾ ਪ੍ਰਾਪਤ ਕਰਨ ਵਿੱਚ ਇੱਕ ਮਹੱਤਵਪੂਰਣ ਭੂਮਿਕਾ ਨਿਭਾਈ। ਸੀਟੀ ਗਰੁੱਪ ਦੇ ਚੇਅਰਮੈਨ, ਚਰਨਜੀਤ ਸਿੰਘ ਚੰਨੀ ਨੇ ਇਸ ਮੀਲ ਪੱਥਰ ਨੂੰ ਹਾਸਿਲ ਕਰਨ ਵਿੱਚ ਸ਼ਾਮਲ ਹਰੇਕ ਵਿਅਕਤੀ ਦਾ ਤਹਿ ਦਿਲੋਂ ਧੰਨਵਾਦ ਕਰਦੇ ਹੋਏ ਕਿਹਾ, 113 ਗ੍ਰੇਡ ਏ ਮਾਨਤਾ ਸਾਡੀ ਸਮੂਹਿਕ ਟੀਮ ਦੇ ਸਮੂਹਿਕ ਯਤਨਾਂ ਅਤੇ ਅਟੁੱਟ ਵਚਨਬੱਧਤਾ ਦਾ ਪ੍ਰਮਾਣ ਹੈ।

ਇਹ ਸਾਡੀ ਨਿਰੰਤਰ ਕੋਸ਼ਿਸ਼ ਨੂੰ ਦਰਸਾਉਂਦੀ ਹੈ। ਸਿੱਖਿਆ ਵਿੱਚ ਉੱਤਮਤਾ ਅਤੇ ਸਾਡੇ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਨ ਲਈ ਸਾਡੇ ਸਮਰਪਣ ਦੀ ਇੱਕ ਰੋਸ਼ਨੀ ਵਜੋਂ ਕੰਮ ਕਰਦੀ ਹੈ।

# ਜੇ ਏ ਡੀ ਸੀਨੀਅਰ ਸੈਕੰਡਰੀ ਸਕੂਲ ਪੰਜਵੀਂ ਕਲਾਸ ਦਾ ਨਤੀਜਾ ਸ਼ਾਨਦਾਰ ਰਿਹਾ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**ਪਿੰਡ ਜੱਲੋਵਾਲ ਵਿਖੇ ਜੇਏਡੀ ਸੀਨੀਅਰ ਸੈਕੰਡਰੀ ਸਕੂਲ ਦਾ ਪੰਜਵੀਂ ਜਮਾਤ ਦਾ 100% ਨਤੀਜਾ ਸ਼ਾਨਦਾਰ ਰਿਹਾ। ਇਸ ਮੌਕੇ ਪ੍ਰਿੰਸੀਪਲ ਸਤਨਾਮ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਦੱਸਿਆ ਕਿ ਪੰਜਵੀਂ ਕਲਾਸ ਦਾ ਨਤੀਜਾ ਘੋਸ਼ਿਤ ਕੀਤਾ ਗਿਆ। ਜਿਸ ਵਿੱਚ ਜੇ ਏ ਡੀ ਸੀਨੀਅਰ ਸੈਕੰਡਰੀ ਸਕੂਲ ਜੱਲੋਵਾਲ (ਹੁਸ਼ਿਆਰਪੁਰ) ਬੱਚਿਆਂ ਨੇ ਚੰਗੇ ਅੰਕ ਪ੍ਰਾਪਤ ਕਰਕੇ ਸਕੂਲ ਅਤੇ ਆਪਣੇ ਮਾਤਾ ਪਿਤਾ ਦਾ ਨਾਂਅ ਰੋਸ਼ਨ ਕੀਤਾ। ਉਨ੍ਹਾਂ ਦੱਸਿਆ ਕਿ ਨਤੀਜੇ ਵਿੱਚ 18 ਬੱਚਿਆਂ ਨੇ 90% ਤੋਂ ਵੱਧ ਅੰਕ ਪ੍ਰਾਪਤ ਕੀਤੇ ਅਤੇ ਸਕੂਲ ਦਾ ਨਤੀਜਾ 100% ਰਿਹਾ। ਉਨ੍ਹਾਂ ਦੱਸਿਆ ਕਿ ਪਹਿਲੇ ਸਥਾਨ 'ਤੇ ਹਰਗੁਨ ਕੌਰ ਸਪੁੱਤਰੀ ਜਤਿੰਦਰ ਪਾਲ 98 ਪ੍ਰਤੀਸ਼ਤ ਅੰਕ ਪ੍ਰਾਪਤ ਕੀਤੇ। ਇਸੇ ਤਰ੍ਹਾਂ ਦੂਜੇ ਸਥਾਨ ਤੇ ਸੁਖਮਨ ਸੈਣੀ ਪੁੱਤਰੀ ਮਨਦੀਪ ਸਿੰਘ ਨੇ 98% ਪ੍ਰਾਪਤ ਕੀਤੇ। ਇਸੇ ਤਰ੍ਹਾਂ ਤੀਸਰੇ ਸਥਾਨ ਤੇ ਜਸ਼ਨਪ੍ਰੀਤ ਸਿੰਘ ਸਪੁੱਤਰ ਸੁਖਵਿੰਦਰ ਸਿੰਘ ਨੇ 96% ਅੰਕ ਪ੍ਰਾਪਤ ਕੀਤੇ। ਇਸ ਮੌਕੇ ਤੇ ਸਕੂਲ ਦੇ ਪ੍ਰਿੰਸੀਪਲ ਸਤਨਾਮ ਸਿੰਘ ਬੱਚਿਆਂ ਨੂੰ ਯਾਦਗਾਰ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਅਤੇ ਸਾਰਿਆਂ ਬੱਚਿਆਂ ਨੂੰ ਵਧਾਈਆਂ ਦਿੱਤੀਆਂ ਅਤੇ ਅੱਗੇ ਤੋਂ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਮਨਪ੍ਰੀਤ ਸਿੰਘ, ਅਮਰਿੰਦਰ ਕੌਰ, ਸਿਮਰਨ, ਪਰਮਜੀਤ ਕੌਰ, ਅਨਮੋਲ, ਮੰਜੂ ਬਾਲਾ, ਕਮਲਜੀਤ ਕੌਰ, ਲਵਪ੍ਰੀਤ ਕੌਰ, ਜਸਦੀਪ ਕੌਰ ਆਦਿ ਹਾਜਰ ਸਨ।

# ਕਰਮਚਾਰੀਆਂ ਦੀ ਕਾਰਜਪ੍ਰਣਾਲੀ ਤੇ ਕੁਸ਼ਲਤਾ 'ਚ ਕੀਤਾ ਜਾਵੇਗਾ ਸੁਧਾਰ-ਮੁੱਖ ਸਕੱਤਰ

**ਚੰਡੀਗੜ੍ਹ, (ਕ੍ਰਿਸ਼ਨ ਗਰਗ)** ਹਰਿਆਣਾ ਦੇ ਮੁੱਖ ਸਕੱਤਰ ਟੀਵੀਐਸਐਨ ਪ੍ਰਸਾਦ ਨੇ ਕਿਹਾ ਕਿ ਕਰਮਚਾਰੀਆਂ ਦੀ ਕਾਰਜਪ੍ਰਣਾਲੀ ਅਤੇ ਕੁਸ਼ਲਤਾ ਵਿਚ ਸੁਧਾਰ ਕੀਤਾ ਜਾਵੇਗਾ ਤਾਂ ਜੋ ਸਰਕਾਰੀ ਕੰਮ ਜਲਦੀ ਤੋਂ ਜਲਦੀ ਪੂਰੇ ਕੀਤੇ ਜਾ ਸਕਣ। ਉਨ੍ਹਾਂ ਨੇ ਦਫਤਰਾਂ ਵਿਚ ਪੂਰੀ ਤਰ੍ਹਾ ਸਫਾਈ ਵਿਵਸਥਾ ਬਣਾਏ ਰੱਖਣ ਦੇ ਵੀ ਨਿਰਦੇਸ਼ ਦਿੱਤੇ।

ਮੁੱਖ ਸਕੱਤਰ ਹਰਿਆਣਾ ਸਿਵਲ ਸਕੱਤਰੇਤ ਵਿਚ ਅਚਾਨਕ ਨਿਰੀਖਣ ਕਰ ਕਰਮਚਾਰੀਆਂ ਦੀ ਵਰਕਿੰਗ ਬਾਰੇ ਜਾਣਕਾਰੀ ਲੈ ਰਹੇ ਸਨ। ਉਨ੍ਹਾਂ ਨੇ ਕਿਹਾ ਕਿ ਕਰਮਚਾਰੀ ਆਪਣੇ ਦਫਤਰਾਂ ਵਿਚ ਪੂਰੀ ਤਰ੍ਹਾਂ ਸਵੱਛਤਾ ਬਣਾਏ ਰੱਖਣ। ਜੇਕਰ ਉਨ੍ਹਾਂ ਨੂੰ ਕਿਸੇ ਤਰ੍ਹਾ ਦੇ ਇੰਫ੍ਰਾਸਟਕਚਰ ਦੀ ਜਰੂਰਤ ਹੈ ਤਾਂ ਉਸ ਬਾਰੇ ਤੁਰੰਤ ਆਪਣੇ ਉੱਚ ਅਧਿਕਾਰੀਆਂ ਦੇ ਜਾਣਕਾਰੀ ਵਿਚ ਲਿਆਉਣ ਤਾਂ ਜੋ ਉਸ ਦੀ ਉਪਲਬਧਤਾ ਯਕੀਨੀ ਕੀਤੀ ਜਾ ਸਕੇ। ਮੁੱਖ ਸਕੱਤਰ ਨੇ ਸਕੱਤਰੇਤ ਵਿਚ ਕਰਮਚਾਰੀਆਂ ਦੀ ਕਾਰਜ ਪ੍ਰਣਾਲੀ ਬਾਰੇ ਗੰਭੀਰਤਾ ਨਾਲ ਜਾਣਿਆ ਅਤੇ ਇਸ ਵਿਚ ਸੁਧਾਰ ਕਰਨ ਲਈ ਆਪਣੇ ਸੁਝਾਅ ਦਿੱਤੇ। ਉਨ੍ਹਾਂ ਨੇ ਕਿਹਾ ਕਿ ਕਰਮਚਾਰੀ ਦਫਤਰ ਵਿਚ ਸਮੇਂ 'ਤੇ ਆਉਣ ਅਤੇ ਕੰਮ ਵਿਚ ਕਿਸੇ ਤਰ੍ਹਾ ਦੀ ਲਾਪ੍ਰਵਾਹੀ ਨਾ ਵਰਤਣ ਅਤੇ ਆਪਣੇ ਕੰਮ ਨੂੰ ਪੂਰੀ ਜਿਮੇਵਾਰੀ ਨਾਲ ਨਿਭਾਉਣ। ਜੇਕਰ ਕਰਮਚਾਰੀ ਆਪਣੇ ਕੰਮ ਵਿਚ ਕਿਸੇ ਤਰ੍ਹਾਂ ਦੀ ਲਾਪ੍ਰਵਾਹੀ ਵਰਤਣਗੇ ਤਾਂ ਉਨ੍ਹਾਂ ਦੇ ਵਿਰੁੱਧ ਜ਼ਰੂਰੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਨੇ ਕਰਮਚਾਰੀਆਂ ਤੋਂ ਕਾਰਜਪ੍ਰਣਾਲੀ ਵਿਚ ਸੁਧਾਰ ਕਰਨ ਲਈ ਸੁਝਾਅ ਵੀ ਮੰਗੇ।ਮੁੱਖ ਸਕੱਤਰ ਨੇ ਕਿਹਾ ਕਿ ਸੂਬੇ ਵਿਚ ਕਰਮਚਾਰੀਆਂ ਨੂੰ ਨੈਤਿਕਤਾ ਅਤੇ ਸਿਧਾਂਤ ਦੇ ਨਾਲ ਕੰਮ ਕਰਨ ਲਈ ਪ੍ਰੇਰਿਤ ਅਤੇ ਜਾਗਰੁਕ ਕਰਨ ਤਹਿਤ ਕਰਮਯੋਗੀ ਪ੍ਰੋਗ੍ਰਾਮ ਚਲਾਇਆ ਜਾ ਰਿਹਾ ਹੈ ਜਿਸ ਵਿਚ ਲਗਭਗ 3 ਲੱਖ ਤੋਂ ਵੱਧ ਕਰਮਚਾਰੀਆਂ ਨੂੰ ਸਿਖਲਾਈ ਦਿੱਤੀ ਜਾਣੀ ਹੈ ਤਾਂ ਜੋ ਕਰਮਚਾਰੀ ਨਿਰਪੱਖ ਅਤੇ ਪਾਰਦਰਸ਼ਿਤਾ ਦੇ ਨਾਲ ਕੰਮ ਕਰਨ। ਇਸ ਸਿਖਲਾਈ ਨਾਲ ਕਰਮਚਾਰੀਆਂ ਦੀ ਕਾਰਜਪ੍ਰਣਾਲੀ ਵਿਚ ਜ਼ਰੂਰ ਹੀ ਸੁਧਾਰ ਆਵੇਗਾ। ਮੁੱਖ ਸਕੱਤਰ ਨੇ ਰਾਜਨੀਤਿਕ ਅਤੇ ਸੰਸਦੀ ਕੰਮ ਸ਼ਾਖਾ, ਕੈਬਨਿਟ ਬ੍ਰਾਂਚ, ਮਨੁੱਖ ਸੰਸਾਧਨ ਬ੍ਰਾਂਚ, ਸੇਵਾਵਾਂ ਬ੍ਰਾਂਚ, ਸਿਖਲਾਈ ਬ੍ਰਾਂਚ, ਮੁੱਖ ਮੰਤਰੀ ਸਕੱਤਰੇਤ ਬ੍ਰਾਂਚ ਸਮੇਤ ਹੋਰ ਬ੍ਰਾਂਚਾਂ ਦਾ ਵੀ ਨਿਰੀਖਣ ਕੀਤਾ। ਇਸ ਦੌਰਾਨ ਵਿਸ਼ੇਸ਼ ਸਕੱਤਰ ਪਰਸਨਲ ਪ੍ਰਭਜੀਤ ਸਿੰਘ, ਵਿਸ਼ੇਸ਼ ਸਕੱਤਰ ਮਾਨਵ ਸੰਸਾਧਨ ਆਦਿਤਅ ਦਹਿਆ, ਸੰਯੁਕਤ ਸਕੱਤਰ ਗ੍ਰਹਿ ਰਾਧਿਕਾ ਸਿੰਘ, ਡੀਐਸਐਸ ਅਨਿਲ ਭਾਰਦਵਾਜ ਸਮੇਤ ਕਈ ਅਧਿਕਾਰੀ ਨਾਲ ਰਹੇ।

## ਨਿੱਜੀ ਸਾਈਲੋਜ਼ ਨੂੰ ਮਨਜ਼ੂਰੀ ਕਿਸਾਨ ਵਿਰੋਧੀ ਫੈਸਲਾ :- ਸਿੰਗੜੀਵਾਲਾ



**ਮੇਹਟੀਆਣਾ(ਜਗਤਾਰ ਸਿੰਘ ਭੁੰਗਰਨੀ)** ਭਗਵੰਤ ਮਾਨ ਸਰਕਾਰ ਵੱਲੋਂ ਕੇਂਦਰ ਸਰਕਾਰ ਨਾਲ ਮਿਲ ਕੇ 26 ਮਾਰਕੀਟ ਕਮੇਟੀਆਂ ਨੂੰ ਬੰਦ ਕਰਕੇ ਕਾਰਪੋਰੇਟ ਘਰਾਣਿਆਂ ਦੇ 9 ਨਿੱਜੀ ਸਾਈਲੋਜ ਨੂੰ ਮਨਜ਼ੂਰੀ ਦੇਣਾ ਦਾ ਫੈਸਲਾ ਰੱਦ ਖੇਤੀ ਕਾਨੂੰਨਾਂ ਨੂੰ ਸੂਬੇ ਵਿੱਚ ਅਸਿੱਧੇ ਢੰਗ ਨਾਲ ਲਾਗੂ ਕਰਨ ਅਤੇ ਮੰਡੀਆਂ ਨੂੰ ਤੋੜਨ ਦੀ ਸਾਜ਼ਿਸ਼ ਹੈ ਜਿਸ ਨੂੰ ਕਦੇ ਵੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਇਸਦਾ ਡੱਟ ਕੇ ਵਿਰੋਧ ਕੀਤਾ ਜਾਵੇਗਾ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਗੁਰਨਾਮ ਸਿੰਘ ਸਿੰਗੜੀਵਾਲਾ ਕੇਂਦਰੀ ਵਰਕਿੰਗ ਕਮੇਟੀ ਮੈਂਬਰ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਨੇ ਪ੍ਰੈਸ ਨੋਟ ਰਾਹੀਂ ਕੀਤ। ਇਸ ਸਮੇਂ ਸਿੰਗੜੀਵਾਲਾ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਨੇ ਕੇਂਦਰ ਸਰਕਾਰ ਨਾਲ ਮਿਲ ਕੇ 26 ਮਾਰਕੀਟ ਕਮੇਟੀਆਂ ਜਿਨਾਂ ਅਧੀਨ ਸੈਂਕੜੇ ਖਰੀਦ ਕੇਂਦਰ ਆਉਂਦੇ ਹਨ ਨੂੰ ਬੰਦ ਕਰਕੇ ਕਾਰਪੋਰੇਟ ਘਰਾਣਿਆਂ ਨੂੰ ਫਾਇਦਾ ਪਹੁੰਚਾਉਣ ਲਈ ਸੂਬੇ ਅੰਦਰ 9 ਨਿੱਜੀ ਸਾਈਲੋਜ ਨੂੰ ਖੋਲਣ ਦੀ ਮਨਜ਼ੂਰੀ ਦੇ ਕੇ ਕਿਸਾਨਾਂ ਨਾਲ ਵੱਡਾ ਧਰੋਹ ਕਮਾਇਆ ਹੈ ਜਿਸ ਨੂੰ ਪੰਜਾਬ ਦੇ ਲੋਕ ਕਦੇ ਵੀ ਬਰਦਾਸ਼ਤ ਨਹੀਂ ਕਰਨਗੇ ਤੇ ਆਉਣ ਵਾਲੀਆਂ ਚੋਣਾਂ ਵਿੱਚ ਲੱਕ ਤੋੜਵੀ ਹਾਰ ਦੇ ਕੇ ਸਬਕ ਸਿਖਾਉਣਗੇ।

# ਸਾਈਲੋਜ਼ ਰਾਹੀਂ ਕਣਕ ਦੀ ਖਰੀਦ ਕਿਸਾਨਾਂ ਨਾਲ ਧੋਖਾ : ਧਾਲੀਵਾਲ

**ਫਗਵਾੜਾ ( ਡਾ. ਰਮਨ, ਢੱਡਾ )** ਪੰਜਾਬ ਦੀ ਭਗਵੰਤ ਮਾਨ ਸਰਕਾਰ ਵਲੋਂ ਕਿਸਾਨਾਂ ਤੋਂ ਖਰੀਦੀ ਜਾਣ ਵਾਲੀ ਕਣਕ ਨੂੰ ਕਾਰਪੋਰੇਟ ਘਰਾਣਿਆਂ ਦੇ ਸਾਈਲੋਜ਼ ਦੇ ਵਿਚ ਡੰਪ ਕਰਨ ਦੀ ਦਿੱਤੀ ਮੰਨਜੂਰੀ ਨੂੰ ਕਿਸਾਨਾਂ ਨਾਲ ਧੋਖਾ ਕਰਾਰ ਦਿੰਦੇ ਹੋਏ ਜ਼ਿਲ੍ਹਾ ਕਪੂਰਥਲਾ ਕਾਂਗਰਸ ਕਮੇਟੀ ਦੇ ਪ੍ਰਧਾਨ ਅਤੇ ਫਗਵਾੜਾ ਦੇ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਨੇ ਕਿਹਾ ਕਿ ਕਿਸਾਨਾਂ ਨੇ ਦਿੱਲੀ ਦੇ ਬਾਰਡਰਾਂ 'ਤੇ ਲੰਬੇ ਸੰਘਰਸ਼ ਤੋਂ ਬਾਅਦ ਕੇਂਦਰ ਦੀ ਮੋਦੀ ਸਰਕਾਰ ਤੋਂ ਮੰਡੀ ਸਿਸਟਮ ਨੂੰ ਖਤਮ ਕਰਨ ਵਾਲੇ ਤਿੰਨ ਕਾਲੇ ਕਾਨੂੰਨ ਵਾਪਸ ਕਰਵਾਏ ਸੀ ਅਤੇ ਇਸ ਕਿਸਾਨੀ ਸੰਘਰਸ਼ ਵਿਚ ਸੱਤ ਸੌ ਤੋਂ ਵੱਧ ਕਿਸਾਨਾ ਨੇ ਸ਼ਹਾਦਤ ਦਿੱਤੀ ਸੀ। ਪਰ ਹੁਣ ਪੰਜਾਬ ਦੀ ਭਗਵੰਤ ਮਾਨ ਸਰਕਾਰ ਕੇਂਦਰ ਦੇ ਉਹੀ ਕਾਲੇ ਕਾਨੂੰਨ ਪਿਛਲੇ ਦਰਵਾਜੇ ਰਾਹੀਂ ਪੰਜਾਬ ਵਿਚ ਲਾਗੂ ਕਰਨ ਲਈ ਮੋਦੀ ਸਰਕਾਰ ਦੀ ਪਿੱਠੂ ਬਣ ਗਈ ਹੈ। ਉਹਨਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਨੇ ਪੰਜਾਬ ਦੇ 9 ਜ਼ਿਲ੍ਹਿਆਂ ਦੀਆਂ ਮਾਰਕਿਟ ਕਮੇਟੀਆਂ ਨੂੰ ਭੰਗ ਕਰਕੇ ਮੰਡੀਆਂ ਨੂੰ ਸਾਈਲੋਜ਼ 'ਚ ਮਰਜ ਕਰਨ ਦੇ ਜੋ ਆਦੇਸ਼ ਜਾਰੀ ਕੀਤੇ ਹਨ। ਉਸ ਤੋਂ ਬਾਅਦ ਕਿਸਾਨ ਆਪਣੀ ਫਸਲ ਨੂੰ ਵੇਚਣ ਲਈ ਕਾਰਪੋਰੇਟ ਘਰਾਣਿਆਂ ਤੇ ਨਿਰਭਰ ਹੋ ਗਏ ਹਨ। ਜਿਸ ਕਰਕੇ ਕਾਂਗਰਸ ਪਾਰਟੀ ਸੂਬਾ ਸਰਕਾਰ ਦੇ ਇਸ ਫੈਸਲੇ ਦਾ ਸਖ਼ਤ ਵਿਰੋਧ ਕਰਦੀ ਹੈ। ਧਾਲੀਵਾਲ ਨੇ ਕਿਹਾ ਕਿ ਪੰਜਾਬ ਇਕ ਖੇਤੀ ਪ੍ਰਧਾਨ ਸੂਬਾ ਹੈ, ਜਿਸਦੀ ਆਰਥਕਤਾ ਕਿਸਾਨਾਂ ਉੱਪਰ ਬਹੁਤ ਜਿਆਦਾ ਨਿਰਭਰ ਕਰਦੀ ਹੈ। ਇਸ ਲਈ ਕੇਂਦਰ ਜਾਂ ਪੰਜਾਬ ਸਰਕਾਰ ਵਲੋਂ ਲਿਆ ਜਾਣ ਵਾਲਾ ਕੋਈ ਵੀ ਅਜਿਹਾ ਫੈਸਲਾ, ਜਿਸ ਨੂੰ ਕਿਸਾਨਾਂ ਵਲੋਂ ਪਹਿਲਾਂ ਹੀ ਨੱਕਾਰਿਆ ਜਾ ਚੁੱਕਾ ਹੋਵੇ, ਕਿਸੇ ਕੀਮਤ ਤੇ ਸਵੀਕਾਰ ਨਹੀਂ ਕੀਤਾ ਜਾਵੇਗਾ। ਉਹਨਾਂ ਪੰਜਾਬ ਸਰਕਾਰ ਤੋਂ ਪੁਰਜੋਰ ਮੰਗ ਕੀਤੀ ਕਿ ਸਾਈਲੋਜ਼ ਰਾਹੀਂ ਕਣਕ ਦੀ ਖਰੀਦ ਸਬੰਧੀ ਨਾਦਿਰਸ਼ਾਹੀ ਫਰਮਾਨ ਨੂੰ ਤੁਰੰਤ ਵਾਪਸ ਲਿਆ ਜਾਵੇ। ਜੇਕਰ ਇਸ ਫੈਸਲੇ ਨੂੰ ਵਾਪਸ ਨਾ ਲਿਆ ਤਾਂ 1 ਜੂਨ ਨੂੰ ਲੋਕ ਸਭਾ ਚੋਣਾਂ ਦੀ ਵੋਟਿੰਗ ਦੇ ਦਿਨ ਪੰਜਾਬ ਦੇ ਕਿਸਾਨ ਨਾ ਸਿਰਫ 'ਆਪ' ਪਾਰਟੀ ਦੇ ਲੋਕਸਭਾ ਉਮੀਦਵਾਰਾਂ ਦੀਆਂ ਜਮਾਨਤਾਂ ਜਬਤ ਕਰਵਾਉਣ ਲਈ ਵੋਟ ਕਰਨਗੇ ਬਲਕਿ ਭਾਰੀ ਬਹੁਮਤ ਨਾਲ ਸੂਬੇ ਦੀ ਸੱਤਾ ਤੇ ਕਾਬਿਜ ਭਗਵੰਤ ਮਾਨ ਸਰਕਾਰ ਦੀਆਂ ਨੀਹਾਂ ਵੀ ਹਿਲਾ ਕੇ ਰੱਖ ਦੇਣਗੇ। ਉਹਨਾਂ ਸਪੱਸ਼ਟ ਕਿਹਾ ਕਿ ਕਿਸਾਨਾਂ ਦੇ ਹਰ ਸੰਘਰਸ਼ 'ਚ ਕਾਂਗਰਸ ਪਹਿਲਾਂ ਵੀ ਡਟ ਕੇ ਨਾਲ ਖੜੀ ਸੀ ਤੇ ਹੁਣ ਵੀ ਮੋਢੇ ਨਾਲ ਮੋਢਾ ਜੋੜ ਕੇ ਸੰਘਰਸ਼ 'ਚ ਸਾਥ ਦੇਵੇਗੀ।

# ਕਮਿਸ਼ਨਰੇਟ ਪੁਲਸ ਨੇ ਕਤਲ ਦਾ ਮਾਮਲਾ ਸੁਲਝਾਇਆ, ਮ੍ਰਿਤਕਾ ਦਾ ਪਤੀ ਗ੍ਰਿਫਤਾਰ



**ਜਲੰਧਰ-( ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**:-ਪੁਲਸ ਕਮਿਸ਼ਨਰ ਸਵਪਨ ਸ਼ਰਮਾ ਦੀ ਅਗਵਾਈ ਹੇਠ ਜਲੰਧਰ ਕਮਿਸ਼ਨਰੇਟ ਪੁਲਸ ਨੇ ਇਕ ਔਰਤ ਦੇ ਪਤੀ ਵਲੋਂ ਉਸ ਦੇ ਨਜਾਇਜ਼ ਸਬੰਧਾਂ ਦੇ ਸ਼ੱਕ ਵਿਚ ਕੀਤੇ ਕਤਲ ਦੇ ਮਾਮਲੇ ਨੂੰ ਸੁਲਝਾ ਲਿਆ ਹੈ।ਵੇਰਵਿਆਂ ਦਾ ਖੁਲਾਸਾ ਕਰਦਿਆਂ ਪੁਲਸ ਕਮਿਸ਼ਨਰ ਨੇ ਦੱਸਿਆ ਕਿ 1 ਅਪ੍ਰੈਲ, 2024 ਨੂੰ ਪੁਲਸ ਨੂੰ ਸੂਚਿਤ ਕੀਤਾ ਗਿਆ ਸੀ ਕਿ ਇੱਕ ਪਰਵਾਰਕ ਝਗੜੇ ਦੌਰਾਨ ਇੱਕ ਔਰਤ ਜ਼ਖ਼ਮੀ ਹੋ ਗਈ ਸੀ ਅਤੇ ਉਸਨੂੰ ਸਿਵਲ ਹਸਪਤਾਲ ਜਲੰਧਰ ਦਾਖਲ ਕਰਵਾਇਆ ਗਿਆ ਸੀ। ਉਨ੍ਹਾਂ ਦੱਸਿਆ ਕਿ ਜਾਂਚ ਦੌਰਾਨ ਇਹ ਗੱਲ ਸਾਹਮਣੇ ਆਈ ਕਿ ਅਮਰਜੀਤ ਸਿੰਘ ਅਤੇ ਰਸ਼ਪਾਲ ਕੌਰ ਵਿਆਹੁਤਾ ਜੋੜਾ ਸੀ ਅਤੇ ਅਮਰਜੀਤ ਸਿੰਘ ਨੂੰ ਉਸ ਦੀ ਪਤਨੀ ਦੇ ਨਜ਼ਾਇਜ਼ ਸਬੰਧ ਹੋਣ ਦੇ ਸ਼ੱਕ ਦੇ ਕਾਰਨ ਕੁਝ ਗਲਤਫਹਿਮੀਆਂ ਸਨ। ਸਵਪਨ ਸ਼ਰਮਾ ਨੇ ਕਿਹਾ ਕਿ ਇਸ ਕਾਰਨ ਉਨ੍ਹਾਂ ਵਿਚਕਾਰ ਲੜਾਈ ਹੋਈ, ਜਿਸ ਦੇ ਸਿੱਟੇ ਵਜੋਂ ਅਪਰਾਧਿਕ ਘਟਨਾ ਵਾਪਰੀ।ਪੁਲਸ ਕਮਿਸ਼ਨਰ ਨੇ ਦੱਸਿਆ ਕਿ 1 ਅਪ੍ਰੈਲ ਨੂੰ ਤਕਰਾਰ ਦੌਰਾਨ ਅਮਰਜੀਤ ਸਿੰਘ ਨੇ ਰਸ਼ਪਾਲ ਕੌਰ ਦੇ ਸਿਰ 'ਤੇ ਲੋਹੇ ਦੇ ਬਰਤਨ ਨਾਲ ਵਾਰ ਕਰ ਦਿੱਤਾ, ਜਿਸ ਕਾਰਨ ਉਹ ਗੰਭੀਰ ਜ਼ਖ਼ਮੀ ਹੋ ਗਈ। ਉਨ੍ਹਾਂ ਦੱਸਿਆ ਕਿ ਰਸ਼ਪਾਲ ਕੌਰ ਨੂੰ ਉਸ ਦੇ ਪਰਵਾਰ ਵੱਲੋਂ ਸਿਵਲ ਹਸਪਤਾਲ ਜਲੰਧਰ ਲਿਆਂਦਾ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਪੁਲਸ ਕਮਿਸ਼ਨਰ ਨੇ ਦੱਸਿਆ ਕਿ ਪੁਲਸ ਨੇ ਤਫ਼ਤੀਸ਼ ਦੇ ਆਧਾਰ 'ਤੇ ਅਮਰਜੀਤ ਸਿੰਘ ਪੁੱਤਰ ਬਨਾਰਸੀ ਦਾਸ ਵਾਸੀ ਨੰਬਰ 2 ਏ ਨਹਿਰੀ ਕਾਲੋਨੀ ਕਪੂਰਥਲਾ ਰੋਡ ਜਲੰਧਰ ਨੂੰ ਗ੍ਰਿਫ਼ਤਾਰ ਕਰ ਲਿਆ ਹੈ।

ਪੁਲਸ ਕਮਿਸ਼ਨਰ ਨੇ ਦੱਸਿਆ ਕਿ ਉਸਦੇ ਖਿਲਾਫ ਥਾਣਾ ਬਸਤੀ ਬਾਵਾ ਖੇਲ ਜਲੰਧਰ ਵਿਖੇ ਐਫਆਈਆਰ 64 ਮਿਤੀ 01-04-2024 ਅਧੀਨ 302 ਆਈ.ਪੀ.ਸੀ. ਉਨ੍ਹਾਂ ਦੱਸਿਆ ਕਿ ਵਾਰਦਾਤ ਵਿੱਚ ਵਰਤੀ ਗਈ ਲੋਹੇ ਦਾ ਬਰਤਨ ਪੁਲਸ ਨੇ ਬਰਾਮਦ ਕਰ ਲਈ ਹੈ। ਪੁਲਸ ਕਮਿਸ਼ਨਰ ਨੇ ਦੱਸਿਆ ਕਿ ਮਾਮਲੇ ਦੀ ਅਗਲੇਰੀ ਜਾਂਚ ਕੀਤੀ ਜਾ ਰਹੀ ਹੈ ਅਤੇ ਵੇਰਵੇ ਬਾਅਦ ਵਿੱਚ ਸਾਂਝੇ ਕੀਤੇ ਜਾਣਗੇ।

# ਪ੍ਰਸ਼ਾਸਨ ਆਜ਼ਾਦ, ਨਿਰਪੱਖ ਤੇ ਪਾਰਦਰਸ਼ੀ ਚੋਣਾਂ ਕਰਵਾਉਣ ਲਈ ਵਚਨਬੱਧ-ਡਾ. ਅਗਰਵਾਲ



**ਜਲੰਧਰ,: (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**:-ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ, ਪੁਲਸ ਕਮਿਸ਼ਨਰ ਸਵਪਨ ਸ਼ਰਮਾ ਅਤੇ ਐਸ.ਐਸ.ਪੀ. ਜਲੰਧਰ (ਦਿਹਾਤੀ) ਅੰਕੁਰ ਗੁਪਤਾ ਨੇ ਸਿਆਸੀ ਪਾਰਟੀਆਂ ਨੂੰ ਭਰੋਸਾ ਦਿਵਾਇਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਮੁੱਚੀ ਚੋਣ ਪ੍ਰਕਿਰਿਆ ਆਜ਼ਾਦ, ਨਿਰਪੱਖ ਅਤੇ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜ੍ਹੀ ਜਾਵੇਗੀ ਅਤੇ ਸਾਰੇ ਉਮੀਦਵਾਰਾਂ ਨੂੰ ਇਕੋ ਜਿਹਾ ਮਾਹੌਲ ਮੁਹੱਈਆ ਕਰਵਾਇਆ ਜਾਵੇਗਾ। ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਦੌਰਾਨ ਜ਼ਿਲ੍ਹਾ ਚੋਣ ਅਫ਼ਸਰ ਨੇ ਸਾਰੀਆਂ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਆਦਰਸ਼ ਚੋਣ ਜ਼ਾਬਤੇ ਦੀ ਸਖ਼ਤੀ ਪਾਲਣਾ ਕਰਨ ਦੇ ਨਾਲ-ਨਾਲ ਲੋਕ ਸਭਾ ਚੋਣਾਂ ਨੂੰ ਸਫ਼ਲਤਾਪੂਰਵਕ ਨੇਪਰੇ ਚਾੜ੍ਹਨ ਲਈ ਪੂਰਾ ਸਹਿਯੋਗ ਦੇਣ ਦੀ ਅਪੀਲ ਵੀ ਕੀਤੀ।ਉਨ੍ਹਾਂ ਦੱਸਿਆ ਕਿ ਸਿਆਸੀ ਪਾਰਟੀਆਂ ਦੀ ਸਹੂਲਤ ਲਈ 19 ਤਰ੍ਹਾਂ ਦੀਆਂ ਵੱਖ-ਵੱਖ ਪ੍ਰਵਾਨਗੀਆਂ ਪ੍ਰਦਾਨ ਕਰਨ ਲਈ ਜ਼ਿਲ੍ਹਾ ਅਤੇ ਵਿਧਾਨ ਸਭਾ ਪੱਧਰ 'ਤੇ ਪ੍ਰਵਾਨਗੀ ਸੈੱਲ ਸਥਾਪਤ ਕੀਤੇ ਗਏ ਹਨ। ਉਨ੍ਹਾਂ ਇਹ ਵੀ ਕਿਹਾ ਕਿ ਬਿਨਾਂ ਮਨਜ਼ੂਰੀ ਦੇ ਕੋਈ ਵੀ ਸਿਆਸੀ ਇਕੱਠ/ਲਾਊਡਸਪੀਕਰ ਆਦਿ ਦੀ ਵਰਤੋਂ ਕਰਨ ਤੇ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਇਨ੍ਹਾਂ ਪ੍ਰਵਾਨਗੀਆਂ ਵਿੱਚ ਲੋਕ ਸਭਾ ਚੋਣਾਂ-2024 ਦੌਰਾਨ ਰਾਜਨੀਤਿਕ ਪਾਰਟੀਆਂ ਅਤੇ ਉਮੀਦਵਾਰਾਂ ਨੂੰ ਰੈਲੀਆਂ, ਸਮਾਗਮਾਂ, ਚੋਣ ਦਫ਼ਤਰ ਸਥਾਪਤ ਕਰਨ, ਮੀਟਿੰਗਾਂ ਕਰਨ, ਲਾਊਡ ਸਪੀਕਰਾਂ, ਹੈਲੀਕਾਪਟਰਾਂ ਦੀ ਵਰਤੋਂ ਆਦਿ ਸਬੰਧੀ ਮਨਜ਼ੂਰੀਆਂ ਸ਼ਾਮਲ ਹਨ।ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿੱਚ ਕਮਰਾ ਨੰਬਰ 22, ਐਮ.ਏ. ਸ਼ਾਖਾ ਵਿਖੇ ਜ਼ਿਲ੍ਹਾ ਪੱਧਰੀ 'ਪ੍ਰਵਾਨਗੀ ਸੈੱਲ' ਸਥਾਪਤ ਕੀਤਾ ਗਿਆ ਹੈ। ਇਸ ਤੋਂ ਇਲਾਵਾ ਏ.ਆਰ.ਓ ਪੱਧਰ 'ਤੇ ਵੀ ਪ੍ਰਵਾਨਗੀ ਸੈੱਲ ਸਥਾਪਤ ਕੀਤੇ ਗਏ ਹਨ, ਜਿੱਥੇ 'ਪਹਿਲਾਂ ਆਓ, ਪਹਿਲਾਂ ਪਾਓ' ਦੇ ਆਧਾਰ 'ਤੇ ਪਾਰਦਰਸ਼ੀ ਢੰਗ ਨਾਲ ਪ੍ਰਵਾਨਗੀਆਂ ਦਿੱਤੀਆਂ ਜਾਣਗੀਆਂ।ਉਨ੍ਹਾਂ ਅੱਗੇ ਦੱਸਿਆ ਕਿ ਰਾਜਨੀਤਿਕ ਪਾਰਟੀਆਂ ਅਤੇ ਉਮੀਦਵਾਰਾਂ ਲਈ ਆਪਣੀ ਚੋਣ ਮੁਹਿੰਮ ਲਈ ਪ੍ਰਿੰਟ, ਇਲੈਕਟ੍ਰਾਨਿਕ ਅਤੇ ਸੋਸ਼ਲ ਮੀਡੀਆ ਰਾਹੀਂ ਕੀਤੀ ਜਾਣ ਵਾਲੀ ਇਸ਼ਤਿਹਾਰਬਾਜ਼ੀ ਸਬੰਧੀ ਸਮੱਗਰੀ ਦੀ ਪ੍ਰੀ ਸਰਟੀਫਿਕੇਸ਼ਨ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਕਮਰਾ ਨੰਬਰ 14-ਏ ਵਿਖੇ ਸਥਾਪਤ ਜ਼ਿਲ੍ਹਾ ਪੱਧਰੀ ਮੀਡੀਆ ਸਰਟੀਫਿਕੇਸ਼ਨ ਅਤੇ ਮੋਨੀਟਰਿੰਗ ਕਮੇਟੀ ਤੋਂ ਕਰਵਾਉਣੀ ਲਾਜ਼ਮੀ ਹੈ। ਡਾ. ਅਗਰਵਾਲ ਨੇ ਇਹ ਵੀ ਦੱਸਿਆ ਕਿ ਪ੍ਰਵਾਨਗੀ ਲਈ ਆਨਲਾਈਨ ਅਤੇ ਆਫਲਾਈਨ ਅਰਜ਼ੀਆਂ ਕ੍ਰਮਵਾਰ 48 ਘੰਟੇ ਅਤੇ 24 ਘੰਟੇ ਤੋਂ ਪਹਿਲਾਂ ਜਮ੍ਹਾ ਕਰਵਾਉਣੀਆਂ ਜ਼ਰੂਰੀ ਹਨ। ਇਸ ਤੋਂ ਇਲਾਵਾ ਟੋਲ ਫ੍ਰੀ ਨੰਬਰ 1950 'ਤੇ ਵੀ ਜਾਣਕਾਰੀ ਲਈ ਜਾ ਸਕਦੀ ਹੈ। ਇਸ ਦੌਰਾਨ ਪੁਲਸ ਕਮਿਸ਼ਨਰ ਸਵਪਨ ਸ਼ਰਮਾ ਅਤੇ ਐਸ.ਐਸ.ਪੀ. ਜਲੰਧਰ (ਦਿਹਾਤੀ) ਅੰਕੁਰ ਗੁਪਤਾ ਨੇ ਕਿਹਾ ਕਿ ਆਦਰਸ਼ ਚੋਣ ਜ਼ਾਬਤੇ ਦੌਰਾਨ 50,000 ਤੋਂ ਵੱਧ ਨਕਦੀ ਨਾਲ ਲੈ ਕੇ ਨਹੀਂ ਚੱਲਣਾ ਚਾਹੀਦਾ। ਉਨ੍ਹਾਂ ਨੇ ਇਹ ਵੀ ਕਿਹਾ ਕਿ ਪੁਲਸ ਵੱਲੋਂ ਨਫ਼ਰਤੀ ਭਾਸ਼ਣ/ਆਦਰਸ਼ ਚੋਣ ਜ਼ਾਬਤੇ ਦੀ ਉਲੰਘਣਾ/ਭ੍ਰਿਸ਼ਟ ਕਾਰਵਾਈਆਂ ਆਦਿ ਖਿਲਾਫ਼ ਤੁਰੰਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਲੋਕਾਂ ਨੂੰ ਚੋਣ ਪ੍ਰਚਾਰ ਲਈ ਧਾਰਮਿਕ ਸਥਾਨਾਂ ਦੀ ਵਰਤੋਂ ਨਾ ਕਰਨ ਦੀ ਅਪੀਲ ਵੀ ਕੀਤੀ।ਮੀਟਿੰਗ ਵਿੱਚ ਕਾਂਗਰਸ, ਸ਼੍ਰੋਮਣੀ ਅਕਾਲੀ ਦਲ, ਭਾਜਪਾ, ਬਹੁਜਨ ਸਮਾਜ ਪਾਰਟੀ, ਆਮ ਆਦਮੀ ਪਾਰਟੀ, ਭਾਰਤੀ ਕਮਿਊਨਿਸਟ ਪਾਰਟੀ ਅਤੇ ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ) ਦੇ ਨੁਮਾਇੰਦੇ ਵੀ ਮੌਜੂਦ ਸਨ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਮੇਜਰ ਡਾ. ਅਮਿਤ ਮਹਾਜਨ, ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਜਸਬੀਰ ਸਿੰਘ, ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਲਖਵਿੰਦਰ ਸਿੰਘ ਅਤੇ ਸਮੂਹ 9 ਵਿਧਾਨ ਸਭਾ ਹਲਕਿਆਂ ਦੇ ਸਹਾਇਕ ਰਿਟਰਨਿੰਗ ਅਫ਼ਸਰ ਵੀ ਮੌਜੂਦ ਸਨ।

# ਸੰਜੀਵ ਅਰੋੜਾ ਨੇ ਮੁੜ ਸੰਭਾਲੀ ਭਾਰਤ ਵਿਕਾਸ ਪ੍ਰੀਸ਼ਦ ਦੀ ਕਮਾਨ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਭਾਰਤ ਵਿਕਾਸ ਪ੍ਰੀਸ਼ਦ ਦੀ ਚੁਣਾਵੀ ਬੈਠਕ ਸੂਬਾਈ ਚੋਣ ਅਧਿਕਾਰੀ ਸ਼੍ਰੀਮਤੀ ਆਸ਼ੂ ਵਰਮਾ ਦੀ ਪ੍ਰਧਾਨਗੀ ਹੇਠ ਸਥਾਨਕ ਹੋਟਲ ਵਿਖੇ ਹੋਈ। ਚੋਣ ਅਧਿਕਾਰੀ ਨੇ ਚੋਣ ਪ੍ਰਕਿਰਿਆ ਸ਼ੁਰੂ ਕਰਦੇ ਹੋਏ ਪ੍ਰਧਾਨ ਦੇ ਅਹੁਦੇ ਲਈ ਪ੍ਰਸਤਾਵ ਰੱਖਿਆ। ਇਸ ਤੋਂ ਬਾਅਦ ਭਾਰਤ ਵਿਕਾਸ ਪ੍ਰੀਸ਼ਦ ਦੇ ਸੀਨੀਅਰ ਮੈਂਬਰ ਵਿਜੈ ਅਰੋੜਾ ਵਲੋਂ ਸੰਜੀਵ ਅਰੋੜਾ ਦਾ ਨਾਂਅ ਪੇਸ਼ ਕੀਤਾ ਗਿਆ ਜਿਸ ਨੂੰ ਲੋਕੇਸ਼ ਖੰਨਾ ਵਲੋਂ ਮਨਜ਼ੂਰ ਕੀਤਾ ਗਿਆ, ਤੇ ਸਾਰੇ ਮੈਂਬਰਾਂ ਵਲੋਂ ਸਰਬਸੰਮਤੀ ਕੀਤੀ ਗਈ ਅਤੇ ਚੋਣ ਅਧਿਕਾਰੀ ਵਲੋਂ ਮਨਜ਼ੂਰੀ ਦੇਣ ਤੋਂ ਬਾਅਦ ਸੰਜੀਵ ਅਰੋੜਾ ਨੂੰ ਪ੍ਰਧਾਨ ਚੁਣ ਲਿਆ ਗਿਆ। ਇਸ ਤੋਂ ਬਾਅਦ ਸਕੱਤਰ ਦੇ ਅਹੁਦੇ ਲਈ ਰਾਜਿੰਦਰ ਮੋਦਗਿਲ ਦੇ ਨਾਂਅ 'ਤੇ ਸਹਿਮਤੀ ਬਣੀ ਅਤੇ ਐਚ.ਕੇ.ਨਕੜਾ ਨੂੰ ਖਜਾਨਚੀ ਦੀ ਜ਼ਿੰਮੇਦਾਰੀ ਸੌਂਪੀ ਗਈ। ਸ਼੍ਰੀਮਤੀ ਆਸ਼ੂ ਵਰਮਾ ਨੇ ਟੀਮ ਨੂੰ ਵਧਾਈ ਦਿੰਦੇ ਹੋਏ ਪ੍ਰੀਸ਼ਦ ਦੇ ਪੰਜ ਸੂਤਰ ਸੰਪਰਕ, ਸਹਿਯੋਗ, ਸੰਸਕਾਰ, ਸੇਵਾ ਅਤੇ ਸਮਰਪਣ ਦਾ ਅਨੁਸਰਣ ਕਰਦੇ ਹੋਏ ਮਾਨਵ ਸੇਵਾ ਦੇ ਕਾਰਜਾਂ ਨੂੰ ਬਿਨਾਂ ਕਿਸੇ ਰੁਕਾਵਟ ਤੋਂ ਜਾਰੀ ਰੱਖਣ ਦੀ ਗੱਲ ਕਹੀ। ਇਸ ਤੋਂ ਬਾਅਦ ਨਵ ਨਿਯੁਕਤ ਪ੍ਰਧਾਨ ਸੰਜੀਵ ਅਰੋੜਾ ਨੇ ਸੂਬਾ ਅਧਿਕਾਰੀ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਪਰਿਸ਼ਦ ਦਾ ਹਰ ਮੈਂਬਰ ਤਨ, ਮਨ ਅਤੇ ਧੰਨ ਨਾਲ ਮਾਨਵ ਸੇਵਾ ਦੇ ਕਾਰਜਾਂ ਨੂੰ ਕਰਨ ਲਈ ਤਿਆਰ ਰਹਿੰਦਾ ਹੈ। ਉਨਾਂ ਨੇ ਅਧਿਕਾਰੀਆਂ ਨੂੰ ਭਰੋਸਾ ਦਿੱਤਾ ਕਿ ਪ੍ਰੀਸ਼ਦ ਦੇ ਕਾਰਜਾਂ ਨੂੰ ਹੋਰ ਅੱਗੇ ਵਧਾਉਣ ਅਤੇ ਪ੍ਰੀਸ਼ਦ ਨੂੰ ਮਜ਼ਬੂਤੀ ਪ੍ਰਦਾਨ ਕਰਨ ਦੇ ਲਈ ਦਿਨ-ਰਾਤ ਯਤਨ ਕਰਦੇ ਰਹਿਣਗੇ। ਆਉਣ ਵਾਲੇ ਦਿਨਾਂ ਵਿੱਚ ਸਿੱਖਿਆ ਦੇ ਖੇਤਰ ਤੋਂ ਇਲਾਵਾ, ਬੇਟੀ ਬਚਾਓ, ਬੇਟੀ ਪੜ੍ਹਾਓ, ਸਵੱਛ ਭਾਰਤ, ਵਾਤਾਵਰਣ ਸੰਭਾਲ, ਜਲ ਸੰਭਾਲ, ਨਸ਼ੇ ਅਤੇ ਦਹੇਜ ਪ੍ਰਤੀ ਲੋਕਾਂ ਨੂੰ ਜਾਗਰੂਕ ਕਰਨ ਲਈ ਪ੍ਰੋਜੈਕਟ ਲਗਾਏ ਜਾਣਗੇ। ਇਸ ਦੇ ਨਾਲ ਪ੍ਰਦੇਸ਼ ਦੇ ਲੋਕਾਂ ਨੂੰ ਅੱਖਾਂ ਦੇ ਦਾਨ ਦੇ ਪ੍ਰਤੀ ਜਾਗਰੂਕ ਕਰਨ ਲਈ ਵਿਸ਼ੇਸ਼ ਮੁਹਿੰਮ ਚਲਾਈ ਜਵੇਗੀ ਤਾਂਕਿ ਪ੍ਰਦੇਸ਼ ਵਿੱਚ ਹੀ ਨਹੀ ਬਲਕਿ ਇਸ ਲਹਿਰ ਨੂੰ ਪੂਰੇ ਦੇਸ਼ ਵਿੱਚ ਫੈਲਾ ਕੇ ਅੰਨ੍ਹੇਪਣ ਦੀ ਸਮੱਸਿਆ ਨੂੰ ਜੜ ਤੋਂ ਖਤਮ ਕਰਨ ਲਈ ਯਤਨ ਕੀਤੇ ਜਾ ਸਕਣ ਤਾਂਕਿ ਭਵਿੱਖ ਵਿੱਚ ਇਸ ਕਾਰਜ ਦੀ ਸਫਲਤਾ ਨਾਲ ਪ੍ਰੀਸ਼ਦ ਦਾ ਨਾਮ ਸੁਨੈਹਿਰੀ ਅੱਖਰਾਂ ਵਿੱਚ ਲਿਖਿਆ ਜਾ ਸਕੇ।ਪ੍ਰੀਸ਼ਦ ਦੇ ਸਕੱਤਰ ਰਾਜਿੰਦਰ ਮੋਦਗਿਲ ਨੇ ਦੱਸਿਆ ਕਿ ਹੁਸ਼ਿਆਰਪੁਰ ਵਿਚ 2005 ਵਿੱਚ ਸੰਸਥਾ ਦੀ ਸ਼ੁਰੂਆਤ ਹੋਈ ਸੀ, ਉਸ ਸਮੇਂ ਦੇ ਡਿਪਟੀ ਕਮਿਸ਼ਨਰ ਡੀ.ਕੇ. ਤਿਵਾੜੀ ਅਤੇ ਸੋਨਾਲਿਕਾ ਇੰਟਰਨੈਸ਼ਨਲ ਦੇ ਐਮ.ਡੀ. ਅਮ੍ਰਿਤ ਸਾਗਰ ਮਿੱਤਲ ਵੱਲੋਂ ਕੀਤਾ ਗਿਆ ਸੀ ਜੋ ਬੱਟ ਦਰੱਖਤ ਦੇ ਰੂਪ ਵਿੱਚ ਜ਼ਰੂਰਤਮੰਦਾਂ ਦੀ ਸਹਾਇਤਾ ਲਈ ਮੋਢੀ ਕਾਰਜ ਕਰ ਰਿਹਾ ਹੈ ਅਤੇ ਮੋਦਗਿਲ ਨੇ ਆਸ਼ਾ ਪ੍ਰਕਟ ਕੀਤੀ ਕਿ ਅਰੋੜਾ ਪਹਿਲਾ ਦੀ ਤਰ੍ਹਾਂ ਸਾਰੀ ਟੀਮ ਨੂੰ ਨਾਲ ਲੈ ਕੇ ਲੋਕ ਭਲਾਈ ਦੇ ਕਾਰਜਾਂ ਨੂੰ ਪਹਿਲ ਦੇ ਆਧਾਰ 'ਤੇ ਕਰਦੇ ਰਹਿਣਗੇ। ਸਾਰੇ ਮੈਂਬਰਾਂ ਵਲੋਂ ਨਵ-ਨਿਯੁਕਤ ਟੀਮ ਨੂੰ ਫੁੱਲਾਂ ਦੇ ਹਾਰ ਪਹਿਨਾ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ 'ਤੇ ਕ੍ਰਿਸ਼ਨ ਅਰੋੜਾ, ਲੋਕੇਸ਼ ਖੰਨਾ, ਵਿਜੈ ਅਰੋੜਾ, ਅਮਰਜੀਤ ਸ਼ਰਮਾ, ਪ੍ਰੋ.ਦਲਜੀਤ ਸਿੰਘ, ਮਾਸਟਰ ਗੁਰਪ੍ਰੀਤ ਸਿੰਘ, ਗੌਰਵ ਸ਼ਰਮਾ, ਨਿਤਿਨ ਗੁਪਤਾ, ਰਮੇਸ਼ ਭਾਟੀਆ, ਕਪਿਲ ਦੇਵ ਪਰਾਸ਼ਰ, ਐਨ.ਕੇ.ਗੁਪਤਾ, ਰਵਿੰਦਰ ਭਾਟੀਆ, ਰਵੀ ਮਨੌਚਾ, ਵਿਕਾਸ ਕੁਮਾਰ, ਵਰਿੰਦਰ ਜੀਤ ਸਿੰਘ, ਨਿਪੁੰਨ ਸ਼ਰਮਾ, ਲੱਕੀ ਮਰਵਾਹਾ, ਰਮਨ ਬੱਬਰ, ਸ਼ਾਖਾ ਬੱਗਾ, ਜਗਦੀਸ਼ ਅਗਰਵਾਲ, ਰਾਜਕੁਮਾਰ ਮਲਿਕ ਅਤੇ ਹੋਰ ਮੌਜੂਦ ਸਨ।

# ਨੰਬਰਦਾਰ ਯੂਨੀਅਨ ਦਾ ਸਥਾਪਨਾ ਦਿਵਸ ਸ਼ਰਧਾ ਤੇ ਖੁਸ਼ੀਆਂ ਨਾਲ ਮਨਾਇਆ



**ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ )** ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਲਾਇਨ ਅਸ਼ੋਕ ਸੰਧੂ ਨੰਬਰਦਾਰ ਨੂਰਮਹਿਲ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਹੈੱਡ ਆਫਿਸ ਤਹਿਸੀਲ ਕੰਪਲੈਕਸ ਨੂਰਮਹਿਲ ਵਿਖੇ ਨੰਬਰਦਾਰ ਯੂਨੀਅਨ ਦਾ ਸਥਾਪਨਾ ਦਿਵਸ ਬੜੇ ਸ਼ਰਧਾ ਭਾਵ ਅਤੇ ਖੁਸ਼ੀਆਂ ਨਾਲ ਮਨਾਇਆ ਗਿਆ। ਇਸ ਸਮਾਗਮ ਵਿੱਚ ਕੈਨੇਡਾ ਨਿਵਾਸੀ ਐਨ.ਆਰ.ਆਈ ਰੋਸ਼ਨ ਲਾਲ ਸੀਟਕ ਨੇ ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ ਜਿਸਦਾ ਜਥੇਬੰਦੀ ਦੇ ਸੂਬਾ ਸਰਪ੍ਰਸਤ ਬਲਜਿੰਦਰ ਸਿੰਘ ਕਿੱਲੀ, ਸੂਬਾ ਸਕੱਤਰ ਜਨਰਲ ਧਰਮਿੰਦਰ ਸਿੰਘ ਖੱਟਰਾਂ, ਅਸ਼ੋਕ ਸੰਧੂ ਸੀਨੀਅਰ ਮੀਤ ਪ੍ਰਧਾਨ ਪੰਜਾਬ, ਜ਼ਿਲ੍ਹਾ ਜਨਰਲ ਸਕੱਤਰ ਸੁਰਿੰਦਰ ਸ਼ਿੰਦਾ, ਸੀਨੀਅਰ ਮੀਤ ਪ੍ਰਧਾਨ ਜ਼ਿਲ੍ਹਾ ਜਲੰਧਰ ਪਰਗਟ ਸਿੰਘ ਸਰਹਾਲੀ ਸਮੇਤ ਸਮੂਹ ਨੰਬਰਦਾਰਾਂ ਨੇ ਫੁੱਲਾਂ ਦੀ ਬਰਸਾਤ ਅਤੇ ਗਲ ਵਿੱਚ ਹਾਰ ਪਾ ਕੇ ਭਰਵਾਂ ਸਵਾਗਤ ਕੀਤਾ। ਮੁੱਖ ਮਹਿਮਾਨ ਸੀਟਕ ਨੇ ਜਥੇਬੰਦੀ 643 (ਰਜਿ:) ਦਾ ਪ੍ਰਮਾਣਿਤ ਝੰਡਾ ਲਹਿਰਾਇਆ। ਸਮਾਗਮ ਦੀ ਸ਼ੁਰੂਆਤ ਜੋਤ ਪ੍ਰਚੰਡ ਕਰਕੇ ਕੀਤੀ ਗਈ। ਦੇਸ਼ ਦੇ ਨੌਜਵਾਨ ਸ਼ਹੀਦਾਂ ਭਗਤ ਸਿੰਘ, ਰਾਜਗੁਰੂ, ਸੁਖਦੇਵ ਨੂੰ ਸ਼ਰਧਾਂਜਲੀ ਭੇਂਟ ਕੀਤੀ। ਜਥੇਬੰਦੀ ਨੂੰ ਲਾਮਬੰਦ ਕਰਨ ਵਾਲੇ ਜਥੇਬੰਦੀ ਦੇ ਮਹਾ ਨਾਇਕ ਮਾਸਟਰ ਸਰੂਪ ਸਿੰਘ ਦੇ ਬੁਲਾਰਿਆਂ ਵੱਲੋਂ ਸੋਹਲੇ ਗਾਏ ਗਏ। ਬੁਲਾਰਿਆਂ ਨੇ ਕਿਹਾ ਕਿ ਜੇਕਰ ਮਾਸਟਰ ਸਰੂਪ ਸਿੰਘ ਦੇ ਸੁਪਨਿਆਂ ਨੂੰ ਸਾਕਾਰ ਕਰਨਾ ਹੈ ਤਾਂ ਹਰ ਸੂਬਾ ਕਮੇਟੀ ਦੇ ਪ੍ਰਧਾਨਾਂ ਨੂੰ ਇੱਕ ਮੰਚ 'ਤੇ ਇਕੱਠੇ ਹੋਣਾ ਪਵੇਗਾ ਤਾਂ ਹੀ ਪੰਜਾਬ ਦੇ 35000 ਤੋਂ ਵੱਧ ਨੰਬਰਦਾਰਾਂ ਦੀਆਂ ਜ਼ਰੂਰੀ ਮੰਗਾਂ ਨੂੰ ਪੰਜਾਬ ਸਰਕਾਰ ਪਾਸੋਂ ਮੰਨਵਾਇਆ ਜਾ ਸਕੇਗਾ। ਬੁਲਾਰਿਆਂ ਵਿੱਚ ਜਥੇਬੰਦੀ ਦੇ ਸੂਬਾ ਸਰਪ੍ਰਸਤ ਬਲਜਿੰਦਰ ਸਿੰਘ ਕਿੱਲੀ, ਧਰਮਿੰਦਰ ਸਿੰਘ ਖੱਟਰਾਂ ਸੂਬਾ ਸਕੱਤਰ ਜਨਰਲ, ਅਸ਼ੋਕ ਸੰਧੂ ਸੀਨੀਅਰ ਮੀਤ ਪ੍ਰਧਾਨ ਪੰਜਾਬ, ਬਲਵਿੰਦਰ ਸਿੰਘ ਕੋਟ ਸ਼ਮੀਰ ਸੂਬਾ ਕਮੇਟੀ ਮੈਂਬਰ, ਸੀਨੀਅਰ ਮੀਤ ਪ੍ਰਧਾਨ ਜ਼ਿਲ੍ਹਾ ਜਲੰਧਰ ਪਰਗਟ ਸਿੰਘ ਸਾਬਕਾ ਸਰਪੰਚ ਸਰਹਾਲੀ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਨੰਬਰਦਾਰਾਂ ਦੀਆਂ ਮੰਗਾਂ ਨੂੰ ਤੁਰੰਤ ਪ੍ਰਭਾਵ ਨਾਲ ਮੰਨ ਲਿਆ ਜਾਵੇ। ਖਾਸ ਤੌਰ 'ਤੇ ਉਸ ਨੰਬਰਦਾਰ ਨੂੰ ਪੱਕਿਆਂ ਨਿਯੁਕਤ ਕਰ ਦਿੱਤਾ ਜਾਵੇ ਜਿਸ ਨੂੰ ਨੰਬਰਦਾਰ ਵੱਲੋਂ ਸਰਬਰਾਹ ਬਣਾਇਆ ਗਿਆ ਹੋਵੇ, ਮਾਣ ਭੱਤਾ ਘੱਟੋ-ਘੱਟ 5000/- ਰੁਪਏ ਪ੍ਰਤੀ ਮਹੀਨਾ ਕੀਤਾ ਜਾਵੇ।

ਇਸ ਸਾਰੇ ਪ੍ਰੋਗਰਾਮ ਨੂੰ ਨੇਪੜੇ ਚਾੜਨ ਵਿੱਚ ਲਾਇਨਜ਼ ਕਲੱਬ ਨੂਰਮਹਿਲ ਡ੍ਰੀਮ ਦੀ ਪ੍ਰਧਾਨ ਲਾਇਨ ਸੋਮਿਨਾਂ ਸੰਧੂ, ਪੀ.ਆਰ.ਓ ਲਾਇਨ ਦਿਨਕਰ ਸੰਧੂ, ਕੋਆਰਡੀਨੇਟਰ ਲਾਇਨ ਬਬਿਤਾ ਸੰਧੂ, ਚੇਅਰਪਰਸਨ ਲਾਇਨ ਜਸਪ੍ਰੀਤ ਕੌਰ ਸੰਧੂ ਨੇ ਵਿਸ਼ੇਸ਼ ਸਹਿਯੋਗ ਕੀਤਾ ਅਤੇ ਸਥਾਪਨਾ ਦਿਵਸ ਦੀ ਖੁਸ਼ੀ ਵਿੱਚ ਜ਼ਿਲ੍ਹਾ ਜਲੰਧਰ ਦੇ ਪੀ.ਆਰ.ਓ ਜਗਨ ਨਾਥ ਚਾਹਲ, ਪ੍ਰੈਸ ਸਕੱਤਰ ਤਰਸੇਮ ਸਿੰਘ ਉੱਪਲ, ਸਲਾਹਕਾਰ ਮਹਿੰਦਰ ਸਿੰਘ ਨਾਹਲ ਨਾਲ ਮਿਲਕੇ ਪੰਡਾਲ ਨੂੰ ਖੂਬਸੂਰਤੀ ਨਾਲ ਸਜਾਉਣ ਉਪਰੰਤ ਕੇਕ ਕੱਟਣ ਦੀ ਰਸਮ ਮੁੱਖ ਮਹਿਮਾਨ ਰੋਸ਼ਨ ਲਾਲ ਸੀਟਕ ਪਾਸੋਂ ਕਰਵਾਈ ਅਤੇ ਉਹਨਾਂ ਨੂੰ 'ਭਗਤੀ ਪ੍ਰਸਾਰ ਐਵਾਰਡ ਨਾਲ ਉਚੇਚੇ ਤੌਰ 'ਤੇ ਸਨਮਾਨਿਤ ਕੀਤਾ ਗਿਆ।

ਇਸ ਸਮਾਗਮ ਵਿੱਚ ਸੂਬਾ ਮੀਤ ਪ੍ਰਧਾਨ ਸਰਦੂਲ ਸਿੰਘ ਸਹਿਣੇਵਾਲ, ਨੰਬਰਦਾਰ ਭੁਪਿੰਦਰ ਸਿੰਘ ਜੀਂਦਾ, ਜ਼ਿਲ੍ਹਾ ਜਨਰਲ ਸਕੱਤਰ ਬਠਿੰਡਾ ਅਮਰਜੀਤ ਸਿੰਘ, ਨੰਬਰਦਾਰ ਦਿਲਾਵਰ ਸਿੰਘ ਗੁਮਟਾਲੀ, ਜਸਮੇਲ ਸਿੰਘ ਬਿਲਗਾ, ਬੂਟਾ ਸਿੰਘ ਤਲਵਣ, ਮਹਿੰਦਰ ਸਿੰਘ ਧਨੀ ਪਿੰਡ, ਜਗੀਰ ਸਿੰਘ ਸੰਗੋਵਾਲ, ਗੁਰਚਰਨ ਸਿੰਘ ਧਨੀ ਪਿੰਡ, ਸਤਨਾਮ ਸਿੰਘ ਸਾਬਕਾ ਸਰਪੰਚ ਹਰਦੋ ਸੰਘਾ, ਹਰਭਜਨ ਸਿੰਘ ਭੰਡਾਲ ਬੂਟਾ, ਮੋਹਨ ਲਾਲ ਤਲਵਣ, ਆਤਮਾ ਰਾਮ ਭੰਡਾਲ ਬੂਟਾ, ਸੋਨੂੰ ਕਪੂਰਥਲਾ ਤੋਂ ਇਲਾਵਾ ਹੋਰ ਬਹੁਤ ਸਾਰੇ ਸਿਪਾਸਿਲਾਰ ਅਤੇ ਪਤਵੰਤੇ ਹਾਜ਼ਰ ਸਨ। ਸਾਰਿਆਂ ਨੇ ਮਿਲਕੇ ਨੰਬਰਦਾਰ ਯੂਨੀਅਨ ਜ਼ਿੰਦਾਬਾਦ ਦੇ ਨਾਅਰੇ ਲਗਾਏ ਅਤੇ ਰਾਸ਼ਟਰ ਗਾਣ ਗਾਕੇ ਦੇਸ਼ ਦੇ ਪ੍ਰਤੀ ਆਪਣਾ ਮੋਹ ਦਿਖਾਇਆ। ਜ਼ਿਲ੍ਹਾ ਸਕੱਤਰ ਜਨਰਲ ਸੁਰਿੰਦਰ ਸਿੰਘ ਨੇ ਦੱਸਿਆ ਕਿ ਬੀਤੇ ਦੋ ਦਹਾਕਿਆਂ ਦੇ ਵੱਧ ਸਮੇਂ ਤੋਂ ਨੰਬਰਦਾਰ ਅਸ਼ੋਕ ਸੰਧੂ ਨੰਬਰਦਾਰ ਯੂਨੀਅਨ ਦਾ ਇਹ ਪਾਵਨ ਅਤੇ ਪਵਿੱਤਰ ਦਿਹਾੜਾ ਸਥਾਪਨਾ ਦਿਵਸ ਮਨਾ ਰਹੇ ਹਨ ਜੋਕਿ ਪੂਰੇ ਪੰਜਾਬ ਵਿੱਚ ਇੱਕ ਵਿਲੱਖਣ ਮਿਸਾਲ ਹੈ ਅਤੇ ਨੰਬਰਦਾਰਾਂ ਵਾਸਤੇ ਬੜੇ ਵੱਡੇ ਮਾਣ ਦੀ ਗੱਲ ਹੈ। ਸੂਬਾ ਪ੍ਰਧਾਨ ਜਰਨੈਲ ਸਿੰਘ ਝੜਮੜੀ ਅਤੇ ਸੂਬਾ ਕਮੇਟੀ ਦੇ ਮੁੱਖ ਸਲਾਹਕਾਰ ਕੁਲਵੰਤ ਸਿੰਘ ਝਾਮਪੁਰ ਨੇ ਸਥਾਪਨਾ ਦਿਵਸ ਨੂੰ ਲਗਾਤਾਰ ਅਤੇ ਦ੍ਰਿੜਤਾ ਨਾਲ ਮਨਾਏ ਜਾਣ ਵਜੋਂ ਸਮੂਹ ਨੰਬਰਦਾਰਾਂ ਨੂੰ ਮੁਬਾਰਕਬਾਦ ਦਿੱਤੀ।

# ਜ਼ਿਲ੍ਹੇ ਦੇ ਸਕੂਲਾਂ 'ਚ ਨਤੀਜਿਆਂ ਦੀ ਘੋਸ਼ਣਾ ਮੌਕੇ ਮਤਦਾਨ ਪ੍ਰਤੀ ਜਾਗਰੂਕ ਕੀਤਾ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, ( ਗੁਰਜੀਤ ਬਿੱਲਾ )**— ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲੋਕ ਸਭਾ ਚੋਣਾਂ-2024 ਲਈ ਪੰਜਾਬ 'ਚ ਪਹਿਲੀ ਜੂਨ, 2024 ਨੂੰ ਹੋਣ ਜਾ ਰਹੇ ਮਤਦਾਨ ਪ੍ਰਤੀ ਜ਼ਮੀਨੀ ਪੱਧਰ ਤੱਕ ਜਾਗਰੂਕਤਾ ਫੈਲਾਉਣ ਦੇ ਮੰਤਵ ਨਾਲ ਜਿੱਥੇ ਸਕੂਲਾਂ 'ਚ ਮਾਰਚ ਮਹੀਨੇ ਦੇ ਆਖਰੀ ਦਿਨਾਂ 'ਚ ਆਪਣੇ ਬੱਚਿਆਂ ਦਾ ਸਲਾਨਾ ਅਕਾਦਮਿਕ ਨਤੀਜਾ ਲੈਣ ਆਏ ਮਾਪਿਆਂ ਨੂੰ ਮਤਦਾਨ ਕਰਨ ਪ੍ਰਤੀ ਜਾਗਰੂਕ ਕੀਤਾ ਗਿਆ ਉੱਥੇ ਰੋਜ਼ਾਨਾ ਸਵੇਰ ਦੀ ਸਭਾ 'ਚ ਅਧਿਆਪਕਾਂ ਵੱਲੋਂ ਬੱਚਿਆਂ ਨੂੰ ਆਪਣੇ ਮਾਪਿਆਂ ਅਤੇ ਆਲੇ-ਦੁਆਲੇ 'ਚ ਮਤਦਾਨ ਪ੍ਰਤੀ ਚੇਤੰਨਤਾ ਫੈਲਾਉਣ ਲਈ ਸੰਦੇਸ਼ ਦਿੱਤਾ ਜਾ ਰਿਹਾ ਹੈ। ਜ਼ਿਲ੍ਹਾ ਸਵੀਪ ਨੋਡਲ ਅਫ਼ਸਰ ਪ੍ਰੋ. ਗੁਰਬਖਸ਼ ਸਿੰਘ ਅਨਟਾਲ ਅਨੁਸਾਰ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਸ੍ਰੀਮਤੀ ਆਸ਼ਿਕਾ ਜੈਨ ਦੀ ਅਗਵਾਈ 'ਚ ਜ਼ਿਲ੍ਹਾ ਸਵੀਪ ਟੀਮ ਹਰ ਸੰਭਵ ਢੰਗ-ਤਰੀਕਾ ਵਰਤ ਕੇ ਮਤਾਦਾਤਾਵਾਂ ਨੂੰ ਮਤਦਾਨ ਪ੍ਰਤੀ ਜਾਗਰੂਕ ਕਰ ਰਹੀ ਹੈ। ਉਨ੍ਹਾਂ ਦੱਸਿਆ ਕਿ ਜਿੱਥੇ 9 ਅਪਰੈਲ ਨੂੰ ਪੰਜਾਬ ਕਿੰਗਜ਼ ਅਤੇ ਸਨ ਰਾਈਜ਼ਰਜ਼ ਹੈਦਰਾਬਾਦ ਵਿਚਾਲੇ ਹੋਣ ਵਾਲੇ ਆਈ ਪੀ ਐਲ ਲੜੀ ਦੇ ਮੈਚ ਨੂੰ ਲੈ ਕੇ ਵਿਸ਼ੇਸ਼ ਸਵੀਪ ਗਤੀਵਿਧੀਆਂ ਉਲੀਕੀਆਂ ਜਾ ਰਹੀਆਂ ਹਨ, ਉੱਥੇ ਜ਼ਿਲ੍ਹੇ ਦੇ ਸਰਕਾਰੀ ਸਕੂਲਾਂ 'ਚ ਪੜ੍ਹਦੇ ਵਿਦਿਆਰਥੀਆਂ ਰਾਹੀਂ ਉਨ੍ਹਾਂ ਦੇ ਮਾਪਿਆਂ ਨੂੰ ਵੀ ਨਿਰੰਤਰ ਮਤਦਾਨ ਪ੍ਰਤੀ ਪ੍ਰੇਰਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿੱਚ ਡਿਪਟੀ ਕਮਿਸ਼ਨਰ ਵੱਲੋਂ 80 ਫ਼ੀਸਦੀ ਮਤਦਾਨ ਦਾ ਟੀਚਾ ਪ੍ਰਾਪਤ ਕਰਨ ਦੇ ਉਪਰਾਲਿਆਂ ਦੀ ਲੜੀ 'ਚ ਅਗਲੇ ਦਿਨਾਂ 'ਚ ਨਿਵੇਕਲੇ ਢੰਗ ਦੀਆਂ ਸਵੀਪ ਗਤੀਵਿਧੀਆਂ ਉਲੀਕੀਆਂ ਜਾ ਰਹੀਆਂ ਹਨ, ਜਿਸ ਨਾਲ ਲੋਕਾਂ ਦਾ ਧਿਆਨ ਮਤਦਾਨ ਵੱਲ ਵਿਸ਼ੇਸ਼ ਰੂਪ 'ਚ ਖਿੱਚਿਆ ਜਾ ਸਕੇਗਾ। ਜ਼ਿਲ੍ਹਾ ਉੱਪ ਸਿਖਿਆ ਅਫ਼ਸਰ (ਸੈਕੰਡਰੀ) ਅੰਗਰੇਜ ਸਿੰਘ ਜੋ ਕਿ ਸਕੂਲਾਂ 'ਚ ਇਨ੍ਹਾਂ ਸਵੀਪ ਗਤੀਵਿਧੀਆਂ ਲਈ ਨੋਡਲ ਅਧਿਕਾਰੀ ਵਜੋਂ ਕੰਮ ਕਰ ਰਹੇ ਹਨ, ਨੇ ਦੱਸਿਆ ਕਿ ਜ਼ਿਲ੍ਹਾ ਸਿਖਿਆ ਅਫ਼ਸਰ (ਸੈਕੰਡਰੀ) ਸਤਨਾਮ ਸਿੰਘ ਬਾਠ ਦੀ ਅਗਵਾਈ 'ਚ ਜ਼ਿਲ੍ਹੇ ਦੇ ਸਮੂਹ ਅਪਰ ਪ੍ਰਾਇਮਰੀ ਸਕੂਲਾਂ 'ਚ ਸਵੀਪ ਗਤੀਵਿਧੀਆਂ ਨੂੰ ਹੁਲਾਰਾ ਦਿੱਤਾ ਜਾ ਰਿਹਾ ਹੈ। ਇਨ੍ਹਾਂ ਗਤੀਵਿਧੀਆਂ ਤਹਿਤ ਜਿੱਥੇ ਸਕੂਲ 'ਚ ਨਤੀਜਾ ਸੁਣਨ ਆਏ ਵਿਦਿਅਆਰਥੀਆਂ ਦੇ ਮਾਪਿਆਂ ਨੂੰ ਮਤਦਾਨ ਦੀ ਮਹੱਤਤਾ ਬਾਰੇ ਦੱਸਿਆ ਜਾਂਦਾ ਹੈ ਉੱਥੇ ਨਵੇਂ ਦਾਖਲੇ ਕਰਵਾਉਣ ਆ ਰਹੇ ਮਾਪਿਆਂ ਨੂੰ ਵੀ ਇੱਕ-ਇੱਕ ਵੋਟ ਦੀ ਅਹਿਮੀਅਤ ਬਾਰੇ ਜਾਣੂ ਕਰਵਾਇਆ ਜਾਂਦਾ ਹੈ। ਵਿਦਿਆਰਥੀਆਂ ਨੂੰ ਜਿੱਥੇ ਸਵੇਰ ਦੀ ਸਭਾ 'ਚ ਲੋਕਤੰਤਰੀ ਅਮਲ ਦੀ ਰੀੜ੍ਹ ਦੀ ਹੱਡੀ ਵੱਲੋਂ ਜਾਣੇ ਜਾਂਦੇ ਮਤਦਾਨ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਜਾਂਦੀ ਹੈ ਉੱਥੇ ਉਨ੍ਹਾਂ ਨੂੰ ਆਪਣੇ ਮਾਪਿਆਂ ਅਤੇ ਆਲੇ-ਦੁਆਲੇ 'ਚ ਨਿਰਪੱਖ ਅਤੇ ਲੋਭ-ਰਹਿਤ ਮਤਦਾਨ ਬਾਰੇ ਪ੍ਰੇਰਨ ਲਈ ਪ੍ਰਣ ਵੀ ਦਿਵਾਇਆ ਜਾ ਰਿਹਾ ਹੈ। ਜ਼ਿਲ੍ਹਾ ਸਵੀਪ ਨੋਡਲ ਅਫ਼ਸਰ ਪ੍ਰੋ. ਅਨਟਾਲ ਨੇ ਅੱਗੇ ਦੱਸਿਆ ਕਿ ਇਸ ਤੋਂ ਇਲਾਵਾ ਅਗਲੇ ਦਿਨਾਂ ਸਕੂਲਾਂ 'ਚ ਜਾਗਰੂਕਤਾ ਵਜੋਂ ਪੋਸਟਰ ਮੇਕਿੰਗ, ਮੈਰਾਥਨ, ਸਲੋਗਨ ਰਾਈਟਿੰਗ, ਕੁਇਜ਼ ਮੁਕਾਬਲੇ, ਨਵੇਂ ਵੋਟਰਾਂ ਦੇ ਮਹਿੰਦੀ ਮੁਕਾਬਲੇ ਆਦਿ ਵੀ ਕਰਵਾਏ ਜਾਣਗੇ।

ਉਨ੍ਹਾਂ ਦੱਸਿਆ ਕਿ ਸਕੂਲਾਂ 'ਚ ਕੈਂਪਸ ਅੰਬੈਸਡਰ ਵੀ ਬਣਾਏ ਗਏ ਹਨ ਅਤੇ ਅਧਿਆਪਕਾਂ ਨੂੰ ਇਲੈਕਟੋਰਲ ਲਿਟਰੇਸੀ ਇੰਚਾਰਜ ਅਤੇ ਆਪਣੀ ਸੰਸਥਾ ਦਾ ਸਵੀਪ ਨੋਡਲ ਅਫ਼ਸਰ ਲਾਇਆ ਗਿਆ ਹੈ, ਜਿਸ ਸਬੰਧੀ ਅਗਲੇ ਹਫ਼ਤੇ ਟ੍ਰੇਨਿੰਗ ਰੱਖੀ ਗਈ ਹੈ।

# ਬਿਜਲੀ ਕੁਨੈਕਸ਼ਨ ਕੱਟਣ ਦੇ ਵਿਰੋਧ 'ਚ ਜਥੇਬੰਦੀਆਂ ਨੇ ਰੋਸ ਮੀਟਿੰਗ ਦਾ ਕੀਤਾ ਐਲਾਨ



**ਕੁਰਾਲੀ (ਮੋਹਨ ਅਗਰਵਾਲ)**-ਕੁਰਾਲੀ ਸ਼ਹਿਰ ਦੀ ਹੱਦ ਅੰਦਰ ਪੈਂਦੇ ਪਿੰਡ ਪਡਿਆਲਾ ਵਿਖੇ ਲਾਵਾਰਿਸ ਅਤੇ ਨਿਆਸਰਿਆਂ ਦੀ ਸੇਵਾ ਸੰਭਾਲ ਕਰ ਰਹੀ ਸੰਸਥਾ 'ਪ੍ਰਭ ਆਸਰਾ' ਵਿੱਚ ਲਗਭਗ 450 ਮਾਨਸਿਕ ਰੋਗਾਂ ਤੋਂ ਪੀੜਤ, ਅਨਾਥ, ਅਪਾਹਿਜ ਅਤੇ ਲਾਚਾਰ ਨਾਗਰਿਕ ਜੋ ਵਿਭਾਗ ਵੱਲੋਂ ਬਿਜਲੀ ਕੁਨੈਕਸ਼ਨ ਕੱਟਣ ਕਾਰਨ ਬਿਜਲੀ ਤੋਂ ਬਿਨਾਂ ਪਿਛਲੇ ਲੰਬੇ ਸਮੇਂ ਤੋਂ ਅਣਸੁਖਾਵੇਂ ਹਾਲਾਤ ਵਿੱਚ ਦੁੱਖ ਝੱਲ ਰਹੇ ਹਨ। ਇਸ ਸਬੰਧੀ ਅੱਜ ਪ੍ਰਭ ਆਸਰਾ, ਕੁਰਾਲੀ ਵਿਖੇ ਇਲਾਕੇ ਦੀਆਂ ਵੱਖ-ਵੱਖ ਧਾਰਮਿਕ, ਸਮਾਜਿਕ ਅਤੇ ਕਿਸਾਨ ਜਥੇਬੰਦੀਆਂ ਦੇ ਆਗੂ ਰੇਸ਼ਮ ਸਿੰਘ ਬਡਾਲੀ ਕਿਸਾਨ ਯੂਨੀਅਨ ਕਾਦੀਆਂ, ਰਵਿੰਦਰ ਸਿੰਘ ਵਜੀਦਪੁਰ ਲੋਕ ਹਿੱਤ ਮਿਸ਼ਨ, ਪਰਮਦੀਪ ਸਿੰਘ ਵੈਦਵਾਨ ਕਿਸਾਨ ਯੂਨੀਅਨ ਰਾਜੇਵਾਲ, ਜਰਨੈਲ ਸਿੰਘ ਕਿਰਤੀ ਕਿਸਾਨ ਮੋਰਚਾ, ਸੁਖਵਿੰਦਰ ਸਿੰਘ ਸ਼ਾਹਪੁਰ ਨਵੀਂ ਸੋਚ ਨਵੀਂ ਪੁਲਾਂਘ, ਸੁਰਿੰਦਰ ਸਿੰਘ ਬੁੱਗਾ ਸ਼ੇਰੇ ਪੰਜਾਬ ਕਿਸਾਨ ਯੂਨੀਅਨ ਅਤੇ ਦਵਿੰਦਰ ਸਿੰਘ ਦੇਹ ਕਲਾਂ ਲੱਖੋਵਾਲ, ਕਿਰਪਾਲ ਸਿੰਘ ਸਿਆਊਂ ਜਿਜ਼ਲ੍ਹਾ ਪ੍ਰਧਾਨ ਕਿਸਾਨ ਯੂਨੀਅਨ ਰਾਜੇਵਾਲ ਵੱਲੋਂ ਪ੍ਰਭ ਆਸਰਾ ਦੇ ਇਨ੍ਹਾਂ ਬੇਸਹਾਰਾ ਨਾਗਰਿਕਾਂ ਬਾਰੇ ਜਾਇਜ਼ਾ ਲੈਣ ਤੋਂ ਬਾਅਦ ਕਿਹਾ ਕਿ ਬਿਜਲੀ ਦੀ ਸਪਲਾਈ ਦਾ ਨਾ ਹੋਣਾ ਇਸ ਸੰਸਥਾ ਵਿੱਚ ਰਹਿਣ ਵਾਲੇ ਬਿਮਾਰ ਲੋਕਾਂ ਦੇ ਜੀਵਨ ਅਤੇ ਤੰਦਰੁਸਤੀ ਲਈ ਗੰਭੀਰ ਖ਼ਤਰਾ ਬਣਿਆ ਹੋਇਆ ਹੈ। ਸਰਕਾਰ ਦੀਆਂ ਇਨ੍ਹਾਂ ਨਾਲ ਹੋ ਰਹੀਆਂ ਧੱਕੇਸ਼ਾਹੀਆਂ ਨੂੰ ਦੇਖ ਕੇ ਮਨ ਬਹੁਤ ਦੁਖੀ ਹੋ ਰਿਹਾ ਹੈ। ਇਨ੍ਹਾਂ ਦਿਨਾਂ ਵਿੱਚ ਗਰਮੀ ਦਾ ਮੌਸਮ ਸ਼ੁਰੂ ਹੋਣ ਕਾਰਨ ਟਾਇਲਟਾਂ ਦੀ ਵਰਤੋਂ ਲਈ ਲੋੜੀਂਦਾ ਪਾਣੀ, ਇਲਾਜ/ਸੰਭਾਲ ਲਈ ਐਮਰਜੈਂਸੀ ਵਰਤੋਂ ਵਾਲੀਆਂ ਅਲੱਗ-ਅਲੱਗ ਮਸ਼ੀਨਾਂ ਅਤੇ ਲੋੜੀਂਦਾ ਵਾਤਾਵਰਨ ਦੇਣ ਲਈ ਲੋੜੀਂਦੇ ਉਪਕਰਨ ਬੁਰੀ ਤਰ੍ਹਾਂ ਪ੍ਰਭਾਵਿਤ ਹੋਏ ਹਨ। ਜਿਸ ਕਾਰਨ ਇਨ੍ਹਾਂ ਨਾਗਰਿਕਾਂ ਦੀ ਸਿਹਤ ਦਾ ਵੀ ਨੁਕਸਾਨ ਹੋ ਰਿਹਾ ਹੈ। ਇਸ ਬਾਰੇ ਜਥੇਬੰਦੀਆਂ ਦੇ ਆਗੂਆਂ ਨੇ ਮੀਟਿੰਗ ਕਰਨ ਤੋਂ ਬਾਅਦ ਫੈਸਲਾ ਕੀਤਾ ਕਿ 9 ਅਪ੍ਰੈਲ 10:30 ਵਜੇ ਸਵੇਰੇ ਪ੍ਰਭ ਆਸਰਾ, ਪਡਿਆਲਾ, ਕੁਰਾਲੀ ਵਿਖੇ ਵੱਡੀ ਰੋਸ ਮੀਟਿੰਗ ਕੀਤੀ ਜਾਵੇਗੀ ਅਤੇ ਅਗਲੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ।ਇਸ ਮੌਕੇ ਹਰਪ੍ਰੀਤ ਸਿੰਘ ਕਲਾਲ ਮਾਜਰਾ, ਸੁਖਜਿੰਦਰ ਸਿੰਘ ਸੋਹੀ, ਕੁਲਵਿੰਦਰ ਸਿੰਘ ਸਰਪੰਚ ਝੱਲੀਆਂ, ਕਰਮਜੀਤ ਸਿੰਘ ਬਡਾਲੀ ਆਦਿ ਸ਼ਖਸੀਅਤਾਂ ਵੀ ਹਾਜ਼ਰ ਸਨ।

# ਰਾਕੇਸ਼ ਸੁੰਮਨ ਦਾ ਸਵਾਗਤ ਭਲਕੇ : ਗੁਰਲਾਲ ਸੈਲਾ



**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)** ਬਹੁਜਨ ਸਮਾਜ ਪਾਰਟੀ ਲੋਕ ਸਭਾ ਹੁਸ਼ਿਆਰਪੁਰ ਦੇ ਇੰਚਾਰਜ ਗੁਰਲਾਲ ਸ਼ੈਲਾ ਨੇ ਕਿਹਾ ਕਿ 5 ਅਪ੍ਰੈਲ ਦਿਨ ਸ਼ੁੱਕਰਵਾਰ ਨੂੰ ਸਵੇਰੇ 10 ਵਜੇ ਦੌਲਤ ਗਾਰਡਨ ਚੰਡੀਗੜ੍ਹ ਰੋਡ ਨਜ਼ਦੀਕ ਸ਼ੇਰਗੜ੍ਹ ਬਾਈਪਾਸ ਵਿਖੇ ਬਸਪਾ ਲੋਕ ਸਭਾ ਹੁਸ਼ਿਆਰਪੁਰ ਦੇ ਉਮੀਦਵਾਰ ਰਾਕੇਸ਼ ਸੁੰਮਨ ਦਾ ਨਿੱਘਾ ਸਵਾਗਤ ਹੋਵੇਗਾ, ਜਿਸ 'ਚ ਬਸਪਾ ਪੰਜਾਬ ਦੇ ਇੰਚਾਰਜ ਰਣਧੀਰ ਸਿੰਘ ਬੈਨੀਵਾਲ, ਜਸਵੀਰ ਸਿੰਘ ਗੜ੍ਹੀ ਪ੍ਰਧਾਨ ਪੰਜਾਬ ਲੀਡਰਸ਼ਿਪ ਨੂੰ ਚੋਣਾਂ ਸੰਬੰਧੀ ਦਿਸ਼ਾ ਨਿਰਦੇਸ਼ ਜਾਰੀ ਕਰਨਗੇ।ਉਨ੍ਹਾਂ ਕਿਹਾ ਕਿ ਵਿਧਾਨ ਸਭਾਵਾਂ ਤੋਂ ਭਾਰੀ ਗਿਣਤੀ 'ਚ ਵਰਕਰ ਸ਼ਾਮਲ ਹੋਣਗੇ।ਗੁਰਲਾਲ ਸ਼ੈਲਾ ਨੇ ਦੱਸਿਆ ਕਿ ਬਸਪਾ ਦੇ ਰਾਸ਼ਟਰੀ ਪ੍ਰਧਾਨ ਭੈਣ ਕੁਮਾਰੀ ਮਾਇਆਵਤੀ ਦੇ ਹੁਕਮ ਅਨੁਸਾਰ ਅਤੇ ਪੰਜਾਬ ਹਰਿਆਣਾ ਚੰਡੀਗੜ੍ਹ ਦੇ ਇੰਚਾਰਜ ਰਣਧੀਰ ਸਿੰਘ ਬੈਨੀਵਾਲ ਦੇ ਦਿਸ਼ਾ ਨਿਰਦੇਸ਼ਾਂ 'ਚ ਬਸਪਾ ਦੇ ਲੋਕ ਸਭਾ ਹੁਸ਼ਿਆਰਪੁਰ (ਰਾਖਵੇਂ) ਤੋਂ ਉਮੀਦਵਾਰ ਰਾਕੇਸ਼ ਸੁੰਮਨ ਨੂੰ ਉਮੀਦਵਾਰ ਐਲਾਨਿਆ ਗਿਆ ਹੈ ਜੋ ਕਿ ਰਾਜਨੀਤੀਕ ਪਿਛੋਕੜ ਨਾਲ ਸਬੰਧਿਤ ਹਲਕਾ ਸ਼ਾਮ ਚੌਰਾਸੀ ਦੇ ਪਿੰਡ ਪੰਡੋਰੀ ਬਾਵਾ ਦਾਸ ਦੇ ਵਸਨੀਕ ਹਨ ਅਤੇ ਇਨ੍ਹਾਂ ਦੇ ਨਾਨਾ ਦੇ ਭਰਾ ਮਰਹੂਮ ਕਰਮ ਚੰਦ ਵਿਧਾਨ ਸਭਾ ਹੁਸ਼ਿਆਰਪੁਰ ਤੋਂ ਉਪ ਚੋਣ 1957 'ਚ ਕਾਂਗਰਸ ਨੂੰ 13000 ਵੋਟਾਂ ਨਾਲ ਹਰਾਕੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੀ ਸ਼ੈਡੀਊਲ ਕਾਸਟ ਫੈਡਰੇਸ਼ਨ ਪਾਰਟੀ ਤੋਂ ਵਿਧਾਇਕ ਜਿੱਤੇ ਸਨ।ਇਨ੍ਹਾਂ ਦੇ ਪਿਤਾ ਨੇ ਦੇਸ਼ ਦੀ ਸੇਵਾ ਕਰਦਿਆਂ ਫੌਜ 'ਚ ਮਿਲਟਰੀ ਇੰਜੀਨੀਅਰ 'ਚ ਸਰਵਿਸ ਕੀਤੀ ਹੈ।ਰਾਕੇਸ਼ ਸੁੰਮਨ ਖੁੱਦ ਆਪ ਇਲਾਕੇ ਦੇ ਨਾਮਵਰ ਸਮਾਜਸੇਵੀ ਹਨ।

# ਜੇ ਏ ਡੀ ਸੀਨੀਅਰ ਸੈਕੰਡਰੀ ਸਕੂਲ ਦਾ ਪੰਜਵੀਂ ਦਾ ਨਤੀਜਾ ਸ਼ਾਨਦਾਰ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**-ਪਿੰਡ ਜੱਲੋਵਾਲ ਵਿਖੇ ਜੇ ਏ ਡੀ ਸੀਨੀਅਰ ਸੈਕੰਡਰੀ ਸਕੂਲ ਦਾ ਪੰਜਵੀਂ ਜਮਾਤ ਦਾ ਨਤੀਜਾ 100% ਰਿਹਾ। ਇਸ ਮੌਕੇ ਪ੍ਰਿੰਸੀਪਲ ਸਤਨਾਮ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਦੱਸਿਆ ਕਿ ਪੰਜਵੀਂ ਕਲਾਸ ਦਾ ਨਤੀਜਾ ਘੋਸ਼ਿਤ ਕੀਤਾ ਗਿਆ।

ਜਿਸ ਵਿੱਚ ਜੇ ਏ ਡੀ ਸੀਨੀਅਰ ਸੈਕੰਡਰੀ ਸਕੂਲ ਜੱਲੋਵਾਲ (ਹੁਸ਼ਿਆਰਪੁਰ) ਬੱਚਿਆਂ ਨੇ ਚੰਗੇ ਅੰਕ ਪ੍ਰਾਪਤ ਕਰਕੇ ਸਕੂਲ ਅਤੇ ਆਪਣੇ ਮਾਤਾ ਪਿਤਾ ਦਾ ਨਾਂਅ ਰੋਸ਼ਨ ਕੀਤਾ। ਉਨ੍ਹਾਂ ਦੱਸਿਆ ਕਿ ਨਤੀਜੇ ਵਿੱਚ 18 ਬੱਚਿਆਂ ਨੇ 90% ਤੋਂ ਵੱਧ ਅੰਕ ਪ੍ਰਾਪਤ ਕੀਤੇ ਅਤੇ ਸਕੂਲ ਦਾ ਨਤੀਜਾ 100% ਰਿਹਾ।

ਉਨ੍ਹਾਂ ਦੱਸਿਆ ਕਿ ਪਹਿਲੇ ਸਥਾਨ 'ਤੇ ਹਰਗੁਨ ਕੌਰ 98 ਪ੍ਰਤੀਸ਼ਤ ਅੰਕ ਪ੍ਰਾਪਤ ਕੀਤੇ। ਦੂਜੇ ਸਥਾਨ 'ਤੇ ਸੁਖਮਨ ਸੈਣੀ ਨੇ 98%, ਤੀਸਰੇ ਸਥਾਨ ਤੇ ਜਸ਼ਨਪ੍ਰੀਤ ਸਿੰਘ ਨੇ 96% ਅੰਕ ਪ੍ਰਾਪਤ ਕੀਤੇ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸਤਨਾਮ ਸਿੰਘ ਬੱਚਿਆਂ ਨੂੰ ਯਾਦਗਾਰ ਚਿੰਨ੍ਹ ਦੇ ਕੇ ਸਨਮਾਨਤ ਕੀਤਾ, ਬੱਚਿਆਂ ਨੂੰ ਵਧਾਈਆਂ ਦਿੱਤੀਆਂ ਅਤੇ ਅੱਗੇ ਤੋਂ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਮਨਪ੍ਰੀਤ ਸਿੰਘ, ਅਮਰਿੰਦਰ ਕੌਰ, ਸਿਮਰਨ, ਪਰਮਜੀਤ ਕੌਰ, ਅਨਮੋਲ, ਮੰਜੂ ਬਾਲਾ, ਕਮਲਜੀਤ ਕੌਰ, ਲਵਪ੍ਰੀਤ ਕੌਰ, ਜਸਦੀਪ ਕੌਰ ਆਦਿ ਹਾਜ਼ਰ ਸਨ।

# ਐੱਸ ਕੇ ਐੱਮ ਵੱਲੋਂ 8 ਨੂੰ ਮੁਹਾਲੀ 'ਚ 'ਆਪ' ਸਰਕਾਰ ਖ਼ਿਲਾਫ਼ ਹੋਵੇਗਾ ਰੋਸ ਪ੍ਰਦਰਸ਼ਨ-ਰਾਜੂ

**ਜਲੰਧਰ ( ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**:— ਆਮ ਆਦਮੀ ਪਾਰਟੀ (ਆਪ) ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਕਾਰਪੋਰੇਟਾਂ ਦੇ ਖਰੀਦ ਕੇਂਦਰ ਖੋਲਣ ਦੀ ਕੀਮਤ 'ਤੇ ਸੂਬੇ ਦੀਆਂ ਚੱਲਦੀਆਂ ਦਾਣਾ ਮੰਡੀਆਂ ਨੂੰ ਤੋੜਨ ਉਪਰ ਤਿੱਖੇ ਹਮਲੇ ਕਰਦਿਆਂ ਮਹਿਲਾ ਕਿਸਾਨ ਯੂਨੀਅਨ ਨੇ ਪੰਜਾਬ ਕਾਂਗਰਸ ਨੂੰ ਇਸ ਭਖਦੇ ਮੁੱਦੇ ਉਪਰ ਆਪਣਾ ਸਟੈਂਡ ਸਪੱਸ਼ਟ ਕਰਨ ਲਈ ਆਖਿਆ ਹੈ ਕਿਉਂਕਿ ਉਹ ਆਮ ਚੋਣਾਂ ਦੌਰਾਨ ਆਪ ਨਾਲ ਇੰਡੀਆ ਗੱਠਜੋੜ ਵਿੱਚ ਭਾਈਵਾਲ ਹੈ। ਮਹਿਲਾ ਕਿਸਾਨ ਯੂਨੀਅਨ ਦੀ ਪ੍ਰਧਾਨ ਬੀਬਾ ਰਾਜਵਿੰਦਰ ਕੌਰ ਰਾਜੂ ਨੇ ਇੱਕ ਬਿਆਨ ਵਿੱਚ ਦੋਸ਼ ਲਾਇਆ ਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਜਾਣ-ਬੁੱਝ ਕੇ ਖੇਤੀਬਾੜੀ ਪੈਦਾਵਾਰ ਮਾਰਕੀਟ ਕਮੇਟੀਆਂ (ਏਪੀਐਮਸੀ) ਕਾਨੂੰਨ ਨੂੰ ਪੇਤਲਾ ਕਰ ਦਿੱਤਾ ਹੈ ਅਤੇ ਸੂਬੇ ਦੀਆਂ ਮੰਡੀਆਂ ਵਿੱਚ ਖਰੀਦ ਪ੍ਰਣਾਲੀ ਨੂੰ ਵੱਡੀ ਢਾਹ ਲਾਉਂਦਿਆਂ ਕਾਰਪੋਰੇਟ ਕੰਪਨੀਆਂ ਵੱਲੋਂ ਉਸਾਰੇ ਸਾਇਲੋ ਕੰਪਲੈਕਸਾਂ ਨੂੰ ਦਾਣਾ ਮੰਡੀਆਂ ਦਾ ਦਰਜਾ ਦੇ ਕੇ ਉਨ੍ਹਾਂ ਨੂੰ ਕਣਕ ਅਤੇ ਝੋਨਾ ਖਰੀਦਣ, ਵੇਚਣ, ਸਟੋਰ ਅਤੇ ਪ੍ਰੋਸੈਸ ਕਰਨ ਦੀ ਇਜਾਜ਼ਤ ਦੇ ਦਿੱਤੀ ਹੈ। ਇਸ ਤਰਾਂ ਸਾਇਲੋਜ 'ਚੋਂ ਮੰਡੀ ਫੀਸ ਦੀ ਉਗਰਾਹੀ ਨਾ ਹੋਣ ਕਰਕੇ ਸਰਕਾਰ ਨੂੰ ਵੱਡਾ ਘਾਟਾ ਪਵੇਗਾ ਅਤੇ ਮੰਡੀ ਬੋਰਡ ਦੇ ਮੁਲਾਜ਼ਮਾਂ ਨੂੰ ਤਨਖਾਹਾਂ ਦੇਣੀਆਂ ਮੁਸ਼ਕਿਲ ਹੋ ਜਾਣਗੀਆਂ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਨਿੱਜੀ ਦਾਣਾ ਮੰਡੀਆਂ ਦਾ ਮੁੱਦਾ ਤਿੰਨ ਖੇਤੀ ਕਾਨੂੰਨਾਂ ਖ਼ਿਲਾਫ਼ ਏਜੰਡੇ ਦਾ ਹਿੱਸਾ ਸੀ ਜਿੰਨਾਂ ਨੂੰ ਰੱਦ ਕਰਵਾਉਣ ਲਈ ਦੋ ਸਾਲ ਪਹਿਲਾਂ ਐਸ.ਕੇ.ਐਮ. ਵੱਲੋਂ ਦਿੱਲੀ ਦੀਆਂ ਸਰਹੱਦਾਂ 'ਤੇ ਇਤਿਹਾਸਕ ਕਿਸਾਨ ਅੰਦੋਲਨ ਚਲਾਇਆ ਗਿਆ ਸੀ ਪਰ ਆਪ ਸਰਕਾਰ ਟੇਢੇ ਢੰਗ ਨਾਲ ਉਨ੍ਹਾਂ ਕਾਨੂੰਨਾਂ ਨੂੰ ਲਾਗੂ ਕਰਨ 'ਤੇ ਉਤਾਰੂ ਹੈ। ਕਾਂਗਰਸ ਪਾਰਟੀ ਨੂੰ ਸੂਬੇ ਵਿੱਚ ਅਨਾਜ ਮੰਡੀਆਂ ਨੂੰ ਭੰਗ ਕਰਨ ਬਾਰੇ ਆਪਣਾ ਰੁੱਖ ਸਪੱਸ਼ਟ ਕਰਨ ਲਈ ਆਖਦਿਆਂ ਮਹਿਲਾ ਕਿਸਾਨ ਆਗੂ ਬੀਬਾ ਰਾਜੂ ਨੇ ਦੱਸਿਆ ਕਿ ਕਿਸਾਨਾਂ, ਮਜ਼ਦੂਰਾਂ, ਮੰਡੀ ਮੁਲਾਜ਼ਮਾਂ, ਆੜ੍ਹਤੀਆਂ ਤੇ ਟਰੱਕ ਮਾਲਕਾਂ ਦੀ ਕੀਮਤ 'ਤੇ ਕਾਰਪੋਰੇਟ ਸੱਭਿਆਚਾਰ ਨੂੰ ਹੱਲਾਸ਼ੇਰੀ ਦੇਣ ਲਈ ਮਾਨ ਸਰਕਾਰ ਦੇ ਇਸ ਲੋਕ ਵਿਰੋਧੀ ਕਦਮ ਖ਼ਿਲਾਫ਼ ਐਸ.ਕੇ.ਐਮ. ਪੰਜਾਬ ਵੱਲੋਂ 8 ਅਪ੍ਰੈਲ ਨੂੰ ਮੋਹਾਲੀ ਵਿਖੇ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਯੂਨੀਅਨ ਦੀ ਪ੍ਰਧਾਨ ਬੀਬਾ ਰਾਜੂ ਨੇ ਦੋਸ਼ ਲਾਇਆ ਕਿ ਭਗਵੰਤ ਮਾਨ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਭਾਜਪਾ ਸਰਕਾਰ ਦੇ ਦਬਾਅ ਹੇਠ ਕਾਰਪੋਰੇਟਾਂ ਨੂੰ ਲਾਭ ਪਹੁੰਚਾਉਣ ਅਤੇ ਤਿੰਨ ਖੇਤੀ ਕਾਨੂੰਨਾਂ ਨੂੰ ਲਾਗੂ ਕਰਨ ਤੋਂ ਰੋਕਣ ਲਈ 714 ਕਿਸਾਨਾਂ ਵੱਲੋਂ ਦਿੱਤੀਆਂ ਕੁਰਬਾਨੀਆਂ ਨੂੰ ਨਕਾਰ ਕੇ ਅਨਾਜ ਦੀ ਖ਼ਰੀਦੋ-ਫ਼ਰੋਖ਼ਤ ਦੇ ਨਿੱਜੀਕਰਨ ਲਈ ਰਾਹ ਮੋਕਲਾ ਕਰ ਰਿਹਾ ਹੈ ਜਿਸ ਨੂੰ ਕਿਸਾਨ ਬਰਦਾਸ਼ਤ ਨਹੀਂ ਕਰਨਗੇ। ਜ਼ਿਕਰਯੋਗ ਹੈ ਕਿ ਪੰਜਾਬ ਸਰਕਾਰ ਨੇ ਏਪੀਐਮਸੀ ਕਾਨੂੰਨ ਵਿੱਚ ਸੋਧ ਕਰਕੇ 9 ਜ਼ਿਲ੍ਹਿਆਂ ਵਿੱਚ ਉਸਾਰੇ 11 ਸਾਇਲੋਜ ਦੇ ਨੇੜੇ ਸਥਿਤ 26 ਦਾਣਾ ਮੰਡੀਆਂ ਨੂੰ ਬੰਦ ਕਰਕੇ ਲਾਗਲੀਆਂ ਦਾਣਾ ਮੰਡੀਆਂ ਵਿੱਚ ਜਜ਼ਬ ਕਰ ਦਿੱਤਾ ਅਤੇ ਉਨ੍ਹਾਂ ਦੀਆਂ ਮਾਰਕੀਟ ਕਮੇਟੀਆਂ ਨੂੰ ਭੰਗ ਕਰ ਦਿੱਤਾ ਹੈ। ਇਸ ਤਰ੍ਹਾਂ ਕਾਰਪੋਰੇਟ ਕੰਪਨੀਆਂ ਵੱਲੋਂ ਬਣਾਏ ਗਏ ਸਾਇਲੋਜ ਨੂੰ ਅਨਾਜ ਦੀ ਖਰੀਦ, ਵੇਚ, ਸਟੋਰੇਜ ਕਰਨ ਅਤੇ ਪ੍ਰੋਸੈਸਿੰਗ ਲਈ ਖਰੀਦ ਕੇਂਦਰਾਂ ਭਾਵ ਮੰਡੀਆਂ ਦਾ ਦਰਜਾ ਦੇ ਦਿੱਤਾ ਹੈ

# ਭਾਜਪਾ ਦੀਆਂ ਨੀਤੀਆਂ ਕਿਸਾਨ, ਮਜ਼ਦੂਰ, ਵਪਾਰੀ, ਦੇਸ਼ ਤੇ ਸੰਵਿਧਾਨ ਵਿਰੋਧੀ : ਡਾ. ਰਾਜ



**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)**- ਦਿੱਲੀ ਦੇ ਮੁੱਖ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਨੂੰ ਗ੍ਰਿਫਤਾਰ ਕੀਤੇ ਜਾਣ ਦੇ ਵਿਰੋਧ ਵਿਚ ਦਿੱਲੀ ਦੇ ਰਾਮ ਲੀਲਾ ਮੈਦਾਨ ਵਿਚ ਕੇਜਰੀਵਾਲ ਦੇ ਹੱਕ ਵਿਚ ਹੋਏ ਵਿਸ਼ਾਲ ਇਕੱਠ ਵਿੱਚ ਹਲਕਾ ਚੱਬੇਵਾਲ ਦੇ ਸਾਬਕਾ ਵਿਧਾਇਕ ਡਾ. ਰਾਜ ਕੁਮਾਰ ਉਮੀਦਵਾਰ ਆਮ ਆਦਮੀ ਪਾਰਟੀ ਲੋਕ ਸਭਾ ਹੁਸ਼ਿਆਰਪੁਰ ਅਤੇ ਉਨ੍ਹਾਂ ਦੇ ਸਾਥੀਆਂ ਨੇ ਵੱਡੀ ਗਿਣਤੀ ਵਿਚ ਸ਼ਾਮਲ ਹੋਕੇ ਹਾਜ਼ਰੀ ਭਰੀ। ਧਰਨੇ ਤੋਂ ਪਰਤ ਕੇ ਡਾ. ਰਾਜ ਨੇ ਕਿਹਾ ਕਿ ਰਾਮ ਲੀਲ੍ਹਾ ਮੈਦਾਨ ਵਿਚ ਹੋਏ ਇਕੱਠ ਵਿਚ ਸ਼ਾਮਲ ਇਕ ਇਕ ਭਾਰਤੀ ਦੇ ਚਿਹਰੇ ਤੋਂ ਸਾਫ ਪੜ੍ਹਿਆ ਜਾ ਸਕਦਾ ਹੈ ਕਿ ਭਾਜਪਾ ਬਨਾਮ ਭਾਰਤ ਦੀ ਜੰਗ ਦਾ ਸ਼ੰਖਨਾਦ ਹੋ ਚੁੱਕਿਆ ਹੈ ਅਤੇ ਇਸ ਜੰਗ ਵਿਚ ਭਾਜਪਾ ਨੂੰ ਬੁਰੀ ਤਰ੍ਹਾਂ ਨਾਲ ਮੂੰਹ ਦੀ ਖਾਣੀ ਪਵੇਗੀ। ਡਾ. ਰਾਜ ਕੁਮਾਰ ਨੇ ਕਿਹਾ ਕਿ ਹਰ ਪ੍ਰਦੇਸ਼ ਤੋਂ ਹਰ ਉਮਰ ਅਤੇ ਵਰਗ ਦੇ ਲੋਕ ਕੇਜਰੀਵਾਲ ਦੀ ਸੋਚ 'ਤੇ ਪਹਿਰਾ ਦਿੰਦੇ ਹੋਏ ਅੱਜ ਉਨ੍ਹਾਂ ਨਾਲ ਖੜ੍ਹੇ ਹਨ ਅਤੇ ਭਾਜਪਾ ਦੀਆਂ ਕਿਸਾਨ, ਮਜ਼ਦੂਰ, ਵਪਾਰੀ, ਭਾਰਤ ਅਤੇ ਸੰਵਿਧਾਨ ਵਿਰੋਧੀ ਨੀਤੀਆਂ ਦਾ ਵਿਰੋਧ ਕਰ ਰਹੇ ਹਨ। ਭਾਜਪਾ ਨੂੰ ਉਸ ਦੀ ਕਰਨੀ ਦੀ ਜਨਤਾ ਵੱਲੋਂ ਸਜ਼ਾ ਜਲਦ ਦਿੱਤੀ ਜਾਵੇਗੀ। ਉਨ੍ਹਾ ਕਿਹਾ ਕਿ ਇਹ ਜੰਗ ਹੀ ਨਹੀਂ ਸਗੋਂ ਇਕ ਹੋਰ ਇਨਕਲਾਬ ਹੈ ਅਤੇ ਇਸ ਇਨਕਲਾਬ ਵਿਚ ਭਾਰਤੀਆਂ ਦੀ ਜਿੱਤ ਯਕੀਨੀ ਹੈ।ਡਾ. ਰਾਜ ਨੇ ਕਿਹਾ ਭਾਜਪਾ ਦੀ ਸਾਮੰਤਵਾਦੀ ਤੇ ਕਾਰਪੋਰੇਟ ਪੱਖੀ ਸੋਚ ਕਿਸਾਨ, ਮਜ਼ਦੂਰ, ਵਪਾਰੀ, ਭਾਰਤ ਅਤੇ ਸੰਵਿਧਾਨ ਵਿਰੋਧੀ ਹੈ।ਭਾਰਤ ਦੇ ਕਰੋੜਾਂ ਮਜ਼ਦੂਰ, ਕਿਸਾਨ, ਵਪਾਰੀ, ਮੁਲਾਜ਼ਮ, ਬੇਰੁਜ਼ਗਾਰੀ ਦੇ ਮਾਰੇ ਨੌਜਵਾਨ ਹਰ ਵਰਗ ਭਾਜਪਾ ਦੀਆਂ ਫਾਸ਼ੀਵਾਦੀ, ਲੋਕ ਵਿਰੋਧੀ ਅਤੇ ਸੰਵਿਧਾਨ ਵਿਰੋਧੀ ਨੀਤੀਆਂ ਤੋਂ ਦੁਖੀ ਹਨ ਅਤੇ ਸਖਤ ਵਿਰੋਧ ਕਰਕੇ ਭਾਜਪਾ ਦਾ ਸਫ਼ਾਇਆ ਕਰ ਦੇਣਗੇ। ਡਾ. ਰਾਜ ਨੇ ਕਿਹਾ ਕਿ ਜਿਸ ਤਰ੍ਹਾਂ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਹੈ ਕਿ ਕੇਜਰੀਵਾਲ ਇਕ ਨੇਤਾ ਨਹੀਂ ਸਗੋਂ ਇਕ ਸੋਚ ਹਨ, ਸਾਨੂੰ ਸਾਰਿਆਂ ਨੂੰ ਇਸ ਸੋਚ 'ਤੇ ਪਹਿਰਾ ਦੇਣਾ ਹੋਵੇਗਾ। ਉਨ੍ਹਾਂ ਕਿਹਾ ਕਿ ਲੋਕ ਸਭਾ ਚੋਣਾਂ ਵਿਚ ਜਨਤਾ ਦੁੱਧ ਦਾ ਦੁੱਧ ਅਤੇ ਪਾਣੀ ਦਾ ਪਾਣੀ ਕਰਕੇ ਭਾਜਪਾ ਨੂੰ ਸ਼ੀਸ਼ਾ ਵਿਖਾ ਦੇਵੇਗੀ। ਉਨ੍ਹਾਂ ਕਿਹਾ ਉਹ ਪਾਰਲੀਮੈਂਟ ਵਿਚ ਮਹਿੰਗਾਈ, ਬੇਰੁਜ਼ਗਾਰੀ, ਸਿਹਤ, ਸਿੱਖਿਆ ਅਤੇ ਵਿਕਾਸ ਦੇ ਮੁੱਦਿਆਂ 'ਤੇ ਡਟ ਕੇ ਅਵਾਜ ਬੁਲੰਦ ਕਰਨਗੇ।

# ਪੰਜਾਬ ਦੀਆਂ ਫਸਲਾਂ ਤੇ ਨਸਲਾਂ ਦਾ ਨਹੀਂ ਕੋਈ ਵਾਲੀਵਾਰਸ : ਅਰਵਿੰਦ ਖੰਨਾ

**ਚੰਡੀਗੜ੍ਹ, ( ਗੁਰਜੀਤ ਬਿੱਲਾ )**- ਭਾਰਤੀ ਜਨਤਾ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਅਤੇ ਸਾਬਕਾ ਵਿਧਾਇਕ ਅਰਵਿੰਦ ਖੰਨਾ ਨੇ ਕਿਹਾ ਕਿ ਪੰਜਾਬ ਦੀਆਂ ਫਸਲਾਂ ਅਤੇ ਨਸਲਾਂ ਇਸ ਸਮੇਂ ਪੂਰੀ ਤਰ੍ਹਾਂ ਲਾਵਾਰਿਸ ਮਹਿਸੂਸ ਕਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਫਸਲਾਂ ਨੂੰ ਕੁਦਰਤ ਦੀ ਕਰੋਪੀ ਨੇ ਝਿੰਝੋੜ ਰੱਖਿਆ ਹੈ ਅਤੇ ਨਸਲਾਂ ਨੂੰ ਚਿੱਟੇ ਦੀ ਕਰੋਪੀ ਨੇ, ਜਿਸ ਤੋਂ ਸਾਬਿਤ ਹੁੰਦਾ ਹੈ ਕਿ ਪੰਜਾਬ ਦਾ ਕੋਈ ਵਾਲੀ ਵਾਰਿਸ ਨਹੀਂ ਰਹਿ ਗਿਆ ਹੈ। ਇੱਥੇ ਜਾਰੀ ਇੱਕ ਬਿਆਨ ਵਿੱਚ ਖੰਨਾ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਲੋਕ ਹਿੱਤਾਂ ਨੂੰ ਅਣਗੌਲਿਆਂ ਕਰਕੇ ਆਪਣੇ ਭ੍ਰਿਸ਼ਟ ਆਕਾ ਨੂੰ ਬਚਾਉਣ ਲਈ ਦਿੱਲੀ ਦੇ ਗੇੜਿਆਂ ਨੂੰ ਪਹਿਲ ਦੇ ਰਹੇ ਹਨ ਪਰ ਮੌਸਮ ਕਾਰਨ ਤਬਾਹ ਹੋਈਆਂ ਫਸਲਾਂ ਦੀ ਕੋਈ ਖ਼ਬਰ ਨਹੀਂ ਲੈ ਰਹੇ।ਖੰਨਾ ਨੇ ਕਿਹਾ ਕਿ ਸੱਤਾ ਵਿੱਚ ਆਉਣ ਤੋਂ ਪਹਿਲਾਂ ਆਮ ਆਦਮੀ ਪਾਰਟੀ ਅਤੇ ਮੁੱਖ ਮੰਤਰੀ ਨੇ ਦਾਅਵਾ ਕੀਤਾ ਸੀ ਕਿ ਸੱਤਾ ਵਿੱਚ ਆਉਣ ਤੋਂ ਕੁੱਝ ਮਹੀਨਿਆਂ ਵਿੱਚ ਹੀ ਪੰਜਾਬ ਨੂੰ ਕਰਜ਼ੇ ਤੋਂ ਮੁਕਤ ਕਰਵਾ ਦਿੱਤਾ ਜਾਵੇਗਾ ਜਦਕਿ ਸਥਿਤੀ ਉਲਟ ਬਣੀ ਹੋਈ ਹੈ। ਉਨ੍ਹਾਂ ਕਿਹਾ ਕਿ ਨਵੇਂ ਵਿੱਤੀ ਵਰ੍ਹੇ ਦੇ ਪਹਿਲੇ ਦਿਨਾਂ ਵਿੱਚ ਹੀ ਰਿਪੋਰਟ ਮਿਲੀ ਹੈ ਕਿ ਪੰਜਾਬ ਸਰਕਾਰ ਨੇ ਤਿੰਨ ਹਜ਼ਾਰ ਕਰੋੜ ਰੁਪਏ ਦਾ ਹੋਰ ਕਰਜ਼ਾ ਚੁੱਕਣ ਦੀ ਤਿਆਰੀ ਕਰ ਲਈ ਹੈ ਅਤੇ ਇਹ ਸਿਲਸਿਲਾ ਰੁਕਣ ਵਾਲਾ ਨਹੀਂ ਹੈ। ਉਨ੍ਹਾਂ ਕਿਹਾ ਕਿ ਰਿਜ਼ਰਵ ਬੈਂਕ ਦੀ ਸੂਚਨਾ ਮੁਤਾਬਿਕ ਸੂਬਾ ਸਰਕਾਰ ਨੇ 25 ਜੂਨ ਤੱਕ 12 ਹਜ਼ਾਰ ਕਰੋੜ ਰੁਪਏ ਦਾ ਕਰਜ਼ਾ ਚੁੱਕ ਲੈਣਾ ਹੈ।ਉਨ੍ਹਾਂ ਕਿਹਾ ਕਿ ਇੰਨ੍ਹਾਂ ਰਿਪੋਰਟਾਂ ਨੇ ਸਾਬਿਤ ਕਰ ਦਿੱਤਾ ਹੈ ਕਿ ਸਰਕਾਰ ਦੀ ਨਲਾਇਕੀ ਕਾਰਨ ਸੂਬਾ ਬੁਰੀ ਤਰ੍ਹਾਂ ਕਰਜ਼ੇ ਦੀ ਮਾਰ ਹੇਠ ਆ ਜਾਵੇਗਾ, ਜਿਸ ਨੂੰ ਉਤਾਰਨ ਲਈ ਸਰਕਾਰ ਕੋਲ ਕੋਈ ਠੋਸ ਯੋਜਨਾ ਨਹੀਂ ਹੈ। ਉਨ੍ਹਾਂ ਕਿਹਾ ਕਿ ਕਿੰਨੀ ਹੈਰਾਨੀ ਦੀ ਗੱਲ ਹੈ ਕਿ ਆਪਣੇ ਸੂਬੇ ਨੂੰ ਕੰਗਾਲ ਕਰਕੇ ਇਸ ਦਾ ਪੈਸਾ ਆਮ ਆਦਮੀ ਪਾਰਟੀ ਵੱਲੋਂ ਬਾਹਰਲੇ ਸੂਬਿਆਂ ਵਿੱਚ ਕੀਤੇ ਜਾਣ ਵਾਲੇ ਚੋਣ ਪ੍ਰਚਾਰ 'ਤੇ ਖਰਚਿਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਇਸ ਪਾਰਟੀ ਦੀ ਇਸ ਕਰਤੂਤ ਦਾ ਬਦਲਾ ਲੋਕ ਅਗਾਮੀ ਚੋਣਾਂ ਵਿੱਚ ਲੈ ਲੈਣਗੇ।

# ਕੁੜੀਆਂ ਨੂੰ 'ਭੇਡੇ' ਕਹਿਣਾ ਬੇਹੱਦ ਸ਼ਰਮਨਾਕ-ਸੰਜੀਵਨ

**ਮੋਹਾਲੀ (ਗੁਰਜੀਤ ਬਿੱਲਾ)**—ਆਪਣੇ ਤਕਰੀਬਨ ਸਾਰੇ ਹੀ ਗੀਤਾਂ ਵਿਚ ਅਸ਼ਲੀਲਤਾ, ਹਿੰਸਾ ਅਤੇ ਨਸ਼ਿਆਂ ਨੂੰ ਉਤਸ਼ਾਹਿਤ ਕਰਦੇ ਗਾਇਕ ਜੈਜ਼ੀ ਬੈਂਸ ਦੇ 'ਤੂੰ ਕੀ ਜਾਣੈ ਭੇਡੇ, ਮੜਕ ਸ਼ੌਕੀਨਾ ਦੀ' ਗੀਤ ਦੇ ਬੋਲਾਂ ਵਾਲੇ ਨਵੇਂ ਗੀਤ 'ਮੜਕ ਸ਼ੌਕੀਨਾ ਦੀ' ਵਿਚ ਕੁੜੀਆਂ ਨੂੰ 'ਭੇਡੇ' ਕਹਿਣਾ ਨੂੰ ਬੇਹੱਦ ਸ਼ਰਮਨਾਕ ਅਤੇ ਨਿੰਦਣਯੋਗ ਕਰਾਰ ਦਿੰਦਿਆਂ ਨਾਟਕਕਾਰ ਤੇ ਨਾਟ-ਨਿਰਦੇਸ਼ਕ ਸੰਜੀਵਨ ਸਿੰਘ ਕਿਹਾ ਹੈ ਕਿ ਜਿਸ ਔਰਤ ਨੂੰ ਸਾਡੇ ਗੁਰੂ, ਪੀਰਾਂ-ਪੈਗੰਬਰਾਂ ਜਨਨੀ ਅਤੇ ਦੇਵੀ ਦਾ ਦਰਜਾ ਦਿੰਦੇ ਹਨ,ਜਿਨ੍ਹਾਂ ਕੁੜੀਆਂ ਨੂੰ ਅਸੀਂ ਪੰਜਾਬੀ ਆਪਣੇ ਸਿਰ ਦੀ ਪੱਗ ਸਮਝਦੇ ਹਾਂ, ਜਿਹੜੀਆਂ ਕੁੜੀਆਂ ਸਾਡੀ ਅਣਖ ਤੇ ਗ਼ੈਰਤ ਦਾ ਪ੍ਰਤੀਕ ਹੁੰਦੀਆਂ ਹਨ।ਉਹ ਕੁੜੀਆਂ ਕੁੱਝ ਗਾਇਕਾਂ ਅਤੇ ਗੀਤਕਾਰਾਂ ਦੀ ਨਜ਼ਰਾਂ 'ਚ ਪੁਰਜ਼ਾ, ਪਟਾਕਾ, ਪਟੋਲਾ, ਮਾਲ, ਬੰਬ, ਟੋਟੇ ਤਾਂ ਸਨ ਹੀ ਪਰ ਹੁਣ ਪੰਜਾਬੀ ਸਭਿਆਚਾਰ ਤੇ ਮਾਂ ਬੋਲੀ ਦੀ ਸੇਵਾ ਦਾ ਦਮ ਭਰਨ ਵਾਲਾ ਗਾਇਕ ਜੈਜ਼ੀ ਬੈਂਸ ਉਨ੍ਹਾਂ ਕੁੜੀਆਂ ਨੂੰ 'ਭੇਡ' ਕਹਿਣ ਤੱਕ ਚਲਾ ਗਿਆ।ਜੋ ਪੰਜਾਬੀ ਗਾਇਕੀ ਲਈ ਇਕ ਨਮੋਸ਼ੀ ਅਤੇ ਸ਼ਰਮਿੰਦਗੀ ਦਾ ਕਾਰਣ ਬਣੇਗੀ। ਸੰਜੀਵਨ ਨੇ ਅੱਗੇ ਕਿਹਾ ਕਿ ਅਜਿਹੇ ਭੱਦੇ ਅਤੇ ਬੇਸਿਰ ਪੈਰ ਦੇ ਗੀਤਾਂ ਦੀ ਉਮਰ ਭਾਂਵੇ ਚਾਰ-ਪੰਜ ਮਹੀਨੇ ਹੀ ਹੁੰਦੀ ਹੈ ਪਰ ਸਮਾਜ 'ਤੇ ਇਸ ਦਾ ਮਾਰੂ ਅਤੇ ਖਤਰਨਾਕ ਅਸਰ ਚਾਰ-ਪੰਜ ਦਹਾਕੇ ਤੱਕ ਵੀ ਜੇ ਘੱਟ ਜਾਵੇ ਤਾਂ ਵੀ ਗ਼ਨੀਮਤ ਹੋਵੇਗੀ। ਇਸ ਕਿਸਮ ਦੀ ਫੂਹੜ ਗਾਇਕੀ ਸਮਾਜ ਨੂੰ ਜ਼ਹਿਨੀ ਅਤੇ ਮਾਨਸਿਕ ਤੌਰ 'ਤੇ ਬਿਮਾਰ, ਅਪੰਗ ਅਤੇ ਕੰਗਾਲ ਕਰਨ ਦੇ ਨਾਲ-ਨਾਲ ਸਾਡੀ ਜਵਾਨੀ ਨੂੰ ਬਰਬਾਦ ਤੇ ਗੁੰਮਰਾਹ ਕਰ ਰਹੀ ਹੈ।

# ਠੱਕਰਵਾਲ, ਮੌਜੋਮਾਜਰਾ ਵਿਖੇ ਰਾਤਰੀ ਦੇ ਧਾਰਮਿਕ ਸਮਾਗਮ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਠੱਕਰਵਾਲ ਮੌਜੋਮਾਜਰਾ ਵਿਖੇ ਗੁਰਦੁਆਰਾ ਤਪ ਸਥਾਨ ਬ੍ਰਹਮ ਗਿਆਨੀ 108 ਸੰਤ ਬਾਬਾ ਦੂਲਾ ਸਿੰਘ ਜੀ ਦੇ ਅਸਥਾਨ ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਡੇਰੇ ਵੱਲੋਂ ਹੋਲਾ ਮਹੱਲਾ ਨੂੰ ਸਮਰਪਤ ਰਾਤਰੀ ਦੇ ਧਾਰਮਿਕ ਸਮਾਗਮ ਡੇਰੇ ਦੇ ਮੁੱਖ ਸੇਵਾਦਾਰ ਸੰਤ ਬਾਬਾ ਹਰਕ੍ਰਿਸ਼ਨ ਸਿੰਘ ਸੋਢੀ ਠੱਕਰਵਾਲ ਪ੍ਰਧਾਨ ਨਿਰਮਲਾ ਸੰਤ ਮੰਡਲ ਪੰਜਾਬ ਦੀ ਅਗਵਾਈ ਕਰਵਾਏ ਗਏ। ਇਸ ਮੌਕੇ ਗੁਰਪ੍ਰੀਤ ਸਿੰਘ ਗੋਪੀ, ਸਰਬਜੀਤ ਸਿੰਘ ਸਾਬੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਦੱਸਿਆ ਕਿ ਹੋਲੇ ਮਹੱਲੇ ਸਮਾਗਮ ਸਬੰਧੀ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਲੜੀ ਦੇ ਭੋਗ ਪਾਏ ਗਏ। ਉਨ੍ਹਾਂ ਦੱਸਿਆ ਕਿ ਡੇਰੇ ਵੱਲੋਂ ਮੁਫ਼ਤ ਮੈਡੀਕਲ ਕੈਂਪ ਲਗਾਇਆ ਗਿਆ ਅਤੇ ਬੈਲ ਗੱਡੀਆਂ ਦੀਆਂ ਦੌੜਾਂ ਕਰਵਾਈਆਂ ਗਈਆਂ। ਇਸ ਮੌਕੇ ਰਾਤਰੀ ਦੇ ਧਾਰਮਿਕ ਸਮਾਗਮ ਦੌਰਾਨ ਸੰਤ ਬਾਬਾ ਹਰਕ੍ਰਿਸ਼ਨ ਸਿੰਘ ਸੋਢੀ ਠੱਕਰਵਾਲ, ਸੰਤ ਬਾਬਾ ਜਸਵੰਤ ਸਿੰਘ ਖੇੜਾ, ਸੰਤ ਬਾਬਾ ਮਹਾਂਵੀਰ ਸਿੰਘ ਤਾਜੇਵਾਲ, ਸੰਤ ਬਾਬਾ ਮੱਖਣ ਸਿੰਘ ਦਰੀਆ, ਬਾਬਾ ਹਰਜੀਤ ਸਿੰਘ ਮੰਡੀ ਗੋਬਿੰਦਗੜ੍ਹ, ਬਾਬਾ ਗੁਰਵਿੰਦਰ ਸਿੰਘ ਹਜਾਰੇ ਵਾਲੇ, ਭਾਈ ਜਗਤ ਸਿੰਘ ਠੱਕਰਵਾਲ, ਭਾਈ ਜਬਰਤੋੜ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਭਾਈ ਸੁਰਜੀਤ ਸਿੰਘ ਵਾਰਿਸ ਇੰਟਰਨੈਸ਼ਨਲ ਢਾਡੀ ਜਥਾ, ਭਾਈ ਜਤਿੰਦਰ ਸਿੰਘ ਖਾਲਸਾ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਜਲੰਧਰ, ਪੰਥ ਪ੍ਰਸਿੱਧ ਕਵੀਸ਼ਰੀ ਸਾਹੋਕੇ, ਭਾਈ ਜਤਿੰਦਰ ਸਿੰਘ ਬੈਂਸ ਇੰਟਰਨੈਸ਼ਨਲ ਢਾਡੀ ਜਥਾ ਆਦਿ ਨੇ ਗੁਰਬਾਣੀ ਗੁਰਇਤਿਹਾਸ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਸਮਾਗਮ ਦੌਰਾਨ ਸੰਤ ਬਾਬਾ ਹਰਕ੍ਰਿਸ਼ਨ ਸਿੰਘ ਸੋਢੀ ਠੱਕਰਵਾਲ ਵੱਲੋਂ ਆਏ ਹੋਏ ਸੰਤ ਮਹਾਂਪੁਰਸ਼ਾਂ, ਰਾਗੀ ਜਥੇ, ਪ੍ਰਮੁੱਖ ਸ਼ਖ਼ਸੀਅਤਾਂ ਅਤੇ ਸਹਿਯੋਗੀਆਂ ਨੂੰ ਸਿਰਪਾਓ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਡੇਰੇ ਦੇ ਮੁੱਖ ਸੇਵਾਦਾਰ ਬਾਬਾ ਹਰਕ੍ਰਿਸ਼ਨ ਸਿੰਘ ਸੋਢੀ ਪ੍ਰਧਾਨ ਨਿਰਮਲ ਸੰਤ ਮੰਡਲ ਪੰਜਾਬ, ਸੰਤ ਬਾਬਾ ਅਜੀਤ ਸਿੰਘ ਇੰਗਲੈਂਡ, ਸੰਤ ਬਾਬਾ ਜਸਵੰਤ ਖੇੜਾ, ਦਵਿੰਦਰ ਸਿੰਘ ਕਨੇਡਾ, ਗੁਰਦੇਵ ਕੌਰ ਕਨੇਡਾ, ਬੀਬੀ ਬਖਸ਼ੀਸ਼ ਕੌਰ, ਇੰਦਰਜੀਤ ਕੌਰ, ਬੀਬੀ ਬਲਬੀਰ ਕੌਰ, ਸਰਬਜੀਤ ਸਿੰਘ ਸਾਬੀ, ਗੁਰਪ੍ਰੀਤ ਸਿੰਘ ਗੋਪੀ, ਹਰਜੀਤ ਕੌਰ, ਸਤਵੀਰ ਕੌਰ, ਦੀਦਾਰ ਸਿੰਘ, ਗੁਰਬਖਸ਼ ਸਿੰਘ ਮਨੀਲਾ, ਸਤਵਿੰਦਰ ਕੌਰ, ਦਰਸ਼ਨ ਸਿੰਘ ਰਾਜਾ, ਸਤਨਾਮ ਸਿੰਘ, ਰਾਮ ਸਿੰਘ, ਮੰਗਤ ਸਿੰਘ, ਸੁਦਰਸ਼ਨ ਸਿੰਘ, ਅਜੀਤ ਪਾਲ ਸਿੰਘ ਬੱਗਾ, ਰਣਵੀਰ ਸਿੰਘ, ਸਰਵਣ ਸਿੰਘ ਗੁੰਬੀ ਤੋਂ ਇਲਾਵਾ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ।

# ਚਾਹਲਾਂ 'ਚ ਵਿਸ਼ੇਸ਼ ਕੈਂਪ ਲਗਾਇਆ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**-ਸਨ ਫਾਰਮਾ ਕਮਿਊਨਿਟੀ ਹੈਲਥ ਕੇਅਰ ਸੈਂਟਰ ਸੋਸਾਇਟੀ ਵੱਲੋਂ ਪਿੰਡ ਚਾਹਲਾਂ ਵਿਖੇ ਇੱਕ ਵਿਸ਼ੇਸ਼ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਨੈਸ਼ਨਲ (ਟੀ.ਬੀ) ਦੇ ਦਿਨ 'ਤੇ ਲੋਕਾਂ ਨੂੰ ਟੀ.ਬੀ ਦੀ ਬਿਮਾਰੀ ਬਾਰੇ ਜਾਣਕਾਰੀ ਦਿੱਤੀ ਗਈ। ਟੀ. ਬੀ ਦੀ ਬਿਮਾਰੀ ਦੇ ਕੀ ਲੱਛਣ ਅਤੇ ਕੀ ਬਚਾਉਣ ਦੇ ਕਾਰਨਾਂ ਬਾਰੇ ਸੰਖੇਪ ਵਿੱਚ ਜਾਣਕਾਰੀ ਦਿੱਤੀ ਗਈ। ਲੋਕਾਂ ਨੂੰ ਦੱਸਿਆ ਗਿਆ ਕਿ ਜੇਕਰ ਕਿਸੇ ਵਿਅਕਤੀ ਨੂੰ ਇੱਕ ਮਹੀਨੇ ਤੋਂ ਪਹਿਲਾਂ ਦਾ ਬੁਖਾਰ, ਖਾਂਸੀ, ਭੁੱਖ ਘੱਟ ਲੱਗਣਾ ਜਾਂ ਵਜ਼ਨ ਦਾ ਘਟਨਾ ਅਜਿਹੇ ਲੱਛਣ ਦਿਖਾਈ ਦੇਣ ਤਾਂ ਉਸ ਵਿਅਕਤੀ ਨੂੰ ਸਰਕਾਰੀ ਹਸਪਤਾਲ ਵਿੱਚ ਜਾ ਕੇ ਜਾਂਚ ਕਰਵਾਉਣੀ ਚਾਹੀਦੀ ਹੈ। ਜੇਕਰ ਇਸ ਬਿਮਾਰੀ ਦੇ ਕੀਟਾਣੂ ਕਿਸੇ ਵਿਅਕਤੀ ਵਿੱਚ ਪਾਏ ਜਾਣ ਤਾਂ ਇਸ ਦਾ ਇਲਾਜ ਸਰਕਾਰੀ ਹਸਪਤਾਲ ਵਿੱਚ ਮੁਫ਼ਤ ਵਿੱਚ ਕੀਤਾ ਜਾਂਦਾ ਹੈ।ਇਸ ਬਿਮਾਰੀ ਤੋਂ ਪੀੜਤ ਵਿਅਕਤੀ ਦਾ ਇਲਾਜ ਜੇਕਰ 9 ਮਹੀਨੇ ਲਗਾਤਾਰ ਕਰਵਾਇਆ ਜਾਵੇ ਤਾਂ ਉਹ ਵਿਅਕਤੀ ਬਿਲਕੁਲ ਠੀਕ ਹੋ ਜਾਵੇਗਾ। ਇਸ ਕੈਂਪ ਦੌਰਾਨ ਲੋਕਾਂ ਨੂੰ ਦੇਸੀ ਖੁਰਾਕ ਅਤੇ ਚੰਗੇ ਵਾਤਾਵਰਨ ਬਾਰੇ ਵੀ ਜਾਣਕਾਰੀ ਦਿੱਤੀ ਗਈ। ਇਸ ਮੌਕੇ ਡਾ. ਰਮੇਸ਼ ਲਾਲ, ਜਸਵਿੰਦਰ ਕੌਰ ਅਤੇ ਸਿਮਰਨਜੀਤ ਕੌਰ ਅਤੇ ਹੋਰ ਆਦਿ ਸ਼ਾਮਲ ਸਨ।

# ਭਾਵੀ ਪੀੜ੍ਹੀਆਂ ਨੂੰ ਰਸਾਇਣ ਮੁਕਤ ਭੋਜਨ ਉਪਲੱਬਧ ਕਰਵਾਉਣਾ ਪ੍ਰਾਥਮਿਕਤਾ - ਪ੍ਰੋਫੈਸਰ ਕੰਬੋਜ

**ਚੰਡੀਗੜ੍ਹ, (ਕ੍ਰਿਸ਼ਨ ਗਰਗ)** ਹਰਿਆਣਾ ਚੌਧਰੀ ਚਰਣ ਸਿੰਘ ਹਰਿਆਣਾ ਖੇਤੀਬਾੜੀ ਯੂਨੀਵਰਸਿਟੀ ਹਿਸਾਰ ਦੇ ਵਾਇਸ ਚਾਂਸਲਰ ਪ੍ਰੋਫੈਸਰ ਬੀਆਰ ਕੰਬੋਜ ਨੇ ਕਿਹਾ ਕਿ ਭਾਵੀ ਪੀੜ੍ਹੀਆਂ ਨੂੰ ਰਸਾਇਣ ਮੁਕਤ ਤੇ ਪੋਸ਼ਕ ਤੱਤਾਂ ਨਾਲ ਭਰਪੂਰ ਖੁਰਾਕ ਪਦਾਰਥ ਉਪਲਬਧ ਕਰਵਾਉਣਾ ਵਿਗਿਆਨਕਾਂ ਤੇ ਕਿਸਾਨਾਂ ਦੀ ਮੁੱਖ ਪ੍ਰਾਥਮਿਕਤਾ ਹੈ। ਇਸ ਦੇ ਲਈ ਉਨ੍ਹਾਂ ਨੇ ਕਿਹਾ ਕਿ ਕਿਸਾਨ ਸ਼ੁਰੂਆਤ ਵਿਚ ਘੱਟ ਥਾਂ 'ਤੇ ਕੁਦਰਤੀ ਖੇਤੀ ਨੂੰ ਅਪਨਾਉਣ ਅਤੇ ਹੌਲੀ-ਹੌਲੀ ਉਸ ਦਾ ਖੇਤਰਫਲ ਵਧਾਉਂਦੇ ਜਾਣ। ਉਨ੍ਹਾਂ ਨੇ ਵਿਗਿਆਨਕਾਂ ਨੂੰ ਅਪੀਲ ਕੀਤੀ ਉਹ ਆਧੁਨਿਕ ਯੁੱਗ ਵਿਚ ਆਉਣ ਵਾਲੀ ਸਮਸਿਆਵਾਂ ਨੂੰ ਧਿਆਨ ਵਿਚ ਰੱਖਦੇ ਹੋਏ ਜਦੋਂ ਵੀ ਖੋਜ ਕਰਨ ਤਾਂ ਵੱਖ-ਵੱਖ ਕੁਦਰਤੀ ਸਰੋਤਾਂ, ਪਾਣੀ ਦੀ ਉਪਲਬਧਤਾ ਅਤੇ ਗੁਣਵੱਤਾ ਕਮੀਆਂ ਦੀ ਉਪਲਬਧਤਾ, ਬਰਸਾਤ, ਜਮੀਨ ਦਾ ਆਰਗੇਨਿਕ ਕਾਰਬਨ, ਖਰਪਤਵਾਰ, ਪੂਰੇ ਸਾਲ ਦਾ ਫਸਲ ਚੱਕਰ, ਕੀਟ ਅਤੇ ਬੀਮਾਰੀਆਂ ਦੇ ਪ੍ਰਬੰਧਨ ਸਬੰਧਿਤ ਗੱਲਾਂ 'ਤੇ ਮੰਥਨ ਜਰੂਰ ਕਰਨ। ਪ੍ਰੋਫੈਸਰ ਯੂਨੀਵਰਸਿਟੀ ਵਿਚ ਵਿਗਿਆਨਕ-ਕਿਸਾਨ ਵਿਚਾਰ ਵਟਾਂਦਰਾਂ ਸੈਮੀਨਾਰ ਨੂੰ ਸੰਬੋਧਿਤ ਕਰ ਰਹੇ ਸਨ। ਮੀਟਿੰਗ ਵਿਚ ਪ੍ਰਬੰਧਨ ਡਿਵੀਜਨ ਦੇ ਸਾਬਕਾ ਮੈਂਬਰ ਸੀਪੀ ਆਹੂਜਾ, ਸ਼ਰਦ ਬਤਰਾ ਤੇ ਸ਼ਿਵਾਂਗ ਬਤਰਾ ਵੀ ਮੌਜੂਦ ਰਹੇ। ਪ੍ਰੋਗ੍ਰਾਮ ਵਿਚ ਕੁਦਰਤੀ ਖੇਤੀ ਕਰ ਰਹੇ ਵੱਖ-ਵੱਖ ਜ਼ਿਲ੍ਹਿਆਂ ਦੇ ਪ੍ਰਗਤੀਸ਼ੀਲ ਕਿਸਾਨਾਂ ਨੇ ਹਿੱਸਾ ਲਿਆ।ਕੁਦਰਤੀ ਖੇਤੀ ਕਰ ਰਹੇ ਕਿਸਾਨ ਵਾਟਸਐਪ ਗਰੁੱਪ ਬਣਾਏ ਜਿਸ ਵਿਚ ਉਹ ਆਪਣੀ ਸਮੱਸਿਆਵਾਂ ਤੇ ਸਰੋਤ ਸ਼ੇਅਰ ਕਰਨ ਤਾਂ ਜੋ ਉਨ੍ਹਾਂ ਦਾ ਤੁਰੰਤ ਇਕ ਦੂਜੇ ਨੂੰ ਲਾਭ ਪਹੁੰਚ ਸਕੇ, ਨਾਲ ਹੀ ਆਪਸ ਵਿਚ ਤਕਨੀਕਾਂ ਦਾ ਵੀ ਅਦਾਨ-ਪ੍ਰਦਾਨ ਹੋਵੇ।

# ਮਾਲਵਿੰਦਰ ਸਿੰਘ ਕੰਗ ਨੂੰ ਉਮੀਦਵਾਰ ਐਲਾਨਣ 'ਤੇ ਪਾਰਟੀ ਹਾਈਕਮਾਂਡ ਦਾ ਧੰਨਵਾਦ



**ਮਾਹਿਲਪੁਰ (ਸਫ਼ਰੀ )**- ਨਨੰਜੈ ਕ੍ਰਿਸ਼ਨ ਰੌੜੀ ਹਲਕਾ ਗੜ੍ਹਸ਼ੰਕਰ ਦੇ ਵਿਧਾਇਕ ਤੇ ਡਿਪਟੀ ਸਪੀਕਰ ਸ਼੍ਰੀ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਲੋਕ ਸਭਾ ਹਲਕਾ ਸ੍ਰੀ ਅਨੰਦਪੁਰ ਸਾਹਿਬ ਤੋਂ ਆਪ ਦੇ ਬੁਲਾਰੇ ਮਾਲਵਿੰਦਰ ਸਿੰਘ ਕੰਗ ਨੂੰ ਉਮੀਦਵਾਰ ਬਣਾਏ ਜਾਣ 'ਤੇ ਮੁੱਖ ਮੰਤਰੀ ਭਗਵੰਤ ਮਾਨ ਤੇ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਨੇ ਇੱਕ ਪੜ੍ਹੇ ਲਿਖੇ, ਸੂਝਵਾਨ, ਹਰਮਨ ਪਿਆਰੇ, ਅਗਾਂਹਵਧੂ ਸੋਚ ਦੇ ਧਾਰਨੀ ਤੇ ਨਿਡਰ ਇਨਸਾਨ ਨੂੰ ਉਮੀਦਵਾਰ ਬਣਾਇਆ ਹੈ। ਰੌੜੀ ਨੇ ਕਿਹਾ ਮਾਲਵਿੰਦਰ ਸਿੰਘ ਕੰਗ ਨੂੰ ਲੋਕ ਸਭਾ ਅਨੰਦਪੁਰ ਸਾਹਿਬ ਦੇ ਲੋਕ ਭਾਰੀ ਬਹੁਮਤ ਨਾਲੋਂ ਜਿਤਾ ਕੇ ਲੋਕ ਸਭਾ 'ਚ ਭੇਜਣਗੇ।

# ਸੰਤੋਸ਼ ਚੌਧਰੀ ਨੇ ਮਨੋਹਰ ਲਾਲ ਕੌੜਾ ਨੂੰ ਦਿੱਤੀ ਨਿੱਘੀ ਸ਼ਰਧਾਂਜਲੀ





**ਫਗਵਾੜਾ (ਡਾ. ਰਮਨ)**-ਸਾਬਕਾ ਕੇਂਦਰੀ ਮੰਤਰੀ ਸੰਤੋਸ਼ ਚੌਧਰੀ ਵਲੋਂ ਫਗਵਾੜਾ ਦੇ ਸੀਨੀਅਰ ਪੱਤਰਕਾਰ ਸਵ. ਮਨੋਹਰ ਲਾਲ ਕੌੜਾ ਦੇ ਸ਼ਰਧਾਂਜਲੀ ਸਮਾਗਮ ਵਿਚ ਸ਼ਿਰਕਤ ਕਰਦਿਆਂ ਪਰਵਾਰ ਨਾਲ ਦੁੱਖ ਸਾਂਝਾ ਕੀਤਾ। ਇਸ ਦੌਰਾਨ ਉਨ੍ਹਾ ਸਵ. ਮਨੋਹਰ ਲਾਲ ਕੌੜਾ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਕਲਮ ਨੇ ਹਮੇਸ਼ਾ ਨਿਰਪੱਖ ਹੋ ਕੇ ਪੱਤਰਕਾਰਤਾ ਦੀਆਂ ਕਦਰਾਂ ਕੀਮਤਾਂ ਦੀ ਰਾਖੀ ਕੀਤੀ। ਜਿਸ ਲਈ ਉਹ ਹਮੇਸ਼ਾ ਯਾਦ ਕੀਤੇ ਜਾਣਗੇ। ਉਨ੍ਹਾਂ ਦੇ ਪ੍ਰਭੂ ਚਰਨਾਂ ਵਿਚ ਜਾ ਬਿਰਾਜਣ ਨਾਲ ਸਮੁੱਚੇ ਪੱਤਰਕਾਰ ਜਗਤ ਨੂੰ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਚੌਧਰੀ ਨੇ ਦੱਸਿਆ ਕਿ ਸਿਆਸੀ ਆਗੂ ਹੋਣ ਦੇ ਨਾਤੇ ਬਹੁਤ ਵਾਰ ਸਵ. ਮਨੋਹਰ ਲਾਲ ਕੌੜਾ ਨਾਲ ਮਿਲਣ ਦਾ ਮੌਕਾ ਮਿਲਿਆ। ਉਹ ਬਹੁਤ ਹੀ ਮਿਲਾਪੜੇ ਸੁਭਾਅ ਵਾਲੀ ਸ਼ਖ਼ਸੀਅਤ ਸਨ। ਬੇਸ਼ੱਕ ਉਹ ਸਰੀਰਿਕ ਤੌਰ 'ਤੇ ਇਸ ਨਾਸ਼ਵਾਨ ਸੰਸਾਰ ਤੋਂ ਵਿਦਾ ਹੋ ਗਏ ਹਨ ਪਰ ਪੱਤਰਕਾਰਾਂ ਦੀ ਨਵੀਂ ਪੀੜ੍ਹੀ ਲਈ ਹਮੇਸ਼ਾ ਪ੍ਰੇਰਨਾ ਦਾ ਸਰੋਤ ਬਣੇ ਰਹਿਣਗੇ। ਇਸ ਮੌਕੇ ਸੀਨੀਅਰ ਕਾਂਗਰਸੀ ਆਗੂ ਤੇ ਰੇਲਵੇ ਬੋਰਡ ਦੇ ਸਾਬਕਾ ਮੈਂਬਰ ਰਾਮਾਮੂਰਤੀ ਭਾਣੋਕੀ, ਨਗਰ ਕੌਂਸਲ ਫਗਵਾੜਾ ਦੇ ਸਾਬਕਾ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਸਮੇਤ ਹੋਰ ਸ਼ਖ਼ਸੀਅਤਾਂ ਵਲੋਂ ਵੀ ਸਵ. ਮਨੋਹਰ ਲਾਲ ਕੌੜਾ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ।

# ਮੋਟਰਸਾਈਕਲ ਸਵਾਰ ਲੁਟੇਰੇ ਨੌਜਵਾਨ ਦੀ ਚੇਨੀ ਝਪਟ ਕੇ ਫਰਾਰ

**ਫਗਵਾੜਾ, (ਇੰਦਰਜੀਤ ਸਿੰਘ ਮਠਾੜੂ)**-ਇਥੇ ਚਾਹਲ ਨਗਰ ਵਿਖੇ ਦੋ ਮੋਟਰਸਾਈਕਲ ਸਵੇਰੇ ਲੁਟੇਰੇ ਇੱਕ ਨੌਜਵਾਨ ਪਾਸੋਂ ਚੇਨੀ ਝੱਪਟ ਕੇ ਫਰਾਰ ਹੋ ਗਏ।

ਘਟਨਾ ਸੰਬੰਧੀ ਜਾਣਕਾਰੀ ਦਿੰਦਿਆਂ ਗੁਰਵਿੰਦਰ ਸਿੰਘ ਬਸਰਾ ਨੇ ਦੱਸਿਆ ਕਿ ਉਸਦਾ ਸਾਲਾ ਮਨਜਿੰਦਰ ਸਿੰਘ ਜੋ ਕਿ ਜਰਮਨ ਤੋਂ ਆਇਆ ਹੋਇਆ ਹੈ ਤੇ ਉਹ ਮੈਡੀਕਲ ਸਟੋਰ ਤੋਂ ਦਵਾਈ ਲੈ ਕੇ ਵਾਪਸ ਘਰ ਨੂੰ ਆ ਰਹੇ ਸਨ ਤਾਂ ਇਸੇ ਦੌਰਾਨ ਇੱਕ ਮੋਟਰਸਾਈਕਲ 'ਤੇ ਸਵਾਰ ਹੋ ਕੇ ਦੋ ਨੌਜਵਾਨ ਆਏ ਜਿਨ੍ਹਾਂ ਨੇ ਮੂੰਹ ਬੰਨ੍ਹੇ ਹੋਏ ਸਨ, ਉਸ ਪਾਸੋਂ ਚੇਨੀ ਝੱਪਟ ਕੇ ਲੈ ਗਏ। ਘਟਨਾ ਸੰਬੰਧੀ ਪੁਲਸ ਨੂੰ ਸੂਚਨਾ ਦਿੱਤੀ ਗਈ ਹੈ। ਇਸ ਸਬੰਧੀ ਗੱਲਬਾਤ ਕਰਦਿਆਂ ਇਲਾਕੇ ਦੇ ਸਾਬਕਾ ਕੌਂਸਲਰ ਪਦਮ ਦੇਵ ਸੁਧੀਰ ਨੇ ਕਿਹਾ ਕਿ ਚਾਹਲ ਨਗਰ ਖੇਤਰ 'ਚ ਪਹਿਲਾ ਵੀ ਲੁੱਟ ਖੋਹ ਦੀਆਂ ਕਈ ਵਾਰਦਾਤਾ ਹੋ ਚੁੱਕੀਆਂ ਹਨ ਪਰ ਪ੍ਰਸ਼ਾਸਨ ਨੂੰ ਇਸ 'ਚ ਕੋਈ ਪ੍ਰਾਪਤੀ ਨਹੀਂ ਹੁੰਦੀ। ਉਨ੍ਹਾਂ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਅਜਿਹੀਆਂ ਘਟਨਾਵਾ 'ਤੇ ਨੱਥ ਪਾਈ ਜਾਵੇ।

# ਮਠਾੜੂ ਜਠੇਰਿਆ ਦਾ ਮੇਲਾ 8 ਨੂੰ

**ਫਗਵਾੜਾ, (ਇੰਦਰਜੀਤ ਸਿੰਘ ਮਠਾੜੂ)**--ਮਠਾੜੂ ਜਠੇਰਿਆ ਦਾ ਸਾਲਾਨਾ ਮੇਲਾ ਪਿੰਡ ਤੱਗੜਾ ਨੇੜੇ ਵਡਾਲਾ ਵਿਖੇ 8 ਅਪ੍ਰੈਲ ਨੂੰ ਮਨਾਇਆ ਜਾ ਰਿਹਾ ਹੈ। ਇਹ ਜਾਣਕਾਰੀ ਪ੍ਰਧਾਨ ਇੰਦਰਜੀਤ ਸਿੰਘ ਮਠਾੜੂ ਨੇ ਦਿੱਤੀ।

# 'ਅਧਿਆਪਕਾਂ ਨੂੰ ਗਰਮੀ ਦੀਆਂ ਛੁੱਟੀਆਂ ਦੌਰਾਨ ਵਿਦੇਸ਼ ਜਾਣ ਲਈ ਛੁੱਟੀ ਦਿੱਤੀ ਜਾਵੇ'





**ਫਿਲੌਰ, (ਨਿਰਮਲ)**-ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਸੁਰਿੰਦਰ ਕੁਮਾਰ ਪੁਆਰੀ ਅਤੇ ਜਨਰਲ ਸਕੱਤਰ ਗੁਰਪ੍ਰੀਤ ਸਿੰਘ ਮਾੜੀ ਮੇਘਾ ਨੇ ਪੰਜਾਬ ਦੇ ਸਿੱਖਿਆ ਸਕੱਤਰ ਕਮਲ ਕਿਸ਼ੋਰ ਯਾਦਵ ਦੇ ਨਾਂ ਇੱਕ ਈਮੇਲ ਅਤੇ ਰਜਿਸਟਰਡ ਪੱਤਰ ਭੇਜ ਕੇ ਉਨ੍ਹਾਂ ਦੇ ਧਿਆਨ ਵਿੱਚ ਲਿਆਂਦਾ ਹੈ ਕਿ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਕੰਮ ਕਰਦੇ ਕਈ ਅਧਿਆਪਕਾਂ ਦੇ ਬੱਚੇ ਵਿਦੇਸ਼ਾਂ ਵਿੱਚ ਜਾ ਕੇ ਪੜ੍ਹਾਈ /ਰੁਜ਼ਗਾਰ ਕਰ ਰਹੇ ਹਨ। ਅਧਿਆਪਕ ਆਪਣੇ ਬੱਚਿਆਂ ਨੂੰ ਮਿਲਣ ਲਈ ਹਰ ਸਾਲ ਸਰਕਾਰੀ ਸਕੂਲਾਂ ਵਿੱਚ ਮਹੀਨਾ ਜੂਨ ਦੌਰਾਨ ਗਰਮੀ ਦੀਆਂ ਛੁੱਟੀਆਂ ਹੋਣ ਕਰਕੇ ਸਿੱਖਿਆ ਵਿਭਾਗ ਪੰਜਾਬ ਦੀ ਪ੍ਰਵਾਨਗੀ ਨਾਲ ਵਿਦੇਸ਼ ਛੁੱਟੀ ਲੈ ਕੇ ਵਿਦੇਸ਼ਾਂ ਵਿੱਚ ਜਾਂਦੇ ਹਨ। ਇਸ ਵਾਰ ਸਿੱਖਿਆ ਵਿਭਾਗ ਪੰਜਾਬ ਦੇ ਈ ਪੰਜਾਬ ਪੋਰਟਲ ਤੇ ਵਿਦੇਸ਼ ਛੁੱਟੀ ਅਪਲਾਈ ਕਰਨ ਵਾਲੇ ਅਧਿਆਪਕਾਂ ਦੀ ਛੁੱਟੀ ਰੱਦ ਕੀਤੀ ਜਾ ਰਹੀ ਹੈ। ਆਗੂਆਂ ਨੇ ਕਿਹਾ ਕਿ ਜਥੇਬੰਦੀ ਨੂੰ ਇਸ ਗੱਲ ਦੀ ਜਾਣਕਾਰੀ ਹੈ ਕਿ ਇਸ ਸਾਲ 1 ਜੂਨ 2024 ਨੂੰ ਪੰਜਾਬ ਵਿੱਚ ਲੋਕ ਸਭਾ ਚੋਣਾਂ ਲਈ ਵੋਟਾਂ ਪੈਣ ਕਰਕੇ ਅਤੇ 4 ਜੂਨ 2024 ਨੂੰ ਲੋਕ ਸਭਾ ਚੋਣਾਂ ਦੇ ਨਤੀਜੇ ਦਾ ਐਲਾਨ ਹੋਣ ਬਾਅਦ ਸਾਰੇ ਦੇਸ਼ ਵਿੱਚ ਚੋਣ ਜ਼ਾਬਤਾ / ਚੋਣ ਪ੍ਰਕਿਰਿਆ ਖਤਮ ਹੋ ਜਾਣੀ ਹੈ। ਆਗੂਆਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ 5 ਜੂਨ ਤੋਂ ਬਾਅਦ ਵਿਦੇਸ਼ ਛੁੱਟੀ ਲੈਣ ਦੇ ਚਾਹਵਾਨ ਅਧਿਆਪਕਾਂ ਦੀ ਵਿਦੇਸ਼ ਛੁੱਟੀ ਪ੍ਰਵਾਨ ਕਰਨ ਸਬੰਧੀ ਸਿੱਖਿਆ ਵਿਭਾਗ ਪੰਜਾਬ ਦੇ ਸਾਰੇ ਅਧਿਕਾਰੀਆਂ ਅਤੇ ਈ ਪੰਜਾਬ ਪੋਰਟਲ ਨੂੰ ਚਲਾਉਣ ਵਾਲੇ ਸਾਰੇ ਅਧਿਕਾਰੀਆਂ ਨੂੰ ਤੁਰੰਤ ਹਦਾਇਤਾਂ ਜਾਰੀ ਕੀਤੀਆਂ ਜਾਣ ਤਾਂ ਕਿ ਸਬੰਧਤ ਅਧਿਆਪਕ ਆਪਣੇ ਲੋੜੀਂਦੇ ਵੀਜ਼ੇ ਦੀ ਪ੍ਰਕਿਰਿਆ ਪੂਰੀ ਕਰ ਸਕਣ ਅਤੇ ਆਪਣੀਆਂ ਹਵਾਈ ਟਿਕਟਾਂ ਦੀ ਸਮੇਂ ਸਿਰ ਖਰੀਦ ਕਰ ਸਕਣ।

# ਤਿੰਨ ਲੁਟੇਰਿਆਂ ਨੇ ਜ਼ਖ਼ਮੀ ਕਰ ਮੋਬਾਇਲ, ਮੋਟਰਸਾਈਕਲ ਤੇ 2 ਹਜ਼ਾਰ ਰੁਪਏ ਲੁੱਟੇ



**ਫਿਲੌਰ (ਨਿਰਮਲ)**- ਸਿਵਲ ਹਸਪਤਾਲ ਫਿਲੌਰ ਵਿਖੇ ਇਲਾਜ ਅਧੀਨ ਗੁਰਮੇਲ ਸਿੰਘ ਵਾਸੀ ਪਿੰਡ ਆਲੋਵਾਲ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਉਹ ਬੀਤੀ ਰਾਤ 8:30 ਵਜੇ ਦੇ ਕਰੀਬ ਕੰਮ ਤੋਂ ਆਪਣੇ ਪਿੰਡ ਆਲੋਵਾਲ ਨੂੰ ਜਾ ਰਿਹਾ ਸੀ ਕਿ ਜਦੋਂ ਮੈਂ ਸ਼ਮਸ਼ਾਨਘਾਟ ਤੋਂ ਪਿੰਡ ਵੱਲ ਨੂੰ ਮੁੜਿਆਂ ਤਾਂ ਇੱਕ ਵਿਅਕਤੀ ਨੇ ਉਸ ਤੋਂ ਲਿਫਟ ਮੰਗੀ। ਜਦੋਂ ਉਹ ਉਸ ਨੂੰ ਲਿਫਟ ਦੇਣ ਲਈ ਰੁਕਿਆ ਤਾਂ ਦੋ ਹੋਰ ਵਿਅਕਤੀ ਆ ਗਏ ਜਿਨ੍ਹਾਂ ਨੇ ਉਸ 'ਤੇ ਦਾਤਰ ਨਾਲ ਹਮਲਾ ਕਰ ਉਸ ਨੂੰ ਜ਼ਖ਼ਮੀ ਕਰ ਉਸ ਕੋਲੋਂ ਇੱਕ ਮੋਬਾਇਲ, ਮੋਟਰਸਾਈਕਲ ਅਤੇ 2 ਹਜ਼ਾਰ ਰੁਪਏ ਖੋਹ ਕੇ ਫ਼ਰਾਰ ਹੋ ਗਏ ਅਤੇ ਉਸ ਨੂੰ ਜ਼ਖ਼ਮੀ ਹਾਲਤ 'ਚ ਸਿਵਲ ਹਸਪਤਾਲ ਫਿਲੌਰ ਵਿਖੇ ਇਲਾਜ ਲਈ ਦਾਖਲ ਕਰਵਾਇਆ ਗਿਆ। ਗੁਰਮੇਲ ਸਿੰਘ ਨੇ ਦੱਸਿਆ ਕਿ ਸਵੇਰੇ ਤੱਕ ਉਸ ਦਾ ਫੋਨ ਚੱਲ ਰਿਹਾ ਹੈ ਪਰ ਕੋਈ ਫੋਨ ਚੁੱਕ ਨਹੀਂ ਰਿਹਾ। ਉਸ ਨੇ ਪੁਲਸ ਪ੍ਰਸ਼ਾਸਨ ਤੋਂ ਲੁਟੇਰਿਆਂ ਨੂੰ ਕਾਬੂ ਕਰ ਉਸ ਦਾ ਸਮਾਨ ਦਿਵਾਉਣ ਦੀ ਮੰਗ ਕੀਤੀ।

# ਰੋਟਰੀ ਕਲੱਬ ਬੰਗਾ ਗ੍ਰੀਨ ਵਲੋਂ ਸੜਕ ਦੁਰਘਟਨਾ 'ਚ ਲੋੜਵੰਦ ਮਰੀਜ਼ ਦੀ ਮਦਦ



**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ)**-ਬੀਤੇ ਦਿਨੀਂ ਰੋਟਰੀ ਕਲੱਬ ਬੰਗਾ ਗ੍ਰੀਨ ਦੇ ਸਮੂਹ ਮੈਂਬਰਾਂ ਵਲੋਂ ਪ੍ਰਧਾਨ ਰੋਟੇ. ਦਿਲਬਾਗ ਸਿੰਘ ਬਾਗੀ ਦੀ ਅਗਵਾਈ ਵਿਚ ਪਿੰਡ ਖਮਾਚੋ ਦੇ ਮਰੀਜ਼ ਪਵਨ ਕੁਮਾਰ ਦੀ ਨਕਦ ਰਾਸ਼ੀ ਦੇ ਕੇ ਮਦਦ ਕੀਤੀ ਗਈ। ਪਵਨ ਕੁਮਾਰ ਦੀ ਇਕ ਰੋਡ ਐਕਸੀਡੈਂਟ ਵਿਚ ਕੋਮਾ 'ਚ ਜਾਣ ਕਾਰਨ ਹਾਲਤ ਗੰਭੀਰ ਹੋ ਗਈ ਸੀ ਜਿਸ ਕਰਕੇ ਪਰਵਾਰ ਨੂੰ ਵੀ ਆਰਥਿਕ ਪੱਖੋਂ ਕਮਜ਼ੋਰ ਹੋਣ ਕਰਕੇ ਇਲਾਜ ਕਰਵਾਉਣ 'ਚ ਮੁਸ਼ਕਲ ਆ ਰਹੀ ਸੀ। ਜਿਸ ਕਰਕੇ ਰੋਟਰੀ ਕਲੱਬ ਬੰਗਾ ਗ੍ਰੀਨ ਵਲੋਂ 21000 ਰੁਪਏ ਦੀ ਇਲਾਜ ਲਈ ਨਕਦ ਰਾਸ਼ੀ ਦੇ ਕੇ ਮਦਦ ਕੀਤੀ ਗਈ ਅਤੇ ਮਰੀਜ਼ ਦੀ ਤੰਦਰੁਸਤੀ ਦੀ ਕਾਮਨਾ ਕੀਤੀ ਗਈ। ਇਸ ਮੌਕੇ ਰੋਟੇ. ਦਿਲਬਾਗ ਸਿੰਘ ਬਾਗੀ ਅਤੇ ਰੋਟੇ. ਸ਼ਮਿੰਦਰ ਸਿੰਘ ਗਰਚਾ ਨੇ ਕਿਹਾ ਲੋੜਵੰਦ ਦੀ ਮਦਦ ਕਰਨਾ ਹੀ ਇਨਸਾਨੀਅਤ ਦਾ ਸਭ ਤੋਂ ਵੱਡਾ ਧਰਮ ਹੈ। ਕਿਸੇ ਬੇਸਹਾਰਾ ਦੀ ਮਦਦ ਕਰਕੇ ਮਨ ਨੂੰ ਜੋ ਖੁਸ਼ੀ ਮਿਲਦੀ ਹੈ ਉਹ ਸ਼ਬਦਾਂ 'ਚ ਬਿਆਨ ਨਹੀਂ ਕੀਤੀ ਜਾ ਸਕਦੀ ਅਤੇ ਉਨ੍ਹਾਂ ਨੇ ਇਲਾਕਾ ਨਿਵਾਸੀਆਂ ਨੂੰ ਵੀ ਬੇਨਤੀ ਕੀਤੀ ਕਿ ਇਹੋ ਜਿਹੇ ਮੌਕਿਆ 'ਤੇ ਦਸਵੰਧ ਜ਼ਰੂਰ ਕੱਢਣਾ ਚਾਹੀਦਾ ਹੈ। ਇਸ ਮੌਕੇ ਰੋਟੇ. ਅਸ਼ੋਕ ਕੁਮਾਰ ਸੈਕਟਰੀ, ਰੋਟੇ. ਜੀਵਨ ਦਾਸ ਕੌਸ਼ਲ, ਰੋਟੇ. ਭੁਪੇਸ਼ ਕੁਮਾਰ, ਰੋਟੇ. ਰਣਬੀਰ ਸਿੰਘ ਰਾਣਾ, ਰੋਟੇ. ਡਾ. ਧਰਮਜੀਤ ਸਿੰਘ, ਰੋਟੇ. ਹਰਮਨਪ੍ਰੀਤ ਸਿੰਘ ਰਾਣਾ ਅਤੇ ਬਖਸ਼ੀਸ਼ ਸਿੰਘ ਮਾਨ ਆਦਿ ਹਾਜ਼ਰ ਸਨ।

# ਜ਼ਿਲ੍ਹਾ ਚੋਣ ਅ.ਫ਼ਸਰ ਵੱਲੋਂ ਪੋਲਿੰਗ ਬੂਥਾਂ ਦਾ ਦੌਰਾ, ਸ਼ਿਕਾਇਤ ਸੈੱਲ, ਐੱਮ ਸੀ ਐੱਮ ਸੀ ਕਮੇਟੀ ਦੇ ਕੰਮਾਂ ਦੀ ਲਈ ਜਾਣਕਾਰੀ




**ਨਵਾਂਸ਼ਹਿਰ, ਬੰਗਾ (ਕੁਲਵਿੰਦਰ ਸਿੰਘ ਦੁਰਗਾਪੁਰੀਆ, ਅਵਤਾਰ ਕਲੇਰ)**—ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਨਵਜੋਤਪਾਲ ਸਿੰਘ ਰੰਧਾਵਾ ਵੱਲੋਂ ਲੋਕ ਸਭਾ ਚੋਣਾਂ-2024 ਸਬੰਧੀ ਬਣਾਏ ਜਾਣ ਵਾਲੇ ਪੋਲਿੰਗ ਬੂਥਾਂ ਸਬੰਧੀ ਦੋਆਬਾ ਸਿੱਖ ਨੈਸ਼ਨਲ ਸਕੂਲ ਨਵਾਂਸ਼ਹਿਰ, ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਨਵਾਂਸ਼ਹਿਰ, ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਲੰਗੜੋਆ ਅਤੇ ਸਰਕਾਰੀ ਮਿਡਲ ਸਮਾਰਟ ਸਕੂਲ ਪੰਨੂ ਮਜਾਰਾ ਦਾ ਦੌਰਾ ਕੀਤਾ। ਉਨ੍ਹਾਂ ਨਾਲ ਐਸ.ਡੀ.ਐਮ. ਡਾ. ਅਕਸ਼ਿਤਾ ਗੁਪਤਾ, ਵੱਖ-ਵੱਖ ਵਿਭਾਗਾਂ ਦੇ ਜ਼ਿਲ੍ਹਾ ਅਧਿਕਾਰੀ ਹਾਜ਼ਰ ਸਨ। ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਨੇ ਪੋਲਿੰਗ ਬੂਥਾਂ ਦੀ ਸੁਰੱਖਿਆ ਅਤੇ ਪ੍ਰਬੰਧਾਂ 'ਤੇ ਚਰਚਾ ਕੀਤੀ। ਉਨ੍ਹਾਂ ਕਿਹਾ ਕਿ ਤਿਆਰ ਕੀਤੇ ਗਏ 80 ਫੀਸਦੀ ਤੋਂ ਵੱਧ ਪੋਲਿੰਗ ਬੂਥਾਂ ਦਾ ਦੌਰਾ ਕੀਤਾ ਗਿਆ ਹੈ ਅਤੇ ਪੋਲਿੰਗ ਬੂਥਾਂ 'ਤੇ ਉਪਲਬੱਧ ਹੋਣ ਵਾਲੀਆਂ ਮੂਲ ਸੁਵਿਧਾਵਾਂ ਦਾ ਜਾਇਜ਼ਾ ਲਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਪੋਲਿੰਗ ਬੂਥਾਂ 'ਤੇ ਲਾਈਟ, ਪਖੇ, ਸੁਰੱਖਿਆ ਆਦਿ ਸਬੰਧੀ ਸਾਰੇ ਪ੍ਰਬੰਧ 'ਤੇ ਵਿਚਾਰ ਵਟਾਂਦਰਾ ਕੀਤਾ ਗਿਆ ਹੈ।ਇਸ ਉਪਰੰਤ ਡਿਪਟੀ ਕਮਿਸ਼ਨਰ-ਕਮ- ਜ਼ਿਲ੍ਹਾ ਚੋਣ ਅਫ਼ਸਰ ਨਵਜੋਤਪਾਲ ਸਿੰਘ ਰੰਧਾਵਾ ਵੱਲੋਂ ਜ਼ਿਲ੍ਹਾ ਚੋਣ ਦਫ਼ਤਰ ਦਾ ਦੌਰਾ ਕਰਕੇ ਚੋਣਾਂ ਸਬੰਧੀ ਕੀਤੇ ਜਾ ਰਹੇ ਕੰਮਾਂ ਦਾ ਜਾਇਜ਼ਾ ਲਿਆ ਗਿਆ ਅਤੇ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਆਪਣੀ ਡਿਊਟੀ ਇਮਾਨਦਾਰੀ ਤੇ ਤਨਦੇਹੀ ਨਾਲ ਕਰਨ ਲਈ ਪ੍ਰੇਰਿਤ ਕੀਤਾ ਗਿਆ। ਉਨ੍ਹਾਂ ਵੱਲੋਂ ਸ਼ਿਕਾਇਤ ਸੈਲ 1950 ਦਾ ਵੀ ਦੌਰਾ ਕੀਤਾ ਗਿਆ ਅਤੇ ਡਿਊਟੀ 'ਤੇ ਤਾਇਨਾਤ ਅਧਿਕਾਰੀ ਤੋਂ ਜਾਣਕਾਰੀ ਹਾਸਲ ਕੀਤੀ ਗਈ। ਉਨ੍ਹਾਂ ਦੱਸਿਆ ਕਿ ਸ਼ਿਕਾਇਤ ਸੈਲ 1950 ਜ਼ਿਲ੍ਹਾ ਪੱਧਰ 'ਤੇ 24 ਘੰਟੇ ਚੱਲ ਰਿਹਾ ਹੈ, ਕੋਈ ਵੀ ਨਗਾਰਿਕ ਵੋਟਾਂ ਸਬੰਧੀ ਕੋਈ ਵੀ ਜਾਣਕਾਰੀ ਪ੍ਰਾਪਤ ਕਰ ਸਕਦਾ ਹੈ। ਇਸ ਦੇ ਨਾਲ -ਨਾਲ ਚੋਣ ਕਮਿਸ਼ਨਰ ਵਲੋਂ ਚੋਣਾਂ ਸਬੰਧੀ ਕੋਈ ਵੀ ਸ਼ਿਕਾਇਤ ਪ੍ਰਾਪਤ ਕਰਨ ਲਈ ਸੀ-ਵਿਜਲ ਐਪ ਚਲਾਈ ਗਈ ਹੈ, ਚੋਣਾਂ ਦੌਰਾਨ ਜ਼ਿਲ੍ਹੇ ਵਿੱਚ ਕਿਤੇ ਵੀ ਮਾਡਲ ਕੋਡ ਆਫ ਕੰਡਕਟ ਦੀ ਉਲੰਘਣਾ ਹੁੰਦੀ ਹੈ ਤਾਂ ਤੁਸੀ ਸੀ-ਵਿਜਲ ਐਪ ਰਾਹੀਂ ਸ਼ਿਕਾਇਤ ਕਰ ਸਕਦੇ ਹੋ, ਜ਼ਿਲ੍ਹੇ ਵਿੱਚ ਚੱਲ ਰਹੀਆਂ ਫਲਾਈਇੰਗ ਸਕੁਐਡ ਟੀਮਾ ਰਾਹੀਂ ਉਸ ਦਾ ਮੌਕੇ 'ਤੇ ਹੀ ਪਹੁੰਚ ਕੇ ਨਿਪਟਾਰਾ ਕੀਤਾ ਜਾਂਦਾ ਹੈ। ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਨਵਜੋਤਪਾਲ ਸਿੰਘ ਰੰਧਾਵਾ ਵਲੋਂ ਮੀਡੀਆ ਸਰਟੀਫਿਕੇਸ਼ਨ ਅਤੇ ਮੋਨੀਟਰਿੰਗ ਕਮੇਟੀ ਦਾ ਦੌਰਾ ਕੀਤਾ ਗਿਆ। ਇਸ ਮੌਕੇ ਐਮ.ਸੀ.ਐਮ.ਸੀ. ਦੇ ਨੋਡਲ ਅਫਸਰ-ਕਮ-ਡੀ.ਪੀ.ਆਰ.ਓ. ਅਰੁਣ ਚੌਧਰੀ ਵਲੋਂ ਜ਼ਿਲ੍ਹਾ ਚੋਣ ਅਫਸਰ ਨੂੰ ਮੀਡੀਆ ਮੋਨੀਟਰਿੰਗ ਐਂਡ ਸਰਟੀਫਿਕੇਸ਼ਨ ਕਮੇਟੀ ਦੇ ਕੰਮ-ਕਾਜ ਸਬੰਧੀ ਜਾਣਕਾਰੀ ਦਿੱਤੀ ਗਈ। ਉਨ੍ਹਾਂ ਦੱਸਿਆ ਕਿ ਕਮੇਟੀ ਵਲੋਂ ਉਮੀਦਵਾਰਾਂ ਦੇ ਇਸ਼ਤਿਹਾਰਾਂ ਦੇ ਕੰਨਟੈਂਟ ਨੂੰ ਮਨਜ਼ੂਰੀ ਦੇਣ ਦੇ ਨਾਲ-ਨਾਲ ਉਨ੍ਹਾਂ ਦੇ ਸ਼ੋਸ਼ਲ ਮੀਡੀਆ ਖਾਤਿਆਂ ਉੱਪਰ ਵੀ ਕਰੜੀ ਨਿਗਰਾਨੀ ਕੀਤੀ ਜਾ ਰਹੀ ਹੈ।ਇਸ ਮੌਕੇ ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਨੇ ਇਹ ਵੀ ਦੱਸਿਆ ਕਿ ਐਮ.ਸੀ.ਐਮ.ਸੀ. ਵੱਲੋਂ ਪੇਡ ਨਿਊਜ਼ ਦੇ ਰੁਝਾਨ ਨੂੰ ਰੋਕਣ ਲਈ ਵੀ ਵਿਸ਼ੇਸ਼ ਟੀਮਾਂ ਰਾਹੀਂ ਅਖ਼ਬਾਰਾਂ ਤੇ ਵੱਖ-ਵੱਖ ਟੀ. ਵੀ. ਚੈਨਲਾਂ ਨੂੰ ਵਾਚਿਆ ਜਾ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਐਮ.ਸੀ.ਐਮ.ਸੀ ਸਬੰਧੀ ਰੋਜ਼ਾਨਾ ਤੌਰ 'ਤੇ ਮੁੱਖ ਚੋਣ ਅਫ਼ਸਰ ਚੰਡੀਗੜ੍ਹ ਨੂੰ ਭੇਜੀ ਜਾਣ ਵਾਲੀ ਰਿਪੋਰਟ ਸਹੀ ਸਮੇਂ 'ਤੇ ਭੇਜੀ ਜਾ ਰਹੀ ਹੈ। ਪ੍ਰਿੰਟ, ਇਲੈਕਟ੍ਰੋਨਿਕ ਅਤੇ ਸ਼ੋਸ਼ਲ ਮੀਡੀਆ ਵਿੱਚ ਤਾਇਨਾਤ ਕੀਤੇ ਗਏ ਕਰਮਚਾਰੀਆਂ ਨੂੰ ਵਿਸ਼ੇਸ਼ ਤੌਰ 'ਤੇ ਹਦਾਇਤ ਕੀਤੀ ਗਈ ਹੈ ਕਿ ਉਹ ਰੋਜ਼ਾਨਾ ਤੌਰ 'ਤੇ ਸਾਰੀਆਂ ਅਖ਼ਬਾਰਾਂ ਵਿੱਚ ਛਪੀਆਂ ਖ਼ਬਰਾਂ 'ਤੇ ਨਿਗ੍ਹਾ ਰੱਖਣਗੇ, ਜੇਕਰ ਗਠਿਤ ਕੀਤੀ ਗਈ ਐਮ.ਸੀ.ਐਮ.ਸੀ ਕਮੇਟੀ ਵੱਲੋਂ ਕਿਸੇ ਖ਼ਬਰ ਦੀ ਸੰਭਾਵੀ ਪੇਡ ਨਿਊਜ਼ ਜਾਪਦੀ ਹੈ ਤਾਂ ਇਸ ਸਬੰਧੀ ਰੋਜ਼ਾਨਾ ਤੌਰ 'ਤੇ ਕਾਰਵਾਈ ਕਰਦੇ ਹੋਏ ਸਬੰਧਤ ਸਹਾਇਕ ਰਿਟਰਨਿੰਗ ਅਫ਼ਸਰਾਂ ਦੇ ਧਿਆਨ ਵਿੱਚ ਲਿਆਂਦਾ ਜਾਵੇ।

ਉਨ੍ਹਾਂ ਦੱਸਿਆ ਕਿ ਇਸੇ ਤਰ੍ਹਾਂ ਇਲੈਕਟ੍ਰੋਨਿਕ ਮੀਡੀਆ ਵਿੱਚ ਆਉਣ ਵਾਲੀਆਂ ਅਖ਼ਬਾਰਾਂ ਅਤੇ ਇਸ਼ਤਿਹਾਰਾਂ 'ਤੇ ਵੀ ਨਜ਼ਰ ਰੱਖੀ ਜਾ ਰਹੀ ਹੈ। ਸ਼ੋਸ਼ਲ ਮੀਡੀਆ ਵਿੱਚ ਤਾਇਨਾਤ ਕਰਮਚਾਰੀਆਂ ਨੂੰ ਵੀ ਸ਼ੋਸ਼ਲ ਮੀਡੀਆ ਪੋਸਟ ਅਤੇ ਹੋਰ ਗਤੀਵਿਧੀਆਂ 'ਤੇ ਨਜ਼ਰ ਰੱਖਣ ਦੀ ਹਦਾਇਤ ਕੀਤੀ ਗਈ ਹੈ।

# ਬੀ ਕੇ ਯੂ ਉਗਰਾਹਾਂ ਨੇ ਦਿੱਤਾ ਪ੍ਰੋਫੈਸਰ ਬਲਜਿੰਦਰ ਕੌਰ ਨੂੰ ਚੇਤਾਵਨੀ ਪੱਤਰ



**ਤਲਵੰਡੀ ਸਾਬੋ (ਜਗਦੀਪ ਗਿੱਲ)** ਮੰਡੀਕਰਨ ਬੋਰਡ ਨੂੰ ਤੋੜਨ ਅਤੇ ਪੰਜਾਬ ਵਿੱਚ 9 ਵੱਡੇ ਸਾਈਲੋ ਗੋਦਾਮ ਬਣਾ ਕੇ ਕਾਰਪਰੇਟ ਘਰਾਣਿਆਂ ਨੂੰ ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਅਨਾਜ ਖਰੀਦਣ, ਜਮ੍ਹਾਂ ਕਰਨ ਤੇ ਪ੍ਰੋਸੈਸਿੰਗ ਕਰਨ ਦੀ ਦਿੱਤੀ ਇਜਾਜ਼ਤ ਵਿਰੁੱਧ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਸੱਦੇ ਤਹਿਤ ਹਲਕਾ ਤਲਵੰਡੀ ਸਾਬੋ ਦੇ ਵਿਧਾਇਕ ਪ੍ਰੋ. ਬਲਜਿੰਦਰ ਕੌਰ ਦੇ ਘਰ ਅੱਗੇ ਧਰਨਾ ਦੇ ਕੇ ਚਿਤਾਵਨੀ ਪੱਤਰ ਦਿੱਤਾ ਤੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਸਰਕਾਰ ਦੁਆਰਾ ਲਿਆ ਇਹ ਫੈਸਲਾ ਵਾਪਸ ਲਿਆ ਜਾਵੇ।

ਧਰਨੇ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਆਗੂ ਜਗਦੇਵ ਸਿੰਘ ਜੋਗੇਵਾਲਾ ਅਤੇ ਬਲਾਕ ਜਨਰਲ ਸਕੱਤਰ ਕਾਲਾ ਸਿੰਘ ਚੱਠੇਵਾਲਾ ਨੇ ਕਿਹਾ ਕਿ 2020 ਵਿੱਚ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਤਿੰਨ ਕਿਸਾਨ ਅਤੇ ਲੋਕ ਵਿਰੋਧੀ ਕਾਨੂੰਨ ਲਿਆਂਦੇ ਸਨ, ਜਿਨ੍ਹਾਂ ਨੂੰ ਪੰਜਾਬ ਸਮੇਤ ਭਾਰਤ ਦੇ ਕਿਸਾਨਾਂ ਵੱਲੋਂ ਲਗਾਤਾਰ ਦਿੱਲੀ ਦੇ ਬਾਰਡਰਾਂ 'ਤੇ 13 ਮਹੀਨੇ ਮੋਰਚਾ ਲਾਉਣ ਤੋਂ ਬਾਅਦ ਜਿਸ ਦੌਰਾਨ 750 ਤੋਂ ਜ਼ਿਆਦਾ ਕਿਸਾਨਾਂ, ਮਜ਼ਦੂਰਾਂ ਤੇ ਔਰਤਾਂ ਦੀਆਂ ਸ਼ਹੀਦੀਆਂ ਹੋਈਆਂ ਸਨ, ਮੋਦੀ ਹਕੂਮਤ ਨੂੰ ਉਹ ਕਾਨੂੰਨ ਵਾਪਸ ਲੈਣੇ ਪਏ ਸੀ ਪਰ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਉਹ ਪਹਿਲੇ ਦੋ ਕਾਨੂੰਨ ਪੰਜਾਬ ਵਿੱਚ ਲਾਗੂ ਕਰਨ ਲਈ 15 ਮਾਰਚ ਨੂੰ ਪੱਤਰ ਜਾਰੀ ਕਰ ਦਿੱਤਾ ਹੈ, ਜੋ ਵੱਡੇ ਕਾਰਪੋਰੇਟ ਘਰਾਣਿਆਂ ਦੀਆਂ 9 ਸਾਇਲੋ ਮੰਡੀਆਂ ਨੂੰ 7 ਲੱਖ 25000 ਟਨ ਕਣਕ ਖਰੀਦ ਕੇ ਸਟੋਰ ਅਤੇ ਪ੍ਰੋਸੈਸਿੰਗ ਕਰਨ ਦੀ ਖੁੱਲ੍ਹ ਦੇਣ ਦਾ ਫੈਸਲਾ ਸਰਾਸਰ ਕਿਸਾਨ ਵਿਰੋਧੀ ਫੈਸਲਾ ਹੈ।

ਇਸ ਦੇ ਨਾਲ ਹੀ ਪੰਜਾਬ ਦੀਆਂ ਦੋ ਦਰਜਨ ਤੋਂ ਵੱਧ ਖੇਤੀ ਮੰਡੀਆਂ/ਸਬਯਾਰਡਾਂ ਨੂੰ ਹੋਰਨਾਂ ਵਿਭਾਗਾਂ ਵਿੱਚ ਮਰਜ ਕਰਨ ਦੇ ਫੈਸਲੇ ਬਾਰੇ ਵੀ ਜਾਣਕਾਰੀ ਹਾਸਲ ਹੋਈ ਹੈ। ਇਹ ਦੋਨੋਂ ਕਦਮ ਜੁੜ ਕੇ ਸਰਕਾਰੀ ਮੰਡੀ ਨੂੰ ਸੁੰਗੇੜਨ ਤੇ ਕਾਰਪੋਰੇਟ ਵਪਾਰੀਆਂ ਦਾ ਗਲਬਾ ਵਧਾਉਣ ਦੇ ਕਦਮ ਹਨ। ਇਸ ਨਾਲ 2-3 ਫ਼ਸਲਾਂ ਦੀ ਚੱਲ ਰਹੀ ਸਰਕਾਰੀ ਖਰੀਦ ਵੀ ਠੱਪ ਕਰਨ ਦਾ ਰਾਹ ਪੱਧਰਾ ਹੁੰਦਾ ਹੈ।

# ਪੁਲਸ ਨੇ ਗੱਡੀ ਤੇ ਮਾਰੂ ਹਥਿਆਰਾਂ ਸਮੇਤ ਕੀਤੇ ਦੋ ਕਾਬੂ

**ਮਾਲੇਰਕੋਟਲਾ (ਅਸਗਰ ਪਰਿਹਾਰ)** ਜ਼ਿਲ੍ਹਾ ਮਾਲੇਰਕੋਟਲਾ ਪੁਲਸ ਨੇ ਦੋ ਵਿਅਕਤੀਆਂ ਨੂੰ ਗੱਡੀ ਤੇ ਅਸਲੇ ਸਮੇਤ ਗ੍ਰਿਫ਼ਤਾਰ ਕਰਨ ਦਾ ਦਾਅਵਾ ਕੀਤਾ ਹੈ। ਪੁਲਸ ਲਾਈਨ ਵਿਖੇ ਬੁਲਾਈ ਪ੍ਰੈਸ ਕਾਨਫਰੰਸ ਦੌਰਾਨ ਅਧਿਕਾਰੀਆਂ ਨੇ ਦੱਸਿਆ ਕਿ ਮਾੜੇ ਅਨਸਰਾਂ ਖਿਲਾਫ਼ ਵਿੱਢੀ ਮੁਹਿੰਮ ਉਸ ਵੇਲੇ ਸਾਰਥਕ ਸਿੱਧ ਹੋਈ, ਜਦੋਂ ਸ੍ਰੀ ਵੈਭਵ ਸਹਿਗਲ, ਪੀ.ਪੀ.ਐਸ, ਕਪਤਾਨ ਪੁਲਿਸ, ਇੰਵੈਸਟੀਗੇਸ਼ਨ, ਮਾਲੇਰਕੋਟਲਾ, ਸ੍ਰੀ ਸਤੀਸ਼ ਕੁਮਾਰ, ਪੀ.ਪੀ.ਐਸ, ਉਪ ਕਪਤਾਨ ਪੁਲਿਸ, ਇੰਵੈਸਟੀਗੇਸ਼ਨ, ਮਾਲੇਰਕੋਟਲਾ ਦੀ ਨਿਗਰਾਨੀ ਤਹਿਤ ਇੰਸਪੈਕਟਰ ਹਰਜਿੰਦਰ ਸਿੰਘ, ਇੰਚਾਰਜ, ਸੀ.ਆਈ.ਏ. ਸਟਾਫ, ਮਾਹੋਰਾਣਾ ਦੀ ਟੀਮ ਗਸ਼ਤ ਚੈਕਿੰਗ ਸ਼ੱਕੀ ਪੁਰਸ਼ਾਂ ਦੇ ਸਬੰਧ ਵਿੱਚ ਮਾਲੇਰਕੋਟਲਾ-ਖੰਨਾ ਰੋਡ ਨੇੜੇ ਬੱਸ ਅੱਡਾ ਪਿੰਡ ਛੋਕਰਾਂ ਮੌਜੂਦ ਸੀ ਤਾਂ ਕਾਊਂਟਰ ਇੰਟੈਲੀਜੈਂਸ ਸੰਗਰੂਰ ਦੀ ਟੀਮ ਨੂੰ ਮੁਖਬਰੀ ਹੋਈ ਕਿ ਕੁੱਝ ਵਿਅਕਤੀ ਨੇੜਲੇ ਖੇਤ ਵਿੱਚ ਮੋਟਰ 'ਤੇ ਬੈਠੇ ਕੋਈ ਯੋਜਨਾ ਬਣਾ ਰਹੇ ਹਨ।



ਜਿਸ 'ਤੇ ਗੌਰ ਕਰਦਿਆਂ ਉਕਤ ਨਾਕੇ 'ਤੇ ਮੌਜੂਦ ਮੁਲਾਜ਼ਮਾਂ ਨੇ ਰੇਡ ਕੀਤੀ ਤਾਂ ਮੌਕੇ ਤੋਂ ਦੋ ਵਿਅਕਤੀਆਂ ਨੂੰ ਅਸਲੇ ਸਮੇਤ ਗ੍ਰਿਫ਼ਤਾਰ ਕੀਤਾ ਗਿਆ, ਜਿਨ੍ਹਾਂ ਦੀ ਪਛਾਣ ਹਰਨਾਮ ਸਿੰਘ ਪੁੱਤਰ ਪ੍ਰੇਮ ਸਿੰਘ ਵਾਸੀ ਰੁੜਕੀ ਕਲਾਂ, ਥਾਣਾ ਸਦਰ ਅਹਿਮਦਗੜ੍ਹ ਤੇ ਅੰਮ੍ਰਿਤਪਾਲ ਸਿੰਘ ਉਰਫ਼ ਰਵੀ ਪੁੱਤਰ ਪ੍ਰਿਤਪਾਲ ਸਿੰਘ ਵਾਸੀ ਪਿੰਡ ਮੰਨਵੀ, ਥਾਣਾ ਅਮਰਗੜ੍ਹ ਵਜੋਂ ਹੋਈ ਹੈ, ਜਿਨ੍ਹਾਂ ਕੋਲੋਂ ਇੱਕ ਫਾਰਚੂਨਰ ਗੱਡੀ, ਪਿਸਟਲ 12 ਬੋਰ ਤੇ ਹੋਰ ਅਸਲਾ ਵੀ ਮਿਲਿਆ ਹੈ।

ਜ਼ਿਲ੍ਹਾ ਪੁਲਸ ਮੁਖੀ ਡਾ. ਸਿਮਰਤ ਕੌਰ ਆਈ.ਪੀ.ਐਸ ਨੇ ਦੱਸਿਆ ਕਿ ਮੁਲਜ਼ਮ ਹਰਨਾਮ ਸਿੰਘ ਅਤੇ ਅਮ੍ਰਿੰਤਪਾਲ ਸਿੰਘ ਉਰਫ ਰਵੀ ਨੂੰ ਪੇਸ਼ ਅਦਾਲਤ ਕਰਕੇ 03 ਦਿਨ ਦਾ ਪੁਲਿਸ ਰਿਮਾਂਡ ਹਾਸਲ ਕੀਤਾ ਗਿਆ। ਰਿਮਾਂਡ ਦੌਰਾਨ ਉਕਤ ਮੁਲਜ਼ਮਾਂ ਕੋਲੋਂ ਸਖਤੀ ਨਾਲ ਪੁੱਛਗਿੱਛ ਕੀਤੀ ਜਾਵੇਗੀ ਅਤੇ ਹੋਰ ਅਹਿਮ ਖੁਲਾਸੇ ਹੋਣ ਦੀ ਸੰਭਾਵਨਾ ਹੈ।

# ਪ੍ਰਧਾਨ ਮੰਤਰੀ ਦੀ ਭ੍ਰਿਸ਼ਟਾਚਾਰ ਦੇ ਖ਼ਿਲਾਫ਼ ਜੰਗ ਜਾਰੀ ਰਹੇਗੀ : ਪ੍ਰਦੀਪ ਗਰਗ



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**- ਭਾਰਤੀਆ ਜਨਤਾ ਪਾਰਟੀ ਦੇ ਜਿਲ੍ਹਾ ਸੰਗਰੂਰ ਦੇ ਜਨਰਲ ਸਕੱਤਰ ਪਰਦੀਪ ਗਰਗ ਨੇ ਕਿਹਾ ਕਿ ਆਮ ਆਦਮੀ ਪਾਰਟੀ, ਜਿਸ ਦਾ ਜਨਮ ਇੰਡੀਆ ਅਗੇਂਸਟ ਕਰੱਪਸ਼ਨ ਵਿੱਚੋਂ ਹੋਇਆ ਸੀ, ਓਹ ਹੁਣ ਭ੍ਰਿਸ਼ਟਾਚਾਰ ਨਾਲ ਗੱਠਜੋੜ ਤੱਕ ਪਹੁੰਚ ਗਿਆ ਹੈ। ਉਨ੍ਹਾਂ ਕਿਹਾ ਕਿ ਖਾਸ ਗੱਲ ਇਹ ਹੈ ਕਿ ਇਹ ਆਮ ਆਦਮੀ ਪਾਰਟੀ ਉਨ੍ਹਾਂ ਹੀ ਨੇਤਾਵਾਂ ਦੇ ਨਾਲ ਖੜੀ ਹੈ ਜਿਨ੍ਹਾਂ ਦੇ ਖਿਲਾਫ ਇਹ ਪਾਰਟੀ ਬਣੀ ਸੀ। ਇਕ ਪਾਸੇ ਪ੍ਰਧਾਨ ਮੰਤਰੀ ਮੋਦੀ ਜੀ ਕਹਿੰਦੇ ਹਨ ਕਿ ਭ੍ਰਿਸ਼ਟਾਚਾਰ ਖਤਮ ਕਰੋ ਪਰ ਇੰਡੀ ਗਠਜੋੜ ਦੇ ਨੇਤਾ ਕਹਿੰਦੇ ਹਨ ਕਿ ਭ੍ਰਿਸ਼ਟਾਚਾਰੀਆਂ ਨੂੰ ਬਚਾਓ। ਉਨ੍ਹਾਂ ਕਿਹਾ ਕਿ ਰਾਮਲੀਲਾ ਮੈਦਾਨ ਵਿੱਚ ਜੋ ਲੋਕ ਇਕੱਠੇ ਹੋਏ ਸਨ, ਉਹ ਘੁਟਾਲੇ ਕਰਨ ਵਾਲਿਆਂ ਦੀ ਬਰਾਤ ਸੀ, ਇਹ ਸਾਰੇ ਦੇਸ਼ ਨੂੰ ਲੁੱਟ ਰਹੇ ਹਨ ਤੇ ਲੁੱਟਣਾ ਚਾਹੁੰਦੇ ਹਨ ਤੇ ਇਹ ਵੀ ਚਾਹੁੰਦੇ ਹਨ ਕਿ ਭ੍ਰਿਸ਼ਟਾਚਾਰ 'ਤੇ ਕੋਈ ਚਰਚਾ ਨਾ ਹੋਵੇ।ਉਨ੍ਹਾਂ ਕਿਹਾ ਕਿ ਇਹ ਲੋਕ ਬੜੇ ਚਾਅ ਨਾਲ ਹਰ ਰੋਜ਼ ਘਪਲੇ ਚਾਹੁੰਦੇ ਹਨ, ਪਰ ਇਸ 'ਤੇ ਕੋਈ ਕਾਰਵਾਈ ਨਹੀਂ ਹੁੰਦੀ, ਇਹ ਗਠਜੋੜ ਨਹੀਂ ਸਗੋਂ ਠਗਜੋੜ ਹੈ।

ਉਨ੍ਹਾਂ ਕਿਹਾ ਕਿ ਮਮਤਾ ਹੋਵੇ, ਕੇਜਰੀਵਾਲ ਦੀ ਪਾਰਟੀ ਹੋਵੇ, ਕਾਂਗਰਸ ਹੋਵੇ ਜਾਂ ਸਟਾਲਿਨ, ਇਨ੍ਹਾਂ ਸਾਰਿਆਂ ਦਾ ਇੱਕੋ ਹੀ ਕੰਮ ਹੈ, ਮੋਦੀ ਜੀ ਨੂੰ ਗਾਲ੍ਹਾਂ ਕੱਢਣੀਆਂ, ਦੇਸ਼ ਨੂੰ ਬਦਨਾਮ ਕਰਨਾ, ਹਿੰਦੂ ਧਰਮ ਨੂੰ ਗਾਲ੍ਹਾਂ ਕੱਢਣੀਆਂ, ਵੱਡੇ-ਵੱਡੇ ਘਪਲੇ ਕਰਨੇ, ਜਦੋਂ ਜਾਂਚ ਹੁੰਦੀ ਹੈ ਤਾਂ ਏਜੰਸੀਆਂ ਨੋਟਿਸ ਦਿੰਦੀਆਂ ਹਨ ਤਾਂ ਨਜ਼ਰਅੰਦਾਜ਼ ਕਰਦੀਆਂ ਹਨ।ਜੇਕਰ ਕੋਈ ਕਾਰਵਾਈ ਹੁੰਦੀ ਹੈ ਤਾਂ ਹਾਈਕੋਰਟ ਪਹੁੰਚੋ, ਜੇਕਰ ਅਦਾਲਤ ਤੁਹਾਨੂੰ ਫਟਕਾਰ ਦੇਵੇ ਤਾਂ ਪੀੜਤ ਦਾ ਪੱਤਾ ਖੇਡੋ ਅਤੇ ਜਦੋਂ ਕੁਝ ਨਹੀਂ ਚੱਲਦਾ ਤਾਂ ਰੈਲੀਆਂ ਕਰਕੇ ਦੇਸ਼ ਦੇ ਲੋਕਤੰਤਰ ਨੂੰ ਖ਼ਤਰਾ ਦਿਖਾਓ।

# ਵੋਟਰਾਂ ਨੂੰ ਵੋਟ ਦੀ ਅਹਿਮੀਅਤ ਦਾ ਸੁਨੇਹਾ ਦੇਣ ਲਈ ਸਾਇਕਲ ਰੈਲੀ

**ਸੰਗਰੂਰ (ਪ੍ਰਵੀਨ ਸਿੰਘ)**-ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਦੇ ਦਿਸ਼ਾ-ਨਿਰਦੇਸ਼ਾਂ ਹੇਠ ਜ਼ਿਲ੍ਹਾ ਸੰਗਰੂਰ ਵਿਖੇ ਲੋਕ ਸਭਾ ਚੋਣਾਂ ਦੇ ਸਬੰਧ ਵਿੱਚ ਇਨ੍ਹੀਂ ਦਿਨੀਂ ਸਵੀਪ ਗਤੀਵਿਧੀਆਂ ਜੋਸ਼ੋ-ਖਰੋਸ਼ ਨਾਲ ਚੱਲ ਰਹੀਆਂ ਹਨ। ਸਵੀਪ ਦੇ ਜ਼ਿਲ੍ਹਾ ਨੋਡਲ ਅਫ਼ਸਰ ਵਿਨੀਤ ਕੁਮਾਰ ਦੀ ਮੌਜੂਦਗੀ ਵਿੱਚ ਸੰਗਰੂਰ ਸ਼ਹਿਰ ਵਿੱਚ ਸਾਇਕਲ ਰੈਲੀ ਦਾ ਆਯੋਜਨ ਕੀਤਾ ਗਿਆ, ਜਿਸ ਨੂੰ ਡੀ.ਸੀ ਕੰਪਲੈਕਸ ਸੰਗਰੂਰ ਤੋਂ ਵਧੀਕ ਜ਼ਿਲ੍ਹਾ ਚੋਣ ਅਫ਼ਸਰ-ਕਮ-ਵਧੀਕ ਡਿਪਟੀ ਕਮਿਸ਼ਨਰ ਆਕਾਸ਼ ਬਾਂਸਲ ਨੇ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ।ਰੈਲੀ 'ਚ ਵੱਡੀ ਗਿਣਤੀ ਸਕੂਲੀ ਵਿਦਿਆਰਥੀ ਤੇ ਆਮ ਲੋਕ ਸ਼ਾਮਲ ਹੋਏ ਤੇ ਇਹ ਰੈਲੀ ਸ਼ਹਿਰ ਦੇ ਵੱਖ-ਵੱਖ ਬਜ਼ਾਰਾਂ 'ਚੋਂ ਲੰਘਦੀ ਹੋਈ ਵਾਰ ਹੀਰੋਜ਼ ਸਟੇਡੀਅਮ ਵਿਖੇ ਜਾ ਕੇ ਸਮਾਪਤ ਹੋਈ।



ਇਸ ਮੌਕੇ ਵਧੀਕ ਜ਼ਿਲ੍ਹਾ ਚੋਣ ਅਫ਼ਸਰ ਆਕਾਸ਼ ਬਾਂਸਲ ਨੇ ਦੱਸਿਆ ਕਿ ਚੋਣ ਕਮਿਸ਼ਨ ਦੀਆਂ ਹਦਾਇਤਾਂ ਦੀ ਪਾਲਣਾ ਤਹਿਤ ਇਨ੍ਹਾਂ ਲੋਕ ਸਭਾ ਚੋਣਾਂ ਦੌਰਾਨ ਵੱਧ ਤੋਂ ਵੱਧ ਨਾਗਰਿਕਾਂ ਨੂੰ ਆਪਣੀ ਵੋਟ ਦਾ ਇਸਤੇਮਾਲ ਕਰਨ ਲਈ ਪ੍ਰੇਰਤ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਇਹ ਸਾਇਕਲ ਰੈਲੀ ਵੀ ਇਸ ਟੀਚੇ ਦੀ ਪ੍ਰਾਪਤੀ ਵੱਲ ਇੱਕ ਕਦਮ ਹੈ।ਉਨ੍ਹਾਂ ਕਿਹਾ ਕਿ ਸਵੀਪ ਟੀਮਾਂ ਨਿਰੰਤਰ ਜਾਗਰੂਕਤਾ ਕਾਰਵਾਈਆਂ ਕਰ ਰਹੀਆਂ ਹਨ ਤੇ ਸਾਨੂੰ ਉਮੀਦ ਹੈ ਕਿ ਅਸੀਂ ਇਲੈਕਸ਼ਨ ਕਮਿਸ਼ਨ ਵੱਲੋਂ ਦਿੱਤੇ ਟੀਚੇ ਨੂੰ ਪਾਰ ਜ਼ਰੂਰ ਕਰਾਂਗੇ।ਉਨ੍ਹਾਂ ਨੇ ਸਾਇਕਲ ਰੈਲੀ ਵਿੱਚ ਸ਼ਾਮਲ ਹੋਏ ਵਲੰਟੀਅਰਾਂ ਦੀ ਹੌਸਲਾ ਅਫਜਾਈ ਕਰਦਿਆਂ ਲਗਾਤਾਰ ਅਜਿਹੇ ਵੋਟਰ ਪੱਖੀ ਉਦਮ ਕਰਦੇ ਰਹਿਣ ਲਈ ਪ੍ਰੇਰਿਤ ਕੀਤਾ ਤਾਂ ਜੁ ਆਉਣ ਵਾਲੀ 1 ਜੂਨ ਨੂੰ ਵੋਟਾਂ ਵਾਲੇ ਦਿਨ ਜ਼ਿਲ੍ਹਾ ਸੰਗਰੂਰ ਦੇ ਵੱਧ ਤੋਂ ਵੱਧ ਵੋਟਰ ਆਪਣੀ ਵੋਟ ਪਾ ਕੇ ਲੋਕਤੰਤਰ ਨੂੰ ਮਜਬੂਤ ਕਰ ਸਕਣ।

# ਸਾਹਿਤਕ ਕਲੱਬ ਨੇ ਸਾਹਿਤਕ ਗਤੀਵਿਧੀਆਂ ਦੇ ਮੁਕਾਬਲੇ ਕਰਾਏ




**ਤਲਵੰਡੀ ਸਾਬੋ (ਜਗਦੀਪ ਗਿੱਲ)** ਪ੍ਰੋ: ਕੰਵਲਜੀਤ ਸਿੰਘ, ਡਾਇਰੈਕਟਰ ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਦੀ ਯੋਗ ਅਗਵਾਈ ਸਦਕਾ ਯਾਦਵਿੰਦਰਾ ਇੰਜੀਨੀਅਰਿੰਗ ਵਿਭਾਗ ਦੇ ਸਾਹਿਤਕ ਕਲੱਬ ਵੱਲੋਂ ਵਿਦਿਆਰਥੀਆਂ ਦੀਆਂ ਸਾਹਿਤਕ ਰੁਚੀਆਂ ਪ੍ਰਤੀ ਜਾਗਰੂਕਤਾ ਤੇ ਵਿਕਾਸ ਲਈ ਇਕਰੋਜ਼ਾ ਸਾਹਿਤਕ ਗਤੀਵਿਧੀਆਂ ਮੁਕਾਬਲੇ ਕਰਾਏ ਗਏ, ਜਿਸ ਵਿੱਚ ਵਿਦਿਆਰਥੀਆਂ ਵੱਲੋਂ ਉਤਸ਼ਾਹ ਨਾਲ ਭਾਗ ਲਿਆ ਗਿਆ। ਇਸ ਦੌਰਾਨ ਵਿਦਿਆਰਥੀਆਂ ਦੇ ਬੌਧਿਕ, ਵਿਸ਼ਾ ਗਿਆਨ, ਵਿਸਲੇਸ਼ਣ ਤੇ ਰਚਨਾਤਕਮ ਗਿਆਨ ਵਿਕਾਸਤ ਕਰਨ ਲਈ ਲਿਖਤੀ ਅਤੇ ਮੌਖਿਕ ਮੁਕਾਬਲੇ ਕਰਾਏ ਗਏ।

ਕਲੱਬ ਦੇ ਪ੍ਰਧਾਨ ਪ੍ਰੋ. ਸੁਮੀਤ ਕੌਰ ਵੱਲੋਂ ਸਾਹਿਤਕ ਕਲੱਬ ਦੇ ਯੋਗਦਾਨ 'ਤੇ ਰੌਸ਼ਨੀ ਪਾਉਂਦਿਆ ਦੱਸਿਆ ਗਿਆ ਕਿ ਇਸ ਕਲੱਬ ਦਾ ਉਦੇਸ਼ ਵਿਦਿਆਰਥੀਆਂ ਵਿੱਚ ਲਿਖਣ-ਪੜ੍ਹਨ ਦੀ ਰੁਚੀ ਉਜਾਗਰ ਕਰਨ ਦੇ ਨਾਲ ਨਾਲ ਵਿਦਿਆਰਥੀਆਂ ਵਿੱਚ ਸੁਚੱਜਾ ਭਾਸ਼ਾ ਗਿਆਨ, ਬੋਲਚਾਲ ਦਾ ਸਲੀਕਾ ਅਤੇ ਆਤਮ ਵਿਸ਼ਵਾਸ ਪੈਦਾ ਕਰਨਾ ਹੈ।ਮੁਖੀ ਯਾਦਵਿੰਦਰਾ ਇੰਜਨੀਅਰਿੰਗ ਵਿਭਾਗ ਪ੍ਰੋ. ਸਿੰਪਲ ਜਿੰਦਲ ਵੱਲੋਂ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਵਿਦਿਆਰਥੀਆਂ ਦੇ ਸੰਪੂਰਨ ਵਿਕਾਸ ਲਈ ਸਹਿਯੋਗੀ ਹੁੰਦੀਆਂ ਹਨ।

# ਇਲਾਕਾ ਵਿਕਾਸ ਕਮੇਟੀ ਦੀ ਮੀਟਿੰਗ 'ਚ ਇਲਾਕੇ ਦੀਆਂ ਸਮੱਸਿਆਵਾਂ ਬਾਰੇ ਵਿਚਾਰ-ਚਰਚਾ

**ਬਰੇਟਾ (ਗੋਬਿੰਦ ਸ਼ਰਮਾ)** ਇਲਾਕਾ ਵਿਕਾਸ ਕਮੇਟੀ ਦੀ ਭਰਵੀਂ ਮੀਟਿੰਗ ਹੋਈ।ਇਸ ਮੌਕੇ ਇਲਾਕੇ ਦੀਆਂ ਸਮੱਸਿਆਵਾਂ ਬਾਰੇ ਵਿਸਤ੍ਰਿਤ ਚਰਚਾ ਕੀਤੀ ਗਈ।ਮੀਟਿੰਗ ਦੀ ਕਾਰਵਾਈ ਪ੍ਰੈਸ ਨੂੰ ਜਾਰੀ ਕਰਦੇ ਹੋਏ ਸਮਾਜ ਸੇਵੀ ਸੰਜੀਵ ਗੋਇਲ ਨੇ ਦੱਸਿਆ ਕਿ ਇਸ ਜਥੇਬੰਦੀ ਵੱਲੋਂ ਇਲਾਕੇ ਦੇ ਵਿਕਾਸ ਕਾਰਜਾਂ ਲਈ ਸਮੇਂ ਸਮੇਂ ਤੇ ਪ੍ਰਸ਼ਾਸਨ ਤੇ ਸਰਕਾਰ ਨਾਲ ਰਾਬਤਾ ਬਣਾਇਆ ਜਾਂਦਾ ਹੈ।ਹਰ ਚੋਣ ਸਮੇਂ ਚੋਣ ਲੜ ਰਹੇ ਉਮੀਦਵਾਰਾਂ ਨੂੰ ਮੰਗ ਪੱਤਰ ਸੌਂਪਿਆ ਜਾਂਦਾ ਹੈ।ਇਸ ਮੁਹਿੰਮ ਦੇ ਕਈ ਸਾਰਥਿਕ ਸਿੱਟੇ ਵੀ ਨਿਕਲੇ ਹਨ।ਉਨ੍ਹਾਂ ਕਿਹਾ ਕਿ ਆ ਰਹੀ ਲੋਕ ਸਭਾ ਚੋਣ ਸਮੇਂ ਉਮੀਦਵਾਰਾਂ ਨੂੰ ਮੰਗਾਂ ਮਸਲਿਆਂ ਬਾਰੇ ਆਪਣੀ ਰਾਇ ਰੱਖਣ ਲਈ ਕਿਹਾ ਜਾਵੇਗਾ।ਮੁੱਖ ਮੰਗਾਂ ਵਿੱਚ ਕੁਲਰੀਆਂ ਫਾਟਕ ਤੇ ਰੇਲਵੇ ਫਲਾਈਓਵਰ ਦਾ ਕੰਮ ਸ਼ੁਰੂ ਕਰਨਾ, ਜਲਵੇੜਾ ਫਾਟਕ ਤੇ ਅੰਡਰਬ੍ਰਿਜ ਬਣਾਉਣਾ, ਗੋਬਿੰਦਪੁਰਾ ਥਰਮਲ ਪਲਾਂਟ ਵਾਲੀ ਜ਼ਮੀਨ ਵਿੱਚ ਕੋਈ ਰੁਜ਼ਗਾਰ ਮੁਖੀ ਪ੍ਰੋਜੈਕਟ ਲਾਉਣਾ, ਬਰੇਟਾ ਦੇ ਲੜਕੀਆਂ ਦੇ ਸਕੂਲ ਸਮੇਤ ਇਲਾਕੇ ਦੇ ਵੱਡੇ ਸਕੂਲਾਂ ਵਿੱਚ ਸਾਇੰਸ ਕਾਮਰਸ ਅਤੇ ਆਰਟਸ ਦੇ ਗਰੁੱਪ ਦੇ ਕੇ ਸਾਰੀਆਂ ਪੋਸਟਾਂ ਭਰਨਾ, ਬਰੇਟਾ ਦੇ ਸਰਕਾਰੀ ਹਸਪਤਾਲ ਵਿੱਚ ਐਮਰਜੈਂਸੀ ਸੇਵਾਵਾਂ ਸਮੇਤ ਡਾਕਟਰ ਅਤੇ ਸਹਾਇਕ ਅਮਲੇ ਦੀਆਂ ਪੋਸਟਾਂ ਭਰਨਾ, ਸਬ ਤਹਿਸੀਲ ਦਫ਼ਤਰ ਸ਼ਹਿਰ ਵਿੱਚ ਲਿਆਉਣਾ ਡੀ ਏ ਵੀ ਸਕੂਲ ਦੀ ਜਗ੍ਹਾ ਤੇ ਮਿੰਨੀ ਸਕੱਤਰੇਤ ਬਣਾਉਣਾ, ਪਾਰਕ, ਐਂਬੂਲੈਂਸ, ਫਾਇਰ ਬ੍ਰਿਗੇਡ ਦੀ ਸਹੂਲਤ, ਨਹਿਰਾਂ ਤੇ ਰਜਵਾਹਿਆਂ ਦੀ ਮੁੜ ਡਿਜ਼ਾਇਨਿੰਗ ਕਰਕੇ ਟੇਲਾਂ ਤੱਕ ਪੂਰਾ ਪਾਣੀ ਪੁੱਜਦਾ ਕਰਨ ਤੇ ਪਿੰਡਾਂ ਨੂੰ ਸਾਫ ਅਤੇ ਸੁਰੱਖਿਅਤ ਪੀਣ ਯੋਗ ਪਾਣੀ ਦੇਣ ਦੇ ਨਾਲ ਨਾਲ ਪੇਂਡੂ ਸੜਕਾਂ ਦੇ ਆਧੁਨਿਕੀਕਰਨ ਆਦਿ ਤੇ ਜੋਰ ਦੇਣ ਦਾ ਫੈਸਲਾ ਕੀਤਾ ਗਿਆ।



# ਮੌਕਾਪ੍ਰਸਤ ਲੀਡਰ ਨਿੱਜੀ ਮੁਫ਼ਾਦਾਂ ਲਈ ਕਰ ਰਹੇ ਦਲਬਦਲੀ : ਕਰਮ ਸਿੰਘ ਜਟਾਣਾ



**ਦੋਰਾਹਾ (ਹਰਮਿੰਦਰ ਸੇਠ)** ਦਲ ਬਦਲੀ ਵਰਗਾ ਅਨੈਤਿਕ ਵਰਤਾਰਾ ਆਮ ਗੱਲ ਬਣ ਗਿਆ ਹੈ। ਦਲ ਬਦਲੀ ਕਰਨ ਵਾਲੇ ਰਾਜਨੀਤਕ ਲੀਡਰ ਅਕਸਰ ਹੀ ਭ੍ਰਿਸ਼ਟਾਚਾਰ ਵਿੱਚ ਲਿਪਤ ਹੁੰਦੇ ਹਨ, ਜੋ ਆਪਣੀ ਚਮੜੀ ਬਚਾਉਣ ਲਈ ਦੂਜੀਆਂ ਪਾਰਟੀਆਂ ਵੱਲ, ਖਾਸ ਕਰਕੇ ਸੱਤਾਧਾਰੀ ਪਾਰਟੀ ਦੀ ਗੋਦ ਵਿੱਚ ਜਾ ਬੈਠਦੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦੇ ਹੋਏ ਟਰੇਡ ਯੂਨੀਅਨ ਆਗੂ ਕਰਮ ਸਿੰਘ ਜਟਾਣਾ ਨੇ ਕਿਹਾ ਕਿ ਪਿਛਲੇ ਦਿਨੀਂ ਐਮਪੀ ਰਵਨੀਤ ਬਿੱਟੂ ਵੱਲੋਂ ਕਾਂਗਰਸ ਪਾਰਟੀ ਨੂੰ ਛੱਡ ਕੇ ਭਾਜਪਾ ਵਿੱਚ ਸ਼ਾਮਲ ਹੋਣਾ ਉਨ੍ਹਾਂ ਫ਼ਿਰਕੂ ਤਾਕਤਾਂ ਦਾ ਸਾਥ ਦੇਣ ਦੇਣਾ ਹੈ, ਜੋ ਦੇਸ ਨੂੰ ਖੇਰੂੰ-ਖੇਰੂੰ ਕਰਨ 'ਤੇ ਤੁਲੀਆਂ ਹੋਈਆਂ ਹਨ, ਜੋ ਭਾਈਚਾਰਕ ਸਾਂਝ ਨੂੰ ਤੋੜਨਾ ਚਾਹੁੰਦੀਆਂ ਹਨ। ਧਰਮ ਦਾ ਨਾਂਅ ਲੈ ਕੇ ਲੋਕਾਂ ਨੂੰ ਵਰਗਲਾਇਆ ਜਾ ਰਿਹਾ ਹੈ, ਲੋਕਾਂ ਨੂੰ ਲੁੱਟਿਆ ਤੇ ਕੁੱਟਿਆ ਜਾ ਰਿਹਾ ਹੈ। ਧਰਮ ਦੇ ਨਮ ਹੇਠ ਸੱਤਾਧਾਰੀ ਪਾਰਟੀ ਆਮ ਲੋਕਾਂ ਉੱਪਰ ਭਾਰੀ ਟੈਕਸ ਲਾ ਕੇ ਉਨ੍ਹਾਂ ਦੀ ਅੰਨ੍ਹੀ ਲੁੱਟ ਕਰ ਰਹੀ ਹੈ ਅਤੇ ਦੂਜੇ ਪਾਸੇ ਦੇਸ਼ ਨੂੰ ਕਾਰਪੋਰੇਟ ਘਰਾਣਿਆਂ ਨੂੰ ਸੌਂਪਿਆ ਜਾ ਰਿਹਾ ਹੈ। ਇਸ ਨੀਤੀ ਨਾਲ ਦੇਸ ਦੀ ਹਾਲਤ ਬਦ ਤੋਂ ਬਦਤਰ ਹੁੰਦੀ ਜਾ ਰਹੀ ਹੈ। ਸਾਡਾ ਦੇਸ ਧਰਮ ਨਿਰਪੱਖ ਦੇਸ ਹੈ, ਜਿੱਥੇ ਵੱਖ-ਵੱਖ ਤਰ੍ਹਾਂ ਦੇ ਅਕੀਦਿਆਂ ਵਾਲੇ ਲੋਕ ਆਪਣੇ ਢੰਗ ਤਰੀਕੇ ਨਾਲ ਪੂਜਾ ਬੰਦਗੀ ਕਰਦੇ ਹਨ।

# ਜੈਨ ਸੀਨੀਅਰ ਸੈਕੰਡਰੀ ਸਕੂਲ ਦਾ ਪੰਜਵੀਂ ਦਾ ਨਤੀਜਾ ਸ਼ਾਨਦਾਰ ਰਿਹਾ

**ਬਾਘਾ ਪੁਰਾਣਾ, (ਮਨੀ ਸਿੰਗਲਾ)** ਸੰਸਥਾ ਜੈਨ ਸੀਨੀਅਰ ਸੈਕੰਡਰੀ ਸਕੂਲ ਦਾ ਪੰਜਵੀਂ ਜਮਾਤ ਦਾ ਨਤੀਜਾ ਸੌ ਫੀਸਦੀ ਰਿਹਾ। ਪ੍ਰੀਖਿਆ ਵਿੱਚ 42 ਵਿਦਿਆਰਥੀਆਂ ਨੇ ਹਿੱਸਾ ਲਿਆ। ਸਾਰੇ ਹੀ ਵਿਦਿਆਰਥੀਆਂ ਨੇ ਬਹੁਤ ਵਧੀਆ ਅੰਕ ਪ੍ਰਾਪਤ ਕੀਤੇ। ਸਕੂਲ ਵਿਚ ਪਹਿਲੀਆਂ ਤਿੰਨ ਪੁਜੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀ ਅਹਿਸਾਸ ਦੀਪ ਸਿੰਘ, ਗਗਨਦੀਪ ਸਿੰਘ ਨੇ 96.4 ਫੀਸਦੀ ਅੰਕ ਪ੍ਰਾਪਤ ਕਰ ਕੇ ਪਹਿਲਾ ਸਥਾਨ, ਜੀਆ, ਮਨੋਹਰ ਲਾਲ ਨੇ 96 ਅੰਕ ਪ੍ਰਾਪਤ ਕਰ ਕੇ ਦੂਜਾ ਸਥਾਨ ਅਤੇ ਜਸਲੀਨ ਕੌਰ, ਕੁਲਵੰਤ ਸਿੰਘ ਨੇ 95 ਫੀਸਦੀ ਅਤੇ ਅਤੀਨੂਰ ਸਿੰਘ, ਜਗਦੀਪ ਸਿੰਘ ਨੇ ਕ੍ਰਮਵਾਰ 95 ਫ਼ੀਸਦੀ ਅੰਕ ਪ੍ਰਾਪਤ ਕਰ ਕੇ ਤੀਜਾ ਸਥਾਨ ਹਾਸਲ ਕੀਤਾ। ਇਸ ਤੋਂ ਇਲਾਵਾ 90 ਫ਼ੀਸਦੀ ਤੋਂ ਉੱਪਰ 19 ਵਿਦਿਆਰਥੀਆਂ ਨੇ ਅਤੇ ਬਾਕੀ ਵਿਦਿਆਰਥੀਆਂ ਨੇ 807 ਤੋਂ ਉੱਪਰ ਅੰਕ ਪ੍ਰਾਪਤ ਕਰ ਕੇ ਸੰਸਥਾ ਦਾ ਨਾਂਅ ਰੋਸ਼ਨ ਕੀਤਾ। ਇਸ ਸਫ਼ਲਤਾ 'ਤੇ ਸੰਸਥਾ ਦੇ ਵਿਜੇ ਕੁਮਾਰ ਬਾਂਸਲ, ਪਵਨਦੀਪ ਸਿੰਘ, ਸੀਮਾ ਰਾਣੀ ਸ਼੍ਰੀਮਤੀ, ਗੁਰਪ੍ਰੀਤ ਕੌਰ, ਸ਼੍ਰੀਮਤੀ ਅਵਤਾਰ ਕੌਰ, ਅੰਜੂ ਗੋਇਲ ਨੇ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਉਨ੍ਹਾਂ ਦਾ ਮੂੰਹ ਮਿੱਠਾ ਕਰਾਇਆ ਅਤੇ ਮਾਪਿਆਂ ਤੇ ਸਮੂਹ ਸਟਾਫ਼ ਨੂੰ ਵਧਾਈ ਦਿੱਤੀ।

# ਪੁਲਸ ਤੇ ਸੁਰੱਖਿਆ ਬਲਾਂ ਨੇ ਕੱਢਿਆ ਫਲੈਗ ਮਾਰਚ

**ਮੋਗਾ, (ਇਕਬਾਲ ਸਿੰਘ ਖਹਿਰਾ)** ਮੋਗਾ ਪੁਲਸ ਤੇ ਸੁਰੱਖਿਆ ਬਲਾਂ ਵੱਲੋਂ ਅਮਨ-ਕਾਨੂੰਨ ਬਣਾਈ ਰੱਖਣ ਅਤੇ ਲੋਕ ਸਭਾ ਚੋਣਾਂ ਨੂੰ ਲੈ ਕੇ ਜ਼ਿਲ੍ਹੇ ਭਰ ਵਿਚ ਸਾਂਝੇ ਤੌਰ 'ਤੇ ਫਲੈਗ ਮਾਰਚ ਕੱਢਿਆ ਗਿਆ। ਜ਼ਿਲ੍ਹਾ ਪੁਲਸ ਕਪਤਾਨ ਵਿਵੇਕਸ਼ੀਲ ਸੋਨੀ ਨੇ ਦੱਸਿਆ ਕਿ ਫਲੈਗ ਮਾਰਚ ਵਿੱਚ ਐਸ.ਪੀ.ਐਚ. ਗੁਰਸ਼ਰਨ ਸਿੰਘ, ਡੀ.ਐਸ.ਪੀ. ਸਿਟੀ ਰਵਿੰਦਰ ਸਿੰਘ, ਡੀ.ਐਸ.ਪੀ. ਹਰਪਾਲ ਸਿੰਘ, ਡੀ.ਐਸ.ਪੀ. ਸਰਬਜੀਤ ਸਿੰਘ, ਡੀ.ਐਸ.ਪੀ. ਹਰੀਸ਼ ਬਹਿਲ, ਥਾਣਾ ਸਿਟੀ ਸਾਊਥ ਦੇ ਇੰਚਾਰਜ ਇੰਸਪੈਕਟਰ ਪ੍ਰਤਾਪ ਸਿੰਘ, ਥਾਣਾ ਸਿਟੀ ਮੋਗਾ ਦੇ ਇੰਚਾਰਜ ਜਸਵੀਰ ਸਿੰਘ ਤੋਂ ਇਲਾਵਾ ਹੋਰ ਪੁਲਸ ਮੁਲਾਜ਼ਮਾਂ ਤੇ ਸੁਰੱਖਿਆ ਬਲਾਂ ਦੇ ਅਧਿਕਾਰੀਆਂ ਤੇ ਕ੍ਰਮਚਾਰੀਆਂ ਨੇ ਇਸ ਫਲੈਗ ਮਾਰਚ 'ਚ ਸ਼ਮੂਲੀਅਤ ਕੀਤੀ। ਜ਼ਿਲ੍ਹਾ ਪੁਲਸ ਮੁਖੀ ਨੇ ਦੱਸਿਆ ਕਿ ਉਕਤ ਫਲੈਗ ਮਾਰਚ ਜ਼ਿਲ੍ਹੇ ਵਿੱਚ ਅਮਨ ਕਾਨੂੰਨ ਦੀ ਸਥਿਤੀ ਨੂੰ ਬਰਕਰਾਰ ਰੱਖਣ ਲਈ ਕੱਢਿਆ ਗਿਆ ਹੈ।ਉਨ੍ਹਾਂ ਕਿਹਾ ਕਿ ਚੋਣ ਪ੍ਰਕਿਰਿਆ ਪੂਰੀ ਤਰ੍ਹਾਂ ਸ਼ਾਂਤੀਪੂਰਵਕ ਨੇਪਰੇ ਚਾੜ੍ਹੀ ਜਾਵੇਗੀ।ਜੇਕਰ ਕਿਸੇ ਨੇ ਸ਼ਾਂਤੀ ਭੰਗ ਕਰਨ ਦੀ ਕੋਸ਼ਿਸ਼ ਕੀਤੀ ਤਾਂ ਉਸ ਵਿਰੁੱਧ ਕਾਨੂੰਨ ਅਨੁਸਾਰ ਬਣਦੀ ਕਾਰਵਾਈ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਹੁਣ ਜਦੋਂ ਚੋਣ ਜ਼ਾਬਤਾ ਲਾਗੂ ਹੋ ਗਿਆ ਹੈ ਤਾਂ ਸਾਰੇ ਪੁਲਸ ਅਧਿਕਾਰੀ ਚੋਣ ਕਮਿਸ਼ਨ ਦੀਆਂ ਹਦਾਇਤਾਂ ਦੀ ਪੂਰੀ ਤਰ੍ਹਾਂ ਪਾਲਣਾ ਕਰਨ। ਉਨ੍ਹਾਂ ਕਿਹਾ ਕਿ ਚੋਣਾਂ ਨੂੰ ਸਾਦੇ ਅਤੇ ਚੰਗੇ ਮਾਹੌਲ ਵਿਚ ਕਰਾਉਣ ਲਈ ਪੁਲਸ ਪ੍ਰਸ਼ਾਸਨ ਤਾਇਨਾਤ ਹੈ।ਇਸ ਮੌਕੇ ਪੁਲਸ ਅਧਿਕਾਰੀਆਂ ਨੇ ਲੋਕਾਂ ਤੋਂ ਅਮਨ ਸ਼ਾਂਤੀ ਬਣਾਈ ਰੱਖਣ ਦੇ ਨਾਲ-ਨਾਲ ਪੁਲਸ ਤੋਂ ਸਹਿਯੋਗ ਦੀ ਮੰਗ ਕੀਤੀ। ਉਕਤ ਫਲੈਗ ਮਾਰਚ ਥਾਣਾ ਸਿਟੀ ਮੋਗਾ ਤੋਂ ਸ਼ੁਰੂ ਹੋ ਕੇ ਸ਼ਹਿਰ ਦੇ ਵੱਖ-ਵੱਖ ਹਿੱਸਿਆਂ 'ਚੋਂ ਹੁੰਦਾ ਹੋਇਆ ਵਾਪਸ ਉਸੇ ਸਥਾਨ 'ਤੇ ਆ ਕੇ ਸਮਾਪਤ ਹੋਇਆ। ਡੀ.ਐਸ.ਪੀ. ਸਿਟੀ ਰਵਿੰਦਰ ਸਿੰਘ ਨੇ ਦੱਸਿਆ ਕਿ ਮੋਗਾ ਪੁਲਸ ਨੇ ਸ਼ਹਿਰ ਨੂੰ ਆਉਣ-ਜਾਣ ਵਾਲੇ ਸਾਰੇ ਰਸਤਿਆਂ 'ਤੇ ਵਿਸ਼ੇਸ਼ ਪੁਲਸ ਬਲ ਤੇ ਸੁਰੱਖਿਆ ਦਸਤੇ ਤਾਇਨਾਤ ਕਰ ਕੇ ਵਾਹਨਾਂ ਦੀ ਚੈਕਿੰਗ ਸ਼ੁਰੂ ਕਰ ਦਿੱਤੀ ਹੈ ਤਾਂ ਜੁ ਕੋਈ ਵੀ ਸ਼ਰਾਰਤੀ ਅਨਸਰ ਜ਼ਿਲ੍ਹੇ ਦੀ ਹੱਦ ਅੰਦਰ ਦਾਖਲ ਨਾ ਹੋ ਸਕੇ।



# ਹਿਊਮਨ ਰਾਈਟਸ ਨੇ 25 ਬਜ਼ੁਰਗਾਂ ਨੂੰ ਵੰਡੀ ਪੈਨਸ਼ਨ



**ਜਗਰਾਉਂ (ਅਮਿਤ ਖੰਨਾ)**-ਆਲ ਇੰਡੀਆ ਹਿਊਮਨ ਰਾਈਟਸ ਸੰਸਥਾ ਜਗਰਾਓਂ ਵੱਲੋਂ 169ਵਾਂ ਪੈਨਸ਼ਨ ਵੰਡ ਸਮਾਰੋਹ ਗੁਰਦਵਾਰਾ ਭਜਨਗੜ੍ਹ ਵਿਖੇ ਕਰਵਾਇਆ ਗਿਆ, ਜਿਸ ਵਿੱਚ ਮੁੱਖ ਮਹਿਮਾਨ ਬਲਵੀਰ ਸਿੰਘ ਕਲੇਰ ਕੈਨੇਡਾ ਨੇ ਆਪਣੀ ਨੇਕ ਕਮਾਈ ਵਿੱਚੋਂ 25 ਬਜ਼ੁਰਗਾਂ ਨੂੰ ਪੈਨਸ਼ਨ ਵੰਡੀ। ਉਨ੍ਹਾਂ ਨੇ ਸੰਸਥਾ ਦੇ ਇਸ ਨੇਕ ਉਪਰਾਲੇ ਦੀ ਸ਼ਲਾਘਾ ਕਰਦੇ ਕਿਹਾ ਕਿ ਉਹ ਹਮੇਸ਼ਾ ਇਸ ਨੇਕ ਕੰਮ ਲਈ ਹਿਊਮਨ ਰਾਈਟਸ ਸੰਸਥਾ ਨਾਲ ਖੜੇ ਹਨ। ਇਸ ਮੌਕੇ ਪ੍ਰਧਾਨ ਮਨਜਿੰਦਰ ਪਾਲ ਸਿੰਘ ਹਨੀ ਨੇ ਆਏ ਹੋਏ ਮਹਿਮਾਨ ਦਾ ਧੰਨਵਾਦ ਕੀਤਾ। ਮੰਚ ਸੰਚਾਲਕ ਦਮਨਦੀਪ ਸਿੰਘ ਨੇ ਸੰਸਥਾ ਦੇ ਕੰਮ ਬਾਰੇ ਚਾਨਣਾ ਪਾਇਆ। ਇਸ ਮੌਕੇ ਪ੍ਰਧਾਨ ਮਨਜਿੰਦਰ ਪਾਲ ਸਿੰਘ ਹਨੀ, ਮੰਚ ਸੰਚਾਲਕ ਦਮਨਦੀਪ ਸਿੰਘ, ਪੈਟਰਨ ਵਿਨੋਦ ਬਾਂਸਲ, ਸੈਕਟਰੀ ਰਾਕੇਸ਼ ਮੈਨੀ, ਫਾਈਨੈਂਸ ਸੈਕਟਰੀ ਰਾਜਨ ਬਾਂਸਲ, ਵਿੱਕੀ ਔਲਖ, ਦੀਪਕ ਸੇਠੀ, ਮਨਮੋਹਨ ਸਿੰਘ, ਦੀਪਕ ਸੇਠੀ, ਅਸ਼ਰੂ ਸਿੰਗਲਾ, ਸਵਾਤੀ ਸਿੰਗਲਾ ਆਦਿ ਹਾਜ਼ਰ ਸਨ।

# ਬੀ ਜੇ ਪੀ-ਆਰ ਐੱਸ ਐੱਸ ਦੀ ਹਕੂਮਤ ਘੱਟ ਗਿਣਤੀ ਕੌਮਾਂ 'ਤੇ ਜਬਰ-ਜ਼ੁਲਮ ਕਰਨ 'ਚ ਮਾਹਰ : ਮਾਨ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਹੁਕਮਰਾਨਾਂ ਦੀ ਸਿਆਸਤਦਾਨਾਂ ਨੂੰ ਸਨਮਾਨ ਕਰਨ ਜਾਂ ਤਰੱਕੀ ਦੇਣ ਦੀ ਕਸੌਟੀ ਇਹ ਹੈ ਕਿ ਜੋ ਸਿਆਸਤਦਾਨ ਜਾਂ ਅਫਸਰ ਘੱਟ ਗਿਣਤੀ ਕੌਮਾਂ ਉਤੇ ਗੈਰ ਵਿਧਾਨਿਕ ਤੇ ਗੈਰ ਇਨਸਾਨੀਅਤ ਤਰੀਕੇ ਜਬਰ ਜ਼ੁਲਮ ਕਰਦੇ ਹਨ, ਜ਼ਲੀਲ ਕਰਦੇ ਹਨ।ਅਜਿਹੇ ਸਿਆਸਤਦਾਨਾਂ ਤੇ ਅਫ਼ਸਰਸ਼ਾਹੀ ਨੂੰ ਹੀ ਬੀਜੇਪੀ-ਆਰ.ਐਸ.ਐਸ ਦੇ ਹੁਕਮਰਾਨ ਵੱਡੇ ਸਨਮਾਨ ਪ੍ਰਦਾਨ ਕਰਦੇ ਹਨ, ਜਿਸਦੀ ਪ੍ਰਤੱਖ ਉਦਾਹਰਣ ਹੈ ਕਿ ਸ੍ਰੀ ਐਲ.ਕੇ. ਅਡਵਾਨੀ ਨੂੰ ਪ੍ਰੈਜੀਡੈਂਟ ਇੰਡੀਆ ਵੱਲੋਂ ਭਾਰਤ ਰਤਨ ਦਾ ਸਨਮਾਨ ਇਸ ਲਈ ਦਿੱਤਾ ਗਿਆ ਕਿ ਉਸ ਨੇ ਬੀਤੇ ਸਮੇਂ ਵਿੱਚ ਮੁਸਲਿਮ ਕੌਮ ਦੀ ਇਤਿਹਾਸਕ ਬਾਬਰੀ ਮਸਜਿਦ ਨੂੰ 1992 ਵਿਚ ਸਾਜ਼ਿਸ਼ੀ ਢੰਗ ਨਾਲ ਢਹਿ-ਢੇਰੀ ਕੀਤਾ ਸੀ, ਜੋ ਅਸੱਭਿਅਕ ਅਤੇ ਗੈਰ ਸਮਾਜਿਕ ਕਾਰਵਾਈਆਂ ਕਰਦੇ ਹੋਏ ਬੀਜੇਪੀ-ਆਰ.ਐਸ.ਐਸ. ਹਕੂਮਤ ਦੌਰਾਨ ਸਿੱਖ ਕੌਮ ਦੇ ਧਾਰਮਿਕ ਸਥਾਨ ਅਤੇ ਯਾਦਗਰਾਂ ਨੂੰ ਵੀ ਮੰਦਭਾਵਨਾ ਅਧੀਨ ਤਬਾਹ ਕੀਤਾ ਗਿਆ।ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਮੰਗ ਕਰਦਾ ਹੈ ਕਿ ਅਜਿਹੇ ਸਨਮਾਨ ਕੀਤੇ ਗਏ ਸਿਆਸਤਦਾਨਾਂ ਦੇ ਹੋਏ ਅਮਲਾਂ ਉਤੇ ਮੁੜ ਗੰਭੀਰਤਾ ਨਾਲ ਵਿਚਾਰ ਹੋਵੇ ਕਿ ਇਹ ਅਮਲ ਮੁਲਕ ਨੂੰ ਅਤੇ ਇਥੋਂ ਦੇ ਹਾਲਾਤਾਂ ਨੂੰ ਕਿਸ ਦਿਸ਼ਾ ਵੱਲ ਲਿਜਾ ਰਹੇ ਹਨ ? ਇਹ ਵਿਚਾਰ ਸਿਮਰਨਜੀਤ ਸਿੰਘ ਮਾਨ ਐਮ.ਪੀ ਤੇ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਬੀਜੇਪੀ-ਆਰ.ਐਸ.ਐਸ. ਨਾਲ ਸੰਬੰਧਤ ਵੱਡੇ ਆਗੂ ਸ੍ਰੀ ਐਲ.ਕੇ. ਅਡਵਾਨੀ ਨੂੰ ਪ੍ਰੈਜੀਡੈਂਟ ਇੰਡੀਆਂ ਵੱਲੋਂ ਭਾਰਤ ਰਤਨ ਦਾ ਸਨਮਾਨ ਦੇਣ ਉਤੇ ਤਿੱਖਾ ਪ੍ਰਤੀਕਰਮ ਜ਼ਾਹਰ ਕਰਦੇ ਹੋਏ ਤੇ ਇਸ ਹੋਏ ਗੈਰ ਸਮਾਜਿਕ ਤੇ ਗੈਰ ਵਿਧਾਨਿਕ ਅਮਲ ਉਤੇ ਗੰਭੀਰਤਾ ਨਾਲ ਮੁੜ ਵਿਚਾਰ ਕਰਨ ਦੀ ਗੱਲ ਕਰਦੇ ਹੋਏ ਪ੍ਰਗਟ ਕੀਤੇ। ਉਨ੍ਹਾਂ ਕਿਹਾ ਕਿ ਅਮਰੀਕਾ ਨੇ ਜਦੋਂ ਸਪੱਸ਼ਟ ਕਰ ਦਿੱਤਾ ਹੈ ਕਿ ਉਨ੍ਹਾਂ ਦਾ ਕਾਨੂੰਨ ਆਜ਼ਾਦੀ ਨਾਲ ਵਿਚਾਰ ਪ੍ਰਗਟ ਕਰਨ ਤੇ ਆਪਣੇ ਮੁਲਕ ਵਿਚ ਵਿਚਰਣ ਦੀ ਇਜਾਜ਼ਤ ਦਿੰਦਾ ਹੈ ਤੇ ਉਹ ਆਪਣੇ ਕਾਨੂੰਨ ਦੇ ਮੁਤਾਬਕ ਅਮਲ ਕਰਦੇ ਨਜ਼ਰ ਆ ਰਹੇ ਹਨ, ਫਿਰ ਇੰਡੀਆ ਵੱਲੋਂ ਘਸੀਆਂ-ਪਿਟੀਆਂ ਦਲੀਲਾਂ ਦਾ ਸਹਾਰਾ ਲੈ ਕੇ ਅਮਰੀਕਾ ਉਤੇ ਕਿਸੇ ਤਰ੍ਹਾਂ ਦੀ ਉਂਝ ਲਾਉਣਾ ਮੁਨਾਸਿਬ ਨਹੀਂ ਹੈ।

# ਬਿਲਡਿੰਗ ਠੇਕੇਦਾਰ ਐਸੋਸੀਏਸ਼ਨ ਦੀ ਮਹੀਨਾਵਾਰੀ ਮੀਟਿੰਗ ਹੋਈ



**ਜਗਰਾਉਂ (ਅਮਿਤ ਖੰਨਾ)** ਬਿਲਡਿੰਗ ਠੇਕੇਦਾਰ ਐਸੋਸੀਏਸ਼ਨ ਰਜਿ 133 ਦੀ ਮਹੀਨਾਵਾਰੀ ਮੀਟਿੰਗ ਪ੍ਰਧਾਨ ਜਿੰਦਰ ਪਾਲ ਧੀਮਾਨ ਦੀ ਪ੍ਰਧਾਨਗੀ ਹੇਠ ਗੁਰਦੁਆਰਾ ਰਾਮਗੜ੍ਹੀਆ ਵਿਚ ਹੋਈ। ਪ੍ਰਧਾਨ ਜਿੰਦਰ ਪਾਲ ਧੀਮਾਨ ਨੇ ਕਿਹਾ ਕਿ ਮਹੀਨਾਵਾਰ ਮੀਟਿੰਗ ਕਰਨ ਦਾ ਮੁੱਖ ਮੰਤਵ ਠੇਕੇਦਾਰਾਂ ਨੂੰ ਆ ਰਹੀ ਮੁਸ਼ਕਲਾਂ ਦਾ ਹੱਲ ਕਰਨਾ ਹੁੰਦਾ ਹੈ।ਮੀਟਿੰਗ ਵਿੱਚ ਸੰਸਥਾ ਵੱਲੋਂ ਭਵਿੱਖ ਵਿੱਚ ਲਾਏ ਜਾਣ ਵਾਲੇ ਸਮਾਜ ਸੇਵੀ ਪ੍ਰੋਜੈਕਟਾਂ ਬਾਰੇ ਵੀ ਵਿਚਾਰ ਕੀਤਾ ਗਿਆ ਤੇ ਜਗਰਾਓਂ ਨਿਵਾਸੀਆਂ ਨੂੰ ਵਾਤਾਵਰਣ ਸ਼ੁੱਧ ਰੱਖਣ ਲਈ ਵੱਧ ਤੋਂ ਵੱਧ ਰੁੱਖ ਲਾਉਣ ਦੀ ਅਪੀਲ ਕੀਤੀ ਗਈ।

ਬਿਲਡਿੰਗ ਠੇਕੇਦਾਰ ਐਸੋਸੀਏਸ਼ਨ ਵਲੋਂ ਮਤਾ ਪਾਸ ਕੀਤਾ ਗਿਆ ਕਿ ਪੰਜਵੇਂ ਮਹੀਨੇ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਵਸ ਨੂੰ ਸਮਰਪਤ ਛਬੀਲ ਲਗਾਈ ਜਾਵੇਗੀ ਅਤੇ ਸ਼ਿਵ ਸ਼ੰਕਰ ਕਮੇਟੀ ਦੇ ਅਹੁਦੇਦਾਰ ਪਿਆਰੇ ਲਾਲ ਹਰੀ ਓਮ ਤੇ ਬਿਲਡਿੰਗ ਠੇਕੇਦਾਰ ਦੇ ਸਹਿਯੋਗ ਨਾਲ ਸ਼ਿਵ ਪੂਰੀ ਸ਼ਮਸ਼ਾਨਘਾਟ ਅਗੇ ਫ਼ਰਸ਼ ਲਾਇਆ ਗਿਆ। ਇਸ ਮੌਕੇ ਠੇਕੇਦਾਰ ਕਸ਼ਮੀਰੀ ਲਾਲ, ਠੇਕੇਦਾਰ ਗੁਰਮੇਲ ਸਿੰਘ ਢੁੱਡੀਕੇ, ਪ੍ਰਿਤਪਾਲ ਸਿੰਘ ਮਣਕੂ, ਕਰਮ ਸਿੰਘ ਜਗਦੇ, ਪ੍ਰੀਤਮ ਸਿੰਘ ਗੈਦੂ, ਪ੍ਰਧਾਨ ਜਿੰਦਰਪਾਲ ਸਿੰਘ ਧੀਮਾਨ, ਸੀਨੀਅਰ ਮੀਤ ਪ੍ਰਧਾਨ ਠੇਕੇਦਾਰ ਅਮਰਜੀਤ ਸਿੰਘ ਘਟੌੜੇ, ਸੀਨੀਅਰ ਮੀਤ ਪ੍ਰਧਾਨ ਠੇਕੇਦਾਰ ਮੰਗਲ ਸਿੰਘ ਸਿੱਧੂ, ਖ਼ਜ਼ਾਨਚੀ ਠੇਕੇਦਾਰ ਹਰਨੇਕ ਸਿੰਘ ਸੋਹੀ। ਜਨਰਲ ਸਕੱਤਰ ਜਸਪਾਲ ਸਿੰਘ ਕਲਿਆਣ, ਜਗਰੂਪ ਸਿੰਘ ਗੈਦੂ, ਜਗਦੀਸ਼ ਸਿੰਘ ਦੀਸ਼ਾ, ਪ੍ਰੀਤਮ ਸਿੰਘ ਜੰਡੂ, ਤਰਲੋਚਨ ਸਿੰਘ ਸੀਹਰਾ, ਸੁਦਾਗਰ ਸਿੰਘ ਕਲਸੀ, ਸੁਰਿੰਦਰ ਸਿੰਘ ਮਠਾੜੂ, ਨਿਰਮਲ ਸਿੰਘ ਨਿੰਮਾ, ਪੱਪੂ ਯਾਦਵ , ਭੀਮ ਸਿੰਘ, ਬਲਜੀਤ ਸਿੰਘ, ਸੁਖਵਿੰਦਰ ਸਿੰਘ ਸੀਹਰਾ ਆਦਿ ਹਾਜ਼ਰ ਸਨ।

# ਹਲਕਾ ਪਾਇਲ ਦੇ ਮੰਡਲਾਂ ਦਾ ਬੂਥ ਸੰਮੇਲਨ ਕਰਾਉਣ ਸੰਬੰਧੀ ਮੀਟਿੰਗ

**ਦੋਰਾਹਾ (ਹਰਮਿੰਦਰ ਸੇਠ)** ਭਾਰਤੀ ਜਨਤਾ ਪਾਰਟੀ ਪੁਲਸ ਜ਼ਿਲ੍ਹਾ ਖੰਨਾ ਦੇ ਜ਼ਿਲ੍ਹਾ ਜਨਰਲ ਸਕੱਤਰ ਪ੍ਰਿੰਸੀਪਲ ਜਤਿੰਦਰ ਸ਼ਰਮਾ ਦੀ ਅਗਵਾਈ ਵਿੱਚ ਭਾਜਪਾ ਪ੍ਰਮੁੱਖ ਆਗੂਆਂ ਦੀ ਇੱਕ ਵਿਸ਼ੇਸ਼ ਮੀਟਿੰਗ ਸ਼ਹਿਰ ਵਿਖੇ ਬੁਲਾਈ ਗਈ, ਜਿਸ ਵਿੱਚ ਐੱਸ ਐਨ ਸ਼ਰਮਾ ਪ੍ਰਭਾਰੀ ਹਲਕਾ ਪਾਇਲ ਵਿਸ਼ੇਸ਼ ਤੌਰ 'ਤੇ ਪਹੁੰਚੇ।ਇਸ ਸਮੇਂ ਪ੍ਰਿੰ. ਜਤਿੰਦਰ ਸ਼ਰਮਾ ਜ਼ਿਲ੍ਹਾ ਜਨਰਲ ਸਕੱਤਰ ਨੇ ਕਿਹਾ ਕਿ ਅੱਜ ਦਾ ਮੁੱਖ ਏਜੰਡਾ ਪਾਇਲ ਹਲਕੇ ਵਿਚ ਆਉਣ ਵਾਲੇ ਸਮੇਂ ਵਿੱਚ ਬੂਥ ਸੰਮੇਲਨ ਕਰਾਉਣ ਤੇ ਉਸ ਵਿੱਚ ਭਾਰੀ ਇਕੱਠ ਕਰਕੇ ਪੁਲਸ ਜ਼ਿਲ੍ਹਾ ਖੰਨਾ ਨੂੰ ਮਜਬੂਤ ਕਰਨਾ ਹੈ। ਪ੍ਰਿੰ. ਸ਼ਰਮਾ ਤੇ ਉਪ ਪ੍ਰਧਾਨ ਨਾਰੇਸ਼ ਆਨੰਦ ਨੇ ਕਿਹਾ ਕਿ ਲੋਕ ਸਭਾ ਚੋਣਾਂ ਨੂੰ ਮੱਦੇਨਜ਼ਰ ਰੱਖਦਿਆਂ ਭਾਜਪਾ ਦਾ ਹਰ ਵਰਕਰ ਆਪਣੀ ਜ਼ਿੰਮੇਵਾਰੀ ਨਿਭਾਉਣ ਲਈ ਤਿਆਰ ਬਰ ਤਿਆਰ ਰਹੇ, ਕਿਉਂਕਿ ਲੋਕ ਸਭਾ ਹਲਕਾ ਸ਼੍ਰੀ ਫਤਿਹਗੜ੍ਹ ਸਾਹਿਬ ਸੀਟ ਨੂੰ ਜਿੱਤ ਕੇ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਝੋਲੀ ਵਿੱਚ ਪਾਉਣ ਲਈ ਭਾਜਪਾ ਨੂੰ ਬੂਥ ਪੱਧਰ ਤੱਕ ਮਜਬੂਤ ਕਰਨਾ ਹੋਵੇਗਾ।

# ਅਧਿਆਪਕਾਂ ਦੀਆਂ ਚੋਣ ਡਿਊਟੀਆਂ ਲਾ ਕੇ ਨਹੀਂ ਵਧਣੇ ਦਾਖਲੇ

**ਮਾਨਸਾ (ਆਤਮਾ ਸਿੰਘ ਪਮਾਰ)** ਡੈਮੋਕ੍ਰੈਟਿਕ ਟੀਚਰਜ਼ ਫਰੰਟ ਪੰਜਾਬ ਨੇ ਪੰਜਾਬ ਸਰਕਾਰ ਵੱਲੋਂ ਇੱਕ ਪਾਸੇ ਸਕੂਲਾਂ ਵਿੱਚ ਦਾਖਲੇ ਵਧਾਉਣ ਅਤੇ ਦੂਜੇ ਪਾਸੇ ਵੱਡੀ ਗਿਣਤੀ ਵਿੱਚ ਅਧਿਆਪਕਾਂ ਦੀਆਂ ਡਿਊਟੀਆਂ ਅਗਾਮੀ ਲੋਕ ਸਭਾ ਚੋਣਾਂ ਲਈ ਲਾ ਕੇ ਉਨ੍ਹਾਂ ਨੂੰ ਦੋ ਮਹੀਨੇ ਲਈ ਸਕੂਲੋਂ ਬਾਹਰ ਕੱਢਣ ਦੇ ਆਪਾ ਵਿਰੋਧੀ ਹੁਕਮਾਂ ਦੀ ਕਰੜੀ ਨਿੰਦਾ ਕੀਤੀ ਹੈ। ਸੂਬਾ ਪ੍ਰਧਾਨ ਦਿਗਵਿਜੇ ਪਾਲ ਸ਼ਰਮਾ ਤੇ ਸੂਬਾ ਜਨਰਲ ਸਕੱਤਰ ਬਲਬੀਰ ਲੌਂਗੋਵਾਲ ਦੀ ਅਗਵਾਈ ਵਿੱਚ ਡੀ ਟੀ ਐਫ਼ ਦੇ ਜਿਲ੍ਹਾ ਮਾਨਸਾ ਦੇ ਪ੍ਰਧਾਨ ਕਰਮਜੀਤ ਤਾਮਕੋਟ ਅਤੇ ਹਰਜਿੰਦਰ ਅਨੂਪਗੜ੍ਹ ਨੇ ਕਿਹਾ ਕਿ ਸਕੂਲਾਂ ਵਿੱਚ ਦਾਖਲੇ ਵਧਾਉਣਾ ਕੋਈ ਮਸ਼ੀਨੀ ਕਾਰਜ ਨਹੀਂ ਹੈ, ਜੋ ਅਧਿਆਪਕਾਂ ਦੇ ਹੀ ਹੱਥ ਵਸ ਹੋਵੇ ਸਗੋਂ ਇਹ ਕਾਰਜ ਸਮੁੱਚੇ ਸਿੱਖਿਆ ਢਾਂਚੇ ਦੇ ਮਿਆਰ ਨਾਲ ਜੁੜਿਆ ਹੋਇਆ ਹੈ, ਜਿਸ ਨੂੰ ਪੰਜਾਬ ਸਰਕਾਰ ਖੁਦ ਅਧਿਆਪਕਾਂ ਨੂੰ ਸਕੂਲਾਂ ਵਿੱਚੋਂ ਬਾਹਰ ਕੱਢਣ ਦੇ ਹੁਕਮਾਂ ਨਾਲ ਹੇਠਾਂ ਸੁੱਟ ਰਹੀ ਹੈ।

ਸੀਨੀਅਰ ਆਗੂਆਂ ਰਾਜਵਿੰਦਰ ਬੈਹਣੀਵਾਲ, ਗੁਰਤੇਜ ਉਭਾ, ਕੁਲਦੀਪ ਅੱਕਾਵਾਲੀ ਨੇ ਕਿਹਾ ਕਿ ਕਹਿਣ ਨੂੰ ਤਾਂ ਸਿੱਖਿਆ ਮੰਤਰੀ ਨੇ ਪਿਛਲੇ ਸਾਲ ਸਿੱਖਿਆ ਦੀ ਗੁਣਵੱਤਾ ਦੇ ਮੱਦੇਨਜ਼ਰ ਪੰਜਾਬ ਸਰਕਾਰ ਦੇ ਮੁੱਖ ਸਕੱਤਰ ਦੇ ਨਾਂ ਅਧਿਆਪਕਾਂ ਤੋਂ ਚੋਣ ਡਿਊਟੀ, ਜਨਗਣਨਾ ਤੇ ਹੋਰ ਗੈਰ-ਵਿੱਦਿਅਕ ਕੰਮ ਨਾ ਲੈਣ ਦੇ ਹੁਕਮ ਜਾਰੀ ਕੀਤੇ ਸਨ, ਪਰ ਪਰਨਾਲਾ ਉਥੇ ਦਾ ਉਥੇ ਹੀ ਹੈ। ਇਸ ਤੋਂ ਸਰਕਾਰ ਦੀ ਕਹਿਣੀ ਤੇ ਕਰਨੀ ਦੀ ਫੂਕ ਨਿਕਲਦੀ ਦਿਖਾਈ ਦੇ ਰਹੀ ਹੈ।ਜਥੇਬੰਦੀ ਦੇ ਆਗੂਆਂ ਨਿਧਾਨ ਸਿੰਘ, ਸ਼ਿੰਗਾਰਾ ਸਿੰਘ, ਤਰਸੇਮ ਬੋੜ੍ਹਾਵਾਲ, ਹਰਫੂਲ ਸਿੰਘ, ਰਾਜਿੰਦਰ ਸਿੰਘ ਨੇ ਕਿਹਾ ਹੈ ਕਿ ਸਿੱਖਿਆ ਨੂੰ ਆਪਣੀ ਤਰਜ਼ੀਹ ਦੱਸਣ ਵਾਲੀ ਸਰਕਾਰ ਨੂੰ ਉਨ੍ਹਾਂ ਦੀ ਜਥੇਬੰਦੀ ਵੱਲੋਂ ਨਸੀਹਤ ਹੈ ਕਿ ਸਭ ਤੋਂ ਪਹਿਲਾਂ ਸਰਕਾਰੀ ਸਕੂਲਾਂ ਵਿੱਚ ਬੱਚਿਆਂ ਦੀ ਲੋੜ ਅਨੁਸਾਰ ਅਧਿਆਪਕ ਦਿੱਤੇ ਜਾਣ।

# ਰੋਡੇ 'ਚੋਂ ਰਾਸ਼ਨ ਇਕੱਠਾ ਕਰਕੇ ਸ਼ੰਭੂ ਮੋਰਚੇ 'ਤੇ ਪਹੁੰਚਿਆ ਜੱਥਾ



**ਮੋਗਾ, (ਇਕਬਾਲ ਸਿੰਘ ਖਹਿਰਾ)** ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਦੇ ਬਲਾਕ ਕਮੇਟੀ ਮੈਂਬਰ ਜਗਸੀਰ ਸਿੰਘ ਰੋਡੇ ਨੇ ਕਿਹਾ ਕਿ ਉਨ੍ਹਾਂ ਦੇ ਪਿੰਡ ਨੇ ਸ਼ੰਭੂ ਮੋਰਚੇ 'ਤੇ ਪਹਿਲੇ ਦਿਨ ਤੋਂ ਹੀ ਡੇਰੇ ਲਾਏ ਹੋਏ ਹਨ। ਬਦਲ-ਬਦਲ ਕੇ ਸੰਗਤ ਲਗਾਤਾਰ ਜਾ ਰਹੀ ਹੈ। ਸ਼ੰਭੂ ਤੇ ਖਨੌਰੀ ਬਾਰਡਰਾਂ 'ਤੇ ਲੱਗੇ ਹੋਏ ਮੋਰਚੇ ਲੰਮਾ ਸਮਾਂ ਚੱਲਣੇ ਹਨ। ਕਿਸਾਨ ਜਥੇਬੰਦੀਆਂ ਵੀ ਲੰਮਾ ਦਮ ਰੱਖ ਕੇ ਚੱਲ ਰਹੀਆਂ ਹਨ। ਮੋਰਚਾ ਲਾਉਣ ਸਮੇਂ ਵੀ ਉਹ ਕਈ ਮਹੀਨਿਆਂ ਦਾ ਰਾਸ਼ਨ ਨਾਲ ਲੈ ਕੇ ਚੱਲੇ ਸਨ। ਰਾਸ਼ਨ ਦੀ ਕੋਈ ਕਮੀ ਨਾ ਆਵੇ, ਇਸ ਨੂੰ ਧਿਆਨ ਚ ਰੱਖ ਕੇ ਪਿੰਡ ਇਕਾਈਆਂ ਰਾਸਣ ਇਕੱਠਾ ਕਰਕੇ ਮੋਰਚਿਆਂ ਤੇ ਪਹੁੰਚਦਾ ਕਰ ਰਹੀਆਂ ਹਨ। ਇਸ ਕੜੀ ਵਜੋਂ ਹਰਜਿੰਦਰ ਸਿੰਘ ਰੋਡੇ ਨੇ ਪਿੰਡ ਦੇ ਵਿੱਚ ਕਾਫੀ ਸਰਗਰਮੀ ਦਿਖਾਈ ਹੈ। ਪਿੰਡ ਇਕਾਈ ਦੇ ਹੋਰ ਸਾਥੀਆਂ ਨੂੰ ਨਾਲ ਲੈ ਕੇ ਉਸਨੇ ਘਰ-ਘਰ ਜਾ ਕੇ ਨਛੱਤਰ ਸਿੰਘ ਪਿੰਡ ਪ੍ਰਧਾਨ ਦੀ ਅਗਵਾਈ ਵਿੱਚ, ਆਟਾ ਦਾਲਾਂ ਅਤੇ ਹੋਰ ਲੋੜੀਂਦੀਆਂ ਵਸਤਾਂ ਇਕੱਠੀਆਂ ਕੀਤੀਆਂ ਸਨ। ਪਿੰਡੋਂ ਅੱਜ ਜਥੇ ਨੇ ਜਾਕੇ ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਦੇ ਆਗੂਆਂ ਨੂੰ ਜਾ ਕੇ ਸਾਰੀ ਸਮੱਗਰੀ ਸੌਂਪੀ। ਸ਼ੰਭੂ ਮੋਰਚੇ ਤੇ ਹਰਜਿੰਦਰ ਸਿੰਘ ਰੋਡੇ ਦੀਆਂ ਸਰਗਰਮੀਆਂ ਅਤੇ ਇਛਾ ਮੁਤਾਬਕ ਚੇਅਰਮੈਨ ਸੁਰਜੀਤ ਫੂਲ ਨੇ ਬਾਘਾਪੁਰਾਣਾ ਬਲਾਕ ਕਮੇਟੀ ਦਾ ਮੈਂਬਰ ਨਾਮਜ਼ਦ ਕੀਤਾ।

ਹਰਜਿੰਦਰ ਸਿੰਘ ਨੇ ਵੀ ਤਨਦੇਹੀ ਨਾਲ ਕੰਮ ਕਰਨ ਦਾ ਭਰੋਸਾ ਦਿਵਾਇਆ। ਕਿਸਾਨ ਆਗੂ ਬਲਜੀਤ ਕੌਰ ਨੇ ਵੀ ਹਰਜਿੰਦਰ ਸਿੰਘ ਰੋਡੇ ਨੂੰ ਜੀਅ ਆਇਆ ਕਿਹਾ। ਹਾੜੀ ਸਮੇਂ ਕਿਉਂਕਿ ਮਰਦਾਂ ਨੇ ਫ਼ਸਲਾਂ ਸਾਂਭਣੀਆਂ ਹਨ, ਇਸ ਲਈ ਔਰਤਾਂ ਨੂੰ ਮੋਰਚੇ ਸਾਂਭਣ ਲਈ ਭੇਜਿਆ ਜਾਵੇ। ਸਾਡੀ ਲੜਾਈ ਇਕੱਲੀ ਆਰਥਕ ਮੰਗਾਂ ਦੀ ਨਹੀ, ਸਾਡੀ ਹੋਂਦ ਦੀ ਰਾਖੀ ਦੀ ਹੈ।

# ਸ਼ੈਲਜਾ ਦੀ ਅਗਵਾਈ 'ਚ ਸ਼ੀਤਲ ਮਾਨ ਨੇ ਕੀਤੀ ਘਰ ਵਾਪਸੀ

**ਸਿਰਸਾ (ਸੁਰਿੰਦਰ ਪਾਲ ਸਿੰਘ)** : ਆਮ ਆਦਮੀ ਪਾਰਟੀ ਨੂੰ ਉਸ ਸਮੇਂ ਝਟਕਾ ਲੱਗਿਆ ਜਦੋਂ ਆਪ ਦੀ ਮਹਿਲਾ ਸੂਬਾ ਮੀਤ ਪ੍ਰਧਾਨ ਸ਼ੀਤਲ ਮਾਨ ਨੇ ਆਪਣੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ ਅਤੇ ਆਲ ਇੰਡੀਆ ਕਾਂਗਰਸ ਪਾਰਟੀ ਦੀ ਜਨਰਲ ਸਕੱਤਰ ਕੁਮਾਰੀ ਸ਼ੈਲਜਾ ਦੀ ਅਗਵਾਈ ਹੇਠ ਦਿੱਲੀ ਵਿਖੇ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋ ਗਈ।ਉਨ੍ਹਾ ਆਪ ਦੇ ਸੂਬਾ ਪ੍ਰਧਾਨ ਸੁਸ਼ੀਲ ਗੁਪਤਾ ਨੂੰ ਆਪਣਾ ਅਸਤੀਫਾ ਭੇਜਣ ਤੋਂ ਬਾਅਦ ਆਪਣੇ ਸਮਰਥਕਾਂ ਨਾਲ ਗੱਲਬਾਤ ਕਰਕੇ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਣ ਦਾ ਫੈਸਲਾ ਕੀਤਾ।ਇਸ ਸਬੰਧੀ ਕੁਮਾਰੀ ਸ਼ੈਲਜਾ ਨੇ ਕਿਹਾ ਕਿ ਸ਼ੀਤਲ ਮਾਨ ਨੂੰ ਕਾਂਗਰਸ ਪਾਰਟੀ ਵਿੱਚ ਪੂਰਾ ਮਾਣ ਸਤਿਕਾਰ ਦਿੱਤਾ ਜਾਵੇਗਾ ਤੇ ਇਸ ਨੂੰ ਆਪਣੀ ਘਰ ਵਾਪਸੀ ਕਰਾਰ ਦਿੱਤਾ।ਆਮ ਆਦਮੀ ਪਾਰਟੀ 'ਚ ਸ਼ਾਮਲ ਹੋਣ ਤੋਂ ਪਹਿਲਾਂ ਸ਼ੀਤਲ ਮਾਨ ਸੂਬਾ ਮਹਿਲਾ ਕਾਂਗਰਸ ਦੀ ਜਨਰਲ ਸਕੱਤਰ ਰਹਿ ਚੁੱਕੀ ਹੈ। ਇਸ ਮੌਕੇ ਸ਼ੀਤਲ ਮਾਨ ਨੇ ਕਿਹਾ ਕਿ ਕਿਸਾਨ, ਮਜ਼ਦੂਰ, ਔਰਤਾਂ, ਨੌਜਵਾਨਾਂ ਸਮੇਤ ਹਰ ਵਰਗ ਭਾਜਪਾ ਸਰਕਾਰ ਦੇ ਜ਼ੁਲਮ ਦਾ ਸਾਹਮਣਾ ਕਰ ਰਿਹਾ ਹੈ।ਉਨ੍ਹਾ ਕਿਹਾ ਕਿ ਰਾਹੁਲ ਗਾਂਧੀ ਤੇ ਮਲਿਕਾਰਜੁਨ ਖੜਗੇ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਉਨ੍ਹਾਂ ਆਲ ਇੰਡੀਆ ਕਾਂਗਰਸ ਕਮੇਟੀ ਦੀ ਜਨਰਲ ਸਕੱਤਰ ਕੁਮਾਰੀ ਸ਼ੈਲਜਾ ਦੀ ਅਗਵਾਈ ਹੇਠ ਮੁੜ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਣ ਦਾ ਫੈਸਲਾ ਕੀਤਾ ਹੈ। ਉਨ੍ਹਾ ਕਿਹਾ ਕਿ ਕਾਂਗਰਸ ਪਾਰਟੀ ਉਨ੍ਹਾਂ ਨੂੰ ਜੋ ਵੀ ਜ਼ਿੰਮੇਵਾਰੀ ਦੇਵੇਗੀ, ਉਹ ਉਸ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ।



# ਜ਼ਿਲ੍ਹਾ ਹਸਪਤਾਲ 'ਚ ਮਨਾਇਆ ਵਿਸ਼ਵ ਔਟਿਜ਼ਮ ਜਾਗਰੂਕਤਾ ਦਿਵਸ

**ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਡਾਇਰੈਕਟਰ ਸਿਹਤ ਤੇ ਪਰਿਵਾਰ ਭਲਾਈ ਵਿਭਾਗ, ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਤੇ ਸਿਵਲ ਸਰਜਨ ਡਾ. ਦਵਿੰਦਰਜੀਤ ਕੌਰ ਦੀ ਅਗਵਾਈ ਹੇਠ ਜ਼ਿਲ੍ਹਾ ਹਸਪਤਾਲ ਵਿਖੇ 'ਵਿਸ਼ਵ ਔਟਿਜ਼ਮ ਜਾਗਰੂਕਤਾ ਦਿਵਸ' ਦੇ ਮੌਕੇ 'ਤੇ ਬੱਚਿਆਂ ਦਾ ਵਿਸ਼ੇਸ਼ ਮੈਡੀਕਲ ਚੈੱਕ-ਅਪ ਕਰਕੇ ਮਰੀਜ਼ਾਂ ਤੇ ਉਨ੍ਹਾਂ ਦੇ ਵਾਰਿਸਾਂ ਨੂੰ ਇਸ ਸਬੰਧੀ ਜਾਗਰੂਕ ਕੀਤਾ ਗਿਆ।ਡਾ ਦਵਿੰਦਰਜੀਤ ਕੌਰ ਨੇ ਕਿਹਾ ਕਿ ਹਰ ਸਾਲ ਦੋ ਅਪ੍ਰੈਲ ਨੂੰ ਵਿਸ਼ਵ ਔਟਿਜ਼ਮ ਜਾਗਰੂਕਤਾ ਦਿਵਸ ਮਨਾਇਆ ਜਾਂਦਾ ਹੈ।ਇਸ ਦਾ ਮਕਸਦ ਲੋਕਾਂ ਨੂੰ ਔਟਿਜ਼ਮ ਬਾਰੇ ਜਾਗਰੂਕ ਕਰਨਾ ਤੇ ਪੀੜਤ ਲੋਕਾਂ ਦੀ ਸਹਾਇਤਾ ਕਰਨਾ ਹੈ।ਉਨ੍ਹਾਂ ਦੱਸਿਆ ਕਿ ਔਟਿਜ਼ਮ ਵਾਲੇ ਲੋਕ ਦੂਜਿਆਂ 'ਤੇ ਜ਼ਿਆਦਾ ਨਿਰਭਰ ਹੁੰਦੇ ਹਨ।ਉਨ੍ਹਾਂ ਕਿਹਾ ਕਿ ਔਟਿਜ਼ਮ ਇੱਕ ਤੰਤੂ ਵਿਗਿਆਨ ਸਥਿਤੀ ਹੈ, ਜੋ ਜੀਵਨ ਭਰ ਰਹਿੰਦੀ ਹੈ।ਇਹ ਸਥਿਤੀ ਛੋਟੀ ਉਮਰ ਵਿੱਚ ਬੱਚਿਆਂ ਵਿੱਚ ਪ੍ਰਗਟ ਹੁੰਦੀ ਹੈ। ਉਹਨਾਂ ਦੱਸਿਆ ਕਿ ਔਟਿਜ਼ਮ ਵਾਲੇ ਬੱਚਿਆਂ ਵਿੱਚ ਆਮ ਤੌਰ 'ਤੇ ਸਮਾਜਿਕ ਕਮਜ਼ੋਰੀਆਂ, ਬੋਲਣ ਵਿੱਚ ਮੁਸ਼ਕਲ, ਪ੍ਰਬੰਧਤ ਵਿਵਹਾਰ, ਵਾਰ-ਵਾਰ ਦੁਹਰਾਉਣਾ 'ਤੇ ਇੱਕ ਪੈਟਰਨ ਦੀ ਦਿੱਖ ਹੁੰਦੀ ਹੈ।ਬੱਚਿਆਂ ਦੇ ਮਾਹਰ ਡਾ. ਗੁਰਮਹਿੰਦਰ ਸਿੰਘ ਨੇ ਦੱਸਿਆ ਕਿ ਸਧਾਰਨ ਰੂਪ ਵਿੱਚ ਔਟਿਜ਼ਮ ਇੱਕ ਨਿਊਰੋਲੋਜੀਕਲ ਵਿਗਾੜ ਹੈ, ਜੋ ਇੱਕ ਵਿਅਕਤੀ ਤੋਂ ਦੂਜਿਆਂ ਨਾਲ ਸੰਚਾਰ ਕਰਨ ਦੀ ਯੋਗਤਾ ਨੂੰ ਪ੍ਰਭਾਵਤ ਕਰਦਾ ਹੈ।ਉਨ੍ਹਾਂ ਦੱਸਿਆ ਕਿ ਇਹ ਵਿਗਾੜ ਬਚਪਨ ਵਿੱਚ ਸ਼ੁਰੂ ਹੁੰਦਾ ਹੈ ਤੇ ਇਹ ਬਾਲਗ ਹੋਣ ਤੱਕ ਬਰਕਰਾਰ ਰਹਿੰਦਾ ਹੈ, ਜੋ ਦਿਮਾਗੀ ਕੰਮਾਂ 'ਤੇ ਅਸਰ ਪਾਉਂਦਾ ਹੈ।



4-Aril-PAGE-11-Majha-24.qxd 4/3/2024 10:51 PM Page 1



# ਕਿਸਾਨ ਯੂਨੀਅਨ ਵੱਲੋਂ ਪਨਸਪ ਦਫ਼ਤਰ ਅੱਗੇ ਧਰਨਾ ਚੌਥੇ ਦਿਨ 'ਚ ਦਾਖ਼ਲ




ਗੁਰਦਾਸਪੁਰ, (ਜਨਕ ਮਹਾਜਨ)- ਕਿਸਾਨਾਂ ਮਜ਼ਦੂਰਾਂ ਅਤੇ ਆੜ੍ਹਤੀਆਂ ਦੇ ਝੋਨੇ ਦੀ ਰੁਕੀ 86 ਲੱਖ ਦੀ ਅਦਾਇਗੀ ਨੂੰ ਲੈ ਕੇ ਚੌਥੇ ਦਿਨ ਵੀ ਕਿਰਤੀ ਕਿਸਾਨ ਯੂਨੀਅਨ ਵੱਲੋਂ ਪਨਸਪ ਦਫਤਰ ਵਿਖੇ ਧਰਨਾ ਲਗਾਤਾਰ ਜਾਰੀ ਰਿਹਾ। ਦਫਤਰ ਮੂਹਰੇ ਇਕੱਤਰ ਹੋਏ ਕਿਸਾਨਾਂ ਵਲੋਂ ਇਸ ਮੌਕੇ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਤਰਲੋਕ ਸਿੰਘ ਬਹਿਰਾਮਪੁਰ, ਇਫਟੂ ਆਗੂ ਸੁਖਦੇਵ ਰਾਜ ਅਤੇ ਹਰਪਿੰਦਰ ਸਿੰਘ ਆੜ੍ਹਤੀ ਨੇ ਕਿਹਾ ਕਿ ਸਾਲ 2021-22 ਦੀਆਂ ਪਨਸਪ ਦਫ਼ਤਰ ਵਲੋਂ 86 ਲੱਖ ਦੀਆਂ ਕਿਸਾਨਾਂ ਅਤੇ ਆੜ੍ਹਤੀਆਂ ਵੱਲ ਦੇਣਦਾਰੀਆਂ ਹਨ ਜਿਸ ਕਾਰਨ ਕਿਸਾਨਾਂ/ਮਜ਼ਦੂਰਾਂ ਅਤੇ ਆੜ੍ਹਤੀਆਂ ਵਿਚ ਭਾਰੀ ਰੋਸ ਪਾਇਆ ਜਾ ਰਿਹਾ ਹੈ।

ਆਗੂਆਂ ਨੇ ਐਲਾਨ ਕੀਤਾ ਕਿ 4 ਅਪ੍ਰੈਲ ਤੋਂ ਕਿਰਤੀ ਕਿਸਾਨ ਯੂਨੀਅਨ ਦੀ ਅਗਵਾਈ ਹੇਠ ਪਨਸਪ ਦਫ਼ਤਰ ਦੀ ਤਾਲਾਬੰਦੀ ਕੀਤੀ ਜਾਵੇਗੀ ਅਤੇ ਧਰਨਾ ਦਿਨ-ਰਾਤ ਲਗਾਤਾਰ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਹ ਧਰਨਾ ਦੇਣਦਾਰੀਆਂ ਮਿਲਣ ਤੱਕ ਜਾਰੀ ਰਹੇਗਾ। ਇਸ ਮੌਕੇ ਦਲਜੀਤ ਸਿੰਘ ਤਲਵੰਡੀ, ਕੁਲਵਿੰਦਰ ਸਿੰਘ, ਅਜੀਤ ਸਿੰਘ ਮੱਲੀਆਂ, ਸਾਗ਼ਰ ਸਿੰਘ ਭੋਲਾ, ਭਗਵੰਤ ਸਿੰਘ ਕੈਲੈਕਲਾ, ਪ੍ਰਦੀਪ ਸਿੰਘ ਭੋਲਾ ਅਤੇ ਰਿੰਪਾ ਕੈਲੈਕਲਾ ਹਾਜ਼ਰ ਸਨ।

# ਨੌਜਵਾਨ ਲੜਕੀ ਵੱਲੋਂ ਮਾਪਿਆਂ ਨਾਲ ਧੋਖਾਦੇਹੀ!

ਦੀਨਾਨਗਰ (ਸੰਜੀਵ)-ਦੀਨਾ ਨਗਰ ਹਲਕੇ ਦੇ ਇੱਕ ਪਿੰਡ ਤੋਂ ਅਜਿਹਾ ਮਾਮਲਾ ਸਾਹਮਣੇ ਆਇਆ ਹੈ ਜਿਸ ਨੂੰ ਸੁਣ ਕੇ ਤੁਹਾਡੀ ਵੀ ਰੂਹ ਕੰਬ ਜਾਵੇਗੀ। ਮਾਮਲਾ ਕੱਲ ਰਾਤ ਦਾ ਹੈ ਜਿਸ ਵੇਲੇ ਪੂਰਾ ਪਰਿਵਾਰ ਖਾਣਾ ਖਾ ਰਿਹਾ ਸੀ ਅਤੇ ਖਾਣਾ ਖਾਣ ਤੋਂ ਬਾਅਦ ਜਦੋਂ ਸਾਰੇ ਸੌਂ ਜਾਂਦੇ ਹਨ ਤਾਂ ਅਗਲੇ ਦਿਨ ਪਰਿਵਾਰ ਜਦੋਂ ਉੱਠਦਾ ਹੈ ਤਾਂ ਨੌਜਵਾਨ ਲੜਕੀ ਘਰੋਂ ਗਾਇਬ ਸੀ।

ਜਦ ਪਰਿਵਾਰ ਨੇ ਟਾਈਮ ਦੇਖਿਆ ਤਾਂ ਟਾਈਮ ਵੀ ਦੁਪਹਿਰ ਦਾ ਹੋ ਚੁੱਕਾ ਸੀ। ਪਰਿਵਾਰ ਇਹ ਸੋਚ ਕੇ ਹੈਰਾਨ ਸੀ ਕਿ ਸਾਡੇ ਨਾਲ ਹੋਇਆ ਕੀ ਹੈ? ਜਦ ਲੜਕੀ ਦੀ ਮਾਂ ਵੱਲੋਂ ਅੰਦਰ ਅਲਮਾਰੀ ਦੇਖੀ ਗਈ ਤਾਂ ਅਲਮਾਰੀ ਖੁੱਲ੍ਹੀ ਹੋਈ ਸੀ। ਜਾਣਕਾਰੀ ਦਿੰਦਿਆਂ ਲੜਕੀ ਦੀ ਮਾਂ ਵੱਲੋਂ ਦੱਸਿਆ ਗਿਆ ਕਿ ਸਾਡੀ ਲੜਕੀ ਨੇ ਰਾਤ ਨੂੰ ਸਾਨੂੰ ਖਾਣੇ ਵਿੱਚ ਨੀਂਦ ਦੀਆਂ ਗੋਲੀਆਂ ਦਿੱਤੀਆਂ ਹਨ ਜਿਸ ਕਾਰਨ ਅਸੀਂ ਅਗਲੇ ਦਿਨ ਲੇਟ ਉੱਠੇ ਅਤੇ ਦੇਖਿਆ ਕਿ ਲੜਕੀ ਘਰ ਤੋਂ ਗਾਇਬ ਹੈ। ਲੜਕੀ ਦੀ ਮਾਂ ਨੇ ਕਿਹਾ ਕਿ ਅਸੀਂ ਲੜਕੀ ਦਾ ਰਿਸ਼ਤਾ ਕਰਕੇ ਉਸਦੇ ਵਿਆਹ ਲਈ ਤੇ ਘਰ ਦਾ ਕੁੱਝ ਕੰਮ ਕਰਾਉਣ ਲਈ ਕਮੇਟੀ ਦੇ ਡੇਢ ਕੁ ਲੱਖ ਰੁਪਏ ਅਲਮਾਰੀ 'ਚ ਰੱਖੇ ਸੀ ਜੋ ਜਾਂਦੇ ਹੋਏ ਲੜਕੀ ਆਪਣੇ ਨਾਲ ਲੈ ਗਈ। ਉਨ੍ਹਾਂ ਦਸਿਆ ਕਿ ਅਸੀਂ ਪੁਲਸ ਨੂੰ ਸ਼ਿਕਇਤ ਕਰ ਦਿੱਤੀ ਹੈ।



# ਸੀਵਰੇਜ ਦੀ ਗੈਸ ਚੜ੍ਹਨ ਨਾਲ ਇੱਕ ਮਜ਼ਦੂਰ ਦੀ ਮੌਤ, ਦੋ ਦੀ ਹਾਲਤ ਗੰਭੀਰ



ਗੁਰਦਾਸਪੁਰ, (ਦਿਨੇਸ਼ ਕੁਮਾਰ)-ਨੇੜਲੇ ਪਿੰਡ ਚਾਵਾ 'ਚ ਸੀਵਰੇਜ ਦੀ ਸਫ਼ਾਈ ਕਰਦੇ ਸਮੇਂ ਤਿੰਨ ਪਰਵਾਸੀ ਮਜ਼ਦੂਰਾਂ ਦੇ ਦਿਮਾਗ ਨੂੰ ਗੈਸ ਚੜ੍ਹਨ ਕਾਰਨ ਉਹ ਬੇਹੋਸ਼ ਹੋ ਗਏ ਜਿਨ੍ਹਾਂ ਨੂੰ ਪਿੰਡ ਦੇ ਲੋਕਾਂ ਨੇ ਕਿਸੇ ਤਰ੍ਹਾਂ ਉਨ੍ਹਾਂ ਨੂੰ ਸੀਵਰੇਜ 'ਚੋਂ ਬਾਹਰ ਕੱਢ ਕੇ ਸਿਵਲ ਹਸਪਤਾਲ ਗੁਰਦਾਸਪੁਰ ਵਿਖੇ ਦਾਖਲ ਕਰਵਾਇਆ ਪਰ ਇਲਾਜ ਦੌਰਾਨ ਇਕ ਪਰਵਾਸੀ ਮਜ਼ਦੂਰ ਦੀ ਮੌਤ ਹੋ ਗਈ ਜਦਕਿ ਇਕ ਦੀ ਹਾਲਤ ਨਾਜ਼ੁਕ ਦੱਸੀ ਜਾ ਰਹੀ ਹੈ।

ਦੂਜੇ ਪਾਸੇ ਹਸਪਤਾਲ ਪ੍ਰਸ਼ਾਸਨ ਵੱਲੋਂ ਪੂਰੀ ਵਾਹ ਲਗਾ ਕੇ ਦੂਸਰੇ ਮਜ਼ਦੂਰਾਂ ਨੂੰ ਬਚਾਉਣ ਦੀ ਕੌਸ਼ਿਸ਼ ਕੀਤੀ ਜਾ ਰਹੀ ਹੈ। ਸਿਵਲ ਹਸਪਤਾਲ ਵਿੱਚ ਜਾਣਕਾਰੀ ਦਿੰਦੇ ਹੋਏ ਨੀਰੂ ਵਾਸੀ ਜ਼ਿਲ੍ਹਾ ਭਰਤਪੁਰ (ਰਾਜਸਥਾਨ) ਨੇ ਦੱਸਿਆ ਕਿ ਉਹ ਪਿੰਡ ਵਿੱਚ ਸਫ਼ਾਈ ਦਾ ਕੰਮ ਕਰਦੀ ਹੈ।ਉਸਨੇ ਦੱਸਿਆ ਕਿ ਬੁੱਧਵਾਰ ਨੂੰ ਉਸਦਾ ਪਤੀ ਕਨ੍ਹੱਈਆ ਪਿੰਡ ਵਿੱਚ ਸੀਵਰੇਜ ਦੀ ਸਫਾਈ ਕਰ ਰਿਹਾ ਸੀ। ਇਸ ਦੌਰਾਨ ਦਿਮਾਗ 'ਚ ਗੈਸ ਦਾਖਲ ਹੋਣ ਕਾਰਨ ਉਹ ਬੇਹੋਸ਼ ਹੋ ਗਿਆ।ਇਸ ਤੋਂ ਬਾਅਦ ਜਦੋਂ ਉਸ ਦਾ ਭਤੀਜਾ ਨਵੀ ਅਤੇ ਭਰਾ ਮੋਨੂੰ ਵੀ ਕਨ੍ਹੱਈਆ ਨੂੰ ਬਚਾਉਣ ਲਈ ਸੀਵਰੇਜ ਵਿੱਚ ਵੜ ਗਏ ਤਾਂ ਦੋਵੇਂ ਬੇਹੋਸ਼ ਹੋ ਗਏ।ਉਨ੍ਹਾਂ ਦਾ ਰੌਲਾ ਸੁਣ ਕੇ ਪਿੰਡ ਦੇ ਲੋਕ ਇਕੱਠੇ ਹੋ ਗਏ ਅਤੇ ਕਿਸੇ ਤਰ੍ਹਾਂ ਤਿੰਨਾਂ ਨੂੰ ਬਾਹਰ ਕੱਢ ਕੇ ਸਿਵਲ ਹਸਪਤਾਲ ਪਹੁੰਚਾਇਆ।ਇਲਾਜ ਦੌਰਾਨ ਉਸ ਦੇ ਪਤੀ ਕਨ੍ਹੱਈਆ ਦੀ ਮੌਤ ਹੋ ਗਈ, ਜਦਕਿ ਉਸ ਦੇ ਭਤੀਜੇ ਨੇਵੀ ਦੀ ਹਾਲਤ ਨਾਜ਼ੁਕ ਬਣੀ ਹੋਈ ਹੈ। ਸਿਵਲ ਹਸਪਤਾਲ ਦੇ ਅਧਿਕਾਰੀਆਂ ਨੇ ਇੱਕ ਦੀ ਮੌਤ ਦੀ ਪੁਸ਼ਟੀ ਕੀਤੀ ਹੈ ਅਤੇ ਬਾਕੀਆਂ ਦੀ ਹਾਲਤ ਨਾਜ਼ੁਕ ਦੱਸੀ ਹੈ।

# ਸ਼ੇਖ ਕਬੀਰ ਦੇ ਨੌਜਵਾਨ ਦੀ ਕੈਨੇਡਾ 'ਚ ਮੌਤ, ਇਲਾਕੇ 'ਚ ਸੋਗ ਦੀ ਲਹਿਰ



ਗੁਰਦਾਸਪੁਰ (ਜਨਕ ਮਹਾਜਨ)-ਗੁਰਦਾਸਪੁਰ ਦੇ ਥਾਣਾ ਕਲਾਨੌਰ ਅਧੀਨ ਪੈਂਦੇ ਪਿੰਡ ਸ਼ੇਖ ਕਬੀਰ ਦੇ ਰਹਿਣ ਵਾਲੇ ਨੌਜਵਾਨ ਦੀ ਕੈਨੇਡਾ 'ਚ ਦਿਲ ਦਾ ਦੌਰਾ ਪੈਣ ਕਾਰਨ ਮੌਤ ਹੋ ਗਈ। ਇਸ ਕਾਰਨ ਵਿਧਵਾ ਮਾਂ 'ਤੇ ਦੁੱਖ ਦਾ ਪਹਾੜ ਡਿੱਗ ਪਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਮ੍ਰਿਤਕ ਨੌਜਵਾਨ ਦੇ ਚਚੇਰੇ ਭਰਾ ਤੇਜਵੀਰ ਸਿੰਘ ਨੇ ਦੱਸਿਆ ਕਿ ਉਸ ਦਾ ਭਰਾ ਸਤਿੰਦਰ ਸਿੰਘ (23) ਪੁੱਤਰ ਦਲਬੀਰ ਸਿੰਘ ਇਕ ਸਾਲ ਪਹਿਲਾਂ 5 ਅਪ੍ਰੈਲ 2023 ਨੂੰ ਰੋਜ਼ੀ-ਰੋਟੀ ਲਈ ਵਿੰਡਸਰ, ਓਨਟਾਰੀਓ, ਕੈਨੇਡਾ ਗਿਆ ਸੀ।

ਸਤਿੰਦਰ ਸਿੰਘ ਹਰ ਰੋਜ਼ ਸਵੇਰੇ ਆਪਣੀ ਮਾਂ ਨੂੰ ਫੋਨ ਕਰਦਾ ਸੀ ਅਤੇ ਐਤਵਾਰ ਨੂੰ ਜਦੋਂ ਫੋਨ ਨਹੀਂ ਆਇਆ ਤਾਂ ਮਾਤਾ ਸਰਬਜੀਤ ਕੌਰ ਨੇ ਕਈ ਵਾਰ ਫੋਨ ਕੀਤਾ ਪਰ ਕਿਸੇ ਨੇ ਨਹੀਂ ਚੁੱਕਿਆ। ਇਸ ਤੋਂ ਬਾਅਦ ਇਕ ਹੋਰ ਨੌਜਵਾਨ ਨੇ ਫੋਨ 'ਤੇ ਦੱਸਿਆ ਕਿ ਸਤਿੰਦਰ ਸਿੰਘ ਦੀ ਦਿਲ ਦਾ ਦੌਰਾ ਪੈਣ ਨਾਲ ਮੌਤ ਹੋ ਗਈ ਹੈ। ਸਤਿੰਦਰ ਸਿੰਘ ਦੀ ਮੌਤ ਤੋਂ ਬਾਅਦ ਪਿੰਡ ਵਿੱਚ ਸੋਗ ਦੀ ਲਹਿਰ ਹੈ। ਪਰਿਵਾਰਕ ਮੈਂਬਰਾਂ ਨੇ ਪੰਜਾਬ, ਭਾਰਤ ਸਰਕਾਰ ਦੇ ਗ੍ਰਹਿ ਮੰਤਰਾਲੇ ਪਾਸੋਂ ਮ੍ਰਿਤਕ ਦੇਹ ਨੂੰ ਭਾਰਤ ਲਿਆਉਣ ਵਿੱਚ ਮਦਦ ਦੀ ਅਪੀਲ ਕੀਤੀ ਹੈ।

# ਹਵਨ ਯੱਗ ਨਾਲ ਆਰ ਡੀ ਖੋਸਲਾ ਸਕੂਲ 'ਚ ਨਵਾਂ ਵਿੱਦਿਅਕ ਸੈਸ਼ਨ ਆਰੰਭ

ਬਟਾਲਾ (ਤਰਲੋਕ ਬੱਗਾ)-ਆਰ. ਡੀ. ਖੋਸਲਾ ਡੀ. ਏ. ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ, ਬਟਾਲਾ ਵਿੱਚ ਨਵੇਂ ਵਿੱਦਿਅਕ ਸੈਸ਼ਨ 2024-25 ਦਾ ਉਦਘਾਟਨ ਹਵਨ ਯੱਗ ਕਰਕੇ ਕੀਤਾ ਗਿਆ।ਹਵਨ ਦੀ ਪਵਿੱਤਰ ਅਗਨੀ ਵਿੱਚ ਆਹੂਤੀਆਂ ਪਾ ਕੇ ਪ੍ਰਮਾਤਮਾ ਦਾ ਆਸ਼ੀਰਵਾਦ ਲਿਆ ਗਿਆ ਅਤੇ ਵਿਦਿਆਰਥੀਆਂ ਦੇ ਸੁਨਹਿਰੀ ਭਵਿੱਖ ਲਈ ਅਰਦਾਸ ਕੀਤੀ ਗਈ।



ਸਕੂਲ ਦੇ ਪ੍ਰਿੰਸੀਪਲ ਡਾ: ਬਿੰਦੂ ਭੱਲਾ ਨੇ ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੇ ਖੋਸਲਾ ਅਤੇ ਪ੍ਰਬੰਧਕੀ ਕਮੇਟੀ ਮੈਂਬਰ ਕੇ. ਐੱਲ. ਗੁਪਤਾ, ਕਮਲ ਅਰੋੜਾ, ਵਰਿੰਦਰ ਕਾਂਸਰਾ, ਮੋਨਿਕਾ ਖੋਸਲਾ ਅਤੇ ਮਨੀਸ਼ਾ ਖੋਸਲਾ ਅਤੇ ਸਾਰਿਆਂ ਨੂੰ ਨਵੇਂ ਵਿੱਦਿਅਕ ਸੈਸ਼ਨ ਦੀ ਵਧਾਈ ਦਿੱਤੀ।ਉਨ੍ਹਾਂ ਵਿਦਿਆਰਥੀਆਂ ਨੂੰ ਕਿਹਾ ਕਿ ਉਹ ਨਵੀਆਂ ਜਮਾਤਾਂ ਵਿੱਚ ਆਪਣੀ ਪੜ੍ਹਾਈ ਵੱਲ ਵਿਸ਼ੇਸ਼ ਧਿਆਨ ਦੇਣ ਅਤੇ ਆਪਣੀ ਸ਼ਖ਼ਸੀਅਤ ਦੇ ਨਿਰਮਾਣ ਲਈ ਅਨੁਸ਼ਾਸਨ ਦੀ ਪਾਲਣਾ ਕਰਨ, ਨੈਤਿਕ ਕਦਰਾਂ-ਕੀਮਤਾਂ ਨੂੰ ਗ੍ਰਹਿਣ ਕਰਨ ਅਤੇ ਆਪਣੇ ਆਪ ਵਿੱਚ ਵਿਸ਼ਵਾਸ ਰੱਖ ਕੇ ਅਧਿਆਪਕਾਂ ਦੀ ਯੋਗ ਅਗਵਾਈ ਹੇਠ ਸਫ਼ਲਤਾ ਦੀਆਂ ਬੁਲੰਦੀਆਂ ਨੂੰ ਛੂਹਣ।ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ ਨੇ ਨਵੇਂ ਵਿੱਦਿਅਕ ਸੈਸ਼ਨ ਦੀ ਸ਼ੁਰੂਆਤ 'ਤੇ ਸਾਰਿਆਂ ਨੂੰ ਹਾਰਦਿਕ ਵਧਾਈ ਅਤੇ ਸ਼ੁੱਭ ਕਾਮਨਾਵਾਂ ਦਿੰਦੇ ਹੋਏ ਵਿਦਿਆਰਥੀਆਂ ਨੂੰ ਸਫਲਤਾ ਪ੍ਰਾਪਤ ਕਰਨ ਲਈ ਲਗਨ ਅਤੇ ਮਿਹਨਤ ਨਾਲ ਯਤਨ ਕਰਨ ਲਈ ਕਿਹਾ।

ਸਕੂਲ ਪ੍ਰੈਜ਼ੀਡੈਂਟ ਅਜੇ ਖੋਸਲਾ ਨੇ ਭਾਰਤੀ ਸੰਸਕ੍ਰਿਤੀ ਵਿੱਚ ਹਵਨ ਦੀ ਮਹੱਤਤਾ ਬਾਰੇ ਦੱਸਦਿਆਂ ਕਿਹਾ ਕਿ ਇਸ ਦੀ ਪਵਿੱਤਰ ਅਗਨੀ ਵਿੱਚ ਆਹੂਤੀ ਪਾ ਕੇ ਅਸੀਂ ਪ੍ਰਮਾਤਮਾ ਅੱਗੇ ਅਰਦਾਸ ਕਰਦੇ ਹਾਂ ਕਿ ਉਹ ਹਰ ਕਾਰਜ ਵਿੱਚ ਸਾਨੂੰ ਸਫ਼ਲਤਾ ਪ੍ਰਦਾਨ ਕਰੇ।

# ਕਾਂਸਟੇਬਲ ਜੋਗਿੰਦਰ ਪਾਲ ਨੂੰ ਨਮ ਅੱਖਾਂ ਨਾਲ ਅੰਤਿਮ ਵਿਦਾਇਗੀ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਸਥਾਨਕ ਕਸਬਾ ਡੇਰਾ ਬਾਬਾ ਨਾਨਕ ਨਗਰ ਕੌਂਸਲ ਦੇ ਸਾਬਕਾ ਵਾਈਸ ਪ੍ਰਧਾਨ ਸੱਤ ਸ਼ੌਕੀ ਨੂੰ ਉਸ ਸਮੇ ਗਹਿਰਾ ਸਦਮਾ ਲੱਗਾ ਜਦ ਉਨ੍ਹਾਂ ਦੇ ਛੋਟੇ ਭਰਾ ਕਾਂਸਟੇਬਲ ਜੋਗਿੰਦਰ ਪਾਲ (56) ਜੋ ਬੀਐੱਸਐੱਫ ਦੀ 81 ਬਟਾਲੀਅਨ ਕੈਂਪਸ ਸਾਲਬਗਾਨ ਅਗਰਤਲਾ (ਤ੍ਰਿਪੁਰਾ) ਵਿੱਚ ਬਤੌਰ ਕਾਂਸਟੇਬਲ ਡਿਊਟੀ ਨਿਭਾ ਰਹੇ ਸਨ, ਅਚਾਨਕ ਜ਼ੇਰੇ ਇਲਾਜ ਦਿਹਾਂਤ ਹੋ ਗਿਆ।ਉਨ੍ਹਾਂ ਦਾ ਅੰਤਿਮ ਸੰਸਕਾਰ ਸਥਾਨਕ ਕਸਬੇ ਦੀ ਸ਼ਿਵਪੁਰੀ ਵਿਖੇ ਕਰ ਦਿੱਤਾ ਗਿਆ । ਇਸ ਮੌਕੇ 113 ਬਟਾਲੀਅਨ ਬੀਐੱਸਐੱਫ ਦੇ ਜਵਾਨਾ ਵੱਲੋਂ ਡਿਪਟੀ ਕਮਾਂਡੈਂਟ ਕੁਲਦੀਪ ਰਾਣਾ ਅਤੇ 81 ਬਟਾਲੀਅਨ ਦੇ ਇੰਸਪੈਕਟਰ ਸ਼ੁਟਨ ਲਾਲ ਜੋਗੀ ਦੀ ਅਗਵਾਈ ਵਿੱਚ ਕਾਂਸਟੇਬਲ ਜੋਗਿੰਦਰ ਪਾਲ ਨੂੰ ਗਾਰਡ ਆਫ਼ ਆਨਰ ਦੇਣ ਉਪਰੰਤ ਸਲਾਮੀ ਦਿੱਤੀ ਗਈ ।ਇਸ ਮੌਕੇ ਬਾਬਾ ਚੇਤਨ ਦਾਸ ਵੱਲੋਂ ਅਰਦਾਸ ਕਰਨ ਉਪਰੰਤ ਉਨ੍ਹਾਂ ਦੀ ਚਿਖਾ ਨੂੰ ਅਗਨੀ ਉਨ੍ਹਾਂ ਦੇ ਵੱਡੇ ਸਪੁੱਤਰ ਰਾਜ ਕੁਮਾਰ ਵੱਲੋਂ ਦਿੱਤੀ ਗਈ।ਇਸ ਅੰਤਿਮ ਯਾਤਰਾ ਮੌਕੇ ਵੱਡੀ ਗਿਣਤੀ ਵਿੱਚ ਰਾਜਨੀਤਕ, ਧਾਰਮਿਕ, ਸਮਾਜ ਸੇਵੀ ਆਗੂਆਂ ਤੋਂ ਇਲਾਵਾ ਇਲਾਕੇ ਦੇ ਲੋਕਾ ਸਮੇਤ ਉਨ੍ਹਾਂ ਦੇ ਰਿਸ਼ਤੇਦਾਰਾਂ ਨੇ ਸ਼ਾਮਲ ਹੋ ਕੇ ਕਾਂਸਟੇਬਲ ਜੋਗਿੰਦਰ ਪਾਲ ਨੂੰ ਨਮ ਅੱਖਾਂ ਨਾਲ ਅੰਤਿਮ ਵਿਦਾਇਗੀ ਦਿੱਤੀ ਤੇ ਉਨ੍ਹਾਂ ਦੇ ਭਰਾ ਸੱਤ ਪਾਲ ਸ਼ੌਕੀ, ਭਰਾ ਪੂਰਨ ਚੰਦ, ਸਪੁੱਤਰ ਰਾਜ ਕੁਮਾਰ ਤੇ ਸਪੁੱਤਰ ਰਾਹੁਲ ਕੁਮਾਰ ਸਮੇਤ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨਾਲ ਦੁੱਖ ਸਾਂਝਾ ਕੀਤਾ ਗਿਆ।



ਇਸ ਮੌਕੇ ਐੱਨਆਰਆਈ ਬਾਬਾ ਰਜਿੰਦਰ ਸਿੰਘ ਬੇਦੀ, ਬਾਬਾ, ਬਾਬਾ ਮੁਨੱਵਰ ਸ਼ਾਹ ਚਿਸ਼ਤੀ ਬਾਬਾ ਮੰਗਾ, ਜਥੇਦਾਰ ਨਿਰਮਲ ਸਿੰਘ ਰੱਤਾ, ਆਪ ਆਗੂ ਰਾਜੇਸ਼ ਕੁਮਾਰ ਬਿੱਟਾ, ਮਦਨ ਮੋਹਨ ਮਹਾਜਨ, ਸਾਬਕਾ ਡੀਈਓ ਵਿਨੋਦ ਕੁਮਾਰ ਮੱਤਰੀ, ਰਸ਼ਦੀਪ ਕੁਮਾਰ, ਗਗਨਦੀਪ, ਸੰਜੀਵ ਕੁਮਾਰ, ਕਾਂਗਰਸੀ ਆਗੂ ਦਵਿੰਦਰ ਪਾਲ ਸਿੰਘ ਬੇਦੀ, ਅਰਪਿਤ ਕੁਮਾਰ, ਰੋਹਿਤ ਅੱਤਰੀ, ਰਜਨੀ ਕੁਮਾਰ ਬੌਬੀ, ਪਵਨ ਕੁਮਾਰ, ਮਾਸਟਰ ਪ੍ਰੀਤਮ ਸਿੰਘ, ਦਰਸ਼ਨ ਸਿੰਘ, ਜਨਕ ਰਾਜ, ਹਰਭਜਨ ਡਿਗਰਾ, ਆਰ. ਕੇ. ਟੇਲਰਜ਼, ਐਡਵੋਕੇਟ ਬਰਜਿੰਦਰ ਸਿੰਘ, ਰਜਤ ਮਰਵਾਹਾ, ਲਵ ਮਰਵਾਹਾ, ਵਿਕਰਮਜੀਤ ਸਿੰਘ, ਮਨਜੀਤ ਸਿੰਘ, ਲਵ ਕੁਮਾਰ, ਮਨੋਹਰ ਲਾਲ, ਸੱਤਪਾਲ, ਕਰਨੈਲ ਸਿੰਘ ਦਾਊਦੀਆਂ, ਮਨੀਸ਼ ਕੁਮਾਰ, ਰਾਹੁਲ ਕੁਮਾਰ, ਰਾਜਾ ਚੱਕੀ ਵਾਲਾ, ਨੀਰਜ ਕੁਮਾਰ, ਪਿਆਰਾ ਲਾਲ ਫੌਜੀ, ਧਰਮਪਾਲ ਤੋਂ ਇਲਾਵਾ ਇਲਾਕੇ ਦੇ ਲੋਕ ਤੇ ਰਿਸ਼ਤੇਦਾਰ ਹਾਜ਼ਰ ਸਨ ।

# ਬੀ ਏ ਦੇ ਤੀਜੇ ਸਮੈਸਟਰ 'ਚ ਹਰਪ੍ਰੀਤ ਕੌਰ ਤੇ ਸਪਨਾ ਦਾ ਮੈਰਿਟ ਲਿਸਟ 'ਚ ਸਥਾਨ



**ਕਲਾਨੌਰ (ਮਨਦੀਪ ਕੋਹਲੀ)**—ਸ਼ਹੀਦ ਲੱਛਮਣ ਸਿੰਘ ਧਾਰੋਵਾਲੀ ਯੂਨੀਵਰਸਿਟੀ ਕਾਲਜ ਕਲਾਨੌਰ ਇਲਾਕੇ ਦੇ ਵਿਦਿਆਰਥੀਆਂ ਵਰਦਾਨ ਸਾਬਿਤ ਹੋ ਰਿਹਾ ਹੈ।ਪ੍ਰਿੰਸੀਪਲ ਡਾ. ਕਮਲ ਕਿਸ਼ੋਰ ਅੱਤਰੀ ਦੀ ਅਗਵਾਈ ਹੇਠ ਅਤੇ ਸਮੂਹ ਸਟਾਫ਼ ਦੇ ਯਤਨਾਂ ਸਦਕਾ ਕਾਲਜ ਦੇ ਵਿਦਿਆਰਥੀ ਵਿੱਦਿਅਕ ਖੇਤਰ ਵਿਚ ਮੱਲਾਂ ਮਾਰ ਰਹੇ ਹਨ।ਇਸੇ ਲੜੀ ਤਹਿਤ ਕਾਲਜ ਦੀ ਵਿਦਿਆਰਥਣ ਹਰਪ੍ਰੀਤ ਕੌਰ ਅਤੇ ਸਪਨਾ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵੱਲੋਂ ਐਲਾਨੇ ਗਏ ਨਤੀਜਿਆਂ ਵਿੱਚ ਬੀ. ਏ. ਤੀਜਾ ਸਮੈਸਟਰ ਦੀ ਮੈਰਿਟ ਸੂਚੀ ਵਿਚ ਕ੍ਰਮਵਾਰ 13ਵਾਂ ਤੇ 29ਵਾਂ ਸਥਾਨ ਹਾਸਲ ਕੀਤਾ ਹੈ।ਇਸ ਮੌਕੇ ਪ੍ਰਿੰਸੀਪਲ ਡਾ ਕਮਲ ਕਿਸ਼ੋਰ ਅੱਤਰੀ ਨੇ ਇਨ੍ਹਾਂ ਵਿਦਿਆਰਥਣਾਂ ਨੂੰ ਮੁਬਾਰਕਬਾਦ ਦਿੰਦਿਆਂ ਹੋਇਆਂ ਉਨਾਂ ਦੇ ਸੁਨਹਿਰੀ ਭਵਿੱਖ ਦੀ ਕਾਮਨਾ ਕੀਤੀ।ਉਨ੍ਹਾਂ ਨੇ ਇਨ੍ਹਾਂ ਵਿਦਿਆਰਥਣਾਂ ਨੂੰ ਹੋਰ ਵੀ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ ਤਾਂ ਜੋ ਭਵਿੱਖ ਵਿੱਚ ਹੋਰ ਵੀ ਸਫਲਤਾਵਾਂ ਹਾਸਿਲ ਕੀਤੀਆਂ ਜਾ ਸਕਣ।ਇਸ ਮੌਕੇ ਪ੍ਰੋ. ਸੰਦੀਪ ਚੰਚਲ, ਪ੍ਰੋ. ਜੁਝਾਰ ਸਿੰਘ, ਪ੍ਰੋ. ਮਨਜਿੰਦਰ ਕੌਰ, ਪ੍ਰੋ. ਪਰਮਜੀਤ ਕੌਰ, ਪ੍ਰੋ. ਰਵਨੀਤ ਕੌਰ ਅਤੇ ਪ੍ਰੋ. ਆਰਤੀ ਮਹਾਜਨ ਮੌਜੂਦ ਸਨ।

# ਦਿਨੇਸ਼ ਬੱਬੂ ਨੂੰ ਟਿਕਟ ਮਿਲਣ ਦੀ ਖ਼ੁਸ਼ੀ 'ਚ ਭਾਜਪਾ ਵਰਕਰਾਂ ਨੇ ਲੱਡੂ ਵੰਡੇ



**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**-ਭਾਰਤੀ ਜਨਤਾ ਪਾਰਟੀ ਦੀਨਾਨਗਰ ਵਿਖੇ ਭਾਜਪਾ ਵਰਕਰਾਂ ਨੇ ਦਿਨੇਸ਼ ਸਿੰਘ ਬੱਬੂ ਨੂੰ ਗੁਰਦਾਸਪੁਰ ਤੋਂ ਲੋਕ ਸਭਾ ਟਿਕਟ ਮਿਲਣ ਤੇ ਲੱਡੂ ਵੰਡ ਕੇ ਖੁਸ਼ੀ ਦਾ ਇਜ਼ਹਾਰ ਕੀਤਾ ਜਿਸ ਵਿੱਚ ਸੀਨੀਅਰ ਭਾਜਪਾ ਆਗੂ ਵਿਨੈ ਚੌਧਰੀ ਅਤੇ ਸਾਬਕਾ ਮਿਊਂਸੀਪਲ ਕਮੇਟੀ ਪ੍ਰਧਾਨ ਰਾਕੇਸ਼ ਮਹਾਜਨ ਦੀ ਪ੍ਰਧਾਨਗੀ ਹੇਠ ਬਹੁਤ ਸਾਰੇ ਭਾਜਪਾ ਵਰਕਰ ਪਹੁੰਚੇ।ਉਨ੍ਹਾਂ ਮੀਟਿੰਗ ਵਿੱਚ ਕਿਹਾ ਕਿ ਦਿਨੇਸ਼ ਸਿੰਘ ਬੱਬੂ ਨੂੰ ਦੀਨਾਨਗਰ ਦੀ ਸਮੁੱਚੀ ਵਿਧਾਨ ਸਭਾ ਭਾਰੀ ਵੋਟਾਂ ਦੇ ਫਰਕ ਨਾਲ ਜਿਤਾ ਕੇ ਬੱਬੂ ਨੂੰ ਦਿੱਲੀ ਲੋਕ ਸਭਾ ਵਿੱਚ ਭੇਜਣਗੇ।

ਇਸ ਮੌਕੇ ਸੀਤਾ ਰਾਮ ਮਹਾਜਨ, ਡਾ: ਲੋਕੇਂਦਰ ਸ਼ਰਮਾ, ਰਾਮਜੀਤ ਸ਼ਰਮਾ, ਮਾਸਟਰ ਜੋਗਿੰਦਰ ਪਾਲ ਮਹਾਜਨ, ਛੱਜੂ ਰਾਮ ਮਹਾਜਨ, ਰੋਸ਼ਨ ਲਾਲ ਸਾਬਕਾ ਮੈਕ, ਰਮੇਸ਼ ਸ਼ਰਮਾ ਸਾਬਕਾ ਐੱਸੀ., ਸੁਰਿੰਦਰ ਸਿੰਘ ਮੰਡਲ ਮੀਤ ਪ੍ਰਧਾਨ, ਲਲਿਤ ਕਾਂਸਰਾ ਮੰਡਲ ਜਨਰਲ ਸਕੱਤਰ, ਸੌਰਭ. ਇਸ ਮੌਕੇ ਮਹਾਜਨ ਮੰਡਲ ਜਨਰਲ ਸਕੱਤਰ, ਅਰੁਣ ਖਜੂਰੀਆ ਸਾਬਕਾ ਮੰਡਲ ਮੀਤ ਪ੍ਰਧਾਨ, ਅੰਕੁਰ ਨਈਅਰ ਸਾਬਕਾ ਸੀਨੀਅਰ ਮੀਤ ਪ੍ਰਧਾਨ, ਅਜੈ ਧਵਨ ਸਾਬਕਾ ਮੰਡਲ ਜਨਰਲ ਸਕੱਤਰ, ਸੰਦੀਪ ਠਾਕੁਰ ਸਾਬਕਾ ਮੰਡਲ ਪ੍ਰਧਾਨ, ਜਗਤਾਰ ਸਿੰਘ ਠਾਕੁਰ ਸਾਬਕਾ ਚੇਅਰਮੈਨ ਬਲਾਕ ਸਮਿਤੀ, ਰੂਪ ਲਾਲ ਸ਼ਰਮਾ, ਵਿਸ਼ਾਲ ਭਰਤ, ਮਨੂ ਸ਼ਰਮਾ ਸਾਬਕਾ ਮੰਡਲ ਸਕੱਤਰ, ਰਾਜੇਸ਼ ਹਿੰਦੂ ਸਾਬਕਾ ਮੰਡਲ ਸੋਸ਼ਲ ਮੀਡੀਆ ਇੰਚਾਰਜ ਆਦਿ ਵਰਕਰ ਹਾਜ਼ਰ ਸਨ।

# ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਵਿਖੇ ਨਵੇਂ ਸੈਸ਼ਨ ਦੀ ਆਰੰਭਤਾ ਮੌਕੇ ਅਰਦਾਸ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਵਿਖੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ ਅਤੇ ਪ੍ਰਿੰ. ਕਿਰਨ ਕੇਸਰ ਦੀ ਯੋਗ ਅਗਵਾਈ ਹੇਠ ਸਕੂਲ ਦੇ ਨਵੇਂ ਸੈਸ਼ਨ 2024-25 ਦੀ ਆਰੰਭਤਾ ਲਈ ਅਰਦਾਸ ਕੀਤੀ ਗਈ ।ਸਕੂਲ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼ ਕੀਤਾ ਗਿਆ ਅਤੇ ਸੁਖਮਨੀ ਸਾਹਿਬ ਦੇ ਪਾਠ ਕੀਤੇ ਗਏ।ਇਸ ਉਪਰੰਤ ਦਸਵੀਂ ਜਮਾਤ ਦੇ ਵਿਦਿਆਰਥੀ ਸਰਬਜੋਤ ਸਿੰਘ ਅਤੇ ਸਾਥੀਆਂ ਵੱਲੋਂ ਬਹੁਤ ਹੀ ਰਸਭਿੰਨਾ ਕੀਰਤਨ ਕੀਤਾ ਗਿਆ।ਵਿਦਿਆਰਥੀਆਂ ਅਤੇ ਸਮੂਹ ਸਟਾਫ ਨੇ ਪੂਰਨ ਸ਼ਰਧਾ ਭਾਵਨਾ ਨਾਲ ਪਾਠ ਸਰਵਣ ਕੀਤਾ ਅਤੇ ਅਰਦਾਸ ਵਿੱਚ ਆਪਣੀ ਹਾਜ਼ਰੀ ਭਰੀ। ਸਕੂਲ ਦੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ ਦੁਆਰਾ ਵਿਦਿਆਰਥੀਆਂ ਨੂੰ ਨਵੇਂ ਸੈਸ਼ਨ ਦੀ ਆਰੰਭਤਾ ਦੀਆਂ ਮੁਬਾਰਕਾਂ ਦਿੱਤੀਆਂ ਅਤੇ ਪਰਮਾਤਮਾ ਅੱਗੇ ਸਕੂਲ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ ।ਉਨ੍ਹਾਂ ਵੱਲੋਂ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ ਗਿਆ ਅਤੇ ਉਨ੍ਹਾਂ ਵੱਲੋਂ ਵਾਅਦਾ ਲਿਆ ਗਿਆ ਕਿ ਉਹ ਵੱਧ ਤੋਂ ਵੱਧ ਮਿਹਨਤ ਕਰਨਗੇ ਅਤੇ ਵਧੀਆ ਪੜ੍ਹਾਈ ਕਰਕੇ ਆਪਣੇ ਮਾਤਾ-ਪਿਤਾ ਤੇ ਸਕੂਲ ਦਾ ਨਾਮ ਰੌਸ਼ਨ ਕਰਨਗੇ ।ਸਕੂਲ ਦੇ ਪ੍ਰਿੰ. ਕਿਰਨ ਕੇਸਰ ਦੁਆਰਾ ਵਿਦਿਆਰਥੀਆਂ ਨੂੰ ਨਵੇਂ ਸੈਸ਼ਨ ਦੀ ਆਰੰਭਤਾ ਤੇ ਪ੍ਰੇਰਿਤ ਕਰਦੇ ਹੋਏ ਕਿਹਾ ਕਿ ਨਵੇਂ ਸਾਲ ਵਿੱਚ ਵਿਦਿਆਰਥੀ ਵੱਧ ਤੋਂ ਵੱਧ ਮਿਹਨਤ ਕਰਨ ਅਤੇ ਜੀਵਨ ਵਿੱਚ ਸਫਲਤਾ ਪ੍ਰਾਪਤ ਕਰਨ।ਉਹਨਾਂ ਨੇ ਕਿਹਾ ਕਿ ਪਰਮਾਤਮਾ ਇਸ ਸਕੂਲ ਨੂੰ ਦਿਨ ਦੁੱਗਣੀ ਅਤੇ ਰਾਤ ਚੌਗੁਣੀ ਤਰੱਕੀ ਬਖ਼ਸ਼ੇ।



# ਬਾਬਾ ਬੁੱਢਾ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਬੀੜ ਸਾਹਿਬ ਦਾ ਨਤੀਜਾ ਸੌ ਫੀਸਦੀ



ਝਬਾਲ (ਹਰਜਿੰਦਰ ਸਿੰਘ ਸੋਨੀ)-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਪੰਜਵੀਂ ਕਲਾਸ ਦੇ ਬੋਰਡ ਦੇ ਨਤੀਜਿਆਂ ਵਿੱਚ ਬਾਬਾ ਬੁੱਢਾ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਬੀੜ ਸਾਹਿਬ ਦਾ ਨਤੀਜਾ 100 ਫੀਸਦੀ ਰਿਹਾ।ਸਕੂਲ ਦੇ 27 ਵਿਦਿਆਰਥੀਆਂ ਨੇ 90% ਤੋਂ ਉਪਰ, 25 ਵਿਦਿਆਰਥੀਆਂ ਨੇ 80% ਤੋਂ ਉਪਰ ਅੰਕ ਪ੍ਰਾਪਤ ਕੀਤੇ, ਜਿਸ ਵਿੱਚ ਕੰਵਲਜੀਤ ਕੌਰ (98.8%) ਨੇ ਪਹਿਲਾ ਸਥਾਨ, ਜਸਪ੍ਰੀਤ ਕੌਰ (98.6%) ਨੇ ਦੂਸਰਾ ਸਥਾਨ, ਇੰਦਰਜੀਤ ਕੌਰ (98.2%) ਨੇ ਤੀਸਰਾ ਸਥਾਨ, ਬਲਰਾਜ ਸਿੰਘ (97.2%) ਨੇ ਚੌਥਾ ਸਥਾਨ, ਮਨਸੀਰਤ ਕੌਰ (96.6%) ਨੇ ਪੰਜਵਾਂ ਸਥਾਨ ਹਾਸਲ ਕਰਕੇ ਸਕੂਲ਼ ਦਾ ਨਾਮ ਰੌਸ਼ਨ ਕੀਤਾ।

ਇਸ ਮੌਕੇ ਗੁਰਦੁਆਰਾ ਬਾਬਾ ਬੁੱਢਾ ਸਾਹਿਬ ਬੀੜ ਸਾਹਿਬ ਦੇ ਮੈਨੇਜਰ ਰਜਿੰਦਰ ਸਿੰਘ ਟੌਹੜਾ, ਸਕੂਲ਼ ਪ੍ਰਿੰਸੀਪਲ ਤਰਨਜੀਤ ਸਿੰਘ, ਮੀਤ ਮੈਨੇਜਰ ਅਜੈ ਸਿੰਘ, ਗੁਰਮੀਤ ਸਿੰਘ ਡੀਪੀਈ, ਮਨਿੰਦਰ ਸਿੰਘ ਵੱਲੋਂ ਨਤੀਜਿਆਂ ਵਿੱਚੋਂ ਪਹਿਲੀਆਂ ਤਿੰਨ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਤੇ ਮੂੰਹ ਮਿੱਠਾ ਕਰਵਾ ਕੇ ਵਧਾਈ ਦਿੱਤੀ। ਇਸ ਮੌਕੇ ਤਰਸੇਮ ਸਿੰਘ, ਭੁਪਿੰਦਰ ਸਿੰਘ, ਜਗਮੀਤ ਸਿੰਘ, ਹੀਰਾ ਸਿੰਘ, ਗੁਰਦੀਪ ਸਿੰਘ, ਦਵਿੰਦਰਪਾਲ ਕੌਰ, ਕੁਲਵਿੰਦਰ ਕੌਰ, ਰੁਪਿੰਦਰਬੀਰ ਸਿੰਘ, ਜਸਵਿੰਦਰ ਕੌਰ, ਜਸਮੀਤ ਕੌਰ, ਰਾਜਬੀਰ ਕੌਰ, ਗੁਰਪ੍ਰੀਤ ਬੇਦੀ, ਮਨਦੀਪ ਸੰਧੂ, ਸ਼ਰਨਜੀਤ ਕੌਰ ਆਦਿ ਸਕੂਲ ਸਟਾਫ ਵੱਲੋਂ ਅੱਵਲ ਆਉਣ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ।

# ਦੀਵਾਨ ਮੈਂਬਰ ਭੁਪਿੰਦਰ ਸਿੰਘ ਦੇ ਅਕਾਲ ਚਲਾਣੇ 'ਤੇ ਦੁੱਖ ਦਾ ਪ੍ਰਗਟਾਵਾ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਚੀਫ਼ ਖਾਲਸਾ ਦੀਵਾਨ ਚੈਰੀਟੇਬਲ ਸੁਸਾਇਟੀ ਦੇ ਅਹੁਦੇਦਾਰਾਂ ਅਤੇ ਮੈਂਬਰ ਸਾਹਿਬਾਨ ਵੱਲੋਂ ਦੀਵਾਨ ਦੇ ਮੈਂਬਰ ਭੁਪਿੰਦਰ ਸਿੰਘ (81) ਦੇ ਅਕਾਲ ਚਲਾਣੇ ਤੇ ਅਫਸੋਸ ਦਾ ਪ੍ਰਗਟਾਵਾ ਕੀਤਾ ਗਿਆ। ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ, ਆਨਰੇਰੀ ਸਕੱਤਰ ਸਵਿੰਦਰ ਸਿੰਘ ਕੱਥੂਨੰਗਲ, ਮੀਤ ਪ੍ਰਧਾਨ ਜਗਜੀਤ ਸਿੰਘ ਅਤੇ ਹੋਰ ਦੀਵਾਨ ਮੈਂਬਰ ਸਾਹਿਬਾਨ ਨੇ ਭੁਪਿੰਦਰ ਸਿੰਘ ਦੇ ਅੰਤਿਮ ਸੰਸਕਾਰ ਸਮੇਂ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਚੀਫ ਖਾਲਸਾ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ, ਆਨਰੇਰੀ ਸਕੱਤਰ ਸਵਿੰਦਰ ਸਿੰਘ ਕੱਥੂਨੰਗਲ ਅਤੇ ਮੀਤ ਪ੍ਰਧਾਨ ਜਗਜੀਤ ਸਿੰਘ ਨੇ ਸਾਂਝੇ ਤੌਰ ਤੇ ਕਿਹਾ ਕਿ ਭੁਪਿੰਦਰ ਸਿੰਘ ਤਕਰੀਬਨ 40 ਸਾਲਾਂ ਦੇ ਲੰਬੇ ਅਰਸੇ ਤੋ ਚੀਫ਼ ਖ਼ਾਲਸਾ ਦੀਵਾਨ ਨਾਲ ਜੁੜੇ ਸਨ। ਉਨ੍ਹਾਂ ਕਿਹਾ ਕਿ ਨਿੱਘੇ ਸੁਭਾਅ ਦੇ ਮਾਲਕ ਅਤੇ ਗੁਰੂ ਘਰ ਨਾਲ ਜੁੜੇ ਭੁਪਿੰਦਰ ਸਿੰਘ ਦੀਵਾਨ ਪ੍ਰਤੀ ਨਿਭਾਈਆਂ ਗਈਆਂ ਆਪਣੀਆਂ ਵੱਡਮੁਲੀਆਂ ਤੇ ਨਿਸ਼ਕਾਮ ਸੇਵਾਵਾ ਲਈ ਹਮੇਸ਼ਾ ਯਾਦ ਰੱਖੇ ਜਾਣਗੇ। ਇਸ ਮੌਕੇ ਸਮੂਹ ਦੀਵਾਨ ਅਹੁਦੇਦਾਰਾਂ ਵੱਲੋਂ ਦੁੱਖ ਦਾ ਪ੍ਰਗਟਾਵਾ ਕਰਦਿਆ ਭੁਪਿੰਦਰ ਸਿੰਘ ਦੇ ਪਰਿਵਾਰ ਨਾਲ ਹਮਦਰਦੀ ਪ੍ਰਗਟਾਈ ਗਈ ਅਤੇ ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਅਤੇ ਪਿੱਛੋਂ ਪਰਿਵਾਰ ਨੂੰ ਅਕਾਲ ਪੁਰਖ ਦਾ ਭਾਣਾ ਮੰਨਣ ਦਾ ਬਲ ਬਖਸ਼ਣ ਦੀ ਅਰਦਾਸ ਕੀਤੀ ਗਈ।

# ਮਜੀਠਾ ਵਿਧਾਨ ਸਭਾ ਹਲਕੇ 'ਚ ਕੱਢੀ ਵੋਟਰ ਜਾਗਰੂਕਤਾ ਸਾਈਕਲ ਰੈਲੀ




ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਡਿਪਟੀ ਕਮਿਸ਼ਨਰ-ਕਮ-ਜਿਲ੍ਹਾ ਚੋਣ ਅਫ਼ਸਰ ਘਨਸ਼ਾਮ ਥੋਰੀ ਦੀ ਯੋਗ ਅਗਵਾਈ ਹੇਠ ਅਤੇ ਚੇਅਰਪਰਸਨ ਸਵੀਪ-ਕਮ-ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਨਿਕਾਸ ਕੁਮਾਰ ਦੇ ਦਿਸ਼ਾ ਨਿਰਦੇਸ਼ਾਂ ਤੇ ਅਗਾਮੀ ਲੋਕ ਸਭਾ ਚੋਣਾਂ-2024 ਵਿੱਚ ਆਮ ਲੋਕਾਂ ਨੂੰ ਵੋਟ ਪਾਉਣ ਲਈ ਉਤਸ਼ਾਹਿਤ ਕਰਨ ਲਈ ਮਜੀਠਾ ਵਿਧਾਨਸਭਾ ਹਲਕੇ ਦੇ ਸਰਕਾਰੀ ਕੰਨਿਆ ਸੈਕੰਡਰੀ ਸਕੂਲ ਕੱਥੂਨੰਗਲ, ਸਰਕਾਰੀ ਹਾਈ ਸਕੂਲ ਗੋਪਾਲਪੁਰਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਅਜਾਇਬਵਾਲੀ ਅਤੇ ਸ਼ਹੀਦ ਕੈਪਟਨ ਅਮਰਦੀਪ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਮਜੀਠਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰਾਮਦੀਵਾਲੀ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸੋਹੀਆਂ ਕਲਾਂ ਸਮੇਤ ਕਈ ਸਕੂਲਾਂ ਵਿੱਚ ਵੋਟਰ ਜਾਗਰੂਕਤਾ ਸਾਈਕਲ ਰੈਲੀਆਂ ਦਾ ਆਯੋਜਨ ਕੀਤਾ ਗਿਆ। ਜ਼ਿਲ੍ਹਾ ਪ੍ਰਸ਼ਾਸਨ ਵਲੋਂ ਆਮ ਵੋਟਰਾਂ ਨੂੰ ਵੋਟਾਂ ਪ੍ਰਤੀ ਜਾਗਰੂਕ ਕਰਨ ਲਈ ਸਵੀਪ ਗਤੀਵਿਧੀਆਂ ਲਗਾਤਾਰ ਕੀਤੀਆਂ ਜਾ ਰਹੀਆਂ ਹਨ।

ਭਾਰਤ ਚੋਣ ਕਮਿਸ਼ਨ ਵਲੋਂ ਚੋਣਾਂ ਨੂੰ ਇੱਕ ਤਿਉਹਾਰ ਦੀ ਤਰ੍ਹਾਂ ਮਨਾਉਣ ਦਾ ਫੈਸਲਾ ਕੀਤਾ ਗਿਆ ਹੈ। ਇਸੇ ਲਈ ਚੋਣ ਕਮਿਸ਼ਨ ਵੱਲੋਂ 'ਚੋਣਾਂ ਦਾ ਪਰਵ, ਦੇਸ਼ ਦਾ ਗਰਵ' ਨੂੰ ਲੋਕ ਸਭਾ ਚੋਣਾਂ-2024 ਦਾ ਸਲੋਗਨ ਬਣਾਇਆ ਗਿਆ ਹੈ।

# 'ਫੋਟੋ ਪਛਾਣ ਪੱਤਰ ਤੋਂ ਇਲਾਵਾ 12 ਹੋਰ ਅਧਿਕਾਰਤ ਦਸਤਾਵੇਜ਼ਾਂ ਰਾਹੀਂ ਵੀ ਵੋਟ ਪਾਈ ਜਾ ਸਕਦੀ'

ਬਟਾਲਾ (ਡਾ. ਮਲਵਿੰਦਰ ਸਿੰਘ)-ਡਾ. ਸ਼ਾਇਰੀ ਭੰਡਾਰੀ, ਐੱਸਡੀਐੱਮ-ਕਮ-ਏਆਰਓ ਬਟਾਲਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਲੋਕ ਸਭਾ ਚੋਣਾਂ-2024 ਦੌਰਾਨ ਵੋਟਰਾਂ ਦੀ ਸਹੂਲਤ ਲਈ ਭਾਰਤੀ ਚੋਣ ਕਮਿਸ਼ਨ ਨੇ ਵੋਟਰਾਂ ਨੂੰ 1 ਜੂਨ, 2024 ਨੂੰ ਵੋਟ ਪਾਉਣ ਲਈ ਫੋਟੋ ਪਹਿਚਾਨ ਪੱਤਰ ਤੋਂ ਇਲਾਵਾ 12 ਹੋਰ ਅਧਿਕਾਰਤ ਦਸਤਾਵੇਜ਼ਾਂ ਨੂੰ ਪਹਿਚਾਣ ਦੇ ਸਬੂਤ ਵਜੋਂ ਮਾਨਤਾ ਦਿੱਤੀ ਹੈ। ਇਨ੍ਹਾਂ ਦਸਤਾਵੇਜ਼ਾਂ ਵਿੱਚੋਂ ਕੋਈ ਵੀ ਇਕ ਦਸਤਾਵੇਜ਼ ਵੋਟਰ ਆਪਣੀ ਪਹਿਚਾਣ ਵੱਜੋਂ ਪੋਲਿੰਗ ਸਟੇਸ਼ਨ 'ਤੇ ਨਾਲ ਲਿਜਾ ਸਕਦਾ ਹੈ।ਉਨ੍ਹਾਂ ਦੱਸਿਆ ਕਿ ਭਾਰਤੀ ਚੋਣ ਕਮਿਸ਼ਨ ਨੇ ਆਪਣੇ ਹੁਕਮਾਂ ਵਿੱਚ ਕਿਹਾ ਹੈ ਕਿ ਉਹ ਵੋਟਰ ਜੋ ਚੋਣ ਫੋਟੋ ਪਹਿਚਾਣ ਪੱਤਰ ਪੇਸ਼ ਕਰਨ ਦੇ ਯੋਗ ਨਹੀਂ ਹਨ, ਆਪਣੀ ਪਛਾਣ ਸਥਾਪਤ ਕਰਨ ਲਈ 12 ਹੋਰ ਦਸਤਾਵੇਜ਼ ਪੇਸ਼ ਕਰ ਸਕਦੇ ਹਨ।ਉਨ੍ਹਾਂ ਨੇ ਅੱਗੇ ਦੱਸਿਆ ਕਿ ਜਿਨ੍ਹਾਂ ਵੋਟਰਾਂ ਕੋਲ ਚੋਣ ਫੋਟੋ ਪਹਿਚਾਣ ਪੱਤਰ ਨਹੀਂ ਹਨ, ਉਹ ਆਧਾਰ ਕਾਰਡ, ਮਨਰੇਗਾ ਜੌਬ ਕਾਰਡ, ਬੈਂਕਾਂ/ਡਾਕਖਾਨੇ ਦੁਆਰਾ ਜਾਰੀ ਫੋਟੋ ਸਹਿਤ ਪਾਸਬੁੱਕ, ਕਿਰਤ ਮੰਤਰਾਲੇ ਦੀ ਸਕੀਮ ਤਹਿਤ ਜਾਰੀ ਹੈਲਥ ਸਮਾਰਟ ਕਾਰਡ, ਡਰਾਈਵਿੰਗ ਲਾਇਸੰਸ, ਪੈਨ ਕਾਰਡ, ਐੱਨ. ਪੀ. ਆਰ. ਅਧੀਨ ਆਰ. ਜੀ. ਆਈ. ਵਲੋਂ ਜਾਰੀ ਸਮਾਰਟ ਕਾਰਡ, ਭਾਰਤੀ ਪਾਸਪੋਰਟ, ਫੋਟੋ ਸਹਿਤ ਪੈਨਸ਼ਨ ਦਸਤਾਵੇਜ, ਕੇਂਦਰ/ਸੂਬਾ ਸਰਕਾਰਾਂ/ਜਨਤਕ ਖੇਤਰ ਦੇ ਅਦਾਰਿਆਂ ਜਾਂ ਪਬਲਿਕ ਲਿਮਿਟਡ ਕੰਪਨੀਆਂ ਦੁਆਰਾ ਆਪਣੇ ਮੁਲਾਜ਼ਮਾਂ ਨੂੰ ਜਾਰੀ ਸਰਵਿਸ ਪਹਿਚਾਣ ਪੱਤਰ, ਐਮਪੀ. ਐੱਮਐੱਲਏ ਨੂੰ ਜਾਰੀ ਪਹਿਚਾਣ ਪੱਤਰ ਅਤੇ ਯੂਨੀਕ ਡਿਸਏਬਿਲਟੀ ਪਹਿਚਾਣ ਪੱਤਰ ਜੋ ਕਿ ਭਾਰਤ ਸਰਕਾਰ ਦੇ ਸਮਾਜਿਕ ਨਿਆਂ ਅਤੇ ਅਧਿਕਾਰਤਾ ਵਲੋਂ ਜਾਰੀ ਕੀਤਾ ਹੋਵੇ, ਨੂੰ ਦਿਖਾ ਕੇ ਵੀ ਵੋਟ ਪਾ ਸਕਦੇ ਹਨ।




*ਚੰਡੀਗੜ੍ਹ: ਸਰਬਜਨਕ ਖੇਤਰ ਦੇ ਮੋਹਰੀ ਬੈਂਕ, ਬੈਂਕ ਆਫ ਇੰਡੀਆ ਨੇ 3 ਅਪ੍ਰੈਲ ਨੂੰ ਚੰਡੀਗੜ੍ਹ 'ਚ ਇੱਕ ਟਾਊਨ ਹਾਲ ਬੈਠਕ ਦਾ ਆਯੋਜਨ ਕੀਤਾ। ਇਹ ਪ੍ਰੋਗਰਾਮ ਬੈਂਕ ਆਫ ਇੰਡੀਆ ਦੇ ਪ੍ਰਬੰਧ ਨਿਰਦੇਸ਼ਕ ਅਤੇ ਸੀ ਈ ਓ ਰਜਨੀਸ਼ ਕਰਨਾਟਕ ਦੀ ਹਾਜ਼ਰੀ 'ਚ ਕੀਤਾ ਗਿਆ। ਇਸ 'ਚ ਫੀਲਡ ਮਹਾਂਪ੍ਰਬੰਧਕ ਦਫਤਰ ਚੰਡੀਗੜ੍ਹ ਦੇ ਮਹਾਂਪ੍ਰਬੰਧਕ ਅਨਿਲ ਕੁਮਾਰ ਵਰਮਾ ਦੇ ਨਾਲ ਐੱਫ ਜੀ ਐੱਮ ਦਫਤਰ ਚੰਡੀਗੜ੍ਹ ਦੇ ਅਧੀਨ, ਖੇਤਰੀ ਪ੍ਰਬੰਧਕ ਅਤੇ ਹੋਰ ਅਹਿਮ ਵਿਅਕਤੀ ਵੀ ਸ਼ਾਮਲ ਸਨ। ਇਸ ਮੀਟਿੰਗ 'ਚ ਐੱਫ ਜੀ ਐੱਮ ਦਫਤਰ ਦੇ ਅੰਤਰਗਤ ਆਉਣ ਵਾਲੇ ਰਾਜਾਂ/ਕੇਂਦਰੀ ਸ਼ਾਸਤ ਪ੍ਰਦੇਸ਼ਾਂ ਅਰਥਾਤ ਹਿਮਾਚਲ ਪ੍ਰਦੇਸ਼, ਪੰਜਾਬ, ਹਰਿਆਣਾ, ਉੱਤਰਾਖੰਡ ਅਤੇ ਚੰਡੀਗੜ੍ਹ ਦੀਆਂ ਸਾਰੀਆਂ ਸ਼ਾਖਾਵਾਂ ਦੇ ਪ੍ਰਬੰਧਕਾਂ ਸਹਿਤ ਲੱਗਭੱਗ 650 ਸਟਾਫ ਮੈਂਬਰਾਂ ਨੇ ਹਿੱਸਾ ਲਿਆ।*

**ਦਫਤਰ ਨਗਰ ਕੌਂਸਲ ਕਰਤਾਰਪੁਰ, ਜ਼ਿਲ੍ਹਾ ਜਲੰਧਰ (ਪਬਲਿਕ ਨੋਟਿਸ)**

ਇਸ ਨੋਟਿਸ ਰਾਹੀਂ ਹਰ ਆਮ ਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਦਵਿੰਦਰ ਸਿੰਘ ਪੁੱਤਰ ਹਰਦੇਵ ਸਿੰਘ ਵਾਸੀ ਮਕਾਨ ਨੰ. 1078 ਵਿਸ਼ਵਕਰਮਾ ਮਾਰਕਿਟ ਕਰਤਾਰਪੁਰ ਵੱਲੋਂ ਲਿਖਤੀ ਬੇਨਤੀ ਕੀਤੀ ਹੈ ਕਿ ਦੁਕਾਨ ਅਤੇ ਮਕਾਨ ਯੂ ਆਈ ਡੀ ਨੰਬਰ ਬੀ-13-0393 ਰਕਬਾ ਲੱਗਭੱਗ 5 ਮਰਲੇ ਵਾਕਿਆ ਵਿਸ਼ਵਕਰਮਾ ਮਾਰਕਿਟ ਕਰਤਾਰਪੁਰ, ਉਨ੍ਹਾਂ ਦੇ ਦਾਦਾ ਅਜੀਤ ਸਿੰਘ ਪੁੱਤਰ ਕਰਤਾਰ ਸਿੰਘ ਦੀ ਮਲਕੀਤੀ ਹੈ। ਬਿਨੈਕਾਰ ਨੇ ਆਪਣਾ ਹਲਫੀਆ ਬਿਆਨ ਪੱਤਰ, ਆਪਣੇ ਦਾਦਾ ਅਜੀਤ ਸਿੰਘ ਦੀ ਮੌਤ ਦੇ ਸਰਟੀਫਿਕੇਟ ਦੀ ਕਾਪੀ, ਰਜਿਸਟਰਡ ਵਸੀਅਤ ਦੀ ਕਾਪੀ, ਮੌਕੇ ਦੀ ਫੋਟੋ ਨਾਲ ਨੱਥੀ ਕੀਤੀ ਗਈ ਹੈ। ਬਿਨੈਕਾਰ ਦੇ ਦਾਦੇ ਅਜੀਤ ਸਿੰਘ ਨੇ ਉਕਤ ਪ੍ਰਾਪਰਟੀ ਸੰਬੰਧੀ ਇੱਕ ਰਜਿਸਟਰਡ ਵਸੀਅਤ ਨੰਬਰ 57/3 ਮਿਤੀ 13.08.2012 ਨੂੰ ਆਪਣੇ ਪੋਤਰੇ ਦਵਿੰਦਰ ਸਿੰਘ ਪੁੱਤਰ ਹਰਦੇਵ ਸਿੰਘ ਦੇ ਹੱਕ ਵਿੱਚ ਕੀਤੀ ਹੈ। ਬਿਨੈਕਾਰ ਦੀ ਮਾਤਾ ਦੀ ਮੌਤ ਮਿਤੀ 25.07.2019 ਨੂੰ ਹੋ ਚੁੱਕੀ ਹੈ। ਦਵਿੰਦਰ ਸਿੰਘ ਨੇ ਹਲਫੀਆ ਬਿਆਨ ਪੱਤਰ ਰਾਹੀਂ ਕਿਹਾ ਕਿ ਹੈ ਕਿ ਉਕਤ ਪ੍ਰਾਪਰਟੀ ਨਗਰ ਕੌਂਸਲ ਦੇ ਰਿਕਾਰਡ ਵਿੱਚ ਆਪਣੇ ਨਾਂਅ 'ਤੇ ਦਰਜ/ਤਬਦੀਲ ਕਰਨ ਲਈ ਬੇਨਤੀ ਕੀਤੀ ਹੈ। ਨਗਰ ਕੌਂਸਲ ਦੇ ਟੀ ਐੱਸ-1 ਵਿੱਚ ਇਹ ਪ੍ਰਾਪਰਟੀ ਸਰਵਨ ਸਿੰਘ ਪੁੱਤਰ ਹਰੀ ਸਿੰਘ ਦੇ ਨਾਂਅ 'ਤੇ ਦਰਜ ਹੈ ਅਤੇ ਪ੍ਰਾਪਰਟੀ ਟੈਕਸ ਸਰਵੇ ਰਿਕਾਰਡ ਵਿੱਚ ਅਜੀਤ ਸਿੰਘ ਪੁੱਤਰ ਕਰਤਾਰ ਸਿੰਘ ਦੇ ਨਾਂਅ 'ਤੇ ਦਰਜ ਹੈ। ਬਿਨੈਕਾਰ ਵੱਲੋਂ ਰਜਿਸਟਰਡ ਵਸੀਅਤ ਤੋਂ ਇਲਾਵਾ ਹੋਰ ਕੋਈ ਵੀ ਮਾਲਕੀ ਸਬੂਤ ਪੇਸ਼ ਨਹੀਂ ਕੀਤਾ ਹੈ।

ਹੁਣ ਇਸ ਪ੍ਰਾਪਰਟੀ ਦਾ ਇੰਦਰਾਜ਼ ਪ੍ਰਾਪਰਟੀ ਟੈਕਸ ਸਰਵੇ ਰਿਕਾਰਡ ਵਿੱਚ ਪ੍ਰਾਪਰਟੀ ਟੈਕਸ ਮੰਤਵ ਲਈ ਦਵਿੰਦਰ ਸਿੰਘ ਪੁੱਤਰ ਹਰਦੇਵ ਸਿੰਘ ਦੇ ਨਾਂਅ 'ਤੇ ਤਬਦੀਲ/ਦਰਜ ਕੀਤਾ ਜਾਣਾ ਹੈ। ਇਸ ਸੰਬੰਧੀ ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਨੋਟਿਸ ਛਪਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਇਸ ਦਫਤਰ ਵਿੱਚ ਲਿਖਤੀ ਤੌਰ 'ਤੇ ਕਰ ਸਕਦਾ ਹੈ। ਇਸ ਤੋਂ ਬਾਅਦ ਵਿੱਚ ਆਏ ਕਿਸੇ ਵੀ ਇਤਰਾਜ਼ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ।

ਸਹੀ/- ਕਾਰਜ ਸਾਧਕ ਅਫਸਰ, ਨਗਰ ਕੌਂਸਲ, ਕਰਤਾਰਪੁਰ।

# ਨਾਜਾਇਜ਼ ਸ਼ਰਾਬ ਸੰਬੰਧੀ ਫਲਾਇੰਗ ਸਕੁਐਡ ਭੇਜੇ ਜਾਣਗੇ : ਜ਼ਿਲ੍ਹਾ ਚੋਣ ਅਧਿਕਾਰੀ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਆਮ ਵੇਖਣ ਵਿੱਚ ਆਇਆ ਹੈ ਕਿ ਚੋਣਾਂ ਦੌਰਾਨ ਕੁਝ ਸ਼ਰਾਰਤੀ ਅਨਸਰਾਂ ਵਲੋਂ ਨਾਜਾਇਜ਼ ਸ਼ਰਾਬ ਦੀ ਵਿਕਰੀ ਕੀਤੀ ਜਾਂਦੀ ਹੈ, ਜਿਸ ਨਾਲ ਕਈ ਜਾਨਾਂ ਅਜਾਈ ਚਲੀਆਂ ਜਾਂਦੀਆਂ ਹਨ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜਿਲ੍ਹਾ ਚੋਣ ਅਧਿਕਾਰੀ ਸ੍ਰੀ ਘਨਸ਼ਾਮ ਥੋਰੀ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਜੇਕਰ ਉਨ੍ਹਾਂ ਨੂੰ ਕਿਸੇ ਵੀ ਜਗ੍ਹਾ ਤੇ ਨਾਜਾਇਜ਼ ਸ਼ਰਾਬ ਦੀ ਵਿਕਰੀ ਜਾਂ ਭੰਡਾਰ ਬਾਰੇ ਪਤਾ ਲਗਦਾ ਹੈ ਤਾਂ ਉਹ ਮੋਬਾਇਲ ਨੰਬਰ 79738-67446 'ਤੇ ਸੂਚਨਾ ਦੇ ਸਕਦਾ ਹੈ। ਉਨ੍ਹਾਂ ਕਿਹਾ ਕਿ ਦਿੱਤੀ ਗਈ ਸੂਚਨਾ ਤੇ ਤੁਰੰਤ ਕਾਰਵਾਈ ਕਰਦੇ ਹੋਏ ਫਲਾਇੰਗ ਸੁਕਐਡ ਭੇਜੇ ਜਾਣਗੇ। ਸੂਚਨਾ ਦੇਣ ਵਾਲੇ ਦਾ ਨਾਮ ਗੁਪਤ ਰੱਖਿਆ ਜਾਵੇਗਾ। ਉਨ੍ਹਾਂ ਨੇ ਜ਼ਿਲ੍ਹੇ ਵਿੱਚ ਨਾਜਾਇਜ਼ ਸ਼ਰਾਬ ਦੀ ਤਸਕਰੀ ਕਰਨ ਵਾਲਿਆਂ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਉਹ ਸੁਧਰ ਜਾਣ ਨਹੀਂ ਤਾਂ ਬਣਦੀ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

# ਚੰਨਣਕੇ 'ਚ ਲੋੜਵੰਦ ਪਰਵਾਰਾਂ ਦੀਆਂ ਧੀਆਂ ਦੇ ਅਨੰਦ ਕਾਰਜ ਕਰਵਾਏ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਪਿੰਡ ਚੰਨਣਕੇ ਦੇ ਐੱਨਆਰਆਈ ਵਾਰਸ ਬਲਹਾਰ ਸਿੰਘ, ਸੁਖਰਾਜ ਸਿੰਘ ਨੇ ਆਪਣੇ ਬਜ਼ੁਰਗਾਂ ਅਰਜਨ ਸਿੰਘ (ਦਾਦਾ) ਮਾਸਟਰ ਝਿਰਮਲ ਸਿੰਘ, ਮਾਸਟਰ ਨਿਰਮਲ ਸਿੰਘ ਦੀ ਯਾਦ ਵਿੱਚ ਪੰਜ ਲੋੜਵੰਦ ਲੜਕੀਆਂ ਦੇ ਆਨੰਦ ਕਾਰਜ ਕਰਵਾਏ ਗਏ।ਇਸ ਦੌਰਾਨ ਲੜਕੀਆਂ ਨੂੰ ਘਰ ਵਰਤਨ ਲਈ ਯੋਗ ਸਮਾਨ ਵੀ ਦਿੱਤਾ ਗਿਆ।ਜੋੜੀਆਂ ਨੂੰ ਆਸ਼ੀਰਵਾਦ ਦੇਣ ਲਈ ਉਨ੍ਹਾਂ ਦਾ ਸਾਰਾ ਪਰਿਵਾਰ ਹਾਜ਼ਰ ਹੋਇਆ।ਇਸ ਦੌਰਾਨ ਟੈਲੀਫੋਨ ਤੇ ਪਿੰਡ ਦੇ ਸਾਬਕਾ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਜੱਜ ਰਣਜੀਤ ਸਿੰਘ ਰੰਧਾਵਾ ਨੇ ਜੋੜਿਆਂ ਨੂੰ ਆਸ਼ੀਰਵਾਦ ਦਿੱਤਾ।ਇਸ ਦੌਰਾਨ ਸਮਾਜ ਸੇਵੀ ਆਕਾਸ਼ ਟਰਾਂਸਪੋਰਟ ਡੁੱਬਈ ਦੇ ਮਾਲਕ ਹਰਜਿੰਦਰ ਸਿੰਘ ਜਲਾਲ ਉਸਮਾ, ਸਮਾਜ ਸੇਵੀ ਮਾਸਟਰ ਗੁਰਪਰੀਤ ਸਿੰਘ ਜਲਾਲ ਉਚੇਚੇ ਤੌਰ 'ਤੇ ਪਹੁੰਚੇ। ਇਸ ਮੌਕੇ ਸਮਾਜ ਸੇਵੀ ਬਾਬਾ ਸੁਖਵੰਤ ਸਿੰਘ ਚੰਨਣਕੇ, ਹਰਵਿੰਦਰ ਸਿੰਘ, ਇਕਬਾਲ ਸਿੰਘ, ਹਰਭਾਲ ਸਿੰਘ, ਕੁਲਵਿੰਦਰ ਸਿੰਘ ਮਿੱਠਾ, ਜਥੇਦਾਰ ਹਰਗੋਪਾਲ ਸਿੰਘ ਚੌਂਕ ਮਹਿਤਾ, ਪ੍ਰਧਾਨ ਹਰਜੀਤ ਸਿੰਘ ਫੌਜੀ ਆਦਿ ਸੰਗਤਾਂ ਹਾਜ਼ਰ ਸਨ। ਲੰਗਰ ਅਟੁੱਟ ਵਰਤਿਆ।

# ਮਸੀਹ ਭਾਈਚਾਰੇ ਨੂੰ ਹਮੇਸ਼ਾ ਸ਼੍ਰੋਮਣੀ ਅਕਾਲੀ ਦਲ ਨੇ ਸਤਿਕਾਰ ਦਿੱਤਾ: ਵਲੈਤ ਮਸੀਹ ਬੰਟੀ

ਅਜਨਾਲਾ (ਸੁਖਤਿੰਦਰ ਸਿੰਘ ਰਾਜੂ)—ਸ਼੍ਰੋਮਣੀ ਅਕਾਲੀ ਦਲ ਵੱਲੋਂ ਮੈਨੂੰ ਚੋਣ ਮੈਨੀਫੈਸਟੋ ਕਮੇਟੀ ਦਾ ਸਪੈਸ਼ਲ ਇਨਵਾਇਟੀ ਬਣਾਉਣ 'ਤੇ ਮੈਂ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਮਾਝੇ ਦੇ ਜਰਨੈਲ ਸਰਦਾਰ ਬਿਕਰਮ ਸਿੰਘ ਮਜੀਠੀਆ ਅਤੇ ਜੋਧ ਸਿੰਘ ਸਮਰਾ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕਰਦਾ ਹਾਂ। ਇਹ ਸ਼ਬਦ ਅੱਜ ਅਜਨਾਲਾ ਵਿਖੇ ਸ਼੍ਰੋਮਣੀ ਅਕਾਲੀ ਦਲ ਦੀ ਚੋਣ ਮੈਨੀਫੈਸਟੋ ਕਮੇਟੀ ਦੀ ਲਿਸਟ ਜਾਰੀ ਹੋਣ ਤੋਂ ਬਾਅਦ ਕੁਝ ਖਾਸ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਲੈਤ ਮਸੀਹ ਬੰਟੀ ਸੀਨੀਅਰ ਮਸੀਹ ਆਗੂ ਨੇ ਕਹੇ।ਉਨ੍ਹਾਂ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹੀ ਇੱਕ ਐਸੀ ਪਾਰਟੀ ਹੈ ਜਿਹੜੀ ਮਸੀਹ ਭਾਈਚਾਰੇ ਦਾ ਸਤਿਕਾਰ ਕਰਦੀ ਹੈ ਅਤੇ ਜੋ ਜ਼ਿੰਮੇਵਾਰੀ ਸ਼੍ਰੋਮਣੀ ਅਕਾਲੀ ਦਲ ਨੇ ਮੈਨੂੰ ਸੌਂਪੀ ਹੈ ਮੈਂ ਉਸ ਨੂੰ ਤਨਦੇਹੀ ਨਾਲ ਨਿਭਾਵਾਂਗਾ ਅਤੇ ਆਪਣੇ ਭਾਈਚਾਰੇ ਦੇ ਮੁੱਦੇ ਅਤੇ ਨੀਤੀ ਪਾਲਿਸੀ ਸ਼੍ਰੋਮਣੀ ਅਕਾਲੀ ਦਲ ਦੇ ਚੋਣ ਮੈਨੀਫੈਸਟੋ ਵਿੱਚ ਪਾਵਾਂਗਾ।ਪਾਰਟੀ ਦੇ ਨਾਲ ਗੱਲ ਕਰਕੇ ਭਾਈਚਾਰੇ ਦੀ ਆਰਥਿਕ, ਸਿਆਸੀ ਸਥਿਤੀ ਜਿਹੜੀ ਹੈ ਉਸ ਤੋਂ ਜਾਣੂ ਕਰਵਾ ਕੇ ਪਾਰਟੀ ਦੇ ਚੋਣ ਮੈਨੀਫੈਸਟੋ ਵਿੱਚ ਪ੍ਰੋਗਰਾਮ ਬਣਾਇਆ ਜਾਵੇਗਾ। ਬਹੁਤ ਜਲਦੀ ਇਸ ਸਬੰਧੀ ਮੈਂ ਹਲਕਾ ਇੰਚਾਰਜ ਜੋਧ ਸਿੰਘ ਸਮਰਾ ਅਤੇ ਮਾਝੇ ਦੇ ਜਰਨੈਲ ਬਿਕਰਮ ਸਿੰਘ ਮਜੀਠੀਏ ਨਾਲ ਮੁਲਾਕਾਤ ਕਰਕੇ ਮਸੀਹ ਭਾਈਚਾਰੇ ਨਾਲ ਸੰਬੰਧਿਤ ਵਿਸ਼ਿਆਂ ਉਤੇ ਵਿਚਾਰ ਚਰਚਾ ਕਰਾਂਗਾ। ਇਸ ਮੌਕੇ ਉਨ੍ਹਾਂ ਦੇ ਨਾਲ ਅਜਨਾਲਾ ਹਲਕੇ ਤੋਂ ਨਿਆਮਤ ਨਸੀਬ ਗੋਰਾ ਪ੍ਰਧਾਨ ਜੱਸ ਮਸੀਹ, ਸ਼ੁਭ ਪ੍ਰਧਾਨ, ਗੁਰਨਾਮ ਮਸੀਹ, ਪ੍ਰਧਾਨ ਰਮੇਸ਼ ਮਸੀਹ, ਪ੍ਰਧਾਨ ਮਾਈਕਲ ਮਸੀਹ, ਪ੍ਰਧਾਨ ਸੰਦੀਪ ਮਸੀਹ ,ਪ੍ਰਧਾਨ ਬਾਬਾ ਅਵਤਾਰ ਸਿੰਘ, ਪ੍ਰਧਾਨ ਪਾਸਟਰ ਗਿਆਨ ਮਸੀਹ ਅਤੇ ਹੋਰ ਬਹੁਤ ਸਾਰੇ ਮਸੀਹ ਆਗੂ ਹਾਜ਼ਰ ਰਹੇ।

**ਪਬਲਿਕ ਨੋਟਿਸ**

HeroHousing Finance

**ਹੀਰੋ ਹਾਊਸਿੰਗ ਫਾਇਨਾਂਸ ਲਿਮਿਟਡ**

ਇਸ ਦੁਆਰਾ ਸੂਚਿਤ ਕੀਤਾ ਜਾਂਦਾ ਹੈ ਕਿ ਆਪਣੀਆਂ ਸ਼ਾਖਾਵਾਂ ਨੂੰ ਤਰਕਸੰਗਤ ਬਣਾਉਣ ਦੇ ਉਦੇਸ਼ ਨਾਲ ਹੇਠਾਂ ਦਿੱਤੇ ਪਤੇ 'ਤੇ ਸਥਿਤ ਇਸ ਦੀ ਸ਼ਾਖਾ 5 ਜੁਲਾਈ 2024, ਦਫਤਰ ਨੰ. ਐੱਸ ਸੀ ਓ 24, ਚੌਥੀ ਮੰਜ਼ਲ ਦਾ ਹਿੱਸਾ, ਲੁਧਿਆਣਾ ਟਰੇਡ ਟਾਵਰ, ਫਿਰੋਜ਼ ਗਾਂਧੀ ਮਾਰਕਿਟ ਲੁਧਿਆਣਾ, ਪੰਜਾਬ-141002 ਬੰਦ ਹੋ ਜਾਵੇਗੀ।

ਕਿਰਪਾ ਕਰਕੇ ਨੋਟ ਕੀਤਾ ਜਾਵੇ ਕਿ ਉਪਰੋਕਤ ਸ਼ਾਖਾ ਦੇ ਬੰਦ ਹੋਣ ਨਾਲ ਕੰਪਨੀ ਦੇ ਗਾਹਕਾਂ ਦੀਆਂ ਸੇਵਾਵਾਂ ਕਿਸੇ ਵੀ ਤਰੀਕੇ ਨਾਲ ਪ੍ਰਭਾਵਿਤ ਨਹੀਂ ਹੋਣਗੀਆਂ।

ਹੋਰ ਵੇਰਵਿਆਂ ਲਈ ਕਿਰਪਾ ਕਰਕੇ ਹੇਠਾਂ ਦਿੱਤੇ ਚੈਨਲਾਂ ਰਾਹੀਂ ਕਮੇਟੀ ਦੇ ਪ੍ਰਤੀਨਿਧੀਆਂ ਨਾਲ ਸੰਪਰਕ ਕੀਤਾ ਜਾਵੇ।

Customer.care@ herohfl.com
ਟੋਲ ਫ੍ਰੀ ਨੰਬਰ 18002128800

**ਹੀਰੋ ਹਾਊਸਿੰਗ ਫਾਇਨਾਂਸ ਲਿਮਿਟਡ**
CIN : U65192DL2016PLC301481
ਰਜਿ : ਦਫਤਰ : 9, ਕਮਿਊਨਿਟੀ ਸੈਂਟਰ, ਬਸੰਤ ਲੋਕ, ਵਸੰਤ ਵਿਹਾਰ , ਨਵੀਂ ਦਿੱਲੀ-110057

**ਦਫਤਰ ਨਗਰ ਕੌਂਸਲ ਕਰਤਾਰਪੁਰ, ਜ਼ਿਲ੍ਹਾ ਜਲੰਧਰ (ਪਬਲਿਕ ਨੋਟਿਸ)**

ਇਸ ਨੋਟਿਸ ਰਾਹੀਂ ਹਰ ਆਮ ਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਅਮਰੀਕ ਸਿੰਘ ਪੁੱਤਰ ਸੰਤੋਖ ਸਿੰਘ ਵਾਸੀਆਨ ਪਿੰਡ ਮੁਦੋਵਾਲ, ਕਪੂਰਥਲਾ ਵੱਲੋਂ ਲਿਖਤੀ ਬੇਨਤੀ ਕੀਤੀ ਹੈ ਕਿ ਇੱਕ ਮਕਾਨ ਯੂ ਆਈ ਡੀ ਨੰਬਰ ਬੀ-06-0312 ਰਕਬਾ ਲਗਭਗ 1-3/4 ਮਰਲੇ (ਪੌਣੇ ਦੋ ਮਰਲੇ) ਵਾਕਿਆ ਗੰਗਸਰ ਬਜ਼ਾਰ ਕਰਤਾਰਪੁਰ ਮੇਰੀ ਪਤਨੀ ਬਲਦੀਸ਼ ਕੌਰ ਦੀ ਜੱਦੀ ਮਲਕੀਤ ਹੈ। ਹੁਣ ਬਲਦੀਸ਼ ਕੌਰ ਪਤਨੀ ਅਮਰੀਕ ਸਿੰਘ ਦੀ ਮੌਤ ਮਿਤੀ 09.12.2020 ਅਤੇ ਮੇਰੇ ਲੜਕੇ ਮਨਪ੍ਰੀਤ ਸਿੰਘ ਦੀ ਵੀ ਮੌਤ ਮਿਤੀ 06.04.2022 ਨੂੰ ਹੋ ਚੁੱਕੀ ਹੈ।

ਰੁਪਿੰਦਰ ਕੌਰ ਚਾਹਲ (ਪਤਨੀ ਸਰਬਜੀਤ ਸਿੰਘ ਚਾਹਲ) ਪੁੱਤਰੀ ਅਮਰੀਕ ਸਿੰਘ ਵਾ ਅਮਰੀਕ ਸਿੰਘ ਪੁੱਤਰ ਸੰਤੋਖ ਸਿੰਘ ਨੇ ਹਲਫੀਆ ਬਿਆਨ ਦਿੱਤਾ ਹੈ ਕਿ ਸਾਡੇ ਦੋਨਾਂ ਤੋਂ ਇਲਾਵਾ ਇਸ ਪ੍ਰਾਪਰਟੀ ਦਾ ਹੋਰ ਕੋਈ ਵਾਰਸ ਨਹੀਂ ਹੈ। ਉਪਰੋਕਤ ਅਮਰੀਕ ਸਿੰਘ ਨੇ ਹਲਫੀਆ ਬਿਆਨ ਪੱਤਰ ਰਾਹੀਂ ਕਿਹਾ ਹੈ ਕਿ ਉਕਤ ਪ੍ਰਾਪਰਟੀ ਕੌਂਸਲ ਦੇ ਰਿਕਾਰਡ ਵਿੱਚ ਉਪਰੋਕਤ ਦਰਸਾਏ ਵਾਰਸਾਂ ਦੇ ਨਾਂਅ 'ਤੇ ਬਰਾਬਰ-ਬਰਾਬਰ ਤਬਦੀਲ/ਦਰਜ ਕਰ ਦਿੱਤੀ ਜਾਵੇ ਅਤੇ ਨਗਰ ਕੌਂਸਲ ਦੇ ਰਿਕਾਰਡ ਵਿੱਚ ਟਰਾਂਸਫਰ ਕਰਨ ਦੀ ਰਣਧੀਰ ਸਿੰਘ (ਨੰਬਰਦਾਰ) ਪੁੱਤਰ ਸੰਮਾ ਸਿੰਘ ਵਾਸੀ ਪਿੰਡ ਬਾਮੂਵਾਲ, ਜ਼ਿਲ੍ਹਾ ਕਪੂਰਥਲਾ ਨੇ ਵੀ ਸਵੈ-ਘੋਸ਼ਣਾ ਪੱਤਰ ਰਾਹੀਂ ਸਿਫਾਰਸ਼ ਕੀਤੀ ਹੈ। ਨਗਰ ਕੌਂਸਲ ਦੇ ਟੀ ਐੱਸ -1 ਰਿਕਾਰਡ ਵਿੱਚ ਇਹ ਪ੍ਰਾਪਰਟੀ ਬਲਦੀਸ਼ ਕੌਰ ਦੇ ਨਾਂਅ 'ਤੇ ਦਰਜ ਹੈ ਅਤੇ ਪ੍ਰਾਪਰਟੀ ਟੈਕਸ ਸਰਵੇ ਵਾਲੇ ਕਾਲਮ ਵਿੱਚ ਇਹ ਮਕਾਨ ਕਿਸੇ ਦੇ ਵੀ ਨਾਂਅ 'ਤੇ ਦਰਜ ਨਹੀਂ ਹੈ, ਖਾਲੀ ਹੈ। ਬਿਨੈਕਾਰ ਵੱਲੋਂ ਆਪਣੀ ਘਰੇਲੂ ਵੰਡ, ਰਜਿਸਟਰਡ/ਅਣ-ਰਜਿਸਟਰਡ ਵਸੀਅਤ ਮਾਲ ਵਿਭਾਗ ਦਾ ਰਿਕਾਰਡ ਜੋ ਬਿਨੈਕਾਰ ਦੀ ਮਾਲਕੀ ਦਰਸਾਉਂਦਾ ਹੋਵੇ, ਉਹ ਪੇਸ਼ ਨਹੀਂ ਕੀਤਾ ਹੈ।

ਹੁਣ ਇਸ ਪ੍ਰਾਪਰਟੀ ਦਾ ਇੰਦਰਾਜ਼ ਪ੍ਰਾਪਰਟੀ ਟੈਕਸ ਸਰਵੇ ਰਿਕਾਰਡ ਵਿੱਚ ਪ੍ਰਾਪਰਟੀ ਟੈਕਸ ਮੰਤਵ ਲਈ ਰੁਪਿੰਦਰ ਕੌਰ ਚਾਹਲ (ਪਤਨੀ ਸਰਬਜੀਤ ਸਿੰਘ ਚਾਹਲ) ਪੁੱਤਰੀ ਅਮਰੀਕ ਸਿੰਘ ਵਾ ਅਮਰੀਕ ਸਿੰਘ ਪੁੱਤਰ ਸੰਤੋਖ ਦੇ ਨਾਵਾਂ 'ਤੇ ਤਬਦੀਲ/ਦਰਜ ਕੀਤਾ ਜਾਣਾ ਹੈ। ਇਸ ਸੰਬੰਧੀ ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਨੋਟਿਸ ਛਪਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਇਸ ਦਫਤਰ ਵਿੱਚ ਲਿਖਤੀ ਤੌਰ 'ਤੇ ਕਰ ਸਕਦਾ ਹੈ। ਇਸ ਤੋਂ ਬਾਅਦ ਵਿੱਚ ਆਏ ਕਿਸੇ ਵੀ ਇਤਰਾਜ਼ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ।

ਸਹੀ/- ਕਾਰਜ ਸਾਧਕ ਅਫਸਰ, ਨਗਰ ਕੌਂਸਲ, ਕਰਤਾਰਪੁਰ।

4-April-PAGE-12.qxd 4/3/2024 10:46 PM Page 1



# ਸ਼ਰਾਬ ਭੰਡਾਰਨ, ਖ਼ਰੀਦ ਤੇ ਵਿਕਰੀ 'ਤੇ ਪ੍ਰਸ਼ਾਸਨ ਦੀ ਤਿੱਖੀ ਨਜ਼ਰ : ਜ਼ਿਲ੍ਹਾ ਚੋਣ ਅਫ਼ਸਰ

**ਜਲੰਧਰ,( ਸ਼ੈਲੀ ਐਲਬਰਟ)**-ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਅੱਜ ਕਿਹਾ ਕਿ ਲੋਕ ਸਭਾ ਚੋਣਾਂ ਦੌਰਾਨ ਪ੍ਰਸ਼ਾਸਨ ਵੱਲੋਂ ਜ਼ਿਲ੍ਹੇ 'ਚ ਸ਼ਰਾਬ ਦੀ ਆਵਾਜਾਈ, ਭੰਡਾਰਨ, ਖ਼ਰੀਦ ਅਤੇ ਵਿਕਰੀ 'ਤੇ ਸਖ਼ਤ ਨਜ਼ਰ ਰੱਖੀ ਜਾ ਰਹੀ ਹੈ ਅਤੇ ਵੋਟਰਾਂ ਨੂੰ ਲੁਭਾਉਣ ਲਈ ਨਾਜਾਇਜ਼ ਸ਼ਰਾਬ ਦੀ ਵਰਤੋਂ ਖ਼ਿਲਾਫ਼ ਕਰੜੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਆਬਕਾਰੀ ਵਿਭਾਗ ਦੇ ਅਧਿਕਾਰੀਆਂ ਅਤੇ ਐਲ-17 ਲਾਇਸੰਸ ਹੋਲਡਰਾਂ, ਸ਼ਰਾਬ ਦੀ ਦੁਕਾਨ ਦੇ ਮਾਲਕਾਂ, ਵਾਈਨ ਸੈਲਰਾਂ/ਗੋਦਾਮ ਮਾਲਕਾਂ, ਮੈਰਿਜ ਪੈਲੇਸ ਮਾਲਕਾਂ, ਲਾਇਸੰਸਸ਼ੁਦਾ ਰੈਸਟੋਰੈਂਟ ਮਾਲਕਾਂ ਆਦਿ ਨਾਲ ਮੀਟਿੰਗ ਦੌਰਾਨ ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਚੋਣਾਂ ਦੌਰਾਨ ਨਾਜਾਇਜ਼ ਸ਼ਰਾਬ ਦੀ ਵਰਤੋਂ ਦੀ ਰੋਕਥਾਮ ਲਈ ਆਬਕਾਰੀ ਤੇ ਪੁਲਸ ਵਿਭਾਗ ਦੇ ਅਧਿਕਾਰੀਆਂ ਦੀਆਂ ਟੀਮਾਂ ਬਣਾਈਆਂ ਗਈਆਂ ਹਨ, ਜਿਨ੍ਹਾਂ ਵੱਲੋਂ ਜ਼ਿਲ੍ਹੇ ਭਰ ਵਿੱਚ ਸ਼ਰਾਬ ਦੀ ਸਪਲਾਈ ਅਤੇ ਵਿਕਰੀ 'ਤੇ 24 ਘੰਟੇ ਨਿਗਰਾਨੀ ਕੀਤੀ ਜਾ ਰਹੀ ਹੈ। ਇਸ ਤੋਂ ਇਲਾਵਾ ਚੌਕਸੀ ਲਈ ਫਲਾਇੰਗ ਸਕੁਐਡ ਅਤੇ ਸਟੈਟਿਕ ਸਰਵੀਲੈਂਸ ਟੀਮਾਂ ਦਾ ਵੀ ਗਠਨ ਕੀਤਾ ਗਿਆ ਹੈ।ਜ਼ਿਲ੍ਹਾ ਚੋਣ ਅਫ਼ਸਰ ਨੇ ਐਲ-17 ਲਾਇਸੰਸ ਹੋਲਡਰਾਂ, ਸ਼ਰਾਬ ਦੀ ਦੁਕਾਨ ਦੇ ਮਾਲਕਾਂ, ਵਾਈਨ ਸੈਲਰ/ ਗੋਦਾਮ ਮਾਲਕਾਂ, ਮੈਰਿਜ ਪੈਲੇਸ ਮਾਲਕਾਂ,



ਲਾਇਸੰਸਸ਼ੁਦਾ ਰੈਸਟੋਰੈਂਟ ਮਾਲਕਾਂ ਨੂੰ ਜ਼ਿਲ੍ਹੇ ਵਿੱਚ ਲੋਕ ਸਭਾ ਚੋਣਾਂ ਦੌਰਾਨ ਆਦਰਸ਼ ਚੋਣ ਜ਼ਾਬਤੇ ਦੀ ਪਾਲਣਾ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਸ਼ਰਾਬ ਦੀ ਵਿਕਰੀ ਅਤੇ ਭੰਡਾਰਨ ਸਬੰਧੀ ਜੋ ਕੋਟਾ ਨਿਰਧਾਰਤ ਕੀਤਾ ਗਿਆ ਹੈ, ਉਸ ਅਨੁਸਾਰ ਸ਼ਰਾਬ ਦੇ ਰਿਕਾਰਡ ਨੂੰ ਮੈਨਟੇਨ ਕੀਤਾ ਜਾਵੇ। ਉਨ੍ਹਾਂ ਦੱਸਿਆ ਕਿ ਚੋਣਾਂ ਦੌਰਾਨ ਜੇਕਰ ਕੋਈ ਵੀ ਸ਼ਰਾਬ ਦੀ ਗੈਰ ਕਾਨੂੰਨੀ ਕਾਰਵਾਈ ਵਿੱਚ ਲਿਪਤ ਪਾਇਆ ਜਾਂਦਾ ਹੈ ਤਾਂ ਉਸ ਖਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਮੈਰਿਜ ਪੈਲੇਸ ਮਾਲਕਾਂ ਨੂੰ ਹਦਾਇਤ ਕੀਤੀ ਕਿ ਸਬੰਧਤ ਅਧਿਕਾਰੀ ਦੀ ਅਗਾਊਂ ਪ੍ਰਵਾਨਗੀ ਤੋਂ ਬਿਨਾਂ ਕਿਸੇ ਵੀ ਸਿਆਸੀ ਇਕੱਠ ਦੀ ਇਜਾਜ਼ਤ ਨਾ ਦੇਣ। ਡਾ. ਅਗਰਵਾਲ ਨੇ ਕਿਹਾ ਕਿ ਕਿਸੇ ਵੀ ਗੁਪਤ ਸੂਚਨਾ ਦੇ ਆਧਾਰ 'ਤੇ ਜਾਂ ਸਮੇਂ-ਸਮੇਂ 'ਤੇ ਕੀਤੀ ਜਾਂਦੀ ਛਾਪੇਮਾਰੀ ਦੌਰਾਨ ਨਾਜਾਇਜ਼ ਸ਼ਰਾਬ ਜਾਂ ਨਿਰਧਾਰਤ ਸੀਮਾਂ ਤੋਂ ਵੱਧ ਮਾਤਰਾ ਵਿੱਚ ਸ਼ਰਾਬ ਦੀ ਵਿਕਰੀ ਜਾਂ ਭੰਡਾਰ ਹੋਣ 'ਤੇ ਨਿਯਮਾਂ ਅਨੁਸਾਰ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਉਨ੍ਹਾਂ ਇਹ ਵੀ ਕਿਹਾ ਕਿ ਕਿਸੇ ਨੂੰ ਬਿਨਾਂ ਵਜ੍ਹਾ ਪ੍ਰੇਸ਼ਾਨ ਨਹੀਂ ਕੀਤਾ ਜਾਵੇਗਾ ਪਰ ਸ਼ਰਾਰਤੀ ਅਨਸਰਾਂ ਨੂੰ ਕਿਸੇ ਕੀਮਤ ਬਖਸ਼ਿਆ ਨਹੀਂ ਜਾਵੇਗਾ। ਜ਼ਿਲ੍ਹਾ ਚੋਣ ਅਫ਼ਸਰ ਨੇ ਆਬਕਾਰੀ ਵਿਭਾਗ ਦੇ ਅਧਿਕਾਰੀਆਂ ਨੂੰ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਚੋਣਾਂ ਦੌਰਾਨ ਨਾਜਾਇਜ਼ ਸ਼ਰਾਬ ਦੀ ਵਰਤੋਂ ਅਤੇ ਵਿਕਰੀ ਦੀ ਪੂਰਨ ਤੌਰ 'ਤੇ ਰੋਕਥਾਮ ਲਈ ਸ਼ਰਾਬ ਦੇ ਕਾਰੋਬਾਰ ਨਾਲ ਜੁੜੇ ਵਿਅਕਤੀਆਂ ਦੇ ਸਟਾਕ ਦੀ ਜਾਂਚ ਨੂੰ ਯਕੀਨੀ ਬਣਾਉਣ ਦੀਆਂ ਹਦਾਇਤਾਂ ਦਿੱਤੀਆਂ।

ਉਨ੍ਹਾਂ ਇਹ ਵੀ ਕਿਹਾ ਕਿ ਜ਼ਿਲ੍ਹੇ ਵਿੱਚ ਸ਼ਰਾਬ ਦੀ ਆਵਾਜਾਈ 'ਤੇ ਵੀ ਪੂਰੀ ਚੌਕਸੀ ਰੱਖੀ ਜਾਵੇ। ਉਨ੍ਹਾਂ ਆਬਕਾਰੀ ਵਿਭਾਗ ਦੇ ਅਧਿਕਾਰੀਆਂ ਨੂੰ ਪੁਲਸ ਵਿਭਾਗ ਦੀਆਂ ਟੀਮਾਂ ਦੇ ਨਾਲ ਸ਼ਹਿਰ ਦੇ ਪ੍ਰਮੁੱਖ ਸਥਾਨਾਂ ਅਤੇ ਦਾਖ਼ਲਾ ਪੁਆਇੰਟਾਂ 'ਤੇ ਵਾਹਨਾਂ ਦੀ ਚੈਕਿੰਗ ਯਕੀਨੀ ਬਣਾਉਣ ਦੇ ਨਿਰਦੇਸ਼ ਵੀ ਦਿੱਤੇ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਲਖਵਿੰਦਰ ਸਿੰਘ, ਐਸ.ਪੀ. ਜਸਰੂਪ ਕੌਰ ਬਾਠ, ਏ.ਡੀ.ਸੀ.ਪੀ. ਸੁਖਵਿੰਦਰ ਸਿੰਘ, ਆਬਕਾਰੀ ਵਿਭਾਗ ਦੇ ਅਧਿਕਾਰੀ ਵੀ ਮੌਜੂਦ ਸਨ

# ਅੱਜ ਚੂਹੜਵਾਲੀ ਤੋਂ ਆਰੰਭ ਹੋਵੇਗੀ ਦਮੜੀ ਸ਼ੋਭਾ ਯਾਤਰਾ

**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)** ਅੱਜ ਸ਼ਾਨੋ-ਸ਼ੌਕਤ ਨਾਲ ਸ੍ਰੀ ਗੁਰੂ ਰਵਿਦਾਸ ਪਬਲਿਕ ਸਕੂਲ (ਰਜਿ.) ਸੀ ਬੀ ਐਸ ਸੀ ਚੂਹੜਵਾਲੀ ਤੋਂ ਇਤਿਹਾਸਕ ਦਮੜੀ ਸ਼ੋਭਾ ਯਾਤਰਾ ਆਰੰਭ ਹੋਵੇਗੀ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਚੇਅਰਮੈਨ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ.) ਪੰਜਾਬ ਸੰਤ ਸਰਵਣ ਦਾਸ ਬੋਹਣ, ਪ੍ਰਧਾਨ ਸੰਤ ਨਿਰਮਲ ਦਾਸ ਬਾਬੇ ਜੌੜੇ, ਜਨਰਲ ਸਕੱਤਰ ਸੰਤ ਇੰਦਰ ਦਾਸ ਸ਼ੇਖੇ ਨੇ ਕਿਹਾ ਕਿ ਦਮੜੀ ਸ਼ੋਭਾ ਯਾਤਰਾ 4 ਅਪ੍ਰੈਲ ਤੋਂ ਸ੍ਰੀ ਗੁਰੂ ਰਵਿਦਾਸ ਪਬਲਿਕ ਸਕੂਲ ਚੂਹੜਵਾਲੀ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਛਤਰਛਾਇਆ ਹੇਠ ਅਤੇ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ.) ਪੰਜਾਬ ਦੇ ਸੰਤਾਂ ਮਹਾਂਪੁਰਸ਼ਾਂ ਦੀ ਅਗਵਾਈ 'ਚ ਸਵੇਰੇ 9 ਵਜੇ ਆਰੰਭ ਹੋਵੇਗੀ ਜੋ ਕਿ ਚੂਹੜਵਾਲੀ ਤੋਂ ਭੋਗਪੁਰ,



ਬੁਲੋਵਾਲ, ਹੁਸ਼ਿਆਰਪੁਰ, ਮਾਹਿਲਪੁਰ, ਗੜ੍ਹਸ਼ੰਕਰ ਤੋਂ ਹੋ ਕੇ ਸ੍ਰੀ ਗੁਰੂ ਰਵਿਦਾਸ ਸਦਨ ਤੋਂ ਸ੍ਰੀ ਚਰਨਛੋਹ ਗੰਗਾ ਖੁਰਾਲਗੜ੍ਹ ਸਾਹਿਬ ਪਹੁੰਚੇਗੀ ਅਤੇ ਇਥੇ ਰਾਤ ਠਹਿਰਣ ਤੋਂ ਬਾਅਦ 5 ਅਪ੍ਰੈਲ ਨੂੰ ਸਵੇਰੇ 8 ਵਜੇ ਆਰੰਭ ਹੋ ਕੇ ਸ੍ਰੀ ਅਨੰਦਪੁਰ ਸਾਹਿਬ, ਮੋਹਾਲੀ ਤੋਂ ਹੋ ਕੇ ਹਰਿਦੁਆਰ ਪਹੁੰਚੇਗੀ।ਇਥੇ 6 ਅਪ੍ਰੈਲ ਨੂੰ ਸ੍ਰੀ ਗੁਰੂ ਰਵਿਦਾਸ ਨਿਰਮਲਾ ਛਾਉਣੀ ਆਸ਼ਰਮ ਤੋਂ ਹਰਿ ਕੀ ਪਉੜੀ ਗੁਰੂ ਰਵਿਦਾਸ ਘਾਟ ਤੱਕ ਸ਼ੋਭਾ ਯਾਤਰਾ ਪਹੁੰਚੇਗੀ ਜਿਥੇ ਆਰਤੀ ਦੇ ਜਾਪ ਤੋਂ ਉਪਰੰਤ ਅਰਦਾਸ ਹੋਵੇਗੀ।ਉਨ੍ਹਾਂ ਕਿਹਾ 7 ਅਪ੍ਰੈਲ ਨੂੰ ਸ੍ਰੀ ਅਖੰਡਪਾਠ ਸਾਹਿਬ ਦੇ ਭੋਗ ਤੋਂ ਉਪਰੰਤ ਕੀਰਤਨ ਦੇ ਦੀਵਾਨ ਸਜਾਏ ਜਾਣਗੇ।ਉਨ੍ਹਾਂ ਕਿਹਾ ਸੰਗਤਾਂ ਗੁੰਮਰਾਹਕੁੰਨ ਪ੍ਰਚਾਰ ਤੋਂ ਸੁਚੇਤ ਰਹਿਣ।ਉਨ੍ਹਾਂ ਪੰਜਾਬ ਸਰਕਾਰ, ਜਿਲ੍ਹਾ ਪ੍ਰਸ਼ਾਸਨ ਅਤੇ ਪੰਜਾਬ ਪੁਲਸ ਨੂੰ ਅਪੀਲ ਕੀਤੀ ਕਿ ਦੇਸ਼ ਵਿਦੇਸ਼ ਤੋਂ ਸੰਗਤਾਂ ਦੀ ਭਾਰੀ ਆਮਦ ਨੂੰ ਦੇਖਦੇ ਹੋਏ ਸੁਰੱਖਿਆ ਦੇ ਉਚਿਤ, ਸੁਚੱਜੇ ਤੇ ਸਖਤ ਪ੍ਰਬੰਧ ਕੀਤੇ ਜਾਣ।

## ਬੀਹੜਾ ਦੇ ਸਰਪੰਚ ਸਮੇਤ ਸੈਲਾਂ ਕਲਾਂ ਦੇ ਦੋ ਦਰਜਨ ਆਗੂ ਆਪ 'ਚ ਸ਼ਾਮਲ



**ਮਾਹਿਲਪੁਰ (ਸ.ਫਰੀ)** - ਵਿਧਾਨ ਸਭਾ ਹਲਕਾ ਗੜ੍ਹਸ਼ੰਕਰ 'ਚ ਹਲਕਾ ਵਿਧਾਇਕ ਤੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੋੜੀ ਦੀ ਅਗਵਾਈ ਵਿੱਚ ਅੱਜ ਸਥਾਨਕ ਦਫ਼ਤਰ ਵਿਖੇ ਪਿੰਡ ਬੀਹੜਾ ਦੇ ਸਰਪੰਚ ਸੋਹਣ ਸਿੰਘ ਸਮੇਤ ਸੈਲਾ ਕਲਾਂ ਦੇ ਵੱਡੀ ਗਿਣਤੀ 'ਚ ਪੰਚ, ਨੰਬਰਦਾਰ ਤੇ ਨੌਜਵਾਨ ਆਗੂ ਬਹਾਦਰ ਸਿੰਘ, ਗੁਰਦੀਪ ਸਿੰਘ ਭੁੱਲਰ, ਦਿਲਾਵਰ ਸਿੰਘ, ਦਲਜੀਤ ਸਿੰਘ, ਗੁਰਮੁਖ ਸਿੰਘ, ਸਤਨਾਮ ਸਿੰਘ, ਲਛਮਣ ਸਿੰਘ, ਮਹਿੰਦਰ ਸਿੰਘ, ਮਨੀਸ਼ ਕੁਮਾਰ, ਰਣਜੀਤ ਸਿੰਘ, ਜਸਵਿੰਦਰ ਸਿੰਘ, ਕੁਲਵਿੰਦਰ ਸਿੰਘ, ਬੂਟਾ ਸਿੰਘ, ਹਰਿੰਦਰ ਸਿੰਘ, ਰਾਜ ਮੋਹਨ, ਮਨਦੀਪ, ਸਨੀ ਸ਼ਰਮਾ, ਸਰਵਨ ਸਿੰਘ, ਵਿਕਰਾਂਤ ਸਿੰਘ, ਅਜੈ ਜੋਸ਼ੀ, ਵਿਸ਼ਾਲ ਜੋਸ਼ੀ, ਸੁਖਦੇਵ ਸਿੰਘ, ਸੋਹਣ ਸਿੰਘ, ਗਗਨਜੀਤ ਸਿੰਘ, ਦਵਿੰਦਰ ਸਿੰਘ, ਮਨਿੰਦਰ ਸਿੰਘ ਆਮ ਆਦਮੀ ਪਾਰਟੀ 'ਚ ਸ਼ਾਮਿਲ ਹੋਏ । ਇਸ ਮੌਕੇ ਰੋੜੀ ਨੇ ਕਿਹਾ ਕਿ ਸੂਬੇ 'ਚ ਆਮ ਆਦਮੀ ਪਾਰਟੀ 13 ਲੋਕ ਸਭਾ ਦੀਆਂ ਸੀਟਾਂ ਤੇ ਜਿੱਤ ਪ੍ਰਾਪਤ ਕਰੇਗੀ । ਉਨ੍ਹਾਂ ਕਿਹਾ ਕਿ ਹਲਕਾ ਗੜ੍ਹਸ਼ੰਕਰ ਦੇ ਮੁੱਖ ਮੰਤਰੀ ਪੰਜਾਬ ਦੇ ਕੰਮਾਂ ਤੋਂ ਪ੍ਰਭਾਵਿਤ ਹੋ ਕੇ ਆਮ ਆਦਮੀ ਪਾਰਟੀ ਨੂੰ ਜੁਆਇਨ ਕਰ ਰਹੇ ਹਨ । ਇਸ ਮੌਕੇ ਚਰਨਜੀਤ ਸਿੰਘ ਚੰਨੀ, ਗੁਲਸ਼ਨ ਰਾਣਾ, ਜੁਝਾਰ ਸਿੰਘ ਨਾਗਰਾ, ਰੇਸ਼ਮ ਸਿੰਘ ਪੱਖੋਵਾਲ, ਅਸ਼ੋਕ ਕੁਮਾਰ ਸਰਪੰਚ ਹਾਜੀਪੁਰ, ਬਲਵੀਰ ਸਿੰਘ ਸਿੰਬਲੀ, ਡਾ. ਦਲਜੀਤ ਸਿੰਘ ਸੈਲਾ, ਪ੍ਰਵੇਸ਼ ਚੰਦਰ ਸਰਪੰਚ, ਸਤਨਾਮ ਸਿੰਘ ਜੱਸੋਵਲ ਆਦਿ ਹਾਜ਼ਰ ਸਨ ।

# ਮਹੇੜੂ 'ਚ ਕਰਵਾਇਆ ਸਲਾਨਾ ਛਿੰਝ ਮੇਲਾ

**ਫਗਵਾੜਾ (ਇੰਦਰਜੀਤ ਸਿੰਘ ਮਠਾੜੂ)**- ਸੰਤ ਬਾਬਾ ਬੂਟਾ ਸਿੰਘ ਜੀ ਮੈਮੋਰੀਅਲ ਸਪੋਰਟਸ ਕਲੱਬ (ਰਜਿ.) ਵਲੋਂ 130 ਵਾਂ ਸਲਾਨਾ ਛਿੰਝ ਮੇਲਾ ਪਿੰਡ ਮਹੇੜੂ ਵਿਖੇ ਕਰਵਾਇਆ ਗਿਆ। ਸਾਬਕਾ ਅੰਤਰਰਾਸ਼ਟਰੀ ਕੁਸ਼ਤੀ ਕੋਚ ਪੀ.ਆਰ. ਸੌਂਧੀ ਦੀ ਦੇਖ ਰੇਖ ਹੇਠ ਕਰਵਾਏ ਇਸ ਛਿੰਝ ਮੇਲੇ 'ਚ ਦੇਸ਼ ਦੇ ਵੱਖ-ਵੱਖ ਸੂਬਿਆਂ ਤੋਂ ਆਏ ਪਹਿਲਵਾਨਾਂ ਨੇ ਜ਼ੋਰ ਅਜ਼ਮਾਇਸ਼ ਕੀਤੀ। ਪਟਕੇ ਦੀ ਕੁਸ਼ਤੀ ਮਹਾਰਾਸ਼ਟਰ ਤੋਂ ਆਏ ਪਹਿਲਵਾਨ ਸਿਕੰਦਰ ਸ਼ੇਖ ਅਤੇ ਅਜੇ ਬਾਰਣ ਗੁਰੂਗ੍ਰਾਮ ਹਰਿਆਣਾ ਵਿਚਕਾਰ ਹੋਈ। ਜਿਸ ਵਿਚ ਸਿਕੰਦਰ ਸ਼ੇਖ ਜੇਤੂ ਰਿਹਾ। ਜੇਤੂ ਪਹਿਲਵਾਨ ਨੂੰ ਗੁਰਜ ਪ੍ਰਦਾਨ ਕਰਕੇ ਸਨਮਾਨਤ ਕੀਤਾ ਗਿਆ। ਇਸ ਤੋਂ ਇਲਾਵਾ ਲਵਪ੍ਰੀਤ ਖੰਨਾ ਨੇ ਕਮਲਜੀਤ ਸਿੰਘ ਮੁੱਲਾਂਪੁਰ ਅਖਾੜਾ ਗਰੀਬ ਦਾਸ ਨੂੰ ਸ਼ਿਕਸਤ ਦਿੱਤੀ। ਪਹਿਲਵਾਨ ਖਲੀ ਧਲੇਤਾ ਨੇ ਜੱਸਾ ਪਹਿਲਵਾਨ ਰਾਏਪੁਰ ਡੱਬਾ ਅਖਾੜਾ ਨੂੰ ਹਰਾਇਆ। ਜਦਕਿ ਪਹਿਲਵਾਨ ਵੰਸ਼ ਪਟਿਆਲਾ ਨੇ ਲਖਵਿੰਦਰ ਆਰ.ਸੀ.ਐਫ. ਨੂੰ ਅਤੇ ਪਹਿਲਵਾਨ ਗਾਮਾ ਧਲੇਤਾ ਨੇ ਜਗਰੂਪ ਸ਼ੰਕਰ ਨੂੰ ਮਾਤ ਦਿੱਤੀ। ਜੇਤੂ ਪਹਿਲਵਾਨਾਂ ਨੂੰ ਨਗਦ ਰਾਸ਼ੀ ਨਾਲ ਨਿਵਾਜਿਆ ਗਿਆ। ਕਲੱਬ ਦੇ ਸਰਪ੍ਰਸਤ ਮਨਿੰਦਰ ਸਿੰਘ, ਸਰਪੰਚ ਸੁਖਵਿੰਦਰ ਸਿੰਘ, ਮੈਂਬਰ ਪੰਚਾਇਤ ਬਲਵਿੰਦਰ ਸਿੰਘ ਅਤੇ ਬੀਬੀ ਬਲਜਿੰਦਰ ਕੌਰ ਮਹੇੜੂ ਨੇ ਦੱਸਿਆ ਕਿ ਇਸ ਛਿੰਝ ਮੇਲੇ ਵਿਚ ਕੁਆਲਮਪੁਰ ਅਖਾੜਾ ਮਹਾਰਾਸ਼ਟਰ, ਅਖਾੜਾ ਗੁਰਦੇਵ ਪਹਿਲਵਾਨ ਬਾਰਣ ਪਟਿਆਲਾ, ਮੀਰੀ ਪੀਰੀ ਅਖਾੜਾ ਖੰਨਾ, ਪੰਜਾਬ ਪੁਲਸ ਰੈਸਲਿੰਗ ਟੀਮ ਜਲੰਧਰ, ਸੁਭਾਸ਼ ਮਲਿਕ ਅਖਾੜਾ ਪਟਿਆਲਾ, ਰੇਲ ਕੋਚ ਫੈਕਟਰੀ, ਬੁੱਧ ਸਿੰਘ ਧਲੇਤਾ ਅਖਾੜਾ ਅਤੇ ਪੀ.ਆਰ.ਸੌਂਧੀ ਰੈਸਲਿੰਗ ਅਕੈਡਮੀ ਫਗਵਾੜਾ, ਹਰਭਜਨ ਸਿੰਘ ਅਖਾੜਾ ਪੱਖੋ ਕੇ, ਸ਼ਿਵਬਾੜੀ ਅਖਾੜਾ ਫਗਵਾੜਾ ਤੋਂ ਪਹੁੰਚੇ 40 ਨਾਮਵਰ ਪਹਿਲਵਾਨਾਂ ਦੀਆਂ ਕੁਸ਼ਤੀਆਂ ਕਰਵਾਈਆਂ ਗਈਆਂ। ਉਨ੍ਹਾਂ ਸਮੂਹ ਸਹਿਯੋਗੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਕਿਹਾ ਕਿ ਭਾਰਤ ਦੀ ਆਜ਼ਾਦੀ ਤੋਂ ਵੀ ਕਾਫੀ ਪਹਿਲਾਂ ਤੋਂ ਇਹ ਸਲਾਨਾ ਛਿੰਝ ਮੇਲਾ ਸਾਲ 1906 ਵਿਚ ਸ੍ਰੀਮਾਨ 108 ਸੰਤ ਬਾਬਾ ਬੂਟਾ ਸਿੰਘ ਵਲੋਂ ਸ਼ੁਰੂ ਕਰਵਾਇਆ ਸੀ। ਪੰਜਾਬ ਦੀ ਵੰਡ ਤੋਂ ਪਹਿਲਾਂ ਹੁਣ ਦੇ ਪਾਕਿਸਤਾਨ ਸਮੇਤ ਵਿਦੇਸ਼ਾਂ ਤੋਂ ਪਹਿਲਵਾਨ ਇੱਥੇ ਜ਼ੋਰ ਅਜ਼ਮਾਇਸ਼ ਕਰਨ ਆਉਂਦੇ ਰਹੇ ਹਨ। ਇਸ ਮੌਕੇ ਕੁਲਦੀਪ ਸਿੰਘ ਮਾਨ ਅਮਰੀਕਾ, ਸੁਖਵਿੰਦਰ ਕੌਰ ਯੂ.ਐਸ.ਏ., ਗੁਦਾਵਰ ਸਿੰਘ ਯੂ.ਐਸ.ਏ., ਸੁਨੀਲ ਦੱਤ ਪੀ.ਏ.ਪੀ., ਅਮਰੀਕ ਸਿੰਘ ਅੰਤਰ ਰਾਸ਼ਟਰੀ ਪਹਿਲਵਾਨ, ਰਵਿੰਦਰ ਨਾਥ ਕੋਚ, ਪਹਿਲਵਾਨ ਸੁਭਾਸ਼ ਮਲਿਕ, ਹਰੀ ਕ੍ਰਿਸ਼ਨ ਰੇਲ ਕੋਚ ਫੈਕਟਰੀ, ਪਹਿਲਵਾਨ ਗੁਰਦੇਵ ਸਿੰਘ, ਰੀਤ ਪ੍ਰੀਤ ਪਾਲ ਸਿੰਘ ਆਦਿ ਹਾਜ਼ਰ ਸਨ।



## ਇੰਨੋਸੈਂਟ ਹਾਰਟਸ ਗਰੁੱਪ ਵੱਲੋਂ ਮੁਫ਼ਤ ਮੈਡੀਕਲ ਚੈੱਕਅੱਪ ਕੈਂਪ



**ਜਲੰਧਰ ( ਸ਼ੈਲੀ ਐਲਬਰਟ)**-ਇੰਨੋਸੈਂਟ ਹਾਰਟਸ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਅਤੇ ਦਿਸ਼ਾ ਸੀ ਐਸ ਆਰ ਈਨੀਸ਼ੀਏਟਿਵ ਦੀ ਪਹਿਲਕਦਮੀ ਦੁਆਰਾ ਗੁਰੂ ਰਵਿਦਾਸ ਮੰਦਰ, ਮਹਿਤਪੁਰ ਵਿਖੇ ਇੱਕ ਮੈਡੀਕਲ ਕੈਂਪ ਲਗਾਇਆ ਗਿਆ । ਜਿਸ ਨੇ ਭਾਈਚਾਰੇ ਨੂੰ ਮਹੱਤਵਪੂਰਨ ਸਿਹਤ ਸੇਵਾਵਾਂ ਪ੍ਰਦਾਨ ਕੀਤੀਆਂ ।

ਅੱਖਾਂ ਦੇ ਸਰਜਨ ਡਾ. ਰੋਹਨ ਬੌਰੀ, ਡਾਇਬਟੀਜ਼ ਸਪੈਸ਼ਲਿਸਟ ਡਾ. ਸਾਹਿਲ ਕਾਲੀਆ ਅਤੇ ਡੈਂਟਲ ਸਰਜਨ ਡਾ. ਆਸਥਾ ਬੌਰੀ ਸਮੇਤ ਮਾਹਰ ਡਾਕਟਰਾਂ ਨੇ ਆਪਣੀਆਂ ਟੀਮਾਂ ਸਮੇਤ ਨਾਮਵਰ ਮੈਡੀਕਲ ਹਸਪਤਾਲਾਂ ਤੋਂ ਆਏ ਮਰੀਜ਼ਾਂ ਦਾ ਮੁਫ਼ਤ ਚੈਕਅੱਪ ਕੀਤਾ ਅਤੇ ਦਵਾਈਆਂ ਵੰਡੀਆਂ।ਬੌਰੀ ਮੈਮੋਰੀਅਲ ਐਜੂਕੇਸ਼ਨਲ ਐਂਡ ਮੈਡੀਕਲ ਟਰੱਸਟ ਦੁਆਰਾ ਆਯੋਜਿਤ ਇਸ ਕੈਂਪ ਵਿੱਚ ਅੱਖਾਂ ਦੀਆਂ ਬਿਮਾਰੀਆਂ, ਦੰਦਾਂ ਦੀਆਂ ਸਮੱਸਿਆਵਾਂ, ਗੁਰਦਿਆਂ ਦੀਆਂ ਸਮੱਸਿਆਵਾਂ ਅਤੇ ਆਮ ਸਿਹਤ ਜਾਂਚਾਂ ਵਰਗੀਆਂ ਸਿਹਤ ਸੰਬੰਧੀ ਚਿੰਤਾਵਾਂ ਨੂੰ ਸੰਬੋਧਤ ਕੀਤਾ ਗਿਆ। ਮਰੀਜ਼ਾਂ ਨੇ ਮਾਹਰ ਪੇਸ਼ੇਵਰਾਂ ਤੋਂ ਵਿਅਕਤੀਗਤ ਦੇਖਭਾਲ ਅਤੇ ਮਾਰਗਦਰਸ਼ਨ ਪ੍ਰਾਪਤ ਕੀਤਾ ।

## ਲਾਇਲਪੁਰ ਖ਼ਾਲਸਾ ਕਾਲਜ ਦੇ ਫਿਜ਼ਿਓਥੈਰੇਪੀ ਵਿਭਾਗ ਵੱਲੋਂ ਹੈਲਥ ਚੈੱਕਅੱਪ ਕੈਂਪ ਲਗਾਇਆ



**ਜਲੰਧਰ ( ਸ਼ੈਲੀ ਐਲਬਰਟ)**- ਲਾਇਲਪੁਰ ਖ਼ਾਲਸਾ ਕਾਲਜ ਜਲੰਧਰ ਦੇ ਫਿਜ਼ਿਓਥੈਰੇਪੀ ਵਿਭਾਗ ਵਲੋਂ ਟੀਚਿੰਗ ਅਤੇ ਨਾਨ-ਟੀਚਿੰਗ ਸਟਾਫ ਲਈ ਹੈਲਥ ਚੈਕਅੱਪ ਕੈਂਪ ਲਗਾਇਆ ਗਿਆ। । ਇਸ ਕੈਂਪ ਵਿਚ ਫਿਜ਼ੀਕਲ ਹੈਲਥ ਦੇ ਅਲੱਗ-ਅਲੱਗ ਪੈਰਾਮੀਟਰ ਜਿਵੇਂ ਬੀ.ਐਮ.ਆਈ., ਬਾਡੀ ਫੈਟ ਪਰਸਨਟੇਜ, ਬੋਨ ਡੈਨਸਟੀ ਅਤੇ ਬਲੱਡ ਪ੍ਰੈਸ਼ਰ ਦੀ ਜਾਂਚ ਆਧੁਨਿਕ ਮਸ਼ੀਨਾਂ ਰਾਹੀਂ ਕੀਤੀ ਗਈ । ਇਸ ਵਿਚ 107 ਸਟਾਫ ਮੈਂਬਰਾਂ ਦੀ ਜਾਂਚ ਕੀਤੀ ਗਈ। ਕੈਂਪ ਦਾ ਉਦਘਾਟਨ ਕਾਲਜ ਦੇ ਪ੍ਰਿੰਸੀਪਲ ਡਾ. ਜਸਪਾਲ ਸਿੰਘ ਅਤੇ ਵਾਈਸ ਪ੍ਰਿੰਸੀਪਲ ਪ੍ਰੋ. ਜਸਰੀਨ ਕੌਰ ਨੇ ਆਪਣੀ ਹੈਲਥ ਦੀ ਜਾਂਚ ਕਰਵਾ ਕੇ ਕੀਤਾ। ਲਾਇਲਪੁਰ ਖ਼ਾਲਸਾ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰਿੰਸੀਪਲ ਡਾ. ਜੁਝਾਰ ਸਿੰਘ ਵੀ ਉਚੇਚੇ ਤੌਰ 'ਤੇ ਇਸ ਕੈਂਪ ਵਿਚ ਆਪਣੀ ਹੈਲਥ ਦੀ ਜਾਂਚ ਕਰਵਾਉਣ ਪਹੁੰਚੇ। ਪ੍ਰਿੰਸੀਪਲ ਡਾ. ਜਸਪਾਲ ਸਿੰਘ ਨੇ ਕਿਹਾ ਕਿ ਸਾਡੀ ਹੱਡੀਆਂ ਦੀ ਸਿਹਤ ਸਭ ਤੋਂ ਜ਼ਿਆਦਾ ਜ਼ਰੂਰੀ ਹੈ ਜੋ ਸਾਡੇ ਸਰੀਰਿਕ ਢਾਂਚੇ ਨੂੰ ਠੀਕ ਰੱਖਦੀ ਹੈ । ਇਸ ਕਰਕੇ ਸਾਨੂੰ ਸਮੇਂ ਸਿਰ ਇਸ ਦੀ ਜਾਂਚ, ਕਰਵਾਉਣੀ ਚਾਹੀਦੀ ਹੈ। ਡਾ. ਰਾਜੂ ਸ਼ਰਮਾ ਮੁਖੀ ਫਿਜ਼ਿਓਥੈਰੇਪੀ ਵਿਭਾਗ ਨੇ ਕਿਹਾ ਕਿ ਵਿਟਾਮਿਨ ਡੀ ਦੀ ਡੈਫੀਸੈਂਸੀ ਅੱਜਕੱਲ੍ਹ ਇਕ ਆਮ ਗੱਲ ਹੈ। ਵਿਟਾਮਿਨ ਡੀ ਹੱਡੀਆਂ ਦੀ ਮਜ਼ਬੂਤੀ ਲਈ ਜ਼ਰੂਰੀ ਹੈ । ਇਸ ਤਰ੍ਹਾਂ ਦੇ ਕੈਂਪ ਵਿਚ ਸਾਰਿਆਂ ਨੂੰ ਉਨ੍ਹਾਂ ਦੀ ਮੌਜੂਦਾ ਹੱਡੀਆਂ ਦੀ ਹੈੱਲਥ ਬਾਰੇ ਜਾਣਕਾਰੀ ਅਸਾਨੀ ਨਾਲ ਮਿਲ ਜਾਂਦੀ ਹੈ ਤਾਂ ਕਿ ਸਮੇਂ ਸਿਰ ਹੱਡੀਆਂ ਦੇ ਵਿਗੜੇ ਹੋਏ ਲੇਵਲ ਵਿਚ ਸੁਧਾਰ ਕੀਤਾ ਜਾ ਸਕੇ। ਜਾਂਚ ਉਪਰੰਤ ਫਿਜ਼ਿਓਥੈਰੇਪੀ ਵਿਭਾਗ ਤੇ ਸੀਨੀਅਰ ਅਧਿਆਪਕ ਅਤੇ ਮੈਡੀਕਲ ਅਫਸਰ ਡਾ. ਜਸਵੰਤ ਕੌਰ ਅਤੇ ਉਨ੍ਹਾਂ ਦੀ ਟੀਮ ਡਾ. ਪ੍ਰਿਯਾਂਕ ਸ਼ਾਰਧਾ, ਡਾ. ਵਿਸ਼ਾਲੀ ਮਹਿੰਦਰੂ, ਡਾ. ਅੰਜਲੀ ਓਜਾ, ਡਾ. ਹਰਮੀਨ ਸਭਰਵਾਲ ਨੇ ਡਾਈਟ, ਹਾਰਟ ਹੈਲਥ, ਹੱਡੀਆਂ ਦੀ ਮਜ਼ਬੂਤੀ ਲਈ ਰੋਜ਼ਾਨਾ ਇਕ ਘੰਟਾ ਕਸਰਤ ਕਰਨ ਦੀ ਸਲਾਹ ਦਿੱਤੀ।

## ਪੜ੍ਹੋ, ਜੁੜੋ ਤੇ ਸੰਘਰਸ਼ ਕਰੋ ਦੇ ਸੁਪਨੇ ਨੂੰ ਸਾਕਾਰ ਕਰਨਾ ਹੀ ਬਾਬਾ ਸਾਹਿਬ ਨੂੰ ਸੱਚੀ ਸ਼ਰਧਾਂਜਲੀ : ਗਿਆਨ ਚੰਦ

**ਹੁਸ਼ਿਆਰਪੁਰ (ਓ ਪੀ ਰਾਣਾ)**- ਗਿਆਨ ਚੰਦ ਦੀਵਾਲੀ ਸਾਬਕਾ ਮੈਂਬਰ ਐਸ ਸੀ ਕਮਿਸ਼ਨ, ਸੀਨੀ. ਮੀਤ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ ਭਾਰਤ ਨੇ ਸੰਬੋਧਨ ਕਰਦਿਆਂ ਕਿਹਾ ਕਿ ਭਾਰਤ ਦੇ ਕਰੋੜਾਂ ਆਦਿ ਧਰਮੀ ਬਹੁਜਨਾਂ ਦੀ ਤਰੱਕੀ ਖੁਸ਼ਹਾਲੀ ਦਾ ਇਕੋ ਇਕ ਮੁੱਖ ਮਾਰਗ ਸਿੱਖਿਆ ਹੈ। ਗਦਰੀ ਬਾਬਾ ਬਾਬੂ ਮੰਗੂ ਰਾਮ ਮੁੱਗੋਵਾਲੀਆ, ਮਹਾਤਮਾ ਜੋਤੀਬਾ ਫੂਲੇ, ਡਾ. ਭੀਮ ਰਾਓ ਅੰਬੇਡਕਰ ਨੇ ਦੇਸ਼ ਦੇ ਅਨੁਸੂਚਿਤ ਜਾਤੀ, ਪਛੜਿਆਂ ਨੂੰ ਸਿੱਖਿਅਤ ਬਣਾਉਣ ਲਈ ਆਪਣਾ ਜੀਵਨ ਸਮਰਪਤ ਕਰ ਦਿੱਤਾ।ਭਾਰਤ ਦੇ ਕਰੋੜਾਂ ਆਦਿਵਾਸੀਆਂ, ਦੱਬੇ ਕੁਚਲੇ, ਲਤਾੜੇ ਬਹੁਜਨ ਸਮਾਜ ਦੀਆਂ ਸਮਾਜਿਕ ਗੁਲਾਮੀ ਦੀਆਂ ਜ਼ੰਜੀਰਾਂ ਤੋੜਨ ਲਈ ਇਨਾਂ ਮਹਾਨ ਰਹਿਬਰਾਂ ਦੇ ਕੀਤੇ ਹੋਏ ਮਹਾਨ ਉਪਕਾਰਾਂ ਨੂੰ ਕਦੀ ਭੁਲਾਇਆ ਨਹੀਂ ਜਾ ਸਕਦਾ। ਸਮਾਜ ਨੂੰ ਸਿੱਖਿਅਤ ਬਣਾਉਣ ਲਈ ਕੀਤੇ ਮਹਾਨ ਉਪਕਾਰਾਂ ਨਾਲ ਬਹੁਜਨ ਸਮਾਜ ਅੰਦਰ ਖੁਸ਼ਹਾਲੀ ਆਈ ਹੈ। ਸਮਾਜ ਦੇ ਪੜ੍ਹੇ ਲਿਖੇ, ਬੁੱਧੀਜੀਵੀ ਵਰਗ ਨੂੰ ਬਾਬਾ ਸਾਹਿਬ ਅੰਬੇਡਕਰ ਦੇ ਦੱਸੇ 'ਪੇ ਬੈਕ ਟੂ ਸੁਸਾਇਟੀ' ਦੇ ਫਲਸਫੇ 'ਤੇ ਚੱਲ ਕੇ ਗਰੀਬ ਸਮਾਜ ਦੇ ਲੋਕਾਂ ਦੀ ਬਾਂਹ ਫੜਨੀ ਚਾਹੀਦੀ ਹੈ ਅਤੇ ਗਰੀਬੀ ਦੀ ਗੁਰਬਤ ਵਿਚ ਪੜ੍ਹਾਈ ਤੋਂ ਦੂਰ ਹੋਏ ਗਰੀਬ ਬੱਚਿਆਂ ਨੂੰ ਸਿੱਖਿਅਤ ਬਣਾਉਣ ਲਈ ਆਪਣਾ ਬਣਦਾ ਯੋਗਦਾਨ ਪਾਉਣਾ ਚਾਹੀਦਾ ਹੈ। ਪੜ੍ਹੋ, ਜੁੜੋ ਤੇ ਸੰਘਰਸ਼ ਕਰੋ ਦੇ ਸੁਪਨੇ ਨੂੰ ਸਾਕਾਰ ਕਰਨਾ ਹੀ ਬਾਬਾ ਸਾਹਿਬ ਨੂੰ ਸੱਚੀ ਸੁੱਚੀ ਸ਼ਰਧਾਂਜਲੀ ਹੈ। ਮੇਰੀ ਸਮਾਜ ਦੇ ਲੋਕਾਂ ਨੂੰ ਇਹੀ ਅਪੀਲ ਹੈ ਕਿ ਵਿਆਹਾਂ, ਸ਼ਾਦੀਆਂ, ਦਾਜ ਅਤੇ ਹੋਰ ਦਿਖਾਵੇ ਦੇ ਕੰਮਾਂ ਤੇ ਵਾਧੂ ਪੈਸੇ ਖਰਚਣ ਦੀ ਬਜਾਏ ਆਪਣੇ ਬੱਚਿਆਂ ਨੂੰ ਵੱਧ ਤੋਂ ਵੱਧ ਸਿੱਖਿਅਤ ਬਣਾਓ ਅਤੇ ਆਪਣੇ ਸੰਵਿਧਾਨਕ ਅਧਿਕਾਰਾਂ ਦੀ ਪ੍ਰਾਪਤੀ ਲਈ ਸਤਿਸੰਗਤ ਮਿਲਿ ਰਹੀਏ ਮਾਧੋ ਜੈਸੇ ਮਧਪੁ ਮਖੀਰਾ ਦੇ ਮਾਰਗ 'ਤੇ ਚੱਲ ਏਕਤਾ, ਭਾਈਚਾਰਾ ਅਤੇ ਸ਼ੰਘਰਸ਼ ਦਾ ਰਸਤਾ ਅਪਣਾਓ।

## ਕਾਨਵੈਂਟ ਹਾਈ ਸਕੂਲ ਅੱਟੀ ਦਾ ਪੰਜਵੀਂ ਜਮਾਤ ਦਾ ਨਤੀਜਾ ਸ਼ਾਨਦਾਰ

**ਫਿਲੌਰ (ਨਿਰਮਲ)**-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਪੰਜਵੀਂ ਜਮਾਤ ਦੇ ਨਤੀਜੇ 'ਚ ਵਿਦਿਆਰਥੀਆਂ ਨੇ ਸ਼ਾਨਦਾਰ ਅੰਕ ਲੈ ਕੇ ਮੱਲਾਂ ਮਾਰੀਆਂ ਹਨ। ਇਸ ਮੌਕੇ ਸਕੂਲ ਦੇ ਐਮ.ਡੀ. ਸੁਖਦੀਪ ਸਿੰਘ, ਪ੍ਰਿੰਸੀਪਲ ਬਲਜਿੰਦਰ ਕੁਮਾਰ, ਪ੍ਰਬੰਧਕ ਰਵਿੰਦਰਜੀਤ ਕੌਰ ਅਤੇ ਵਾਈਸ ਪ੍ਰਿੰਸੀਪਲ ਸੰਦੀਪ ਕੌਰ ਨੇ ਦੱਸਿਆ ਕਿ ਸਕੂਲ ਦੇ ਬੱਚੇ ਨਿਹਾਲ ਸਿੰਘ ਨੇ 500 ਚੋਂ 500 ਅੰਕ ਹਾਸਲ ਕਰਕੇ 587 ਬੱਚਿਆਂ ਦੀ ਸੂਚੀ 'ਚ ਆਪਣਾ ਪਹਿਲਾ ਸਥਾਨ ਹਾਸਲ ਕਰਕੇ ਇਲਾਕੇ ਅਤੇ ਸਕੂਲ ਦਾ ਨਾਂ ਰੁਸ਼ਨਾਇਆ ਹੈ। ਸਕੂਲ ਦੀ ਸਿਮਰਪ੍ਰੀਤ ਕੌਰ ਨੇ 99.6 ਫੀਸਦੀ ਅੰਕ ਲੈ ਕੇ ਦੂਸਰਾ ਅਤੇ ਸਾਹਿਲ ਕੁਮਾਰ ਨੇ 99.4 ਅੰਕ ਹਾਸਲ ਕਰਕੇ ਤੀਸਰਾ ਸਥਾਨ ਹਾਸਲ ਕੀਤਾ ਹੈ। ਸਾਰੇ ਵਿਦਿਆਰਥੀਆਂ ਚੰਗੇ ਨੰਬਰ ਲੈ ਕੇ ਪਾਸ ਹੋਏ ਹਨ ਜਿਨ੍ਹਾਂ 'ਚੋਂ 16 ਵਿਦਿਆਰਥੀਆਂ ਦੇ ਨੰਬਰ 95 ਫੀਸਦੀ ਤੋਂ ਉੱਪਰ ਹਨ। ਜਿਨ੍ਹਾਂ 'ਚ ਜਸਮੀਨ ਕੌਰ, ਸਿਮਰਪ੍ਰੀਤ ਕੌਰ, ਬਲਰੂਪ ਕੌਰ, ਦੀਪਿਕਾ, ਰਿਤਿਕਾ, ਜਸਮੀਤ, ਸਾਹਿਲ ਕੁਮਾਰ, ਯੁਗਰਾਜ ਰੱਲ, ਅਰਮਾਨ ਕੁਮਾਰ, ਅਮ੍ਰਿਤ ਸਿੰਘ ਸਿੱਧੂ, ਦਯਾ ਸਿੰਘ, ਹਰਮਨਦੀਪ ਸਿੰਘ, ਕ੍ਰਿਸ਼ ਮੈਹਮੀ ਵਿਦਿਆਰਥੀ ਸ਼ਾਮਲ ਹਨ। ਉਨਾਂ ਅੱਗੇ ਦੱਸਿਆ ਕਿ ਇਸ ਪ੍ਰਾਪਤੀ 'ਤੇ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਵਾਈਸ ਚੇਅਰਮੈਨ ਪ੍ਰਿੰਸੀਪਲ ਨੇ ਉਚੇਚੇ ਤੌਰ 'ਤੇ ਸਕੂਲ ਸਟਾਫ਼ ਅਤੇ ਮਾਪਿਆਂ ਨੂੰ ਵਧਾਈ ਦਿੱਤੀ । ਉਨ੍ਹਾਂ ਅੱਗੇ ਕਿਹਾ ਕਿ ਇਸ ਸ਼ਾਨਦਾਰ ਨਤੀਜੇ ਦਾ ਸਿਹਰਾ ਮਿਹਨਤੀ ਸਟਾਫ਼, ਵਿਦਿਆਰਥੀਆਂ ਦੀ ਲਗਨ ਅਤੇ ਮਾਪਿਆਂ ਦਾ ਸਹਿਯੋਗ ਹੈ। ਉਨਾਂ ਦੱਸਿਆ ਕਿ ਘੱਟ ਫੀਸ 'ਤੇ ਮਿਆਰੀ ਸਿੱਖਿਆ ਦੇਣ ਵਾਲਾ ਇਹ ਸਕੂਲ ਸਿੱਖਿਆ ਦੇ ਨਾਲ-ਨਾਲ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਖੇਡਾਂ ਦੇ ਖੇਤਰ 'ਚ ਵੀ ਮੱਲਾਂ ਮਾਰ ਰਿਹਾ ਹੈ। ਜ਼ਿਲਾ ਪੱਧਰੀ ਟੂਰਨਾਮੈਂਟ 'ਚ ਸਕੂਲ ਦੀਆਂ ਚਾਰ ਟੀਮਾਂ ਨੇ ਪਹਿਲਾ ਸਥਾਨ ਹਾਸਲ ਕਰਕੇ ਸਟੇਟ ਪੱਧਰ 'ਤੇ ਭਾਗ ਲਿਆ। ਇਸ ਤੋਂ ਇਲਾਵਾ ਸਕੂਲ ਦੇ ਖਿਡਾਰੀ ਰਾਜ ਪੱਧਰ 'ਤੇ ਵੀ ਅਥਲੈਟਿਕਸ 'ਚ ਜਿੱਤਾਂ ਪ੍ਰਾਪਤ ਕਰ ਚੁੱਕੇ ਹਨ।



## ਨਿਰਮੋਲਕ ਸਿੰਘ ਹੀਰਾ ਦਾ ਸਨਮਾਨ ਸਮਾਰੋਹ 7 ਨੂੰ ਗੁਰਾਇਆ ਵਿਖੇ



**ਗੁਰਾਇਆ (ਬਿੰਦਰ ਸੁਮਨ)**- ਸਰਕਾਰੀ ਮਿਡਲ ਸਕੂਲ ਦੁਸਾਂਝ ਖੁਰਦ ਬਲਾਕ ਗੁਰਾਇਆ 1 ਜ਼ਿਲ੍ਹਾ ਜਲੰਧਰ ਦੇ ਡਰਾਇੰਗ ਮਾਸਟਰ ਨਿਰਮੋਲਕ ਸਿੰਘ ਹੀਰਾ ਜੋ ਕਿ ਪ.ਸ.ਸ.ਫ. ਜ਼ਿਲ੍ਹਾ ਜਲੰਧਰ ਦੇ ਜਨਰਲ ਸਕੱਤਰ ਅਤੇ ਸੂਬਾ ਜੁਆਇੰਟ ਸਕੱਤਰ ਦੇ ਨਾਲ ਨਾਲ ਗੌਰਮਿੰਟ ਟੀਚਰਜ਼ ਯੂਨੀਅਨ ਜ਼ਿਲ੍ਹਾ ਜਲੰਧਰ ਦੇ ਖਜ਼ਾਨਚੀ ਵੀ ਹਨ, ਉਹ ਮਿਤੀ 31 ਮਾਰਚ ਨੂੰ ਸਰਕਾਰੀ ਸੇਵਾ ਤੋਂ ਸੇਵਾ ਮੁਕਤ ਹੋ ਗਏ ਹਨ। ਉਨ੍ਹਾਂ ਦਾ ਵਿਦਾਇਗੀ ਅਤੇ ਸਨਮਾਨ ਸਮਾਰੋਹ 7 ਅਪ੍ਰੈਲ ਨੂੰ ਆਨੰਦ ਪੈਲੇਸ ਗੁਰਾਇਆ ਵਿਖੇ ਆਯੋਜਿਤ ਕੀਤਾ ਜਾ ਰਿਹਾ ਹੈ। ਇਸ ਸਨਮਾਨ ਸਮਾਰੋਹ ਦੀਆਂ ਤਿਆਰੀਆਂ ਸਬੰਧੀ ਪ.ਸ. ਸ.ਫ. ਦੇ ਬਲਾਕ ਪ੍ਰਧਾਨ ਕੁਲਵੰਤ ਰੁੜਕਾ ਦੀ ਪ੍ਰਧਾਨਗੀ ਹੇਠ ਗੁਰਾਇਆ ਵਿਖੇ ਕੀਤੀ ਗਈ ਬਲਾਕ ਮੀਟਿੰਗ ਦੇ ਫ਼ੈਸਲੇ ਜਾਰੀ ਕਰਦਿਆਂ ਬਲਾਕ ਸਕੱਤਰ ਬਲਵੀਰ ਸਿੰਘ ਗੁਰਾਇਆ ਨੇ ਦੱਸਿਆ ਕਿ ਨਿਰਮੋਲਕ ਸਿੰਘ ਹੀਰਾ ਨੇ ਜਿੱਥੇ ਆਪਣੇ ਮਹਿਕਮੇ ਅੰਦਰ ਇਮਾਨਦਾਰੀ ਨਾਲ ਕੰਮ ਕੀਤਾ, ਉੱਥੇ ਉਨ੍ਹਾਂ ਨੇ ਮੁਲਾਜ਼ਮ ਲਹਿਰ ਵਿੱਚ ਵੀ ਆਪਣਾ ਬਣਦਾ ਯੋਗਦਾਨ ਪਾਇਆ। ਇਸ ਸਨਮਾਨ ਸਮਾਰੋਹ ਨੂੰ ਵਿਸ਼ੇਸ਼ ਤੌਰ 'ਤੇ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ, ਸੂਬਾ ਜਨਰਲ ਸਕੱਤਰ ਕੁਲਦੀਪ ਸਿੰਘ ਦੌੜਕਾ, ਸਾਬਕਾ ਸੂਬਾ ਪ੍ਰਧਾਨ ਕਰਨੈਲ ਸਿੰਘ ਸੰਧੂ ਅਤੇ ਪ. ਸ.ਸ.ਫ. ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਤੋਂ ਇਲਾਵਾ ਜਮਹੂਰੀ ਲਹਿਰ ਦੇ ਸੂਬਾਈ ਆਗੂ ਵੀ ਸੰਬੋਧਨ ਕਰਨਗੇ।ਇਸ ਮੀਟਿੰਗ ਵਿੱਚ ਪ.ਸ.ਸ.ਫ. ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ, ਗੌਰਮਿੰਟ ਟੀਚਰਜ਼ ਯੂਨੀਅਨ ਦੇ ਬਲਾਕ ਪ੍ਰਧਾਨ ਬੂਟਾ ਰਾਮ, ਸਕੱਤਰ ਪ੍ਰੇਮ ਖਲਵਾੜਾ ਕੈਸ਼ੀਅਰ ਰਤਨ ਸਿੰਘ, ਪ ਸ ਸ ਫ ਦੇ ਸਾਬਕਾ ਪ੍ਰਧਾਨ ਬਲਵਿੰਦਰ ਕੁਮਾਰ ਪੈਨਸ਼ਨਰ ਆਗੂ ਕੁਲਦੀਪ ਸਿੰਘ ਕੌੜਾ, ਕਰਨੈਲ ਸਿੰਘ ਮਾਹਲਾਂ, ਜਗਜੀਤ ਸਿੰਘ ਸਰਬਜੀਤ ਸਿੰਘ, ਗੁਰਪ੍ਰੀਤ ਸਿੰਘ ਜੌਹਲ,ਤਾਰਾ ਸਿੰਘ,ਅਵਤਾਰ ਕੌਰ ਬਾਸੀ, ਸੁਰਿੰਦਰ ਕੌਰ ਬਾਸੀ ਅਤੇ ਅਜਮੇਰ ਕੌਰ ਢੇਸੀ ਹਾਜ਼ਰ ਸਨ।

## ਸਰਕਾਰੀ ਐਲੀਮੈਂਟਰੀ ਸਕੂਲ ਬੱਸੀ ਜਲਾਲ 'ਚ ਇਨਾਮ ਵੰਡ ਸਮਾਗਮ

**ਟਾਂਡਾ ਉੜਮੁੜ (ਉਂਕਾਰ ਸਿੰਘ, ਜਸਵਿੰਦਰ ਸੰਧੂ)**-ਸਰਕਾਰੀ ਐਲੀਮੈਂਟਰੀ ਸਕੂਲ ਬੱਸੀ ਜਲਾਲ ਵਿਖੇ ਸਕੂਲ ਮੁਖੀ ਮੈਡਮ ਸੁਖਵੀਰ ਕੌਰ ਦੀ ਅਗਵਾਈ ਵਿਚ ਸਾਲਾਨਾ ਇਨਾਮ ਵੰਡ ਦਿਵਸ ਮਨਾਇਆ ਗਿਆ।ਇਸ ਮੌਕੇ ਸਕੂਲ ਵਿਦਿਆਰਥੀਆਂ ਵਲੋਂ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ।ਇਸ ਪ੍ਰੋਗਰਾਮ ਵਿਚ ਬੱਚਿਆਂ ਦੇ ਮਾਤਾ ਪਿਤਾ ਨੇ ਵੱਡੀ ਗਿਣਤੀ ਵਿਚ ਸ਼ਮੂਲੀਅਤ ਕੀਤੀ।ਇਸ ਸਮੇਂ ਬਲਾਕ ਸਿੱਖਿਆ ਅਫ਼ਸਰ ਜਸਵਿੰਦਰ ਬਾਂਸਲ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਇਸ ਮੌਕੇ ਆਪਣੀਆਂ ਕਲਾਸਾਂ ਵਿੱਚੋਂ ਅੱਵਲ ਰਹਿਣ ਵਾਲੇ ਬੱਚਿਆਂ ਅਤੇ ਖੇਡਾਂ ਅਤੇ ਹੋਰ ਵੱਖ ਵੱਖ ਗਤੀਵਿਧੀਆਂ ਵਿਚ ਭਾਗ ਲੈਣ ਵਾਲੇ ਬੱਚਿਆਂ ਨੂੰ ਸਨਮਾਨਤ ਕੀਤਾ ਗਿਆ। ਇਸ ਸਮੇਂ ਹੋਰਨਾਂ ਤੋਂ ਇਲਾਵਾ ਪਰਮਜੀਤ ਸਿੰਘ ਮੋਖਾ, ਮਾਸਟਰ ਬਲਦੇਵ ਸਿੰਘ, ਮੈਡਮ ਤਰਸੇਮ ਕੌਰ, ਹਰਦੀਪ ਕੌਰ, ਬਲਵਿੰਦਰ ਕੌਰ, ਮਨਵੀਰ ਕੌਰ, ਸੁਰਿੰਦਰ ਕੌਰ, ਸੁਰਜੀਤ ਕੌਰ, ਸੁਨੀਤਾ ਦੇਵੀ, ਕੁਲਵਿੰਦਰ ਕੌਰ, ਰਵਿੰਦਰ ਸਿੰਘ, ਹਰਜੀਤ ਸਿੰਘ, ਜਸਵੀਰ ਸਿੰਘ, ਹਰਮੇਸ਼ ਲਾਲ, ਕਰਮ ਸਿੰਘ, ਅਵਤਾਰ ਸਿੰਘ, ਅਮਰਜੀਤ ਸਿੰਘ, ਡਾ. ਰਵੀ, ਬਲਜੀਤ ਸਿੰਘ, ਅਮਰਜੀਤ ਕੌਰ ਸੀਮਾ ਵੀ ਹਾਜ਼ਰ ਸਨ।




## ਬਾਬਾ ਬਾਲਕ ਨਾਥ ਦੀ ਮਹਿਮਾ ਦਾ ਕੀਤਾ ਗੁਣਗਾਨ



**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਮੁੱਖ ਸੇਵਾਦਾਰ ਜਸਕਰਨ ਸਿੰਘ ਕਰਨੀ, ਸਮੂਹ ਸੰਗਤ ਦੇ ਸਹਿਯੋਗ ਨਾਲ ਦੇ ਨਾਲ ਨਿਵਾਸ ਸਥਾਨ ਕੁਲਾਮ ਰੋਡ 'ਤੇ ਬਾਬਾ ਜੀ ਦੀ ਚੌਂਕੀ ਦਾ ਆਯੋਜਨ ਕੀਤਾ ਗਿਆ। ਇਸ ਤਹਿਤ ਸਵੇਰ ਤੋਂ ਹੀ ਚਾਹ ਥਾਂ ਲੰਗਰ ਦਾ ਭੰਡਾਰਾ ਲਗਾਇਆ ਗਿਆ। ਸੁਮਨ ਵਰਮਾ, ਹਰਦੇਵ ਚਾਹਲ,ਗੋਗਾ ਨੇ ਚੌਂਕੀ ਲਗਾ ਕੇ ਬਾਬਾ ਬਾਲਕ ਨਾਥ ਦੀ ਮਹਿਮਾ ਦਾ ਗੁਣਗਾਨ ਕੀਤਾ ਗਿਆ। ਕਿਸ ਨੂੰ ਮੈਂ ਦਿਲ ਦਾ ਹਾਲ ਸੁਣਾਵਾਂ ਵੇ ਮਨਮੋਹਣੇ ਬਾਲਕ ਨਾਥਾ, ਠੰਡੀਆਂ ਗੁਫ਼ਾ ਵਾਲੀਆਂ, ਰੰਗ ਬਰਸੇ ਰੰਗ ਬੀਬੀ ਜੀ ਰੰਗ ਬਰਸੇ, ਮਾਂ ਮਮਤਾ ਦੀ ਛਾਂ, ਨੇ ਭਜਨਾਂ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਇਸ ਦੌਰਾਨ ਬਾਬਾ ਜੀ ਦੀ ਅਰਦਾਸ ਦੀ ਰੋਟੀ, ਪਰਸ਼ਾਦ ਅਤੇ ਹੋਰ ਸਮੱਗਰੀ ਬਾਬਾ ਜੀ ਨੂੰ ਭੇਟ ਕੀਤੀ ਗਈ। ਇਸ ਮੌਕੇ ਮਾਤਾ ਨਿਰਮਲਾ ਦੇਵੀ, ਕਸਤੂਰੀ ਲਾਲ , ਕਾਂਤਾ ਰਾਣੀ, ਨਿਰਮਲਾ, ਸਿਮਰ ਕੌਰ, ਬਲਜਿੰਦਰ ਕੌਰ, ਕੁਲਵਿੰਦਰ ਸਿੰਘ , ਬਿੱਲਾ, ਗੱਭਰ, ਬਾਬਾ ਜੀ ਚੌਂਕੀ ਵਾਲੇ ਹਾਜ਼ਰ ਹੋਏ।

## ਬਾਲਦੀ ਗੋਤਰ ਜਠੇਰਿਆ ਦਾ ਮੇਲਾ 7 ਨੂੰ




**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਬਾਲਦੀ ਗੋਤਰ ਜਠੇਰੇ ਦਾ ਮੇਲਾ ਪ੍ਰਧਾਨ ਜਸਵੀਰ ਸਿੰਘ ਬੱਬੂ ਨੇ ਦੱਸਿਆ ਕਿ 7 ਅਪ੍ਰੈਲ ਨੂੰ ਸਤੀ ਮੰਦਰ ਪਿੰਡ ਰਾਮਰਾਏਪੁਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ (ਨਵਾਂਸ਼ਹਿਰ) ਵਿਖੇ ਸਲਾਨਾ ਮੇਲਾ ਬਾਲਦੀ ਗੋਤਰਾ ਜਠੇਰਿਆਂ ਮਨਾਇਆ ਜਾਵੇਗਾ। ਝੰਡੇ ਦੀ ਰਸਮ ਸਵੇਰੇ 10 ਵਜੇ ਹੋਵੇਗੀ, ਭੰਡਾਰਾ ਸਵੇਰੇ 11 ਵਜੇ ਕੰਜਕ ਪੂਜਾ ਤੋਂ ਬਾਅਦ ਕਰਵਾਇਆ ਜਾਵੇਗਾ। ਕਸ਼ਯਪ ਰਾਜਪੂਤ ( ਮੇਹਰਾ) ਜਾਤੀਆਂ ਦੇ ਜਠੇਰਿਆਂ ਗੋਤਰ ਮੇਲਾ ਕਮੇਟੀਆਂ ਵੱਲੋਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਪ੍ਰਧਾਨ ਜਸਵੀਰ ਸਿੰਘ ਬੱਬੂ ਨੇ ਸਮੂਹ ਸੰਗਤਾਂ ਨੂੰ ਪਿੰਡ ਰਾਮਰਾਏਪੁਰ ਨਵਾਂਸ਼ਹਿਰ ਵਿਖੇ ਪਹੁੰਚਣ ਦੀ ਅਪੀਲ ਕੀਤੀ ਹੈ।

## ਤੇਜ਼ ਰਫਤਾਰ ਬੱਸ ਡਰੇਨ 'ਚ ਪਲਟੀ, ਜਾਨੀ ਨੁਕਸਾਨ ਤੋਂ ਬਚਾਅ

**ਆਦਮਪੁਰ (ਪਰਮਜੀਤ ਸਿੰਘ)**-ਜਲੰਧਰ ਤੋਂ ਹੁਸ਼ਿਆਰਪੁਰ ਜਾ ਰਹੀ ਪ੍ਰਿੰਸ ਟਰਾਂਸਪੋਰਟ ਕੰਪਨੀ ਦੀ ਬੱਸ ਨੰਬਰ ਪੀ.ਬੀ. 09-ਐਕਸ-9725 ਆਦਮਪੁਰ ਨੇੜੇ ਪੈਟਰੋਲ ਪੰਪ ਦੇ ਸਾਹਮਣੇ ਤੇਜ਼ ਰਫਤਾਰ ਕਾਰਨ ਬੇਕਾਬੂ ਹੋ ਗਈ ਅਤੇ ਸਿੱਧੀ ਸੜਕ ਕਿਨਾਰੇ ਬਣੀ ਗੰਦੇ ਪਾਣੀ ਦੀ ਨਿਕਾਸੀ ਦੀ ਡਰੇਨ ਵਿਚ ਪਲਟ ਗਈ। ਜਿਸ ਕਾਰਨ ਬੱਸ ਵਿਚ ਸਵਾਰ 40-45 ਸਵਾਰੀਆਂ ਨੂੰ ਗੁੱਝੀਆਂ ਸੱਟਾਂ ਲੱਗੀਆ ਅਤੇ ਕਿਸੇ ਤਰ੍ਹਾਂ ਦਾ ਕੋਈ ਜਾਨੀ ਨੁਕਸਾਨ ਨਹੀਂ ਹੋਇਆ। ਪ੍ਰਾਪਤ ਜਾਣਕਾਰੀ ਅਨੁਸਾਰ ਪ੍ਰਿੰਸ ਟਰਾਂਸਪੋਰਟ ਕੰਪਨੀ ਦੀ ਇਹ ਬੱਸ 3 ਵੱਜ ਕੇ 40 ਮਿੰਟ ਦੇ ਕਰੀਬ ਜਲੰਧਰ ਤੋਂ ਹੁਸ਼ਿਆਰਪੁਰ ਵੱਲ ਰਵਾਨਾ ਹੋਈ ਅਤੇ ਪਿੰਡ ਅਰਜਨਵਾਲ ਦੇ ਨੇੜੇ ਪੈਟਰੋਲ ਪੰਪ ਦੇ ਸਾਹਮਣੇ ਤੇਜ਼ ਰਫਤਾਰ ਬੱਸ ਨੂੰ ਇਕਦਮ ਬਰੇਕ ਲਗਾਉਣ ਨਾਲ ਬੱਸ ਬੇਕਾਬੂ ਹੋ ਗਈ ਅਤੇ ਸਿੱਧੀ ਡਰੇਨ ਵਿਚ ਜਾ ਡਿੱਗੀ। ਹਾਦਸੇ ਦਾ ਪਤਾ ਲੱਗਦੇ ਹੀ ਐਸ.ਐਚ.ਓ. ਰਵਿੰਦਰਪਾਲ ਸਿੰਘ ਤੁਰੰਤ ਮੌਕੇ 'ਤੇ ਪਹੁੰਚੇ ਅਤੇ ਬੱਸ ਵਿਚੋਂ ਸਵਾਰੀਆਂ ਨੂੰ ਬੜੀ ਮੁਸ਼ਕਲ ਨਾਲ ਬਾਹਰ ਕੱਢੀਆ। ਕਈ ਸਵਾਰੀਆਂ ਤਾਂ ਡਰੇਨ ਵਿਚ ਗੰਦਾ ਪਾਣੀ ਹੋਣ ਕਾਰਨ ਗਾਰੇ ਨਾਲ ਲਿੱਬੜ ਗਈਆਂ। ਹਾਦਸੇ ਤੋਂ ਬਾਅਦ ਬੱਸ ਡਰਾਈਵਰ ਮੌਕੇ ਤੋਂ ਫਰਾਰ ਹੋ ਗਿਆ।





## ਸਮਾਜ ਨੂੰ ਵੰਡਣ ਵਾਲੇ ਉਮੀਦਵਾਰਾਂ ਦਾ ਜਾਰੀ ਰਹੇਗਾ ਬਾਈਕਾਟ : ਜਨਰਲ ਸਮਾਜ ਮੰਚ

**ਫਗਵਾੜਾ (ਡਾ ਰਮਨ)**- ਪੰਜਾਬ ਵਿਚ 1 ਜੂਨ ਨੂੰ ਲੋਕ ਸਭਾ ਚੋਣਾਂ ਲਈ ਹੋਣ ਵਾਲੀ ਵੋਟਿੰਗ ਤੋਂ ਪਹਿਲਾਂ ਜਨਰਲ ਸਮਾਜ ਮੰਚ (ਰਜਿ.) ਪੰਜਾਬ ਨੇ ਸਾਰੀਆਂ ਸਿਆਸੀ ਪਾਰਟੀਆਂ ਨੂੰ ਚਿਤਾਵਨੀ ਦਿੱਤੀ ਹੈ ਕਿ ਉਹ ਕਿਸੇ ਵੀ ਅਜਿਹੇ ਚਿਹਰੇ ਨੂੰ ਉਮੀਦਵਾਰ ਨਾ ਬਣਾਉਣ, ਜਿਸ ਦਾ ਪਿਛੋਕੜ ਜਨਰਲ ਸਮਾਜ ਦੇ ਖਿਲਾਫ ਰਿਹਾ ਹੈ। ਅੱਜ ਇੱਥੇ ਗੱਲਬਾਤ ਕਰਦਿਆਂ ਜਥੇਬੰਦੀ ਦੇ ਕੋਰ ਕਮੇਟੀ ਮੈਂਬਰ ਫਤਿਹ ਸਿੰਘ, ਗਿਰੀਸ਼ ਸ਼ਰਮਾ, ਡਾ: ਸਤਨਾਮ ਸਿੰਘ ਪਰਮਾਰ, ਪੀ.ਕੇ. ਬਾਂਸਲ, ਯੋਗੇਸ਼ ਪ੍ਰਭਾਕਰ ਅਤੇ ਬਲਬੀਰ ਸਿੰਘ ਫੁਗਲਾਣਾ ਨੇ ਦੱਸਿਆ ਕਿ ਇਹ ਫੈਸਲਾ ਕੋਰ ਕਮੇਟੀ ਵਲੋਂ ਲੋਕ ਸਭਾ ਚੋਣਾਂ ਸਬੰਧੀ ਵਿਚਾਰ ਵਟਾਂਦਰਾ ਕਰਦਿਆਂ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਜਨਰਲ ਸਮਾਜ ਮੰਚ ਹਮੇਸ਼ਾ ਜਾਤੀਵਾਦੀ ਰਾਜਨੀਤੀ ਦਾ ਵਿਰੋਧ ਕਰਦਾ ਹੈ। ਪਰ ਦੁੱਖ ਦੀ ਗੱਲ ਹੈ ਕਿ ਸਾਰੀਆਂ ਸਿਆਸੀ ਧਿਰਾਂ ਵਿੱਚ ਕੁਝ ਅਜਿਹੇ ਅਨਸਰ ਮੌਜੂਦ ਹਨ ਜਿਨ੍ਹਾਂ ਦਾ ਸਿਆਸੀ ਕਾਰੋਬਾਰ ਜਨਰਲ ਸਮਾਜ ਦਾ ਵਿਰੋਧ ਕਰਕੇ ਵਧਿਆ-ਫੁੱਲਿਆ ਹੈ। ਇਸ ਲਈ ਹਰੇਕ ਚੋਣ ਦੰਗਲ ਤੋਂ ਪਹਿਲਾਂ ਸਾਰੀਆਂ ਪਾਰਟੀਆਂ ਦੇ ਸੰਭਾਵੀ ਉਮੀਦਵਾਰਾਂ ਦਾ ਅਤੀਤ ਜ਼ਰੂਰ ਵਿਚਾਰਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਜਨਰਲ ਸਮਾਜ ਮੰਚ ਕਿਸੇ ਖਾਸ ਪਾਰਟੀ ਦਾ ਸਮਰਥਨ ਜਾਂ ਵਿਰੋਧ ਨਹੀਂ ਕਰਦਾ ਪਰ ਰਾਖਵੀਆਂ ਸੀਟਾਂ 'ਤੇ ਚੋਣ ਲੜ ਰਹੀਆਂ ਸਾਰੀਆਂ ਪਾਰਟੀਆਂ ਦੇ ਉਮੀਦਵਾਰਾਂ ਦੀਆਂ ਗਤੀਵਿਧੀਆਂ 'ਤੇ ਵਿਚਾਰ ਕਰਕੇ ਜਨਰਲ ਵਰਗ ਨੂੰ ਸੁਚੇਤ ਕੀਤਾ ਜਾਂਦਾ ਹੈ ਤਾਂ ਜੋ ਭਵਿੱਖ 'ਚ ਉਨ੍ਹਾਂ ਨੂੰ ਕੋਈ ਦਿੱਕਤ ਪੇਸ਼ ਨਾ ਆਵੇ। ਕੋਰ ਕਮੇਟੀ ਮੈਂਬਰਾਂ ਨੇ ਸਮੂਹ ਜਨਰਲ ਵਰਗ ਨੂੰ ਸੁਚੇਤ ਕਰਦਿਆਂ ਕਿਹਾ ਕਿ ਆਪਸੀ ਇਕਜੁੱਟਤਾ ਦਾ ਪ੍ਰਦਰਸ਼ਨ ਕਰਦੇ ਹੋਏ ਜਾਤੀਵਾਦ ਦਾ ਜ਼ਹਿਰ ਫੈਲਾਉਣ ਵਾਲੇ ਸਿਆਸੀ ਲੋਕਾਂ ਦਾ ਲੋਕ ਸਭਾ ਚੋਣਾਂ ਵਿਚ ਮੁਕੰਮਲ ਬਾਈਕਾਟ ਕੀਤਾ ਜਾਵੇ।


## ਜਨਮ ਦਿਨ ਮੁਬਾਰਕ



ਤਕਦੀਰ ਕੌਰ (ਹੁਸ਼ਿਆਰਪੁਰ)

## ਵਰ੍ਹੇਗੰਢ ਮੁਬਾਰਕ



ਪਿੰਡ ਤਨੂੰਲੀ ਦੇ ਰਜਿੰਦਰ ਸਿੰਘ ਦੀ ਪੁੱਤਰੀ ਰੇਖਾ ਰਾਣੀ ਦਾ ਵਿਆਹ ਐੱਨ ਆਰ ਆਈ ਅਮਿਤ ਕੁਮਾਰ ਪੁੱਤਰ ਚਰਨ ਦਾਸ ਵਾਸੀ ਜਲੰਧਰ ਨਾਲ ਹੋਇਆ।


## ਨਨਕਾਣਾ ਸਾਹਿਬ ਖਾਲਸਾ ਸਕੂਲ ਦਾ 5ਵੀਂ ਦਾ ਨਤੀਜਾ 100 ਫੀਸਦੀ



**ਸੁਲਤਾਨਪੁਰ ਲੋਧੀ, ( ਹਨੀ )** ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਪੰਜਵੀਂ ਜਮਾਤ ਦੇ ਨਤੀਜੇ 'ਚ ਨਨਕਾਣਾ ਸਾਹਿਬ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਦਾ ਪੰਜਵੀਂ ਜਮਾਤ ਦਾ ਨਤੀਜਾ 100 ਫੀਸਦੀ ਰਿਹਾ । ਸਕੂਲ ਦੇ ਪ੍ਰਿੰਸੀਪਲ ਨਿਧੀ ਸੰਗੋਤਰਾ ਨੇ ਦੱਸਿਆ ਕਿ ਪੰਜਵੀਂ ਜਮਾਤ ਨਾਲ ਸਬੰਧਤ ਸਾਰੇ ਹੀ ਵਿਦਿਆਰਥੀ ਬਹੁਤ ਵਧੀਆ ਅੰਕ ਹਾਸਲ ਕਰਕੇ ਪਾਸ ਹੋਏ ਹਨ, ਜਿਸ ਦਾ ਸਿਹਰਾ ਪ੍ਰਬੰਧਕ ਕਮੇਟੀ ਦੀ ਅਗਵਾਈ ਵਿਚ, ਸਟਾਫ਼ ਮੈਂਬਰਾਂ ਵੱਲੋਂ ਵਿਦਿਆਰਥੀਆਂ ਨੂੰ ਬਹੁਤ ਹੀ ਇਮਾਨਦਾਰੀ ਨਾਲ ਕਰਵਾਈ ਪੜ੍ਹਾਈ ਦਾ ਨਤੀਜਾ ਹੈ। ਉਨ੍ਹਾਂ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਦੱਸਿਆ ਕਿ ਹੋਣਹਾਰ ਵਿਦਿਆਰਥਣ ਸੁਖਮਨਪ੍ਰੀਤ ਕੌਰ ਸਕੂਲ ਵਿਚੋਂ ਪਹਿਲੇ ਸਥਾਨ 'ਤੇ ਰਹੀ । ਲਵਪ੍ਰੀਤ ਸਿੰਘ ਦੂਜੇ ਅਤੇ ਰਿਹਾਨ ਤੀਜੇ ਸਥਾਨ 'ਤੇ ਰਿਹਾ, ਜਦਕਿ ਪਰੀ ਚੌਥੇ ਅਤੇ ਸੁਮੀਤ ਕੁਮਾਰ ਤੇ ਰਬੀਨਾ ਪੰਜਵੇਂ ਸਥਾਨ 'ਤੇ ਰਹੇ । ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਇੰਜੀਨੀਅਰ ਸਵਰਨ ਸਿੰਘ, ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਇੰਜੀਨੀਅਰ ਹਰਨਿਆਮਤ ਕੌਰ ਅਤੇ ਇੰਜੀਨੀਅਰ ਨਿਮਰਤਾ ਕੌਰ ਨੇ ਹੋਣਹਾਰ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਸਟਾਫ਼ ਮੈਂਬਰਾਂ ਨੂੰ ਵਧਾਈ ਦਿੱਤੀ । ਇਸ ਮੌਕੇ ਹਰਜਿੰਦਰ ਸਿੰਘ, ਰਣਜੀਤ ਸਿੰਘ, ਸੁਖਵਿੰਦਰ ਸਿੰਘ, ਪਰਵੀਨ ਕੁਮਾਰੀ, ਨੀਨਾ ਕੁਮਾਰੀ, ਸੰਦੀਪ ਕੌਰ, ਅਮਨਦੀਪ ਕੌਰ, ਕੰਵਲਜੀਤ ਕੌਰ, ਮਨਪ੍ਰੀਤ ਕੌਰ, ਕਿਰਨ ਕੁਮਾਰੀ, ਹਿਨਾ, ਸੁਮਨ ਕੌਰ, ਵਿਸ਼ਾਖਾ, ਹਰਪ੍ਰੀਤ ਸਿੰਘ ਅਤੇ ਪ੍ਰਾਇਮਰੀ ਵਿੰਗ ਤੋਂ ਬਲਵਿੰਦਰ ਕੌਰ, ਸੀਮਾ ਸ਼ਰਮਾ, ਜਰਨੈਲ ਸਿੰਘ ਆਦਿ ਸਟਾਫ਼ ਮੈਂਬਰ ਹਾਜ਼ਰ ਸਨ ।

# ਏ ਜੀ ਆਈ ਕ੍ਰਿਕਟ ਲੀਗ 2024, ਮੈਚਾਂ ਦਾ ਡਰਾਅ

**ਜਲੰਧਰ ( ਰਾਜੇਸ਼ ਥਾਪਾ )** ਆਯੋਜਕ ਕਮੇਟੀ ਵੱਲੋਂ ਜਲੰਧਰ ਹਾਈਟਸ 1 ਦੇ ਟੀ ਬਲਾਕ ਕ੍ਰਿਕਟ ਗਰਾਉਂਡ ਵਿੱਚ ਆਯੋਜਿਤ ਹੋਣ ਵਾਲੀ ਏ ਜੀ ਆਈ ਕ੍ਰਿਕਟ ਲੀਗ 2024 ਦੇ ਡਰਾਅ ਦਾ ਐਲਾਨ ਕਰ ਦਿੱਤਾ ਗਿਆ ਹੈ।ਟੂਰਨਾਮੈਂਟ ਦੇ ਸਾਰੇ ਮੈਚ ਲੀਗ ਕਮ ਨਾਕਆਊਟ ਫਾਰਮੈਟ 'ਤੇ ਖੇਡੇ ਜਾਣਗੇ।ਸਾਰੇ ਮੈਚ ਸ਼ਾਮ 6 ਵਜੇ ਸ਼ੁਰੂ ਹੋਣਗੇ ਅਤੇ ਦੇਰ ਰਾਤ ਤੱਕ ਚੱਲਣਗੇ।ਮੈਚਾਂ ਦੇ ਡਰਾਅ ਹਨ : ਪਹਿਲਾ ਪੜਾਅ ਜਲੰਧਰ ਹਾਈਟਸ 2 ਬਨਾਮ ਅਰਬਾਨਾ, (ਗਰੁੱਪ ਏ), ਜਲੰਧਰ ਹਾਈਟਸ 1 ਬਨਾਮ ਜਲੰਧਰ ਹਾਈਟਸ 3, (ਗਰੁੱਪ ਬੀ) ਦੂਜਾ ਪੜਾਅ ਜਲੰਧਰ ਹਾਈਟਸ 3 ਬਨਾਮ ਅਰਬਾਨਾ, (ਗਰੁੱਪ ਬੀ), ਸਕਾਈ ਵਿਲਾ ਬਨਾਮ ਮੈਕਸਿਮਾ, (ਗਰੁੱਪ ਏ) ਤੀਜਾ ਪੜਾਅ ਜਲੰਧਰ ਹਾਈਟਸ 1 ਬਨਾਮ ਅਰਬਾਨਾ, (ਗਰੁੱਪ ਬੀ), ਜਲੰਧਰ ਹਾਈਟਸ 2 ਬਨਾਮ ਸਕਾਈ ਵਿਲਾ (ਗਰੁੱਪ ਏ) ਚੌਥਾ ਪੜਾਅ ਗਰੁੱਪ ਏ - ਪਹਿਲੀ ਪੁਜ਼ੀਸ਼ਨ ਬਨਾਮ ਗਰੁੱਪ ਏ-ਦੂਜੀ ਸਥਿਤੀ, ਗਰੁੱਪ ਬੀ- ਪਹਿਲੀ ਪੁਜ਼ੀਸ਼ਨ ਬਨਾਮ ਗਰੁੱਪ ਬੀ-ਦੂਜੀ ਪੁਜ਼ੀਸ਼ਨ। ਸਾਰੇ ਮੈਚ ਜਲੰਧਰ ਹਾਈਟਸ 1 ਅਤੇ 2 ਵਿੱਚ ਲਾਈਵ ਵੱਡੀ ਸਕਰੀਨਾਂ 'ਤੇ ਦਿਖਾਏ ਜਾਣਗੇ ਅਤੇ ਸਾਰੇ ਮੈਚਾਂ ਨੂੰ ਯੂਟਿਊਬ 'ਤੇ ਵਿਸ਼ਵ ਭਰ ਵਿੱਚ ਲਾਈਵ ਟੈਲੀਕਾਸਟ ਕੀਤਾ ਜਾਵੇਗਾ।ਜਲੰਧਰ ਹਾਈਟਸ 1 ਦੇ ਆਲੇ-ਦੁਆਲੇ ਲਾਈਵ ਬੈਂਡ ਨਾਲ ਟੀਮਾਂ ਵੱਲੋਂ ਮਾਰਚ ਪਾਸਟ ਕੀਤਾ ਜਾਵੇਗਾ ਅਤੇ ਟੂਰਨਾਮੈਂਟ ਦੇ ਡਾਇਰੈਕਟਰ ਸੁਰਿੰਦਰ ਭਾਂਬਰੀ ਦੇ ਅਨੁਸਾਰ ਰਾਸ਼ਟਰੀ ਗੀਤ ਤੋਂ ਬਾਅਦ ਏ ਜੀ ਆਈ ਇੰਫਰਾ ਲਿਮਟਿਡ ਦੇ ਮੈਨੇਜਿੰਗ ਡਾਇਰੈਕਟਰ ਸਰਦਾਰ ਸੁਖਦੇਵ ਸਿੰਘ ਟੂਰਨਾਮੈਂਟ ਦਾ ਉਦਘਾਟਨ ਕਰਨਗੇ।ਇਸ ਤੋਂ ਪਹਿਲਾਂ ਸੁਖਦੇਵ ਸਿੰਘ, ਮੈਨੇਜਿੰਗ ਡਾਇਰੈਕਟਰ ਏ ਜੀ ਆਈ ਇਨਫਰਾ ਲਿਮਟਿਡ ਨੇ ਟੀਮ ਦੇ ਸਾਰੇ ਕਪਤਾਨਾਂ ਦੀਪਕ ਬਜਾਜ, ਦਿਨੇਸ਼ ਸਿੰਘ, ਅਜੈ ਗੁਪਤਾ, ਜਤਿਨ ਖੁਰਾਣਾ, ਯਾਦਵਿੰਦਰ ਰਾਣਾ, ਵਿਕਾਸ ਕਾਲੜਾ ਨੂੰ ਪਲੇਇੰਗ ਕਿੱਟਾਂ ਵੰਡੀਆਂ।

